ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 30
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ


ਅਦਾਰਾ
**ਚੜ੍ਹਦੀਕਲਾ**
ਵੱਲੋਂ
ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ
ਦੇ ਪ੍ਰਕਾਸ਼ ਪੁਰਬ ਦੀਆਂ
ਲੱਖ-ਲੱਖ ਵਧਾਈਆਂ
(ਇਸ ਸਬੰਧੀ ਵਿਸ਼ੇਸ਼ ਲੇਖ ਸਫ਼ਾ 4 'ਤੇ ਪੜ੍ਹੋ)

ਕੁੱਲ ਪੰਨੇ: 12 (Saturday, 31 January, 2026) ਸ਼ਨੀਵਾਰ, 31 ਜਨਵਰੀ, 2026, 18 ਮਾਘ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ









# ਕਾਂਗਰਸ, ਅਕਾਲੀਆਂ ਅਤੇ ਭਾਜਪਾ ਨੂੰ 'ਆਪਣਿਆਂ' ਦੀ ਹੁੰਦੀ ਸੀ ਚਿੰਤਾ ਪਰ 'ਆਪ' ਨੂੰ ਪੰਜਾਬ ਦੇ ਨੌਜਵਾਨਾਂ ਦਾ ਫ਼ਿਕਰ: ਮਾਨ

**ਅੰਮ੍ਰਿਤਪਾਲ ਸਿੰਘ**
=================

ਜਲੰਧਰ, 30 ਜਨਵਰੀ :ਜਲੰਧਰ ਦੇ ਪੀ.ਏ.ਪੀ. ਗਰਾਊਂਡ ਵਿਖੇ ਅਨੁਸੂਚਿਤ ਜਾਤੀ (ਐਸ.ਸੀ.) ਵਰਗ ਦੇ 2.7 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਵਜ਼ੀਫਾ ਵੰਡਣ ਦੀ ਸ਼ੁਰੂਆਤ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਰੰਗਲਾ ਪੰਜਾਬ' ਮਿਸ਼ਨ ਤਹਿਤ 271 ਕਰੋੜ ਰੁਪਏ ਦਾ ਪੋਸਟ-ਮੈਟ੍ਰਿਕ ਵਜ਼ੀਫਾ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਪ੍ਰਤੀ ਸਰਕਾਰ ਦੀਆਂ ਤਰਜੀਹਾਂ ਨੂੰ ਸਪੱਸ਼ਟ ਕਰਦਾ ਹੈ। ਉਨ੍ਹਾਂ ਕਿਹਾ ਕਿ ਇਕ ਪਾਸੇ ਕਾਂਗਰਸ, ਅਕਾਲੀ ਅਤੇ ਭਾਜਪਾ ਸੱਤਾ ਵਿੱਚ ਹੁੰਦਿਆਂ ਆਪਣੇ ਪਰਿਵਾਰਾਂ ਦੇ ਹਿੱਤ ਪਾਲਦੇ ਰਹੇ ਜਦਕਿ ਦੂਜੇ ਪਾਸੇ ਆਮ ਆਦਮੀ ਪਾਰਟੀ ਸਿਰਫ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ 'ਤੇ ਧਿਆਨ ਦੇ ਰਹੀ ਹੈ।



ਸਾਲ 2020-21 ਦੇ ਮੁਕਾਬਲੇ ਲਾਭਪਾਤਰੀਆਂ ਦੀ ਗਿਣਤੀਆਂ ਵਿੱਚ 35 ਫੀਸਦੀ ਦਾ ਵਾਧਾ ਹੋਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਵਾਧਾ ਸਰਕਾਰ ਦੇ ਸਿੱਖਿਆ ਸੁਧਾਰਾਂ ਦੀ ਗਵਾਹੀ ਭਰਦੇ ਹਨ। ਉਨ੍ਹਾਂ ਕਿਹਾ ਕਿ ਵਜ਼ੀਫਾ ਸਿਰਫ ਵਿੱਤੀ ਇਮਦਾਦ ਨਹੀਂ ਹੈ ਸਗੋਂ ਸਵੈ-ਨਿਰਭਰਤਾ ਦਾ ਵਸੀਲਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਇਸ ਯੋਜਨਾ ਨਾਲ ਜਾਣਬੁੱਝ ਕੇ ਸਾਲਾਂਬੱਧੀ ਅਣਗੌਲੇ ਗਏ ਸਿਸਟਮ ਨੂੰ ਦਰੁਸਤ ਕਰਨ ਦਾ ਵੱਡਾ ਉਪਰਾਲਾ ਕੀਤਾ ਹੈ ਕਿਉਂ ਜੋ ਫੰਡ ਜਾਰੀ ਕਰਨ ਵਿੱਚ ਦੇਰੀ ਕਰਨ ਅਤੇ ਫੰਡਾਂ ਦੀ ਦੁਰਵਰਤੋਂ ਨਾਲ ਵਿਦਿਆਰਥੀ ਪ੍ਰੀਖਿਆਵਾਂ ਵਿੱਚ ਬੈਠਣ ਤੋਂ ਵਾਂਝੇ ਰਹਿ ਜਾਂਦੇ ਸਨ।

ਐਕਸ 'ਤੇ ਸਮਾਗਮ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਜਲੰਧਰ ਦੇ ਪੀ.ਏ.ਪੀ. ਗਰਾਊਂਡ ਵਿਖੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਵਜ਼ੀਫਾ ਵੰਡਿਆ ਗਿਆ ਜਿਸ ਨਾਲ ਸੂਬਾ ਭਰ ਦੇ 2.7 ਲੱਖ ਤੋਂ ਵੱਧ ਬੱਚਿਆਂ ਨੂੰ ਵਜ਼ੀਫਾ ਵੰਡਣ ਦੀ ਸ਼ੁਰੂਆਤ ਹੋਈ। ਇਸ ਪਹਿਲਕਦਮੀ ਦਾ ਮੁੱਖ ਉਦੇਸ਼

(ਬਾਕੀ ਸਫਾ 2 'ਤੇ)

# ਪ੍ਰਧਾਨ ਮੰਤਰੀ ਮੋਦੀ ਇੱਕ ਫਰਵਰੀ ਨੂੰ ਹੀ ਜਲੰਧਰ ਆਉਣਗੇ

**ਚੜ੍ਹਦੀਕਲਾ ਬਿਊਰੋ**
=================

ਨਵੀਂ ਦਿੱਲੀ, 30 ਜਨਵਰੀ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਦੀ ਤਰੀਕ ਨੂੰ ਲੈ ਕੇ ਭਾਜਪਾ ਆਗੂਆਂ 'ਚ ਪੈਦਾ ਹੋਇਆ ਭੰਬਲਭੂਸਾ ਹੁਣ ਖ਼ਤਮ ਹੋ ਗਿਆ ਹੈ। ਪ੍ਰਧਾਨ ਮੰਤਰੀ ਮੋਦੀ 1 ਫਰਵਰੀ ਨੂੰ ਜਲੰਧਰ ਪਹੁੰਚਣਗੇ, ਜਿਸ ਦੀ ਪੁਸ਼ਟੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਕੀਤੀ ਗਈ ਹੈ। ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੇ ਪਹਿਲਾਂ ਹੀ 1 ਫਰਵਰੀ ਦੀ ਤਰੀਕ ਦੱਸੀ ਸੀ, ਪਰ ਚੰਡੀਗੜ੍ਹ ਪਹੁੰਚੇ ਮਨਜਿੰਦਰ ਸਿੰਘ ਸਿਰਸਾ ਨੇ ਪਹਿਲਾਂ 2 ਫਰਵਰੀ ਦਾ ਨਾਂ ਲਿਆ ਸੀ। ਬਾਅਦ ਵਿੱਚ ਸਿਰਸਾ ਦੇ ਦਫ਼ਤਰ ਨੇ ਸਪੱਸ਼ਟ ਕੀਤਾ ਕਿ ਉਹਨਾਂ ਕੋਲੋਂ ਗਲਤੀ ਨਾਲ 2 ਫਰਵਰੀ ਕਹਿ ਹੋ ਗਿਆ ਸੀ ਅਤੇ ਹੁਣ 1 ਫਰਵਰੀ ਦੀ ਤਰੀਕ ਹੀ ਫਾਈਨਲ ਹੈ। ਜਲੰਧਰ ਦੇ ਭਾਜਪਾ ਆਗੂ ਕੇਡੀ ਭੰਡਾਰੀ ਅਨੁਸਾਰ, ਪ੍ਰਧਾਨ ਮੰਤਰੀ ਦੀ ਸੁਰੱਖਿਆ ਟੀਮ ਪਹਿਲਾਂ ਹੀ ਜਲੰਧਰ ਪਹੁੰਚ ਚੁੱਕੀ ਹੈ।

ਪ੍ਰਧਾਨ ਮੰਤਰੀ ਜਲੰਧਰ ਵਿੱਚ ਰਵਿਦਾਸੀਆ ਸਮਾਜ ਦੇ ਸਭ ਤੋਂ ਵੱਡੇ ਡੇਰੇ, ਡੇਰਾ ਸੱਚਖੰਡ ਬੱਲਾਂ ਜਾਣਗੇ। ਇਸ ਦੌਰੇ ਦੌਰਾਨ ਪੀ.ਐਮ. ਮੋਦੀ ਲੁਧਿਆਣਾ ਦੇ ਹਲਵਾਰਾ ਏਅਰਪੋਰਟ ਦਾ ਵਰਚੁਅਲ ਤਰੀਕੇ ਨਾਲ ਉਦਘਾਟਨ ਵੀ ਕਰ ਸਕਦੇ ਹਨ। ਭਾਜਪਾ ਵੱਲੋਂ ਇਸ ਦੌਰੇ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਸੁਰੱਖਿਆ ਏਜੰਸੀਆਂ ਨੇ ਵੀ ਮੋਰਚਾ ਸੰਭਾਲ ਲਿਆ ਹੈ।

## ਰਿਕਾਰਡ ਉੱਚਾਈ ਮਗਰੋਂ ਸੋਨੇ -ਚਾਂਦੀ ਦੀਆਂ ਕੀਮਤਾਂ 'ਚ ਵੱਡੀ ਗਿਰਾਵਟ

ਨਵੀਂ ਦਿੱਲੀ , 30 ਜਨਵਰੀ (ਚ.ਨ.ਸ.):ਆਲਮੀ ਬਾਜ਼ਾਰ ਵਿੱਚ ਵੀਰਵਾਰ ਨੂੰ ਸੋਨੇ ਤੇ ਚਾਂਦੀ ਦੀਆਂ ਕੀਮਤਾਂ ਵਿਚ ਭਾਰੀ ਉਤਰਾਅ-ਚੜ੍ਹਾਅ ਦੇਖਣ ਨੂੰ ਮਿਲਿਆ। ਦੋਵਾਂ ਕੀਮਤੀ ਧਾਤਾਂ ਦੀਆਂ ਕੀਮਤਾਂ ਇਤਿਹਾਸਕ ਸਿਖਰਾਂ ਤੋਂ ਡਿੱਗ ਗਈਆਂ। ਅੱਜ, 30 ਜਨਵਰੀ ਨੂੰ ਸੋਨਾ ਅਤੇ ਚਾਂਦੀ ਬਾਜ਼ਾਰ ਹੇਠਾਂ ਹਨ। ਮੁਨਾਫਾ-ਬੁਕਿੰਗ ਕਾਰਨ ਸਵੇਰ ਦੇ ਕਾਰੋਬਾਰ ਦੌਰਾਨ ਐਮ.ਸੀ.ਐਕਸ.'ਤੇ ਚਾਂਦੀ 67,000 (17%) ਡਿੱਗ ਗਈ। 1 ਕਿਲੋ ਚਾਂਦੀ ਦੀ ਕੀਮਤ 3.32 ਲੱਖ ਤੱਕ ਡਿੱਗ ਗਈ ਸੀ। ਹਾਲਾਂਕਿ, ਇਹ ਹੁਣ ਥੋੜ੍ਹੀ ਜਿਹੀ ਰਿਕਵਰੀ ਹੋਈ ਹੈ ਅਤੇ 12% ਘੱਟ ਕੇ 3.51 ਲੱਖ 'ਤੇ ਆ ਗਈ। ਚਾਂਦੀ ਹਾਲ ਹੀ ਵਿੱਚ ਭਾਰਤ ਵਿੱਚ 4.20 ਲੱਖ ਰੁਪਏ ਪ੍ਰਤੀ ਕਿਲੋ ਤੇ ਕੌਮਾਂਤਰੀ ਪੱਧਰ 'ਤੇ (ਬਾਕੀ ਸਫ਼ਾ 2 'ਤੇ)

*328 ਪਾਵਨ ਸਰੂਪਾਂ ਦਾ ਮਾਮਲਾ*

# ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਸਮੇਤ 38 ਵਿਅਕਤੀਆਂ ਨੇ 'ਸਿੱਟ' ਕੋਲ ਬਿਆਨ ਕਰਵਾਏ ਦਰਜ



**ਬਬਲੂ ਮਹਾਜਨ**
=================

ਅੰਮ੍ਰਿਤਸਰ, 30 ਜਨਵਰੀ : ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਅੱਜ ਪੜਤਾਲ ਕਰ ਰਹੀ ਵਿਸ਼ੇਸ਼ ਜਾਂਚ ਟੀਮ ਦੇ ਸਾਹਮਣੇ ਸ਼੍ਰੋਮਣੀ ਕਮੇਟੀ ਦੇ 6 ਕਰਮਚਾਰੀ ਹਾਜ਼ਰ ਹੋਏ ਤੇ ਆਪਣੇ ਬਿਆਨ ਦਰਜ ਕਰਵਾਏ।ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਸ੍ਰੀ ਅਮਨਬੀਰ ਸਿੰਘ ਸਿਆਲੀ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ੍ਰ. ਰਜਿੰਦਰ ਸਿੰਘ ਰੂਬੀ ਦੀ ਅਗਵਾਈ ਹੇਠ 'ਸਿੱਟ' ਦੇ ਦਫਤਰ ਪਹੁੰਚੇ (ਬਾਕੀ ਸਫਾ 2 'ਤੇ)

## ਹਾਈਕੋਰਟ 'ਚ 2 ਘੰਟੇ ਹੋਈ ਬਹਿਸ, ਚਾਰ ਮੁਲਜ਼ਮਾਂ ਦੀ ਜ਼ਮਾਨਤ 'ਤੇ ਫ਼ੈਸਲਾ ਰਾਖਵਾਂ

ਚੰਡੀਗੜ੍ਹ, 30 ਜਨਵਰੀ (ਚ.ਨ.ਸ.):328 ਪਾਵਨ ਸਰੂਪਾਂ ਦੇ ਲਾਪਤਾ ਹੋਣ ਦੇ ਗੰਭੀਰ ਮਾਮਲੇ ਵਿੱਚ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਇੱਕ ਬਹੁਤ ਹੀ ਅਹਿਮ ਸੁਣਵਾਈ ਹੋਈ। ਅਦਾਲਤ ਨੇ ਮਾਮਲੇ ਦੇ ਚਾਰ ਮੁਲਜ਼ਮਾਂ—ਕੁਲਵੰਤ ਸਿੰਘ, ਬਾਜ਼ ਸਿੰਘ, ਗੁਰਬਚਨ ਸਿੰਘ ਅਤੇ ਗੁਰਮੁਖ ਸਿੰਘ ਵੱਲੋਂ ਦਾਇਰ (ਬਾਕੀ ਸਫਾ 2 'ਤੇ)

## ਖੰਨਾ 'ਚ ਪਾਸਟਰ ਵੱਲੋਂ ਬੰਧਕ ਬਣਾਈ ਕੁੜੀ ਨਿਹੰਗ ਸਿੰਘਾਂ ਨੇ ਛੁਡਵਾਈ

ਖੰਨਾ, 30 ਜਨਵਰੀ (ਚ.ਨ.ਸ.):ਖੰਨਾ ਪੁਲਿਸ ਨੇ ਇੱਕ ਅਜਿਹੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਹੈ ਜਿੱਥੇ ਚਮਨ ਲਾਲ ਨਾਮੀ ਇੱਕ ਪਾਸਟਰ 'ਤੇ ਕਰਤਾਰ ਨਗਰ ਇਲਾਕੇ ਦੀ 21 ਸਾਲਾ ਕੁੜੀ ਨੂੰ ਤਿੰਨ ਹਫ਼ਤਿਆਂ ਤੋਂ ਵੱਧ ਸਮੇਂ ਤੱਕ ਗੈਰ-ਕਾਨੂੰਨੀ ਹਿਰਾਸਤ ਵਿੱਚ ਰੱਖਣ ਦੇ ਇਲਜ਼ਾਮ ਲੱਗੇ ਹਨ। ਪੀੜਤ ਕੁੜੀ ਦੇ ਪਿਤਾ ਸਤਪਾਲ ਮਸੀਹ ਨੇ ਦੱਸਿਆ ਕਿ 7 ਜਨਵਰੀ ਨੂੰ ਚਮਨ ਲਾਲ ਉਨ੍ਹਾਂ ਦੀ ਧੀ ਨੂੰ 'ਸਤਸੰਗ' 'ਤੇ ਲੈ ਜਾਣ ਦੇ ਬਹਾਨੇ ਨਾਲ ਆਪਣੇ ਨਾਲ ਲੈ ਗਿਆ ਸੀ ਪਰ ਬਾਅਦ ਵਿੱਚ ਉਸ ਨੂੰ ਮਾਛੀਵਾੜਾ ਦੇ ਕਿਸੇ ਗੁਪਤ ਟਿਕਾਣੇ 'ਤੇ ਕੈਦ ਕਰ ਲਿਆ। ਕਾਫੀ ਕੋਸ਼ਿਸ਼ਾਂ ਦੇ ਬਾਵਜੂਦ (ਬਾਕੀ ਸਫਾ 2 'ਤੇ)

# ਕਾਂਗਰਸ ਨੇ ਆਸਾਮ ਨੂੰ ਬੰਦੂਕਾਂ ਤੇ ਗੋਲ਼ੀਆਂ ਦਿੱਤੀਆਂ ਅਤੇ ਅਸੀਂ ਵਿਕਾਸ: ਸ਼ਾਹ

**ਚੜ੍ਹਦੀਕਲਾ ਬਿਊਰੋ**
=================



ਡਿਬਰੂਗੜ੍ਹ, 30 ਜਨਵਰੀ : ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਆਸਾਮ ਦੇ ਡਿਬਰੂਗੜ੍ਹ ਵਿੱਚ ਲਗਭਗ 825 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਸ਼ਾਹ ਨੇ ਡਿਬਰੂਗੜ੍ਹ ਵਿੱਚ 250 ਏਕੜ ਵਿੱਚ ਫੈਲਣ ਵਾਲੇ ਆਸਾਮ ਦੇ ਦੂਜੇ ਵਿਧਾਨ ਸਭਾ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਨੇ ਆਸਾਮ ਨੂੰ ਵਧੇਰੇ ਸੰਮਿਲਿਤ ਬਣਾਉਣ ਦਾ ਵਾਅਦਾ ਪੂਰਾ ਕੀਤਾ ਹੈ ਅਤੇ ਡਿਬਰੂਗੜ੍ਹ ਨੂੰ ਸੂਬੇ ਦੀ ਦੂਜੀ ਰਾਜਧਾਨੀ ਵਜੋਂ ਮਾਨਤਾ ਮਿਲਣਾ ਇੱਕ ਇਤਿਹਾਸਕ ਕਦਮ ਹੈ। ਸ਼ਾਹ ਨੇ ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਐਲਾਨ ਸਿਰਫ਼ ਕਾਗਜ਼ਾਂ ਤੱਕ ਸੀਮਤ ਰਹਿੰਦੇ ਸਨ ਪਰ ਮੌਜੂਦਾ ਸਰਕਾਰ ਵਾਅਦਿਆਂ ਨੂੰ ਹਕੀਕਤ ਵਿੱਚ ਬਦਲ ਰਹੀ ਹੈ। ਆਪਣੇ ਇੱਕ ਦਿਨਾਂ ਦੌਰੇ ਦੌਰਾਨ ਅਮਿਤ ਸ਼ਾਹ ਨੇ (ਬਾਕੀ ਸਫਾ 2 'ਤੇ)

## ਕੁੱਤੇ ਦੇ ਵੱਢਣ ਕਾਰਨ ਇੱਕੋ ਪਰਿਵਾਰ ਦੇ 7 ਮੈਂਬਰਾਂ 'ਚ ਦਿਖਾਈ ਦਿੱਤੇ ਰੇਬੀਜ਼ ਦੇ ਲੱਛਣ!

ਲੁਧਿਆਣਾ, 30 ਜਨਵਰੀ (ਚ.ਨ.ਸ.): ਲੁਧਿਆਣਾ ਤੋਂ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇਕ ਹੀ ਪਰਿਵਾਰ ਦੇ 7 ਲੋਕਾਂ ਵਿਚ ਰੇਬੀਜ਼ ਦੇ ਲੱਛਣ ਦਿਖਣ ਲੱਗੇ ਹਨ। ਉਨ੍ਹਾਂ ਨੂੰ ਸਿਵਲ ਹਸਪਤਾਲ ਜਗਰਾਓਂ ਭਰਤੀ ਕਰਾਇਆ ਗਿਆ ਹੈ ਜਿਥੇ ਉਨ੍ਹਾਂ ਦੀ ਹਾਲਤ ਗੰਭੀਰ ਦੇਖਦੇ ਹੋਏ ਪੀਜੀਆਈ ਚੰਡੀਗੜ੍ਹ ਰੈਫਰ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ ਪਰਿਵਾਰ ਦੇ ਇਕ ਮੈਂਬਰ ਨੂੰ ਲਗਭਗ 1 ਸਾਲ ਪਹਿਲਾਂ ਕੁੱਤੇ ਨੇ ਕੱਟਿਆ ਸੀ ਤੇ ਉਦੋਂ ਉਨ੍ਹਾਂ ਨੇ ਐਂਟੀ ਰੇਬੀਜ਼ ਇੰਜੈਕਸ਼ਨ ਨਹੀਂ ਲਗਾਇਆ। ਕੱਟਣ ਦੇ ਨਿਸ਼ਾਨ ਮਿਟੇ ਤਾਂ ਕਿਸੇ ਨੇ ਧਿਆਨ ਨਹੀਂ ਦਿੱਤੇ। ਕੁਝ ਦਿਨ ਤੋਂ (ਬਾਕੀ ਸਫਾ 2 'ਤੇ)




**ਗੈਂਗਸਟਰਾਂ 'ਤੇ ਵਾਰ: ਡੀ.ਜੀ.ਪੀ. ਵੱਲੋਂ ਸਰਹੱਦੀ ਜ਼ਿਲ੍ਹਿਆਂ 'ਚ ਗੈਂਗਸਟਰਾਂ ਵਿਰੁੱਧ ਚੱਲ ਰਹੀਆਂ ਕਾਰਵਾਈਆਂ ਦੀ ਸਮੀਖਿਆ**

# 11 ਦਿਨਾਂ ਦੌਰਾਨ ਪੁਲਿਸ ਟੀਮਾਂ ਵੱਲੋਂ ਸੂਬੇ 'ਚ 12,275 ਛਾਪੇ, 3,721 ਨੂੰ ਕੀਤਾ ਗ੍ਰਿਫ਼ਤਾਰ: ਯਾਦਵ

ਚੰਡੀਗੜ੍ਹ/ਬਟਾਲਾ, 30 ਜਨਵਰੀ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ 'ਗੈਂਗਸਟਰਾਂ 'ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ ਇੱਕ ਫੈਸਲਾਕੁੰਨ ਜੰਗ ਦੇ ਚੱਲਦਿਆਂ, ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਗੈਂਗਸਟਰਾਂ ਅਤੇ ਸੰਗਠਿਤ ਅਪਰਾਧਾਂ ਵਿਰੁੱਧ ਵਿੱਢੀ ਕਾਰਵਾਈ ਦਾ ਜਾਇਜ਼ਾ ਲੈਣ ਅਤੇ ਕਾਰਵਾਈਆਂ ਵਿੱਚ ਤੇਜ਼ੀ ਲਿਆਉਣ ਲਈ ਇੱਕ ਅਹਿਮ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ।



ਬਟਾਲਾ ਵਿੱਚ ਹੋਈ ਇਹ ਮੀਟਿੰਗ ਸਰਹੱਦੀ ਜ਼ਿਲ੍ਹਿਆਂ 'ਤੇ ਕੇਂਦ੍ਰਿਤ ਸੀ ਅਤੇ ਇਸ ਮੀਟਿੰਗ ਦਾ ਉਦੇਸ਼ ਸਰਹੱਦ ਪਾਰੋਂ ਚੱਲ ਰਹੇ ਅੱਤਵਾਦ-ਅਪਰਾਧ ਗੱਠਜੋੜ ਨੂੰ ਖ਼ਤਮ ਕਰਨਾ ਅਤੇ ਜਬਰੀ ਵਸੂਲੀ ਤੇ ਗੈਂਗਾਂ ਦੀਆਂ ਗਤੀਵਿਧੀਆਂ ਪ੍ਰਤੀ ਜ਼ੀਰੋ-ਟੌਲਰੈਂਸ ਨੂੰ ਯਕੀਨੀ ਬਣਾਉਣਾ ਸੀ। ਮੀਟਿੰਗ ਵਿੱਚ ਏਡੀਜੀਪੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪ੍ਰਮੋਦ ਬਾਨ, ਏਡੀਜੀਪੀ ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ, ਸੀਪੀ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ, ਡੀਆਈਜੀ ਬਾਰਡਰ ਰੇਂਜ ਸੰਦੀਪ ਗੋਇਲ, ਡੀਆਈਜੀ ਫਿਰੋਜ਼ਪੁਰ ਰੇਂਜ ਸਨੇਹਦੀਪ ਸ਼ਰਮਾ, ਐਸਐਸਪੀ ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ, ਐਸਐਸਪੀ ਬਟਾਲਾ ਮਹਿਤਾਬ ਸਿੰਘ, ਐਸਐਸਪੀ ਗੁਰਦਾਸਪੁਰ ਆਦਿੱਤਿਆ, ਐਸਐਸਪੀ ਪਠਾਨਕੋਟ ਦਿਲਜਿੰਦਰ ਸਿੰਘ ਢਿੱਲੋਂ ਅਤੇ ਐਸਐਸਪੀ ਤਰਨਤਾਰਨ ਸੁਰੇਂਦਰ ਲਾਂਬਾ ਸ਼ਾਮਲ ਸਨ।

ਇਸ ਦੌਰਾਨ ਸਰਹੱਦ ਅਤੇ ਫਿਰੋਜ਼ਪੁਰ ਰੇਂਜਾਂ ਵਿੱਚ ਮੌਜੂਦਾ ਕਾਨੂੰਨ ਵਿਵਸਥਾ ਦੀ ਸਥਿਤੀ, ਅਪਰਾਧਾਂ ਦੇ ਰੁਝਾਨਾਂ ਅਤੇ ਕਾਊਂਟਰ-ਇੰਟੈਲੀਜੈਂਸ ਉਪਾਵਾਂ ਬਾਰੇ ਵਿਆਪਕ ਸਮੀਖਿਆ ਕੀਤੀ ਗਈ। ਅਧਿਕਾਰੀਆਂ ਨੇ ਅਪਰਾਧਿਕ ਤੱਤਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਆਪਰੇਸ਼ਨ ਸਬੰਧੀ ਤਿਆਰੀਆਂ, ਸਾਂਝੀਆਂ ਕਾਰਜ ਯੋਜਨਾਵਾਂ ਅਤੇ ਭਾਈਚਾਰਕ ਸ਼ਮੂਲੀਅਤ ਸਬੰਧੀ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ।

ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ 20 ਜਨਵਰੀ ਨੂੰ ਸ਼ੁਰੂ ਕੀਤੀ ਗਈ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅਹਿਮ ਸਫਲਤਾਵਾਂ ਹਾਸਲ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਦੋ ਦਿਨਾਂ ਵਿੱਚ ਹੀ ਪੰਜਾਬ ਪੁਲਿਸ ਨੇ 100 ਕਿੱਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।

ਮੁਹਿੰਮ ਦੇ 11 ਦਿਨਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਸੂਬੇ ਭਰ ਵਿੱਚ 12,275 ਛਾਪੇ ਮਾਰੇ ਗਏ ਹਨ, ਜਿਸ ਦੌਰਾਨ 8,671 ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਅਤੇ 3,721 ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ 1,796 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਅਤੇ 3,154 ਵਿਅਕਤੀਆਂ ਨੂੰ ਪੁੱਛਗਿੱਛ ਉਪਰੰਤ ਛੱਡ ਦਿੱਤਾ ਗਿਆ।

ਡੀਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ ਅਤੇ ਕਿਸੇ ਵੀ ਗੈਂਗਸਟਰ ਜਾਂ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਤੋਂ ਸੰਚਾਲਨ ਕਰ ਰਹੇ ਗੈਂਗਸਟਰ, ਜੋ ਅਪਰਾਧਾਂ ਨੂੰ ਅੰਜਾਮ ਦੇ ਰਹੇ ਹਨ, ਨੂੰ ਵੀ ਜਲਦ ਤੋਂ ਜਲਦ ਪੰਜਾਬ ਵਾਪਸ ਲਿਆਂਦਾ ਜਾਵੇਗਾ ਤਾਂ ਜੋ ਉਨ੍ਹਾਂ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾ ਸਕੇ, ਜਿਵੇਂ ਕਿ ਪਹਿਲਾਂ ਕਈ ਮਾਮਲਿਆਂ ਵਿੱਚ ਕੀਤਾ ਗਿਆ ਹੈ। ਉਨ੍ਹਾਂ ਜਨਤਾ, ਖਾਸ ਕਰਕੇ ਨੌਜਵਾਨਾਂ ਨੂੰ ਅਪਰਾਧਾਂ ਅਤੇ ਸਮਾਜ ਵਿਰੋਧੀ ਤੱਤਾਂ ਤੋਂ ਦੂਰ ਰਹਿਣ ਅਤੇ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਪਰਾਧਾਂ ਲਈ ਕੋਈ ਥਾਂ ਨਹੀਂ ਹੈ।

ਡੀਜੀਪੀ ਗੌਰਵ ਯਾਦਵ ਨੇ ਲੋਕਾਂ ਨੂੰ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਕਿਸੇ ਵੀ ਅਪਰਾਧਿਕ ਜਾਂ ਗੈਂਗਸਟਰ ਸਬੰਧੀ ਗਤੀਵਿਧੀਆਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਦੇਣ ਦੀ ਅਪੀਲ ਕੀਤੀ। ਉਨ੍ਹਾਂ ਭਰੋਸਾ ਦਵਾਇਆ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਜਨਤਕ ਸਹਿਯੋਗ ਨਾਲ ਸਮਾਜ ਵਿਰੋਧੀ ਅਨਸਰਾਂ ਨੂੰ ਸਮਾਜ ਵਿੱਚੋਂ ਜੜ੍ਹੋਂ ਖਤਮ ਕੀਤਾ ਜਾ ਸਕਦਾ ਹੈ। ਇਸ ਉਪਰੰਤ, ਡੀਜੀਪੀ ਨੇ ਬਟਾਲਾ ਪੁਲਿਸ ਜ਼ਿਲ੍ਹੇ ਦੇ ਸਾਰੇ ਸਟੇਸ਼ਨ ਹਾਊਸ ਅਫਸਰਾਂ (ਐਸਐਚਓਜ਼) ਅਤੇ ਗਜ਼ਟਿਡ ਅਫਸਰਾਂ ਨਾਲ ਵਿਆਪਕ ਗੱਲਬਾਤ ਵੀ ਕੀਤੀ, ਜਿਸ ਵਿੱਚ ਫੋਰਸ ਨੂੰ ਪ੍ਰੇਰਿਤ ਕਰਨ, ਮਨੋਬਲ ਵਧਾਉਣ ਅਤੇ ਡਿਊਟੀ ਪ੍ਰਤੀ ਵਚਨਬੱਧਤਾ ਨੂੰ ਮਜ਼ਬੂਤ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

**ਗੈਂਗਸਟਰਾਂ 'ਤੇ ਵਾਰ' ਦਾ 11ਵਾਂ ਦਿਨ**

# ਪੰਜਾਬ ਪੁਲਿਸ ਨੇ 795 ਥਾਵਾਂ 'ਤੇ ਕੀਤੀ ਛਾਪੇਮਾਰੀ, 3 ਹਥਿਆਰਾਂ ਸਮੇਤ 201 ਕਾਬੂ

ਚੰਡੀਗੜ੍ਹ, 30 ਜਨਵਰੀ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 11ਵੇਂ ਦਿਨ, ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ 795 ਛਾਪੇਮਾਰੀਆਂ ਕੀਤੀਆਂ।

ਜਾਣਕਾਰੀ ਅਨੁਸਾਰ, 'ਗੈਂਗਸਟਰਾਂ 'ਤੇ ਵਾਰ'-ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ ਇੱਕ ਫੈਸਲਾਕੁੰਨ ਜੰਗ -20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਇਸ ਤਹਿਤ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਵੱਲੋਂ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੁਹਿੰਮ ਦੇ 11ਵੇਂ ਦਿਨ, ਪੁਲਿਸ ਟੀਮਾਂ ਨੇ 201 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹਥਿਆਰ ਬਰਾਮਦ ਕੀਤੇ। ਇਸ ਦੇ ਨਾਲ, ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਗਿਣਤੀ 3721 ਹੋ ਗਈ ਹੈ।

ਇਸ ਤੋਂ ਇਲਾਵਾ, 197



ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ, ਜਦੋਂ ਕਿ 312 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਵੱਲੋਂ ਕਾਰਵਾਈ ਦੌਰਾਨ 11 ਭਗੌੜੇ ਅਪਰਾਧੀਆਂ (ਪਿਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਲੋੜੀਂਦੇ ਅਪਰਾਧੀਆਂ/ ਗੈਂਗਸਟਰਾਂ ਬਾਰੇ ਜਾਣਕਾਰੀ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਇਤਲਾਹ ਦੇਣ ਲਈ ਲੋਕ ਗੁਪਤ ਰੂਪ ਵਿੱਚ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਦਿੱਤੀ ਗੈਂਗਸਟਰਾਂ ਦੀ ਜਾਣਕਾਰੀ ਦੇ ਅਧਾਰ 'ਤੇ ਕੋਈ ਗ੍ਰਿਫਤਾਰੀ ਹੁੰਦੀ ਹੈ ਤਾਂ ਉਸ ਵਿਅਕਤੀ ਨੂੰ 10 ਲੱਖ ਰੁਪਏ ਤੱਕ ਦੀ ਇਨਾਮੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਜ਼ਿਕਰਯੋਗ ਹੈ ਕਿ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 335ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 107 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 53.6 ਕਿੱਲੋਗ੍ਰਾਮ ਹੈਰੋਇਨ, 3 ਕਿੱਲੋਗ੍ਰਾਮ ਅਫੀਮ, 14 ਕਿਲੋਗ੍ਰਾਮ ਗਾਂਜਾ, 9350 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 900 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ, 335 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 47,119 ਹੋ ਗਈ ਹੈ। 'ਡੀ-ਅਡਿਕਸ਼ਨ' ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 35 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਰਾਜ਼ੀ ਕੀਤਾ ਹੈ।

## ਕਾਂਗਰਸ, ਅਕਾਲੀਆਂ ਅਤੇ ਭਾਜਪਾ ਨੂੰ 'ਆਪਣਿਆਂ'

ਇਹ ਯਕੀਨੀ ਬਣਾਉਣਾ ਹੈ ਕਿ ਲੋੜਵੰਦ ਪਰਿਵਾਰਾਂ ਦੇ ਬੱਚੇ ਉੱਚ ਸਿੱਖਿਆ ਪ੍ਰਾਪਤ ਕਰਨ ਦੇ ਯੋਗ ਹੋਣ। ਸਾਲ 2020-21 ਦੇ ਮੁਕਾਬਲੇ, 2024-25 ਵਿੱਚ ਵਜ਼ੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ 35 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਇਹ ਸਕਾਲਰਸ਼ਿਪ ਸਿਰਫ ਵਿੱਤੀ ਸਹਾਇਤਾ ਨਹੀਂ ਹੈ, ਸਗੋਂ ਵਿਦਿਆਰਥੀਆਂ ਨੂੰ ਆਤਮ-ਨਿਰਭਰ ਬਣਾਉਣ ਦਾ ਸ਼ਕਤੀਸ਼ਾਲੀ ਸਾਧਨ ਹੈ। ਕੋਸ਼ਿਸ ਇਹ ਯਕੀਨੀ ਬਣਾਉਣ ਦੀ ਹੈ ਕਿ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ ਜਾਂ ਪੈਸੇ ਦੀ ਘਾਟ ਕਾਰਨ ਆਪਣੇ ਸੁਪਨਿਆਂ ਨੂੰ ਛੱਡਣ ਲਈ ਮਜਬੂਰ ਨਾ ਹੋਵੇ।"

ਵਜ਼ੀਫਾ ਵੰਡ ਸਮਾਗਮ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਘਪਲੇ ਤੋਂ ਲੈ ਕੇ 'ਰੰਗਲੇ ਪੰਜਾਬ' ਤੱਕ, ਪੋਸਟ-ਮੈਟ੍ਰਿਕ ਵਜ਼ੀਫਾ ਸਕੀਮ ਸਮਾਜਿਕ ਬਦਲਾਅ ਦਾ ਸ਼ਕਤੀਸ਼ਾਲੀ ਸਾਧਨ ਬਣ ਗਈ ਹੈ। ਇਸ ਯੋਜਨਾ ਨੇ ਅਨੁਸੂਚਿਤ ਜਾਤੀ ਦੇ ਲੱਖਾਂ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਉਡਾਣ ਭਰਨ ਲਈ ਖੰਭ ਦਿੱਤੇ ਹਨ ਜੋ ਉੱਚ ਸਿੱਖਿਆ ਪ੍ਰਾਪਤ ਕਰ ਰਹੇ ਹਨ।" ਇਸ ਮੌਕੇ ਮੌਜੂਦ ਲਾਭਪਾਤਰੀਆਂ ਨੇ ਤਾੜੀਆਂ ਦੀ ਗੂੰਜ ਵਿੱਚ ਸਵਾਗਤ ਕੀਤਾ।

ਸਾਲ 2017 ਤੋਂ 2020 ਤੱਕ ਦੇ ਸਮੇਂ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਲੱਗਭੱਗ ਠੱਪ ਹੋ ਗਈ ਸੀ, ਜਿਸ ਕਾਰਨ ਵਿਦਿਅਕ ਸੰਸਥਾਵਾਂ ਨੇ ਵਿਦਿਆਰਥੀਆਂ ਦੀਆਂ ਡਿਗਰੀਆਂ ਰੋਕ ਲਈਆਂ ਸਨ। ਮੁੱਖ ਮੰਤਰੀ ਨੇ ਕਿਹਾ, "ਇਸ ਸਕੀਮ ਤਹਿਤ ਇੱਕ ਘੁਟਾਲਾ ਹੋਇਆ ਸੀ ਅਤੇ ਹਰ ਪੰਜਾਬੀ ਇਸ ਤੋਂ ਬਹੁਤ ਨਿਰਾਸ਼ ਤੇ ਦੁਖੀ ਹੋਇਆ ਸੀ। ਇਸ ਮਹਿਕਮੇ ਦੇ ਤਤਕਾਲੀ ਮੰਤਰੀ ਨੇ ਕਮਜ਼ੋਰ ਵਰਗਾਂ ਦੇ ਬੱਚਿਆਂ ਦੀ ਸਿੱਖਿਆ ਲਈ ਗੈਰ-ਕਾਨੂੰਨੀ ਢੰਗ ਨਾਲ ਪੈਸਾ ਕਮਾਉਣ ਲਈ ਆਪਣੇ ਹੀ ਭਾਈਚਾਰੇ ਨਾਲ ਧੋਖਾ ਕੀਤਾ।" ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਫੰਡ ਹੜੱਪ ਲਏ ਗਏ, ਜਿਸ ਨਾਲ ਉਨ੍ਹਾਂ ਨੂੰ ਸਹੀ ਮੌਕਿਆਂ ਤੋਂ ਵਿਰਵਾ ਕਰ ਦਿੱਤਾ ਗਿਆ।

ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਤਕਦੀਰ ਬਦਲਣ ਲਈ ਸਿੱਖਿਆ ਹੀ ਇੱਕੋ-ਇੱਕ ਜ਼ਰੀਆ ਹੈ। ਬਦਕਿਸਮਤੀ ਨਾਲ ਸਰਕਾਰਾਂ ਨੇ ਜਾਣ-ਬੁੱਝ ਕੇ ਇਨ੍ਹਾਂ ਵਿਦਿਆਰਥੀਆਂ ਨੂੰ ਲਗਾਤਾਰ ਕਿਤਾਬਾਂ ਤੋਂ ਦੂਰ ਰੱਖਿਆ। ਅੱਜ ਸਾਡੀ ਸਰਕਾਰ ਉਨ੍ਹਾਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਅਤੇ ਜ਼ਿੰਦਗੀ ਵਿੱਚ ਬੁਲੰਦੀਆਂ ਛੂਹਣ ਦਾ ਮੌਕਾ ਦੇ ਰਹੀ ਹੈ।" ਮਾਪਿਆਂ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਦੀਆਂ ਕੁਰਬਾਨੀਆਂ ਅਤੇ ਸਖਤ ਮਿਹਨਤ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਕੇ ਅੱਗੇ ਵਧਣ ਲਈ ਸਹੀ ਮਾਅਨਿਆਂ ਵਿੱਚ ਪ੍ਰੇਰਨਾ ਦਾ ਸਰੋਤ ਬਣੇ ਹਨ।

ਮੁੱਖ ਮੰਤਰੀ ਨੇ ਸਟੇਜ ਤੋਂ ਸੰਤ ਰਾਮ ਉਦਾਸੀ ਦੀ ਕਵਿਤਾ, 'ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ' ਵੀ ਸਾਂਝੀ ਕੀਤੀ। ਉਨ੍ਹਾਂ ਕਿਹਾ, "ਇਹ ਕਵਿਤਾ ਮੇਰੇ ਦਿਲ ਦੇ ਬਹੁਤ ਨੇੜੇ ਹੈ ਅਤੇ ਲੋਕਾਂ ਨੂੰ ਸਦਾ ਸਖ਼ਤ ਮਿਹਨਤ ਕਰਨ ਵਿੱਚ ਵਿਸ਼ਵਾਸ ਕਰਨ ਲਈ ਪ੍ਰੇਰਿਤ ਕਰਦੀ ਹੈ।" ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੀ ਜ਼ਿੰਦਗੀ ਵਿੱਚ ਟੀਚਾ ਤੈਅ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਖਤ ਮਿਹਨਤ ਹੀ ਇਸ ਟੀਚੇ ਨੂੰ ਪ੍ਰਾਪਤ ਕਰਨ ਦਾ ਇੱਕੋ-ਇੱਕ ਰਾਹ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਮਾਗਮ ਦਾ ਉਦੇਸ਼ ਪੰਜਾਬ ਦੇ ਹਰ ਕੋਨੇ ਵਿੱਚ ਸਿੱਖਿਆ ਦਾ ਚਾਨਣ ਫੈਲਾਉਣਾ ਹੈ। ਉਨ੍ਹਾਂ ਕਿਹਾ, "ਇਹ ਯੋਜਨਾ ਸਾਡੀ ਸਰਕਾਰ ਦੀ ਸਮਾਜਿਕ ਨਿਆਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਬਾਬਾ ਸਾਹਿਬ ਅੰਬੇਦਕਰ ਦੇ ਵਿਸਵਾਸ ਨੂੰ ਪ੍ਰਣਾਈ ਹੋਈ ਹੈ ਕਿ ਸਿੱਖਿਆ ਸਮਾਜਿਕ ਅਸਮਾਨਤਾ ਨੂੰ ਖਤਮ ਕਰਨ ਦਾ ਸਭ ਤੋਂ ਸਕਤੀਸਾਲੀ ਹਥਿਆਰ ਹੈ।"

ਇਸ ਯੋਜਨਾ ਦਾ ਵਿਦਿਆਰਥੀਆਂ ਦੇ ਭਵਿੱਖ 'ਤੇ ਪੈਣ ਵਾਲੇ ਅਸਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਵਿਦਿਆਰਥੀਆਂ ਨੂੰ ਆਪਣੀ ਕਿਸਮਤ ਬਦਲਣ ਅਤੇ ਭਾਰਤ ਨੂੰ ਵਿਸਵ ਪੱਧਰ 'ਤੇ ਮੋਹਰੀ ਬਣਾਉਣ ਵਿੱਚ ਯੋਗਦਾਨ ਪਾ ਰਹੀ ਹੈ। ਉਨ੍ਹਾਂ ਕਿਹਾ, "ਇਸ ਦਾ ਉਦੇਸ ਆਰਥਿਕ ਤੌਰ 'ਤੇ ਕਮਜ਼ੋਰ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਨਾਲ ਜੋੜਨਾ ਹੈ। ਇਹ ਯੋਜਨਾ 2.50 ਲੱਖ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਲਈ ਹੈ ਅਤੇ ਇਸ ਨੂੰ ਪੰਜਾਬ ਭਰ ਵਿੱਚ ਪੂਰੀ ਪਾਰਦਰਸਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ।"

ਇਸ ਯੋਜਨਾ ਦੀਆਂ ਮੁੱਖ ਵਿਸ਼ੇਸ਼ਤਾਵਾਂ ਸਾਂਝੀਆਂ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ, "ਲਾਭਪਾਤਰੀਆਂ ਦੀ ਗਿਣਤੀ ਵਿੱਚ ਬੇਮਿਸਾਲ ਵਾਧਾ ਹੋਇਆ ਹੈ। 2020-21 ਦੇ ਮੁਕਾਬਲੇ, 2024-25 ਵਿੱਚ ਲਾਭਪਾਤਰੀਆਂ ਵਿੱਚ 35 ਪ੍ਰਤੀਸਤ ਵਾਧਾ ਹੋਇਆ ਹੈ।" ਉਨ੍ਹਾਂ ਅੱਗੇ ਕਿਹਾ ਕਿ ਇਸ ਦਾ ਬਜਟ 245 ਕਰੋੜ ਰੁਪਏ ਤੋਂ ਵਧਾ ਕੇ 271 ਕਰੋੜ ਰੁਪਏ ਕਰ ਦਿੱਤਾ ਗਿਆ ਹੈ, ਜਿਸ ਨਾਲ ਇਹ ਗੱਲ ਸਾਹਮਣੇ ਆਈ ਹੈ ਕਿ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣਾ ਪੰਜਾਬ ਸਰਕਾਰ ਦਾ ਫਰਜ ਹੈ। ਉਨ੍ਹਾਂ ਕਿਹਾ, "ਪਹਿਲੀ ਵਾਰ, ਧੋਖਾਧੜੀ ਨੂੰ ਰੋਕਣ ਲਈ ਵਿਦਿਆਰਥੀਆਂ, ਸੰਸਥਾਵਾਂ ਦੇ ਮੁਖੀਆਂ ਅਤੇ ਨੋਡਲ ਅਫਸਰਾਂ ਲਈ ਬਾਇਓ-ਪ੍ਰਮਾਣਿਕਤਾ ਲਾਜ਼ਮੀ ਕੀਤੀ ਗਈ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ 'ਤੇ ਜਵਾਬਦੇਹੀ ਵਾਲੀ ਵਿਵਸਥਾ ਸੁਰੂ ਕੀਤੀ ਗਈ ਹੈ। ਉਨ੍ਹਾਂ ਨੇ ਦੁਹਰਾਇਆ ਕਿ ਪੋਸਟ-ਮੈਟ੍ਰਿਕ ਵਜ਼ੀਫਾ ਮਹਿਜ਼ ਵਿੱਤੀ ਸਹਾਇਤਾ ਨਹੀਂ ਹੈ, ਸਗੋਂ ਇਹ ਸਵੈ-ਨਿਰਭਰਤਾ ਦਾ ਰਾਹ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਅਸੀਂ ਇਹ ਯਕੀਨੀ ਬਣਾਉਣ ਲਈ ਦ੍ਰਿੜਤਾ ਨਾਲ ਵਚਨਬੱਧ ਹਾਂ ਕਿ ਕਿਸੇ ਵੀ ਪ੍ਰਤਿਭਾਸਾਲੀ ਬੱਚੇ ਦਾ ਸੁਪਨਾ ਪੈਸੇ ਦੀ ਘਾਟ ਕਾਰਨ ਅਧੂਰਾ ਨਾ ਰਹੇ।

ਇਸ ਪਹਿਲਕਦਮੀ ਨੂੰ ਬਾਬਾ ਸਾਹਿਬ ਅੰਬੇਦਕਰ ਦੀ ਵਿਚਾਰਧਾਰਾ ਨਾਲ ਜੋੜਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਮੁਫ਼ਤ ਸਹੂਲਤ ਜਾਂ ਰਿਆਇਤੀ ਕਾਰਡ, ਗਰੀਬੀ ਜਾਂ ਸਮਾਜਿਕ ਅਲਾਮਤਾਂ ਨੂੰ ਖਤਮ ਨਹੀਂ ਕਰ ਸਕਦਾ ਅਤੇ ਇਹ ਸਿਰਫ ਸਿੱਖਿਆ ਹੀ ਹੈ ਜੋ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਇਸ ਚੱਕਰ ਨੂੰ ਤੋੜ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਆਮ ਲੋਕਾਂ ਨੂੰ ਸਮਰੱਥ ਬਣਾਉਣ ਲਈ ਸਿੱਖਿਆ ਦੇ ਮਿਆਰ ਵਿੱਚ ਸੁਧਾਰ ਕਰਨ ਵਾਸਤੇ ਅਣਥੱਕ ਯਤਨ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇੱਕੋ ਸਮੇਂ ਸਿੱਖਿਆ ਅਤੇ ਸਿਹਤ ਖੇਤਰਾਂ ਨੂੰ

## ਪਹਿਲੇ ਸਫ਼ੇ ਦੀ ਬਾਕੀ

ਮੁੜ ਸੁਰਜੀਤ ਕਰ ਰਹੀ ਹੈ, ਜਿਸ ਤਹਿਤ ਸਮਾਰਟ ਕਲਾਸ ਰੂਮ, ਆਧੁਨਿਕ ਲੈਬਾਟਰੀਆਂ ਅਤੇ ਖੇਡ ਮੈਦਾਨਾਂ ਨਾਲ ਲੈਸ ਸਕੂਲ ਆਫ ਐਮੀਨੈਂਸ ਸਥਾਪਤ ਕੀਤੇ ਗਏ ਹਨ। ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਆਧੁਨਿਕ ਵਿਸੇਸ ਸਿਖਲਾਈ ਵਾਸਤੇ ਵਿਦੇਸ ਭੇਜਿਆ ਜਾ ਰਿਹਾ ਹੈ ਤਾਂ ਜੋ ਉਹ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ 'ਤੇ ਮੁਕਾਬਲੇ ਲਈ ਤਿਆਰ ਕਰ ਸਕਣ।

ਮੁੱਖ ਮੰਤਰੀ ਨੇ ਮਾਣ ਨਾਲ ਸਾਂਝਾ ਕੀਤਾ ਕਿ ਪੰਜਾਬ ਨੇ 'ਨੈਸ਼ਨਲ ਅਚੀਵਮੈਂਟ ਸਰਵੇ' ਵਿੱਚ ਕੇਰਲ ਨੂੰ ਵੀ ਪਛਾੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲ ਆਧੁਨਿਕ ਯੁੱਗ ਦੇ ਸਿੱਖਿਆ ਮੰਦਰ ਬਣ ਗਏ ਹਨ, ਜੋ ਲਗਾਤਾਰ ਵਿਦਿਆਰਥੀਆਂ ਦੀ ਜ਼ਿੰਦਗੀ ਨੂੰ ਰੌਸਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਹਥਿਆਰਬੰਦ ਸੈਨਾਵਾਂ 'ਚ ਭਰਤੀ ਪ੍ਰੀਖਿਆਵਾਂ ਦੀ ਤਿਆਰੀ ਅਤੇ ਨੀਟ, ਜੇ.ਈ.ਈ., ਸੀ.ਐਲ.ਏ.ਟੀ. (ਕਲੈਟ) ਅਤੇ ਐਨ.ਆਈ.ਐਫ.ਟੀ. ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਕੋਚਿੰਗ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼, ਜੇ.ਈ.ਈ. ਐਡਵਾਂਸਡ ਅਤੇ ਨੀਟ ਲਈ ਕੁਆਲੀਫਾਈ ਕੀਤਾ ਹੈ।

ਸਿਹਤ ਸੰਭਾਲ ਸੁਧਾਰਾਂ ਦਾ ਹਵਾਲਾ ਦਿੰਦੇ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਮੇਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਬਿਨਾਂ ਕਿਸੇ ਆਮਦਨ ਦੀ ਸਰਤ ਦੇ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਾਰੇ ਨਾਗਰਿਕਾਂ ਨੂੰ ਮੁਫ਼ਤ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ 881 ਆਮ ਆਦਮੀ ਕਲੀਨਿਕ ਰੋਜ਼ਾਨਾ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ 63,027 ਸਰਕਾਰੀ ਨੌਕਰੀਆਂ ਪਾਰਦਰਸੀ ਢੰਗ ਨਾਲ ਬਿਨਾਂ ਰਿਸਵਤ ਜਾਂ ਸਿਫ਼ਾਰਸ ਦੇ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਲ 2022 ਤੋਂ 90 ਫ਼ੀਸਦ ਪਰਿਵਾਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ ਅਤੇ ਇਹ ਪਹਿਲੀ ਵਾਰ ਹੋਇਆ ਹੈ ਜਦੋਂ ਕਿਸਾਨਾਂ ਨੂੰ ਝੋਨੇ ਦੇ ਸੀਜਨ ਦੌਰਾਨ ਦਿਨ ਵੇਲੇ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਮਿਲ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ 18,349 ਖਾਲਿਆਂ ਦੇ 6,900 ਕਿੱਲੋਮੀਟਰ ਹਿੱਸੇ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ ਤਾਂ ਜੋ ਪਾਣੀ ਨੂੰ ਟੇਲਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸਹੀਦੀ ਪੁਰਬ ਨੂੰ ਮਨਾਉਣ ਤੋਂ ਬਾਅਦ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਦੀ ਤਿਆਰੀ ਕਰ ਰਹੀ ਹੈ, ਜਿਸ ਵਿੱਚ ਸੂਬੇ ਭਰ 'ਚ ਵੱਖ-ਵੱਖ ਪ੍ਰੋਗਰਾਮਾਂ ਦੀ ਯੋਜਨਾ ਉਲੀਕੀ ਜਾਵੇਗੀ।

ਰਵਾਇਤੀ ਸਿਆਸੀ ਪਾਰਟੀਆਂ 'ਤੇ ਨਿਸਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀਆਂ ਇਸ ਸੱਚ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ ਕਿ ਇਕ ਆਮ ਪਰਿਵਾਰ ਨਾਲ ਸਬੰਧਤ ਵਿਅਕਤੀ ਪੰਜਾਬ ਦਾ ਸ਼ਾਸਨ ਇੰਨੇ ਚੰਗੇ ਢੰਗ ਨਾਲ ਕਿਵੇਂ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੀ ਲੋਕ ਵਿਰੋਧੀ ਅਤੇ ਪੰਜਾਬ ਵਿਰੋਧੀ ਸੋਚ ਕਰਕੇ ਲੋਕਾਂ ਦਾ ਇਨ੍ਹਾਂ ਤੋਂ ਵਿਸਵਾਸ ਉੱਠ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੇ ਆਗੂ ਪੰਜਾਬ ਅਤੇ ਇਸ ਦੇ ਲੋਕਾਂ ਨਾਲੋਂ ਆਪਣੇ ਪਰਿਵਾਰਾਂ ਨੂੰ ਪਹਿਲ ਦਿੰਦੇ ਆਏ ਹਨ, ਜਿਸ ਕਰਕੇ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਾਹ ਦਿਖਾ ਦਿੱਤਾ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਡਾ. ਬਲਜੀਤ ਕੌਰ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮਹਿੰਦਰ ਭਗਤ, ਲੋਕ ਸਭਾ ਮੈਂਬਰ ਰਾਜ ਕੁਮਾਰ ਚੱਬੇਵਾਲ, ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਵਿਧਾਇਕ ਬਲਕਾਰ ਸਿੰਘ, ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਟੀਨੂੰ, ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਸਮੇਤ ਹੋਰ ਪ੍ਰਮੁੱਖ ਸਖਸੀਅਤਾਂ ਹਾਜ਼ਰ ਸਨ।

### ਰਿਕਾਰਡ ਉਚਾਈ ਮਗਰੋਂ ਸੋਨੇ -ਚਾਂਦੀ ਦੀਆਂ

121 ਡਾਲਰ ਪ੍ਰਤੀ ਔਂਸ ਦੇ ਰਿਕਾਰਡ ਪੱਧਰ ਨੂੰ ਪਹੁੰਚ ਗਈ ਸੀ। ਹਾਲਾਂਕਿ ਕਾਰੋਬਾਰ ਦੇ ਕੁਝ ਘੰਟਿਆਂ ਵਿੱਚ 'ਸੁਰੱਖਿਅਤ ਨਿਵੇਸ਼' ਮੰਨੇ ਜਾਂਦੇ ਸੋਨੇ ਦੀਆਂ ਕੀਮਤਾਂ ਲੱਗਭੱਗ 500 ਡਾਲਰ ਪ੍ਰਤੀ ਔਂਸ ਘਟ ਕੇ 5,100 ਡਾਲਰ ਹੋ ਗਈਆਂ, ਜਦੋਂ ਕਿ ਚਾਂਦੀ ਕਰੀਬ 12 ਫੀਸਦ ਡਿੱਗ ਗਈ।

ਐਮ.ਸੀ.ਐਕਸ. 'ਤੇ ਸੋਨਾ ਵੀ ਸਵੇਰ ਦੇ ਕਾਰੋਬਾਰ ਦੌਰਾਨ ?15,000 (9%) ਡਿੱਗ ਗਿਆ। 10 ਗ੍ਰਾਮ ਸੋਨਾ 1.54 ਲੱਖ ਤੱਕ ਪਹੁੰਚ ਗਿਆ ਸੀ। ਸੋਨਾ ਹੁਣ ਥੋੜ੍ਹਾ ਰਿਕਵਰੀ ਹੋਇਆ ਹੈ ਅਤੇ 1.64 ਲੱਖ 'ਤੇ ਵਪਾਰ ਕਰ ਰਿਹਾ ਹੈ, 3% ਘੱਟ ਕੇ। ਸੋਨੇ ਅਤੇ ਚਾਂਦੀ ਦੇ ਈਟੀਐਫ ਵਿੱਚ ਵੀ ਅੱਜ 23% ਤੱਕ ਦੀ ਗਿਰਾਵਟ ਆਈ।

ਆਲ ਇੰਡੀਆ ਜਿਊਲਰਜ਼ ਐਂਡ ਗੋਲਡਮੈਂਟ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਪੰਕਜ ਅਰੋੜਾ ਨੇ ਕਿਹਾ ਕਿ ਚਾਂਦੀ ਦੀ ਤੇਜ਼ੀ ਨਾਲ ਵਧਦੀ ਕੀਮਤ, ਜੋ ਸਿਰਫ਼ ਪੰਦਰਾਂ ਦਿਨਾਂ ਵਿੱਚ 25,000 ਤੋਂ 40,000 ਰੁਪਏ ਤੱਕ ਵੱਧ ਗਈ, ਜਿਸ ਨਾਲ ਇਕ ਅਸਥਿਰ ਸਿੱਧੀ ਲਾਈਨ ਵਾਲਾ ਵਿਕਾਸ ਹੋਇਆ ਹੈ। ਉਨ੍ਹਾਂ ਦੱਸਿਆ ਕਿ ਅਮਰੀਕਾ ਵੱਲੋਂ ਚਾਂਦੀ ਨੂੰ ਇੱਕ ਅਹਿਮ ਖਣਿਜ ਵਜੋਂ ਦਰਜਾਬੰਦ ਕਰਨ ਅਤੇ ਚੀਨ ਵੱਲੋਂ ਬਰਾਮਦ 'ਤੇ ਪਾਬੰਦੀ ਲਗਾਉਣ ਕਾਰਨ ਆਲਮੀ ਪੱਧਰ 'ਤੇ ਚਾਂਦੀ ਦੀ ਮੰਗ ਵਧੀ ਹੈ। ਇਸ ਕਰਕੇ ਸਟਾਕ ਐਕਸਚੇਂਜਾਂ ਵਿਚ ਵੱਡਾ ਉਤਰਾਅ-ਚੜ੍ਹਾਅ ਦੇਖਣ ਨੂੰ ਮਿਲਿਆ ਹੈ। ਅਰੋੜਾ ਨੇ ਜ਼ੋਰ ਦਿੱਤਾ ਕਿ ਭਾਰਤ ਵਿਚ ਸੋਨੇ ਦੀਆਂ ਇੱਕ ਦਿਨ ਵਿੱਚ 1,85,000 ਰੁਪਏ ਤੋਂ ਘੱਟ ਕੇ 1,65,000 ਰੁਪਏ ਹੋ ਗਈ। ਉਨ੍ਹਾਂ ਨਿਵੇਸ਼ਕਾਂ ਨੂੰ ਸਬਰ ਰੱਖਣ ਦੀ ਅਪੀਲ ਕੀਤੀ ਕਿਉਂਕਿ ਅਗਲੇ ਕੁਝ ਸਾਲਾਂ ਵਿੱਚ ਧਾਤ ਸੰਭਾਵੀ ਤੌਰ 'ਤੇ 7 ਲੱਖ ਰੁਪਏ ਤੱਕ ਪਹੁੰਚ ਸਕਦੀ ਹੈ ਪਰ ਇਸ ਦਰਮਿਆਨ ਇਹ 2.5 ਲੱਖ ਰੁਪਏ ਤੱਕ ਡਿੱਗ ਵੀ ਸਕਦੀ ਹੈ।

ਖੰਬਾਟਾ ਸਕਿਓਰਿਟੀਜ਼ ਦੇ ਸੁਨੀਲ ਸ਼ਾਹ ਨੇ ਜ਼ੋਰ ਦਿੱਤਾ ਕਿ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿਚ ਉਤਰਾਅ ਚੜ੍ਹਾਅ ਆਲਮੀ ਪੱਧਰ 'ਤੇ ਸਿਰੇ ਦੀ ਬੇਯਕੀਨੀ ਦਾ ਲੱਛਣ ਹੈ। ਉਨ੍ਹਾਂ ਕਿਹਾ ਕਿ ਜਦੋਂ ਆਲਮੀ ਅਰਥਚਾਰੇ ਨੂੰ ਲੈ ਕੇ ਤਸਵੀਰ ਸਾਫ਼ ਨਾ ਹੋਵੇ ਤਾਂ ਪੈਸਾ ਅਕਸਰ ਕੀਮਤੀ ਧਾਤਾਂ, ਬਾਂਡਾਂ ਅਤੇ ਇਕੁਇਟੀ ਬਾਜ਼ਾਰਾਂ ਵਿਚਕਾਰ ਅਨਿਯਮਿਤ ਘੁੰਮਦਾ ਰਹਿੰਦਾ ਹੈ। ਸ਼ਾਹ ਨੇ ਕਿਹਾ ਕਿ ਇਸ ਦੌਰਾਨ ਭਾਰਤੀ ਇਕੁਇਟੀ ਬਾਜ਼ਾਰਾਂ ਵਿੱਚ ਕੁਝ ਸੁਧਾਰ ਦੇਖਿਆ ਗਿਆ ਹੈ, ਉਹ ਲਚਕੀਲੇ ਬਣੇ ਰਹਿੰਦੇ ਹਨ ਕਿਉਂਕਿ ਨਿਵੇਸ਼ਕਾਂ ਦੀ ਝਾਕ 1 ਫਰਵਰੀ ਨੂੰ ਪੇਸ਼ ਕੀਤੇ ਜਾਣ ਵਾਲੇ ਕੇਂਦਰੀ ਬਜਟ 'ਤੇ ਹੈ।

### ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਸਮੇਤ 38 ਵਿਅਕਤੀਆਂ

ਇਨ੍ਹਾਂ ਕਰਮਚਾਰੀਆਂ ਨੇ ਆਪਣੇ ਬਿਆਨ ਦਰਜ ਕਰਵਾਏ। ਅੱਜ ਵਿਸ਼ੇਸ ਜਾਂਚ ਟੀਮ ਕੋਲ ਬਿਆਨ ਦਰਜ ਕਰਵਾਉਣ ਵਾਲਿਆਂ ਵਿਚ ਸ਼੍ਰੋਮਣੀ ਕਮੇਟੀ ਦੇ ਕੁਝ ਸਾਬਕਾ ਮੁਲਾਜ਼ਮ ਅਤੇ ਐਸ ਐਸ ਕੋਹਲੀ ਐਸੋਸੀਏਟ ਫਰਮ ਦੇ ਮੁਲਾਜ਼ਮ ਵੀ ਸ਼ਾਮਲ ਸਨ। ਕਰੀਬ 42 ਦੇ ਕਰੀਬ ਵਿਅਕਤੀਆਂ ਨੂੰ ਪੁੱਛਗਿਛ ਲਈ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਦੇ ਦਫਤਰ ਵਿਖੇ ਬੁਲਾਇਆ। 6 ਮੁਲਾਜ਼ਮ ਜੋ ਇਸ ਸਮੇਂ ਵੀ ਸ਼੍ਰੋਮਣੀ ਕਮੇਟੀ ਵਿਚ ਸੇਵਾਵਾਂ ਦੇ ਰਹੇ ਹਨ, ਜਿਨ੍ਹਾਂ ਵਿਚ ਮਲਕੀਤ ਸਿੰਘ ਬਹਿੜਵਾਲ, ਸਿਮਰਜੀਤ ਸਿੰਘ ਕੰਗ, ਜੋਗਾ ਸਿੰਘ, ਪੰਜਾਬ ਸਿੰਘ, ਹਰਪ੍ਰੀਤ ਸਿੰਘ ਅਤੇ ਅਮਰਜੀਤ ਸਿੰਘ ਆਦਿ ਸ਼ਾਮਲ ਹਨ, ਸਮਨ ਜਾਰੀ ਹੋਣ ਤੋਂ ਬਾਅਦ, ਸ਼ੁੱਕਰਵਾਰ ਨੂੰ ਸਿਟ ਦੇ ਸਾਹਮਣੇ ਹਾਜ਼ਰ ਹੋਏ। ਸਿਟ ਸਾਹਮਣੇ ਪੇਸ਼ ਹੋਏ ਕਰਮਚਾਰੀਆਂ ਵਿੱਚ ਮਲਕੀਤ ਸਿੰਘ ਬਹਿੜਵਾਲ, ਸਿਮਰਜੀਤ ਸਿੰਘ ਕੰਗ, ਜੋਗਾ ਸਿੰਘ, ਪੰਜਾਬ ਸਿੰਘ, ਹਰਪ੍ਰੀਤ ਸਿੰਘ ਅਤੇ ਅਮਰਜੀਤ ਸਿੰਘ ਦੇ ਨਾਲ ਨਾਲ ਕੁਝ ਸਾਬਕਾ ਕਰਮਚਾਰੀ ਅਤੇ ਚਾਰਟਿਡ ਅਕਾਉਂਟੈਂਟ ਸ੍ਰੀ ਸਤਿੰਦਰ ਸਿੰਘ ਕੋਹਲੀ ਦੀ ਫਰਮ ਐਸ ਐਸ ਕੋਹਲੀ ਐਸੋਸੀਏਟ ਦੇ ਕੁਝ ਮੁਲਾਜ਼ਮ ਸਿਟ ਸਾਹਮਣੇ ਹਾਜ਼ਰ ਹੋਏ। ਸ੍ਰੀ ਕੋਹਲੀ ਉਨ੍ਹਾਂ 16 ਵਿਅਕਤੀਆਂ ਵਿੱਚੋਂ ਇੱਕ ਹਨ ਜਿਨ੍ਹਾਂ ਨੂੰ ਇਸ ਮਾਮਲੇ ਵਿੱਚ ਦਰਜ ਐਫਆਈਆਰ ਵਿੱਚ ਨਾਮਜ਼ਦ ਕੀਤਾ ਗਿਆ ਸੀ ਅਤੇ ਜੋ ਇਸ ਸਮੇਂ ਇਕ ਹੋਰ ਜਿੰਮੇਵਾਰ ਦਸੇ ਜਾਂਦੇ ਕਵਲਜੀਤ ਸਿੰਘ ਦੇ ਨਾਲ ਨਿਆਂਇਕ ਹਿਰਾਸਤ ਵਿੱਚ ਹਨ। ਸਿਟ ਮੁਖੀ ਏਆਈਜੀ ਜਗਤਪ੍ਰੀਤ ਸਿੰਘ ਟੀਮ ਦੇ ਹੋਰ ਮੈਂਬਰਾਂ ਸਮੇਤ ਚੰਡੀਗੜ੍ਹ ਤੋਂ ਅੰਮ੍ਰਿਤਸਰ ਆਏ ਹੋਏ ਸਨ ਅਤੇ ਅੱਜ ਪੂਰਾ ਦਿਨ ਬਿਆਨ ਦਰਜ ਕਰਨ ਦੀ ਪ੍ਰਕਿਰਿਆ ਜਾਰੀ ਰਹੀ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਇੱਕ ਦਿਨ ਪਹਿਲਾਂ ਚੰਡੀਗੜ੍ਹ ਸਥਿਤ ਸਬ- ਦਫ਼ਤਰ ਸ਼੍ਰੋਮਣੀ ਕਮੇਟੀ ਵਿੱਚ ਸਿਟ ਵਲੋ ਮੰਗਿਆ ਗਿਆ ਰਿਕਾਰਡ ਮੁਹੱਈਆ ਕਰਵਾਉਣ ਤੋਂ ਬਾਅਦ ਇਸ ਜਾਂਚ ਨੂੰ ਅੱਗੇ ਵਧਾਇਆ ਗਿਆ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੇ ਇਹ ਕਹਿ ਕੇ ਰਿਕਾਰਡ ਦੇਣ ਤੋਂ ਇਨਕਾਰ ਕਰ ਦਿੱਤਾ ਸੀ ਕਿ ਕਮੇਟੀ ਇੱਕ ਆਜ਼ਾਦ ਸੰਸਥਾ ਹੈ ਅਤੇ ਪੰਜਾਬ ਪੁਲਿਸ ਦੀ ਕਾਰਵਾਈ ਉਸਦੇ ਅੰਦਰੂਨੀ ਮਾਮਲਿਆਂ ਵਿੱਚ ਸਿੱਧੀ ਦਖਲਅੰਦਾਜ਼ੀ ਹੋਵੇਗੀ। ਪਹਿਲਾਂ ਇਸ ਮਾਮਲੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਵੀ ਇਸ ਸਥਿਤੀ ਦਾ ਸਮੱਰਥਨ ਕੀਤਾ ਸੀ, ਪਰ ਬਾਅਦ ਵਿੱਚ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਕਮੇਟੀ ਨੂੰ ਸਿਟ ਨਾਲ ਸਹਿਯੋਗ ਕਰਨ ਅਤੇ ਮੰਗਿਆ ਗਿਆ ਰਿਕਾਰਡ ਸੌਂਪਣ ਲਈ ਕਿਹਾ ਸੀ। ਇਹ ਮਾਮਲਾ ਸਭ ਤੋਂ ਪਹਿਲਾਂ 2020 ਵਿੱਚ ਪੰਜਾਬ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ ਵੱਲੋਂ ਸਾਹਮਣੇ ਲਿਆਂਦਾ ਗਿਆ ਸੀ ਅਤੇ ਇਸ ਤੋਂ ਬਾਅਦ ਇਹ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਦਰਮਿਆਨ ਤਣਾਅ ਦਾ ਕੇਂਦਰ ਬਣ ਗਿਆ, ਇਸ ਮਾਮਲੇ 'ਤੇ ਦਰਜ ਐਫਆਈਆਰ ਨੂੰ ਸ਼੍ਰੋਮਣੀ ਕਮੇਟੀ ਨੇ ਆਪਣੀ ਖੁਦਮੁਖਤਿਆਰੀ 'ਤੇ ਹਮਲਾ ਕਰਾਰ ਦਿੱਤਾ ਸੀ, ਮੁੱਖ ਮੰਤਰੀ ਭਗਵੰਤ ਮਾਨ ਨੇ ਕਮੇਟੀ 'ਤੇ ਦੋਸ਼ ਲਗਾਇਆ ਕਿ ਉਹ ਭ੍ਰਿਸ਼ਟ ਅਧਿਕਾਰੀਆਂ ਨੂੰ ਬਚਾਉਣ ਲਈ ਤਖ਼ਤ ਨੂੰ ਢਾਲ ਵਜੋਂ ਵਰਤ ਰਹੀ ਹੈ। ਐਫਆਈਆਰ 7 ਦਸੰਬਰ 2025 ਨੂੰ ਅੰਮ੍ਰਿਤਸਰ ਵਿੱਚ ਦਰਜ ਕੀਤੀ ਗਈ ਸੀ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ 16 ਸਾਬਕਾ ਕਰਮਚਾਰੀਆਂ ਦੇ ਖ਼ਿਲਾਫ਼ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 295, 295- ਏ, 409, 465 ਅਤੇ 120-ਬੀ ਤਹਿਤ ਭਰੋਸਾ ਭੰਗ, ਜਾਲਸਾਜ਼ੀ, ਸਾਜ਼ਿਸ਼ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਦੋਸ਼ ਲਗਾਏ ਗਏ ਹਨ।

### ਖੰਨਾ 'ਚ ਪਾਸਟਰ ਵੱਲੋਂ ਬੰਧਕ ਬਣਾਈ ਕੁੜੀ ਨਿਹੰਗ ਸਿੰਘਾਂ

ਜਦੋਂ ਕੁੜੀ ਵਾਪਸ ਨਾ ਆਈ ਤਾਂ ਤਰਨਾ ਦਲ ਦੇ ਨਿਹੰਗ ਸਿੰਘਾਂ ਦੀ ਮਦਦ ਲਈ ਗਈ, ਜਿਨ੍ਹਾਂ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਵੀਰਵਾਰ ਨੂੰ ਕੁੜੀ ਨੂੰ ਮੁਲਜ਼ਮ ਦੇ ਚੁੰਗਲ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ। ਡੀ.ਐਸ.ਪੀ. ਖੰਨਾ ਵਿਨੋਦ ਕੁਮਾਰ ਨੇ ਦੱਸਿਆ ਕਿ ਸਤਪਾਲ ਮਸੀਹ ਦੇ ਬਿਆਨਾਂ ਦੇ ਆਧਾਰ 'ਤੇ ਐਫ.ਆਈ.ਆਰ. ਦਰਜ ਕਰਕੇ ਮੁੱਖ ਮੁਲਜ਼ਮ ਚਮਨ ਲਾਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਸੋਸ਼ਲ ਮੀਡੀਆ 'ਤੇ ਇਸ ਘਟਨਾ ਅਤੇ ਨਿਹੰਗ ਜੱਥੇਬੰਦੀ ਵੱਲੋਂ ਦਿੱਤੀਆਂ ਚੇਤਾਵਨੀਆਂ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਿਸ ਹਰਕਤ ਵਿੱਚ ਆਈ।

### ਕਾਂਗਰਸ ਨੇ ਆਸਾਮ ਨੂੰ ਬੰਦੂਕਾਂ ਤੇ

ਨਵੀਂ ਵਿਧਾਨ ਸਭਾ ਤੋਂ ਇਲਾਵਾ ਵਾਈਲਡਲਾਈਫ ਰਿਸਰਚ ਇੰਸਟੀਚਿਊਟ ਅਤੇ ਖਾਨੀਕਰ ਸਟੇਡੀਅਮ ਦੇ ਪਹਿਲੇ ਪੜਾਅ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਖੇਡ ਬੁਨਿਆਦੀ ਢਾਂਚੇ ਅਤੇ ਜੈਵ-ਵਿਵਿਧਤਾ ਦੀ ਸੁਰੱਖਿਆ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਤੋਂ ਬਾਅਦ ਉਹ ਧੇਮਾਜੀ ਵਿਖੇ '10ਵੇਂ ਮਿਸ਼ਿੰਗ ਸੱਭਿਆਚਾਰਕ ਉਤਸਵ' ਵਿੱਚ ਸ਼ਾਮਲ ਹੋਏ, ਜਿੱਥੇ ਉਨ੍ਹਾਂ ਕਬਾਇਲੀ ਵਿਰਾਸਤ ਦਾ ਜਸ਼ਨ ਮਨਾਇਆ। ਸ਼ਾਮ ਨੂੰ ਗੁਹਾਟੀ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਦੌਰਾਨ ਸ਼ਾਹ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ 'ਤੇ ਚਰਚਾ ਕੀਤੀ ਅਤੇ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

### ਕੁੱਤੇ ਦੇ ਵੱਢਣ ਕਾਰਨ ਇੱਕੋ ਪਰਿਵਾਰ ਦੇ 7 ਮੈਂਬਰਾਂ 'ਚ

ਪੂਰੇ ਪਰਿਵਾਰ ਵਿਚ ਰੇਬੀਜ਼ ਦੇ ਲੱਛਣ ਦਿਖਣ ਲੱਗੇ। ਜਾਣਕਾਰੀ ਮੁਤਾਬਕ ਜਿਸ ਪਰਿਵਾਰ ਵਿਚ ਰੇਬੀਜ਼ ਦੇ ਲੱਛਣ ਪਾਏ ਗਏ ਹਨ, ਉਹ ਜਗਰਾਓਂ ਦੇ ਸ਼ੇਰਪੁਰਾ ਚੌਂਕ ਕੋਲ ਰਹਿੰਦਾ ਹੈ। ਪਰਿਵਾਰ ਦਾ ਮੁਖੀਆ ਇਕ ਫੈਕਟਰੀ ਵਿਚ ਕੰਮ ਕਰਦਾ ਹੈ। ਉਸ ਵਿਚ, ਉਸ ਦੀ ਪਤਨੀ ਤੇ 3 ਬੱਚਿਆਂ ਤੋਂ ਇਲਾਵਾ ਉਸ ਦੀ ਸਾਲੀ ਦੇ ਦੋ ਬੱਚਿਆਂ ਵਿਚ ਇਹ ਲੱਛਣ ਪਾਏ ਗਏ। ਸਾਲੀ ਦੇ ਬੱਚੇ ਵੀ ਇਕ ਸਾਲ ਤੋਂ ਉਸ ਦੇ ਨਾਲ ਰਹਿ ਰਹੇ ਹਨ। ਪਰਿਵਾਰ ਦੇ ਇਕ ਮੈਂਬਰ ਨੂੰ ਸਾਲ ਪਹਿਲਾਂ ਕੁੱਤੇ ਨੇ ਕੱਟਿਆ ਸੀ। ਉਸ ਦੇ ਬਾਅਦ ਉਸ ਨੇ ਟੀਕਾ ਨਹੀਂ ਲਗਵਾਇਆ। ਜਿਸ ਨੂੰ ਕੱਟਿਆ ਸੀ ਪਹਿਲਾਂ ਉਸ ਵਿਚ ਰੇਬੀਜ਼ ਵਧਦਾ ਗਿਆ ਤੇ ਉਸ ਤੋਂ ਹੀ ਹੋਰ ਮੈਂਬਰਾਂ ਨੂੰ ਇੰਫੈਕਸ਼ਨ ਹੋ ਗਿਆ। ਉਨ੍ਹਾਂ ਕਿਹਾ ਕਿ ਰੇਬੀਜ਼ ਹੈ ਜਾਂ ਨਹੀਂ ਇਸ ਦੀ ਪੁਸ਼ਟੀ ਟੈਸਟ ਦੇ ਬਾਅਦ ਹੋਵੇਗੀ। ਪਰ ਲੱਛਣ ਰੇਬੀਜ਼ ਦੇ ਹੀ ਹਨ। ਡਾਕਟਰ ਨੇ ਦੱਸਿਆ ਕਿ ਜਿਹੜੇ 7 ਮਰੀਜ਼ਾਂ ਨੂੰ ਹਸਪਤਾਲ ਵਿਚ ਲਿਆਂਦਾ ਗਿਆ ਤਾਂ ਉਨ੍ਹਾਂ ਦੇ ਮੂੰਹ ਤੋਂ ਜ਼ਿਆਦਾ ਲਾਰ ਨਿਕਲ ਰਹੀ ਸੀ। ਉਹ ਸਹੀ ਤਰੀਕੇ ਨਾਲ ਬੋਲ ਵੀ ਨਹੀਂ ਪਾ ਰਹੇ ਸਨ। ਇਹ ਦੋਵੇਂ ਲੱਛਣ ਰੇਬੀਜ਼ ਦੇ ਹੀ ਹਨ। ਫਿਲਹਾਲ ਸਾਰਿਆਂ ਨੂੰ ਪੀ.ਜੀ.ਆਈ. ਚੰਡੀਗੜ੍ਹ ਵਿਚ ਡਾਕਟਰਾਂ ਦੀ ਨਿਗਰਾਨੀ ਵਿਚ ਰੱਖਿਆ ਗਿਆ ਹੈ।

### ਹਾਈਕੋਰਟ 'ਚ 2 ਘੰਟੇ ਹੋਈ ਬਹਿਸ, ਚਾਰ ਮੁਲਜ਼ਮਾਂ ਦੀ

ਕੀਤੀਆਂ ਗਈਆਂ ਅਗਾਊਂ ਜ਼ਮਾਨਤ ਦੀਆਂ ਅਰਜ਼ੀਆਂ 'ਤੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ। ਅੱਜ ਸੁਣਵਾਈ ਦੌਰਾਨ ਅਦਾਲਤ ਵਿੱਚ ਕਰੀਬ ਦੋ ਘੰਟੇ ਤੱਕ ਪੁਰਜ਼ੋਰ ਬਹਿਸ ਚੱਲੀ। ਸੀਨੀਅਰ ਐਡਵੋਕੇਟ ਪ੍ਰਦੀਪ ਵਿਰਕ ਨਾਲ ਹੋਈ ਵਿਸ਼ੇਸ਼ ਗੱਲਬਾਤ ਦੌਰਾਨ ਸਾਹਮਣੇ ਆਇਆ ਕਿ ਦੋਵਾਂ ਪੱਖਾਂ ਦੇ ਵਕੀਲਾਂ ਨੇ ਅਦਾਲਤ ਅੱਗੇ ਆਪਣੀਆਂ ਦਲੀਲਾਂ ਰੱਖੀਆਂ। ਬਹਿਸ ਦੌਰਾਨ ਮਾਮਲੇ ਦੀ ਗੰਭੀਰਤਾ ਅਤੇ ਜਾਂਚ ਦੀ ਮੌਜੂਦਾ ਸਥਿਤੀ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਅਦਾਲਤ ਵਿੱਚ ਇੱਕ ਵਾਰ ਫਿਰ ਸਖ਼ਤ ਰੁਖ ਅਖ਼ਤਿਆਰ ਕੀਤਾ। ਸਰਕਾਰ ਵੱਲੋਂ ਪੱਖ ਰੱਖਦਿਆਂ ਕਿਹਾ ਗਿਆ ਕਿ ਹਾਲਾਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਜਾਂਚ ਵਿੱਚ ਸਹਿਯੋਗ ਕਰਨ ਦੀ ਗੱਲ ਕਹਿ ਰਹੀ ਹੈ, ਪਰ ਅਸਲੀਅਤ ਵਿੱਚ ਵਿਸ਼ੇਸ਼ ਜਾਂਚ ਟੀਮ (ਸਿੱਟ) ਨੂੰ ਅਜੇ ਤੱਕ ਜਾਂਚ ਲਈ ਲੋੜੀਂਦਾ ਪੂਰਾ ਰਿਕਾਰਡ ਅਤੇ ਡਾਟਾ ਮੁਹੱਈਆ ਨਹੀਂ ਕਰਵਾਇਆ ਗਿਆ। ਸਰਕਾਰ ਨੇ ਦਲੀਲ ਦਿੱਤੀ ਕਿ ਰਿਕਾਰਡ ਦੀ ਘਾਟ ਕਾਰਨ ਜਾਂਚ ਪ੍ਰਭਾਵਿਤ ਹੋ ਰਹੀ ਹੈ। ਇਸ ਮਾਮਲੇ ਵਿੱਚ ਦੋਸ਼ੀਆਂ ਖਿਲਾਫ ਕਾਨੂੰਨੀ ਸ਼ਿਕੰਜਾ ਹੋਰ ਕੱਸਿਆ ਗਿਆ ਹੈ।

## ਸੰਜੀਵ ਅਰੋੜਾ ਤਬੀਅਤ ਵਿਗੜਨ ਕਾਰਨ ਹਸਪਤਾਲ 'ਚ ਦਾਖ਼ਲ

ਚੰਡੀਗੜ੍ਹ, 30 ਜਨਵਰੀ (ਚ.ਨ.ਸ.) : ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਸਿਹਤ ਅਚਾਨਕ ਵਿਗੜ ਗਈ। ਬੀਤੀ ਰਾਤ ਡਿਨਰ ਤੋਂ ਬਾਅਦ ਉਨ੍ਹਾਂ ਨੂੰ ਸਾਹ ਲੈਣ ਵਿੱਚ ਤਕਲੀਫ ਮਹਿਸੂਸ ਹੋਈ ਅਤੇ ਉਨ੍ਹਾਂ ਨੂੰ ਮੋਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਉਨ੍ਹਾਂ ਦੀ ਹਾਲਤ ਦੇ ਆਧਾਰ 'ਤੇ ਡਾਕਟਰਾਂ ਨੇ ਉਨ੍ਹਾਂ ਨੂੰ ਕ੍ਰਿਟੀਕਲ ਕੇਅਰ ਯੂਨਿਟ (ਸੀ.ਸੀ.ਯੂ.) ਵਿੱਚ ਨਿਗਰਾਨੀ ਹੇਠ ਰੱਖਿਆ ਹੈ। ਹਸਪਤਾਲ ਦੇ ਸੂਤਰਾਂ ਮੁਤਾਬਕ ਉਨ੍ਹਾਂ ਦੀ ਹਾਲਤ ਇਸ ਵੇਲੇ ਸਥਿਰ ਹੈ ਅਤੇ ਮਾਹਰ ਡਾਕਟਰਾਂ ਦੀ ਇੱਕ ਟੀਮ ਲਗਾਤਾਰ ਉਨ੍ਹਾਂ ਦੀ ਸਿਹਤ ਦੀ ਨਿਗਰਾਨੀ ਕਰ ਰਹੀ ਹੈ। ਹਸਪਤਾਲ ਦੇ ਸੂਤਰਾਂ ਮੁਤਾਬਕ ਜ਼ਿਆਦਾ ਮਿਹਨਤ ਕਾਰਨ ਉਨ੍ਹਾਂ ਦੀ ਸਿਹਤ ਵਿਗੜ ਗਈ। ਸਾਰੇ ਮੈਡੀਕਲ ਪੈਰਾਮੀਟਰ ਆਮ ਪਾਏ ਗਏ। ਉਨ੍ਹਾਂ ਨੂੰ ਆਰਾਮ ਕਰਨ ਦੀ ਸਲਾਹ ਦਿੱਤੀ ਗਈ ਹੈ ਅਤੇ ਉਹ 24



ਘੰਟੇ ਨਿਗਰਾਨੀ ਹੇਠ ਰਹਿਣਗੇ। ਦੱਸ ਦੇਈਏ ਕਿ ਪੰਜਾਬ ਵਿੱਚ 'ਆਪ' ਸਰਕਾਰ ਦੇ ਗਠਨ ਤੋਂ ਬਾਅਦ ਸੰਜੀਵ ਅਰੋੜਾ ਅਪ੍ਰੈਲ, 2022 ਵਿੱਚ ਰਾਜ ਸਭਾ ਲਈ ਚੁਣੇ ਗਏ। ਉਹ 10 ਅਪ੍ਰੈਲ, 2022 ਨੂੰ ਰਾਜ ਸਭਾ ਮੈਂਬਰ ਬਣੇ ਅਤੇ ਲਗਭਗ ਤਿੰਨ ਸਾਲ (1 ਜੁਲਾਈ, 2025 ਤੱਕ) ਸੇਵਾ ਨਿਭਾਈ। ਇਸ ਤੋਂ ਪਹਿਲਾਂ, ਉਹ ਰਾਜਨੀਤੀ ਵਿੱਚ ਸਰਗਰਮੀ ਨਾਲ ਸ਼ਾਮਲ ਨਹੀਂ ਸਨ ਪਰ ਇੱਕ ਪ੍ਰਮੁੱਖ ਉਦਯੋਗਪਤੀ ਵਜੋਂ ਜਾਣੇ ਜਾਂਦੇ ਸਨ।

## ਤਰਨਤਾਰਨ 'ਚ ਵਿਆਹ ਪ੍ਰੋਗਰਾਮ ਦੌਰਾਨ ਗੋਲ਼ੀ ਲੱਗਣ ਨਾਲ ਫੌਜੀ ਦੀ ਮੌਤ

ਤਰਨਤਾਰਨ , 30 ਜਨਵਰੀ (ਚ.ਨ.ਸ.) : ਤਰਨਤਾਰਨ ਦੇ ਪਿੰਡ ਖਡੂਰ ਸਾਹਿਬ ਦੇ ਰਹਿਣ ਵਾਲੇ ਇੱਕ ਵਿਅਕਤੀ ਦੀ ਗੋਲੀ ਲੱਗਣ ਨਾਲ ਮੌਤ ਹੋ ਗਈ। ਮ੍ਰਿਤਕ ਦਾ ਨਾਮ ਗੁਰਸੇਵਕ ਸਿੰਘ ਦੱਸਿਆ ਜਾ ਰਿਹਾ ਹੈ, ਜਿਸ ਦੀ ਉਮਰ 28 ਸਾਲ ਸੀ। ਉਹ ਫੌਜ ਵਿੱਚ ਨੌਕਰੀ ਕਰਦਾ ਸੀ। ਦੱਸ ਦਈਏ ਕਿ ਗੁਰਸੇਵਕ ਸਿੰਘ ਦਾ 25 ਜਨਵਰੀ ਨੂੰ ਹੀ ਵਿਆਹ ਹੋਇਆ ਸੀ ਅਤੇ ਜਿਸ ਦੋਸਤ ਦੇ ਵਿਆਹ 'ਤੇ ਭੰਗੜਾ ਪਾ ਰਹੇ ਸਨ, ਉਹ ਵੀ ਫੌਜ ਵਿੱਚ ਸੀ, ਇਹ ਦੋਵੇਂ ਫੌਜੀ ਦੋਸਤ ਭਰਾਵਾਂ ਵਾਂਗ ਰਹਿੰਦੇ ਸਨ ਅਤੇ ਇਕੱਠੇ ਹੀ ਇੱਕੋ ਪੋਸਟ 'ਤੇ ਤਾਇਨਾਤ ਸਨ।

ਫ਼ਿਲਹਾਲ ਪਰਿਵਾਰ ਨੇ ਮੀਡੀਆ ਨਾਲ ਕਿਸੇ ਤਰ੍ਹਾਂ ਦੀ ਕੋਈ ਗੱਲਬਾਤ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਇਸ ਬਾਰੇ ਪੁਲਿਸ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਥਾਣਾ ਸਦਰ ਦੇ ਅਧੀਨ ਆਉਂਦੇ ਮਲਮੋਹਰੀ ਪਿੰਡ ਵਿੱਚ ਜੋਬਨ



ਸਿੰਘ ਪੁੱਤਰ ਬਲਕਾਰ ਸਿੰਘ ਦੇ ਘਰ ਫੈਮਲੀ ਫੰਕਸ਼ਨ ਸੀ। ਇਹ ਤਿੰਨੋ ਆਰਮੀ ਅਫਸਰ ਸਨ ਤੇ ਇਕੱਠੇ ਕੰਮ ਕਰਦੇ ਸਨ। ਗੁਰਸੇਵਕ ਸਿੰਘ ਪੁੱਤਰ ਪ੍ਰਗਟ ਸਿੰਘ ਖਡੂਰ ਸਾਹਿਬ ਦਾ ਤੇ ਇੱਕ ਸੂਵਲ ਸਿੰਘ ਪੁੱਤਰ ਸੁਖਦੇਵ ਸਿੰਘ ਖਡੂਰ ਸਾਹਿਬ ਦਾ। ਇਸ ਪਾਰਟੀ ਨੂੰ ਸੈਲੀਬਰੇਟ ਕਰਨ ਵਾਸਤੇ ਆਏ ਸੀ ਤੇ ਜਿਹੜਾ ਗੁਰਸੇਵਕ ਸੀ ਉਹ ਵੈਪਨ ਦੇ ਨਾਲ ਉਹ ਹਵਾਈਫਾਈਰ ਕਰਨ ਲੱਗ ਪਏ। ਉਹ ਇੱਕ ਦੂਜੇ ਨੂੰ ਕਹਿਣ ਲੱਗੇ ਮੈਂ ਕਰਨਾ ਮੈਂ ਕਰਨਾ ਫਾਇਰ। ਪੁਲਿਸ ਵੱਲੋਂ ਮਾਮਲਾ ਦਰਜ ਕੀਤਾ ਜਾ ਰਿਹਾ ਹੈ।

## ਗੈਂਗਸਟਰ ਗੋਲਡੀ ਬਰਾੜ ਦੇ ਮਾਪਿਆਂ ਨੂੰ ਰਿਮਾਂਡ ਖ਼ਤਮ ਹੋਣ ਤੋਂ ਬਾਅਦ ਭੇਜਿਆ ਜੇਲ੍ਹ

ਸ੍ਰੀ ਮੁਕਤਸਰ ਸਾਹਿਬ, 30 ਜਨਵਰੀ (ਚ.ਨ.ਸ.) : ਸ੍ਰੀ ਮੁਕਤਸਰ ਸਾਹਿਬ ਦੀ ਇੱਕ ਸਥਾਨਕ ਅਦਾਲਤ ਨੇ ਅੱਜ ਭਗੌੜੇ ਗੈਂਗਸਟਰ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੇ ਮਾਤਾ-ਪਿਤਾ ਨੂੰ ਨਿਆਂਇਕ ਹਿਰਾਸਤ (ਜੇਲ੍ਹ) ਵਿੱਚ ਭੇਜ ਦਿੱਤਾ ਹੈ। ਗੋਲਡੀ ਦੇ ਪਿਤਾ ਸ਼ਮਸ਼ੇਰ ਸਿੰਘ ਅਤੇ ਮਾਤਾ ਪ੍ਰੀਤਪਾਲ ਕੌਰ ਦਾ ਤਿੰਨ ਦਿਨਾਂ ਦਾ ਪੁਲਿਸ ਰਿਮਾਂਡ ਅੱਜ ਖ਼ਤਮ ਹੋ ਗਿਆ ਸੀ। ਇਨ੍ਹਾਂ ਦੋਵਾਂ ਨੂੰ ਪੰਜਾਬ ਪੁਲਿਸ ਨੇ ਬੀਤੇ ਸੋਮਵਾਰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਸੀ। ਇਹ ਕਾਰਵਾਈ ਸਾਲ 2024 ਵਿੱਚ ਇੱਕ ਸਰਕਾਰੀ ਸਕੂਲ ਅਧਿਆਪਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ, ਜਿਸ ਵਿੱਚ ਦੋਸ਼ ਲਾਇਆ ਗਿਆ ਸੀ ਕਿ ਉਸ ਕੋਲੋਂ ਵਿਦੇਸ਼ੀ ਨੰਬਰ ਰਾਹੀਂ ਵਟਸਐਪ ਕਾਲ ਕਰਕੇ 50 ਲੱਖ ਰੁਪਏ ਦੀ ਫਿਰੌਤੀ ਮੰਗੀ ਗਈ ਸੀ। ਜ਼ਿਕਰਯੋਗ ਹੈ ਕਿ ਗੋਲਡੀ ਬਰਾੜ ਦਾ ਪਿਤਾ ਸ਼ਮਸ਼ੇਰ ਸਿੰਘ ਪੰਜਾਬ ਪੁਲਿਸ ਵਿੱਚ ਸਾਬਕਾ ਏ.ਐਸ.ਆਈ. ਰਹਿ ਚੁੱਕਾ ਹੈ, ਜਿਸ ਨੂੰ 2021 ਵਿੱਚ ਇੱਕ ਕਤਲ ਕੇਸ ਵਿੱਚ ਨਾਮ ਆਉਣ ਤੋਂ ਬਾਅਦ ਜਬਰੀ ਸੇਵਾਮੁਕਤ ਕਰ ਦਿੱਤਾ ਗਿਆ ਸੀ। ਪੁਲਿਸ ਹੁਣ ਇਸ ਪਰਿਵਾਰ ਦੇ ਆਮਦਨ ਦੇ ਸਰੋਤਾਂ ਅਤੇ ਗੈਂਗਸਟਰ ਨੈੱਟਵਰਕ ਨਾਲ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਗੋਲਡੀ ਬਰਾੜ, ਜੋ ਕਿ ਸਿੱਧੂ ਮੂਸੇਵਾਲਾ ਕਤਲ ਕਾਂਡ ਦਾ ਮੁੱਖ ਸਾਜਿਸ਼ਕਰਤਾ ਹੈ, ਦੇ ਵਿਰੁੱਧ ਪੁਲਿਸ ਨੇ 'ਗੈਂਗਸਟਰਾਂ ਵਿਰੁੱਧ ਮੁਹਿੰਮ'(ਆਪਰੇਸ਼ਨ ਪ੍ਰਹਾਰ) ਤਹਿਤ ਸ਼ਿਕੰਜਾ ਹੋਰ ਕੱਸ ਦਿੱਤਾ ਹੈ।

### ਛੱਤੀਸਗੜ੍ਹ 'ਚ 4 ਨਕਸਲੀਆਂ ਵੱਲੋਂ ਆਤਮ ਸਮਰਪਣ

ਸੁਕਮਾ (ਛੱਤੀਸਗੜ੍ਹ), 30 ਜਨਵਰੀ (ਚ.ਨ.ਸ.) : ਛੱਤੀਸਗੜ੍ਹ ਦੇ ਸੁਕਮਾ ਜ਼ਿਲ੍ਹੇ ਵਿੱਚ ਅੱਜ ਦੋ ਔਰਤਾਂ ਸਮੇਤ ਚਾਰ ਨਕਸਲੀਆਂ ਨੇ ਆਪਣੇ ਹਥਿਆਰਾਂ ਸਮੇਤ ਆਤਮ ਸਮਰਪਣ ਕਰ ਦਿੱਤਾ। ਬਸਤਰ ਰੇਂਜ ਦੇ ਇੰਸਪੈਕਟਰ ਜਨਰਲ ਪੁਲਿਸ ਸੁੰਦਰਰਾਜ ਪੀ ਨੇ ਕਿਹਾ ਕਿ ਮਾਓਵਾਦੀਆਂ ਦੇ ਦੱਖਣੀ ਬਸਤਰ ਡਿਵੀਜ਼ਨ ਦੀ ਕਿਸਤਾਰਾਮ ਏਰੀਆ ਕਮੇਟੀ ਨਾਲ ਸਬੰਧਤ ਇਨ੍ਹਾਂ ਕਾਡਰਾਂ ਨੇ ਰਾਜ ਦੀ 'ਪੂਨਾ ਮਾਰਗੇਮ (ਪੁਨਰਵਾਸ ਤੋਂ ਸਮਾਜਿਕ ਪੁਨਰ ਏਕੀਕਰਨ ਤੱਕ) ਪਹਿਲਕਦਮੀ ਤਹਿਤ ਇੱਥੇ ਆਤਮ ਸਮਰਪਣ ਕਰ ਦਿੱਤਾ। ਨਕਸਲੀਆਂ ਨੇ ਪੁਲਿਸ ਨੂੰ ਦੱਸਿਆ ਕਿ ਉਹ ਸੂਬਾ ਸਰਕਾਰ ਦੀ ਆਤਮ ਸਮਰਪਣ ਅਤੇ ਪੁਨਰਵਾਸ ਨੀਤੀ ਤੋਂ ਪ੍ਰਭਾਵਿਤ ਹੋਏ ਹਨ। ਆਤਮ ਸਮਰਪਣ ਕਰਨ ਵਾਲੇ ਕਾਡਰਾਂ ਵਿੱਚੋਂ ਇੱਕ ਏਰੀਆ ਕਮੇਟੀ ਮੈਂਬਰ ਸੋਢੀ ਜੋਗਾ 'ਤੇ 5 ਲੱਖ ਰੁਪਏ ਦਾ ਇਨਾਮ ਸੀ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਸੰਪਾਦਕੀ

# ਆਰਥਿਕ ਸਰਵੇਖਣ ਦੇ ਅਨੁਮਾਨ

ਹਰ ਸਾਲ ਸੰਸਦ ਵਿੱਚ ਪੇਸ਼ ਕੀਤਾ ਜਾਣ ਵਾਲਾ ਆਰਥਿਕ ਸਰਵੇਖਣ ਆਮ ਤੌਰ 'ਤੇ ਇਹ ਦੱਸਦਾ ਹੈ ਕਿ ਪਿਛਲੇ ਬਜਟ ਵਿੱਚ ਆਰਥਿਕ ਅਤੇ ਹੋਰ ਸੁਧਾਰਾਂ ਲਈ ਕੀਤੇ ਗਏ ਵਾਅਦੇ ਕਿਸ ਹੱਦ ਤੱਕ ਪੂਰੇ ਹੋਏ ਹਨ। ਇਹ ਇਹ ਵੀ ਦਰਸਾਉਂਦਾ ਹੈ ਕਿ ਅਗਲੇ ਵਿੱਤੀ ਸਾਲ ਵਿੱਚ ਸਰਕਾਰ ਦੇ ਆਰਥਿਕ ਫੈਸਲਿਆਂ ਵਿੱਚ ਕਿਹੜੇ ਮੁੱਦਿਆਂ ਨੂੰ ਤਰਜੀਹ ਮਿਲ ਸਕਦੀ ਹੈ। ਇਸ ਸੰਦਰਭ ਵਿੱਚ ਵਿੱਤ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਆਰਥਿਕ ਸਰਵੇਖਣ ਮੌਜੂਦਾ ਰਾਸ਼ਟਰੀ ਸਥਿਤੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਉੱਭਰ ਰਹੀਆਂ ਆਰਥਿਕ ਚੁਣੌਤੀਆਂ ਦੇ ਵਿਚਕਾਰ ਉਮੀਦ ਦੀ ਕਿਰਨ ਦਿਖਾਉਂਦਾ ਹੈ, ਪਰ ਇਹ ਭਵਿੱਖ ਦੇ ਜੋਖਮਾਂ ਦੀ ਚੇਤਾਵਨੀ ਵੀ ਦਿੰਦਾ ਹੈ। ਸਰਵੇਖਣ ਵਿੱਤੀ ਸਾਲ 2026-27 ਲਈ GDP ਵਿਕਾਸ ਦਰ 6.8 ਪ੍ਰਤੀਸ਼ਤ ਅਤੇ 7.2 ਪ੍ਰਤੀਸ਼ਤ ਦੇ ਵਿਚਕਾਰ ਪੇਸ਼ ਕਰਦਾ ਹੈ। ਇਹ ਅਨੁਮਾਨ ਪਿਛਲੇ ਸਾਲ ਵਿਦੇਸ਼ੀ ਪੂੰਜੀ ਪ੍ਰਵਾਹ ਵਿੱਚ ਗਿਰਾਵਟ ਅਤੇ ਭਾਰਤੀ ਮੁਦਰਾ ਦੇ ਕਮਜ਼ੋਰ ਹੋਣ ਕਾਰਨ ਰੁਪਏ 'ਤੇ ਮਾੜੇ ਪ੍ਰਭਾਵ ਦੇ ਬਾਵਜੂਦ ਅਰਥਵਿਵਸਥਾ ਵਿੱਚ ਸਥਿਰਤਾ ਨੂੰ ਦਰਸਾਉਂਦਾ ਹੈ। ਹਾਲਾਂਕਿ ਸਰਵੇਖਣ ਨੇ ਵਿਕਸਤ ਭਾਰਤ ਅਤੇ ਵਿਸ਼ਵਵਿਆਪੀ ਪ੍ਰਭਾਵ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇੱਕ ਮਜ਼ਬੂਤ ਅਤੇ ਸਥਿਰ ਮੁਦਰਾ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਰੁਪਏ ਦੀ ਗਿਰਾਵਟ ਨੂੰ ਨੁਕਸਾਨਦੇਹ ਨਹੀਂ ਮੰਨਿਆ, ਕਿਉਂਕਿ ਇਹ ਭਾਰਤੀ ਵਸਤੂਆਂ 'ਤੇ ਵਧੇ ਹੋਏ ਅਮਰੀਕੀ ਟੈਰਿਫ ਦੇ ਪ੍ਰਭਾਵ ਨੂੰ ਕੁਝ ਹੱਦ ਤੱਕ ਘਟਾਉਂਦਾ ਹੈ। ਦੂਜੇ ਪਾਸੇ ਯੂਰਪ ਨਾਲ ਮੁਕਤ ਵਪਾਰ ਸਮਝੌਤੇ ਤੋਂ ਭਾਰਤ ਦੀ ਨਿਰਮਾਣ ਮੁਕਾਬਲੇਬਾਜ਼ੀ, ਨਿਰਯਾਤ ਅਤੇ ਰਣਨੀਤਕ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ। ਸਰਵੇਖਣ ਦੇ ਅਨੁਸਾਰ ਇੱਕ ਅਨਿਸ਼ਚਿਤ ਵਿਸ਼ਵਵਿਆਪੀ ਮਾਹੌਲ ਵਿੱਚ ਭਾਰਤ ਨੂੰ ਘਰੇਲੂ ਵਿਕਾਸ ਨੂੰ ਤਰਜੀਹ ਦੇਣ ਦੀ ਲੋੜ ਹੈ ਅਤੇ ਇਸ ਨੂੰ ਪ੍ਰਾਪਤ ਕਰਨ ਲਈ ਵਿੱਤੀ ਸੁਰੱਖਿਆ ਅਤੇ ਤਰਲਤਾ 'ਤੇ ਵਧੇਰੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਸਪੱਸ਼ਟ ਤੌਰ 'ਤੇ ਤੇਜ਼ੀ ਨਾਲ ਬਦਲ ਰਹੇ ਵਿਸ਼ਵਵਿਆਪੀ ਆਰਥਿਕ ਗਤੀਸ਼ੀਲਤਾ ਅਤੇ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਨੂੰ ਦੇਖਦੇ ਹੋਏ ਭਾਰਤ ਨੂੰ ਆਪਣੀ ਆਰਥਿਕਤਾ ਨੂੰ ਸੁਰੱਖਿਅਤ ਕਰਨ ਲਈ ਆਪਣੇ ਹਿੱਤ ਵਿੱਚ ਉਪਾਅ ਕਰਨੇ ਚਾਹੀਦੇ ਹਨ। ਸਰਵੇਖਣ ਨਵੀਨਤਾ ਅਤੇ ਵਿਸ਼ਵਵਿਆਪੀ ਪਹਿਲਕਦਮੀਆਂ ਨੂੰ ਕਮਜ਼ੋਰ ਕੀਤੇ ਬਿਨਾਂ ਕੁਸ਼ਲਤਾ ਅਤੇ ਸਵਦੇਸ਼ੀ ਅਭਿਆਸਾਂ ਨੂੰ ਅਪਣਾਉਣ ਦੀ ਮੰਗ ਕਰਦਾ ਹੈ, ਜੋ ਯਕੀਨੀ ਤੌਰ 'ਤੇ ਸਵੈ-ਨਿਰਭਰਤਾ ਦੀਆਂ ਸੰਭਾਵਨਾਵਾਂ ਨੂੰ ਮਜ਼ਬੂਤ ਕਰੇਗਾ। ਖੇਤੀਬਾੜੀ ਖੇਤਰ ਦੇਸ਼ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਰਿਹਾ ਹੈ। ਇਸ ਨੁਕਤੇ 'ਤੇ ਸਰਵੇਖਣ ਨੋਟ ਕਰਦਾ ਹੈ ਕਿ ਖੇਤੀਬਾੜੀ ਨਿਰਯਾਤ ਵਿੱਚ ਵਪਾਰ ਨੀਤੀ ਦੀ ਵਰਤੋਂ ਕੀਮਤਾਂ ਅਤੇ ਉਤਪਾਦਨ ਵਿੱਚ ਉਤਰਾਅ-ਚੜ੍ਹਾਅ ਦੇ ਵਿਚਕਾਰ ਥੋੜ੍ਹੇ ਸਮੇਂ ਦੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਕੀਤੀ ਜਾਂਦੀ ਹੈ। ਹਾਲਾਂਕਿ, ਵਾਰ-ਵਾਰ ਨੀਤੀਗਤ ਤਬਦੀਲੀਆਂ ਸਪਲਾਈ ਲੜੀ ਨੂੰ ਵਿਗਾੜਦੀਆਂ ਹਨ। ਇਹ ਦੇਖਣਾ ਬਾਕੀ ਹੈ ਕਿ ਸਰਵੇਖਣ ਵਿੱਚ ਪ੍ਰਗਟ ਕੀਤੀ ਗਈ ਇਸ ਚਿੰਤਾ ਨੂੰ ਹੱਲ ਕਰਨ ਲਈ ਬਜਟ ਕੀ ਦਿਸ਼ਾ ਲੈਂਦਾ ਹੈ। ਹਾਲਾਂਕਿ, ਇਹ ਉਮੀਦ ਕੀਤੀ ਜਾਂਦੀ ਹੈ ਕਿ ਮੁਦਰਾਸਫੀਤੀ ਦਾ ਪ੍ਰਭਾਵ ਘੱਟ ਰਹੇਗਾ ਅਤੇ ਅਗਲੇ ਸਾਲ ਚਿੰਤਾ ਦਾ ਇੱਕ ਵੱਡਾ ਕਾਰਨ ਨਹੀਂ ਬਣੇਗਾ। ਸਰਵੇਖਣ ਅਸਥਾਈ ਕਰਮਚਾਰੀਆਂ ਲਈ ਕੰਮ ਦੀਆਂ ਸਥਿਤੀਆਂ ਨੂੰ ਮੁੜ ਪਰਿਭਾਸ਼ਿਤ ਕਰਨ ਦੇ ਉਦੇਸ਼ ਨਾਲ ਨੀਤੀ ਦੀ ਜ਼ਰੂਰਤ 'ਤੇ ਜ਼ੋਰ ਦਿੰਦਾ ਹੈ। ਇਸ ਤੋਂ ਇਲਾਵਾ, ਚਰਬੀ ਅਤੇ ਖੰਡ ਦੀ ਮਾਤਰਾ ਵਾਲੇ ਬਹੁਤ ਜ਼ਿਆਦਾ ਪ੍ਰੋਸੈਸਡ ਭੋਜਨ ਉਤਪਾਦਾਂ ਦੀ ਵੱਧ ਰਹੀ ਖਪਤ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਹਨ ਅਤੇ ਨਾਗਰਿਕਾਂ ਦੀ ਸਿਹਤ ਦੀ ਰੱਖਿਆ ਲਈ ਇਨ੍ਹਾਂ ਉਤਪਾਦਾਂ ਦੇ ਇਸ਼ਤਿਹਾਰਬਾਜ਼ੀ 'ਤੇ ਪਾਬੰਦੀ ਲਗਾਉਣ ਦਾ ਸੁਝਾਅ ਦਿੱਤਾ ਗਿਆ ਹੈ। ਆਰਥਿਕ ਸਰਵੇਖਣ ਵਿੱਚ ਲੋਕਪ੍ਰਿਯ ਐਲਾਨਾਂ ਅਤੇ ਨਕਦੀ ਟਰਾਂਸਫਰ ਕਾਰਨ ਕਈ ਰਾਜਾਂ ਵਿੱਚ ਵਧ ਰਹੇ ਮਾਲੀਆ ਘਾਟੇ ਬਾਰੇ ਵੀ ਚਿੰਤਾ ਪ੍ਰਗਟ ਕੀਤੀ ਗਈ ਹੈ। ਸਵਾਲ ਇਹ ਹੈ: ਇੱਕ ਅਜਿਹੇ ਸਮੇਂ ਵਿੱਚ ਜਦੋਂ ਚੋਣ ਜਿੱਤ ਲਈ ਮੁਫ਼ਤ ਚੀਜ਼ਾਂ ਦੀ ਵਰਤੋਂ ਕਰਨ ਦਾ ਰੁਝਾਨ ਪ੍ਰਚੱਲਤ ਹੁੰਦਾ ਜਾ ਰਿਹਾ ਹੈ, ਕੀ ਬਜਟ ਕੋਈ ਅਜਿਹਾ ਐਲਾਨ ਕਰ ਸਕਦਾ ਹੈ ਜੋ ਇਸ ਨੂੰ ਰੋਕ ਸਕੇ?

-ਜਗਜੀਤ ਸਿੰਘ ਦਰਦੀ

## ਸੱਤਵੇਂ ਪਾਤਸ਼ਾਹ ਦੇ ਆਗਮਨ ਪੁਰਬ 'ਤੇ ਵਿਸ਼ੇਸ਼

# 'ਸਿਮਰੋ ਸ੍ਰੀ ਹਰਿਰਾਇ'



ਭਗਵਾਨ ਸਿੰਘ ਜੌਹਲ
ਮੋ. 98143-24040

ਸਿੱਖ ਇਤਿਹਾਸ ਵਿੱਚ ਧੰਨ ਗੁਰੂ ਨਾਨਕ ਦੇਵ ਜੀ ਦੇ ਸੱਤਵੇਂ ਸਰੂਪ ਸ੍ਰੀ ਗੁਰੂ ਹਰਿ ਰਾਇ ਸਾਹਿਬ ਬਾਰੇ ਇਕ ਸਾਖੀ ਆਮ ਪ੍ਰਚੱਲਤ ਹੈ ਕਿ ਆਪ ਆਪਣੇ ਸੁਭਾਅ ਮੁਤਾਬਕ ਹਰ ਰੋਜ਼ ਬਾਗ ਵਿੱਚ ਸੈਰ ਕਰਨ ਜਾਇਆ ਕਰਦੇ ਸਨ। ਸੈਰ ਕਰਨ ਸਮੇਂ ਆਪ ਆਮ ਤੌਰ 'ਤੇ ਖੁੱਲ੍ਹਾ ਤੇ ਲੰਮਾ ਚੋਲਾ ਪਹਿਨਦੇ ਸਨ, ਜਿਸ ਨੂੰ ਫ਼ਕੀਰ ਲੋਕ ਚੋਗਾ ਆਖਦੇ ਹਨ। ਆਪ ਜੀ ਇਕ ਦਿਨ ਪ੍ਰਭੂ ਦੀ ਸਿਫ਼ਤ ਸਲਾਹ ਤੇ ਬੰਦਗੀ ਵਿੱਚ ਜੁੜੇ ਚਹਿਲਕਦਮੀ ਕਰ ਰਹੇ ਸਨ ਕਿ ਅਚਾਨਕ ਇਨ੍ਹਾਂ ਦੇ ਚੋਗੇ ਨਾਲ ਛੂਹ ਕੇ ਫੁੱਲਾਂ ਫਲਾਂ ਨਾਲ ਭਰੇ ਬਾਗ ਵਿੱਚੋਂ ਕੁਝ ਫੁੱਲ ਆਪਣੇ ਅਸਲ ਨਾਲੋਂ ਟੁੱਟ ਕੇ ਪੱਤੀ-ਪੱਤੀ ਹੋ ਗਏ। ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਦਾ ਕੋਮਲ ਹਿਰਦਾ, ਉਨ੍ਹਾਂ ਫੁੱਲਾਂ ਨੂੰ ਆਪਣੇ ਅਸਲ ਨਾਲੋਂ ਟੁੱਟਾ ਦੇਖ ਕੇ ਇਕ ਦਮ ਉਦਾਸੀ ਤੇ ਗ਼ਮ ਵਿੱਚ ਗ਼ਮਗੀਨ ਹੋ ਗਿਆ।

ਛੇਵੇਂ ਪਾਤਸ਼ਾਹ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਵੀ ਸੈਰ ਕਰਦਿਆਂ ਅਚਾਨਕ ਮੌਕੇ 'ਤੇ ਪਹੁੰਚ ਗਏ। ਗੁਰੂ ਹਰਿ ਰਾਇ ਸਾਹਿਬ ਨੂੰ ਡੂੰਘੀ ਸੋਚ ਵਿੱਚ ਡੁੱਬਿਆਂ ਦੇਖ ਕੇ ਪੁੱਛਣ ਲੱਗੇ ਕਿ ਇਨ੍ਹਾਂ ਫੁੱਲਾਂ ਨੂੰ ਆਪਣੇ ਅਸਲ ਨਾਲੋਂ ਕਿਸ ਨੇ ਵੱਖ ਕੀਤਾ ਹੈ? ਸੱਤਵੇਂ ਪਾਤਸ਼ਾਹ ਗੁਰੂ ਹਰਿ ਰਾਇ ਸਾਹਿਬ ਦਾ ਜਵਾਬ ਸੀ ਕਿ ਇਹ ਫੁੱਲ ਮੇਰੇ ਚੋਗੇ ਨਾਲ ਖਹਿ ਕੇ ਪੱਤੀ-ਪੱਤੀ ਹੋਏ ਹਨ। ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਨੇ ਬਚਨ ਕੀਤਾ, ਜਦੋਂ ਵੀ ਸੰਸਾਰ ਰੂਪੀ ਬਾਗ ਵਿੱਚ ਵਿਚਰਨਾ ਹੈ ਤਾਂ ਆਪਾ ਸੰਭਾਲ ਕੇ ਰੱਖਣਾ ਹੈ। ਵੇਖਣਾ ਇਹ ਹੈ ਕਿ ਤੁਹਾਡੇ ਬਚਨਾਂ ਤੇ ਕਰਮਾਂ ਕਰਕੇ ਕਿਸੇ ਵੀ ਦੁਨਿਆਵੀ ਜੀਵ ਦੇ ਕੋਮਲ ਹਿਰਦੇ ਨੂੰ ਠੇਸ ਨਹੀਂ ਲੱਗਣੀ ਚਾਹੀਦੀ। ਛੇਵੇਂ ਪਾਤਸ਼ਾਹ ਗੁਰੂ ਹਰਗੋਬਿੰਦ ਸਾਹਿਬ ਦੇ ਇਨ੍ਹਾਂ ਸਿੱਖਿਆ ਰੂਪੀ ਬਚਨਾਂ ਨੇ ਉਨ੍ਹਾਂ ਦੇ ਕੋਮਲ ਮਨ ਤੇ ਜੀਵਨ ਨੂੰ ਹਮੇਸ਼ਾ ਲਈ ਬਦਲ ਕੇ ਰੱਖ ਦਿੱਤਾ।

ਗੁਰੂ ਨਾਨਕ ਸਾਹਿਬ ਜੀ ਦੇ ਸੱਤਵੇਂ ਸਰੂਪ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦਾ ਪ੍ਰਕਾਸ਼ 1630 ਈ: ਵਿੱਚ ਪਿਤਾ ਬਾਬਾ ਗੁਰਦਿੱਤਾ ਜੀ ਮਾਤਾ ਨਿਹਾਲ ਕੌਰ ਜੀ ਦੇ ਗ੍ਰਹਿ ਵਿਖੇ ਸ੍ਰੀ ਕੀਰਤਪੁਰ ਸਾਹਿਬ ਦੀ ਪਾਵਨ ਧਰਤੀ 'ਤੇ ਹੋਇਆ।

ਬਾਬਾ ਗੁਰਦਿੱਤਾ ਜੀ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਸਭ ਤੋਂ ਵੱਡੇ ਸਾਹਿਬਜ਼ਾਦੇ ਸਨ, ਜਿਨ੍ਹਾਂ ਦੀ ਉੱਚ ਅਵਸਥਾ ਨੂੰ ਵੇਖਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਨੇ ਉਦਾਸੀ ਸੰਪਰਦਾ ਦੀ ਜ਼ਿੰਮੇਵਾਰੀ ਵੀ ਸੰਭਾਲ ਦਿੱਤੀ ਸੀ। ਗੁਰੂ ਹਰਿ ਰਾਇ ਸਾਹਿਬ ਆਪਣੇ ਭਰਾਵਾਂ ਵਿੱਚੋਂ ਸਭ ਤੋਂ ਛੋਟੇ ਸਨ। ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰਗੱਦੀ ਦੀ ਜ਼ਿੰਮੇਵਾਰੀ ਸੰਭਾਲਣ ਸਮੇਂ ਸਿੱਖਾਂ ਅਤੇ ਪੁੱਤਰਾਂ ਤੇ ਪੋਤਰਿਆਂ ਵਿੱਚੋਂ ਗੁਰੂ ਹਰਿ ਰਾਇ ਸਾਹਿਬ ਨੂੰ ਹੀ ਯੋਗ ਸਮਝਿਆ। ਮਾਰਚ, 1644 ਈ: ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਆਪਣੇ ਜੋਤੀ ਜੋਤ ਸਮਾਉਣ ਤੋਂ ਕੁਝ ਦਿਨ ਪਹਿਲਾਂ ਆਪਣੇ ਪੋਤਰੇ ਸ੍ਰੀ ਗੁਰੂ ਹਰਿ ਰਾਇ ਸਾਹਿਬ ਉੱਤੇ ਭਰੇ ਦੀਵਾਨ ਵਿੱਚ ਗੁਰਗੱਦੀ ਦਾ ਛੱਤਰ ਝੁਲਾ ਕੇ ਸਾਰੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਉਨ੍ਹਾਂ ਦੀ ਤਾਬਿਆ ਵਿੱਚ ਰਹਿਣ ਦਾ ਹੁਕਮ ਕੀਤਾ। ਨਾਲ ਹੀ ਗੁਰੂ ਨਾਨਕ ਸਾਹਿਬ ਦੇ ਸੱਤਵੇਂ ਸਰੂਪ ਹੋਣ ਦੇ ਬਚਨ ਦ੍ਰਿੜ ਕਰਵਾਏ। 14 ਸਾਲ ਦੀ ਉਮਰ ਵਿੱਚ ਸ੍ਰੀ ਗੁਰੂ ਹਰਿ ਰਾਇ ਸਾਹਿਬ ਗੁਰਗੱਦੀ 'ਤੇ ਬਿਰਾਜਮਾਨ ਹੋਏ। ਗੁਰੂ ਹਰਿ ਰਾਇ ਸਾਹਿਬ ਨੇ ਪੂਰੇ ਹਿੰਦੁਸਤਾਨ ਵਿੱਚ 360 ਗੱਦੀਆਂ ਕਾਇਮ ਕਰਕੇ ਸਿੱਖੀ ਦਾ ਪ੍ਰਚਾਰ ਕੀਤਾ। ਇਕ ਵੈਰਾਗੀ ਸਾਧੂ ਭਗਤ ਭਗਵਾਨ ਨੂੰ ਗੁਰੂ ਨਾਨਕ ਦੇ ਮਿਸ਼ਨ ਨੂੰ ਪ੍ਰਚਾਰਨ ਲਈ ਪ੍ਰੇਰਨਾ ਦਿੱਤੀ। ਜੋ ਆਪਣੇ ਸਮੇਂ ਦਾ ਵੱਡਾ ਪ੍ਰਚਾਰਕ ਹੋ ਨਿਬੜਿਆ। ਕੀਰਤਪੁਰ ਸਾਹਿਬ ਵਿਖੇ ਹੀ ਭਾਈ ਸੰਗਤੀਆ ਗੁਰੂ ਸਾਹਿਬ ਦੇ ਦਰਸ਼ਨਾਂ ਨੂੰ ਆਇਆ, ਇਸ ਦਾ ਨਵਾਂ ਨਾਂਅ ਭਾਈ ਫੇਰੂ ਰੱਖ ਕੇ ਦੁਆਬੇ ਵਿੱਚ ਪ੍ਰਚਾਰ ਲਈ ਭੇਜਿਆ। ਭਾਈ ਗੋਂਦੇ ਨੂੰ ਕਾਬਲ ਵਿੱਚ ਪ੍ਰਚਾਰ ਲਈ ਭੇਜਿਆ।

ਨਗਾਰੇ ਦੀ ਨਵੀਂ ਪ੍ਰਥਾ ਵੀ ਗੁਰੂ ਹਰਿ ਰਾਇ ਸਾਹਿਬ ਨੇ ਹੀ ਆਰੰਭ ਕੀਤੀ। ਨਗਾਰਾ ਹੁਣ ਗੁਰੂ ਕੇ ਲੰਗਰ ਦੇ ਆਰੰਭ ਸਮੇਂ ਵੀ ਵੱਜਣ ਲੱਗਾ। ਪਹਿਲਾਂ ਨਗਾਰਾ ਕੇਵਲ ਜੰਗ ਦੇ ਆਰੰਭ ਦਾ ਪ੍ਰਤੀਕ ਸੀ। ਗੁਰੂ ਸਾਹਿਬ ਨੇ ਸਿੱਖੀ ਨੂੰ ਵਿਰਸੇ ਵਿੱਚ ਮਿਲੀ ਸੰਗਤ ਤੇ ਪੰਗਤ ਦੀ ਰੀਤ ਨੂੰ ਨਵਾਂ ਰੂਪ ਦਿੱਤਾ। ਜਦੋਂ ਸ਼ਾਹ ਜਹਾਨ ਦੇ ਪੁੱਤਰਾਂ ਵਿੱਚ ਰਾਜ ਗੱਦੀ ਲਈ ਆਪਸੀ ਜੰਗ ਛਿੜੀ ਤਾਂ ਦਾਰਾ ਸ਼ਿਕੋਹ ਗੁਰੂ ਸਾਹਿਬ ਦੀ ਸ਼ਰਨ ਵਿੱਚ ਆਇਆ। ਗੁਰੂ ਸਾਹਿਬ ਨੇ ਮਾਨਵੀ ਰਿਸ਼ਤੇ ਦੇ ਨਾਤੇ ਦਾਰਾ ਦੀ ਜਿੰਨੀ ਵੀ ਹੋ ਸਕੀ ਮਦਦ ਕੀਤੀ। ਗੁਰੂ ਸਾਹਿਬ ਨਾਲ ਹਰ ਸਮੇਂ 2200 ਘੋੜ ਸਵਾਰ ਤਿਆਰ-ਬਰ-ਤਿਆਰ ਰਹਿੰਦੇ ਸਨ। ਵਾਹਿਗੁਰੂ ਅੱਗੇ ਅਰਦਾਸ ਨੂੰ ਖਲੋ ਕੇ ਕਰਨ ਦੀ ਮਰਿਯਾਦਾ ਨੂੰ ਵੀ ਕਾਇਮ ਕੀਤਾ। ਅੱਜ ਵੀ ਗੁਰੂ ਨਾਨਕ ਸਾਹਿਬ ਦੇ ਸੱਤਵੇਂ ਸਰੂਪ ਗੁਰੂ ਹਰਿ ਰਾਇ ਸਾਹਿਬ ਦਾ ਸਮੁੱਚਾ ਜੀਵਨ ਮਨੁੱਖਤਾ ਲਈ ਪੱਥ-ਪ੍ਰਦਰਸ਼ਨ ਹੈ।

ਇਤਿਹਾਸ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਸੱਤਵੇਂ ਪਾਤਸ਼ਾਹ ਦੇ ਸੰਪਰਕ ਵਿੱਚ ਆਉਣ ਵਾਲਾ ਹਰ ਰਾਜਾ ਤੇ ਰੰਕ ਗੁਰੂ ਨਾਨਕ ਦੇਵ ਜੀ ਦੀ ਗੱਦੀ ਦੇ ਇਸ ਵਾਰਸ ਤੋਂ ਇਨਸਾਨੀਅਤ ਦੇ ਭਲੇ ਦਾ ਅਜਿਹਾ ਸੁਨੇਹਾ ਲੈ ਕੇ ਗਿਆ, ਜਿਸ ਸਦਕਾ ਗੁਰੂ-ਘਰ ਦੀ ਆਭਾ ਤੇ ਸ਼ੋਭਾ ਵਿੱਚ ਸਰਾਹੁਣਯੋਗ ਵਾਧਾ ਹੋਇਆ। ਕੋਮਲਤਾ, ਸੁਹਜ, ਸਹਿਜ ਤੇ ਦ੍ਰਿੜ੍ਹਤਾ ਵਰਗੇ ਗੁਣ ਗੁਰੂ ਹਰਿ ਰਾਇ ਸਾਹਿਬ ਦੇ ਜੀਵਨ ਦਾ ਸ਼ਿੰਗਾਰ ਸਨ। ਪੁੱਤਰ ਮੋਹ ਛੱਡ ਕੇ ਗੁਰੂ ਨਾਨਕ ਸਾਹਿਬ ਦੀ ਗੱਦੀ ਦੇ ਅੱਠਵੇਂ ਵਾਰਸ ਦੀ ਚੋਣ ਕਰਨੀ ਸੰਸਾਰੀ ਲੋਕਾਂ ਲਈ ਇਕ ਵਿਲੱਖਣ ਘਟਨਾ ਹੈ। ਗੁਰੂ ਹਰਿ ਰਾਇ ਸਾਹਿਬ ਦਾ ਜੀਵਨ ਸਮੁੱਚੇ ਸੰਸਾਰ ਲਈ ਪ੍ਰੇਰਨਾ ਦਾ ਸਰੋਤ ਹੈ।



# ਕੀ ਪ੍ਰਧਾਨ ਮੰਤਰੀ ਦਾ ਪੰਜਾਬ ਦੌਰਾ ਭਾਜਪਾ ਲਈ ਗੇਮ ਚੇਂਜਰ ਹੋ ਸਕਦੈ?

## 2027: ਕੀ ਭਾਜਪਾ ਪੰਜਾਬ ਵਿੱਚ ਨਵੀਂ ਰਾਜਨੀਤਿਕ ਰੇਖਾ ਖਿੱਚ ਰਹੀ ਹੈ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇਹ ਸਵਾਲ ਮੀਡੀਆ ਵਿੱਚ ਸਭ ਤੋਂ ਵੱਡਾ ਹੈ ਕਿ ਕੀ ਪ੍ਰਧਾਨ ਮੰਤਰੀ ਮੋਦੀ ਦਾ ਡੇਰਾ ਬੱਲਾਂ ਵਿੱਚ ਆਉਣਾ ਭਾਜਪਾ ਲਈ ਗੇਮ ਚੇਂਜਰ ਹੈ ਕਿ ਇਹ ਵੋਟਾਂ ਦੇ ਰਾਜਨੀਤੀ ਹੈ ਜਾਂ ਆਸਥਾ ਹੈ।

ਇਹ ਸਵਾਲ ਹੁਣ ਸੋਚਣ ਦੀ ਘੜੀ ਵਿੱਚ ਹੈ।

ਅੱਜ ਪੰਜਾਬ ਦੀ ਰਾਜਨੀਤੀ ਵਿੱਚ ਕੁਝ ਘਟਨਾਵਾਂ ਅਜਿਹੀਆਂ ਹੁੰਦੀਆਂ ਹਨ ਜੋ ਤੁਰੰਤ ਚੋਣੀ ਨਤੀਜੇ ਨਹੀਂ ਬਦਲਦੀਆਂ, ਪਰ ਲੰਮੇ ਸਮੇਂ ਲਈ ਸਿਆਸੀ ਦਿਸ਼ਾ ਨਿਰਧਾਰਤ ਕਰਦੀਆਂ ਹਨ। ਪ੍ਰਧਾਨ ਮੰਤਰੀ ਦਾ ਗੁਰੂ ਰਵਿਦਾਸ ਜੀ ਦੇ ਗੁਰਪੁਰਬ ਮੌਕੇ ਡੇਰਾ ਬੱਲਾਂ ਵਿੱਚ ਸ਼ਾਮਿਲ ਹੋਣਾ ਵੀ ਇੱਕ ਐਸੀ ਹੀ ਘਟਨਾ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਇਹ ਦੌਰਾ ਸਿਰਫ਼ ਧਾਰਮਿਕ ਸ਼ਰਧਾ ਦਾ ਪ੍ਰਗਟਾਵਾ ਨਹੀਂ, ਸਗੋਂ ਪੰਜਾਬ ਦੀ ਰਾਜਨੀਤੀ ਵਿੱਚ ਭਾਜਪਾ ਦੀ ਲੰਮੀ ਦੌੜ ਵਾਲੀ ਰਣਨੀਤੀ ਦਾ ਸਪੱਸ਼ਟ ਸੰਕੇਤ ਹੈ।

ਹੁਣ ਪੰਜਾਬ, ਜੋ ਹਮੇਸ਼ਾਂ ਤੋਂ ਧਰਮ, ਜਾਤੀ ਅਤੇ ਸਿਆਸਤ ਦੇ ਸੰਵੇਦਨਸ਼ੀਲ ਸੰਤੁਲਨ 'ਤੇ ਖੜ੍ਹਾ ਰਿਹਾ ਹੈ, ਅੱਜ ਇੱਕ ਵਾਰ ਫ਼ਿਰ ਉਸੇ ਚੌਰਾਹੇ 'ਤੇ ਖੜ੍ਹਾ ਹੈ, ਜਿੱਥੇ ਆਸਥਾ ਅਤੇ ਵੋਟ ਇਕ ਦੂਜੇ ਨਾਲ ਟਕਰਾਅ ਰਹੀਆਂ ਹਨ। ਡੇਰਾ ਬੱਲਾਂ—ਜੋ ਰਵਿਦਾਸੀ ਸਮੁਦਾਇ ਦਾ ਕੇਂਦਰੀ ਧਾਰਮਿਕ ਅਤੇ ਸਮਾਜਕ ਸਥਾਨ ਹੈ—ਉੱਥੇ ਪ੍ਰਧਾਨ ਮੰਤਰੀ ਦੀ ਹਾਜ਼ਰੀ, ਅਤੇ ਇਸ ਤੋਂ ਪਹਿਲਾਂ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਨਾਲ ਸਨਮਾਨਿਤ ਕਰਨਾ, ਇਨ੍ਹਾਂ ਦੋਵਾਂ ਕਦਮਾਂ ਨੂੰ ਅਲੱਗ-ਅਲੱਗ ਨਹੀਂ ਦੇਖਿਆ ਜਾ ਸਕਦਾ। ਇਹ ਦੋਵੇਂ ਕਦਮ ਮਿਲ ਕੇ ਭਾਜਪਾ ਦੀ ਉਸ ਸੋਚ ਨੂੰ ਦਰਸਾਉਂਦੇ ਹਨ, ਜਿਸ ਅਧੀਨ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੰਜਾਬ ਨੂੰ ਇੱਕ ਨਵੇਂ ਰਾਜਨੀਤਿਕ ਫਰੇਮ ਵਿੱਚ ਫਿੱਟ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪੰਜਾਬ ਦੇ ਰਵਿਦਾਸੀ ਸਮੁਦਾਇ ਅਤੇ ਪੰਜਾਬ ਦੀ ਰਾਜਨੀਤਿਕ ਬਣਤਰ ਅਤੇ ਪੰਜਾਬ ਦੇ ਸਮਾਜਕ ਤਾਣੇ-ਬਾਣੇ ਵਿੱਚ ਦਲਿਤ ਸਮੁਦਾਇ ਦੀ ਭੂਮਿਕਾ ਕੇਂਦਰੀ ਰਹੀ ਹੈ। ਅੰਕੜੇ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਪੰਜਾਬ ਦੇ ਕੁੱਲ ਵੋਟਰਾਂ ਵਿੱਚ ਲਗਭਗ 31 ਤੋਂ 32 ਫੀਸਦੀ ਦਲਿਤ ਹਨ, ਜੋ ਦੇਸ਼ ਦੇ ਕਿਸੇ ਵੀ ਸੂਬੇ ਨਾਲੋਂ ਸਭ ਤੋਂ ਵੱਧ ਹੈ। ਦੋਆਬਾ ਖੇਤਰ—ਜਿਸ ਵਿੱਚ ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਕਪੂਰਥਲਾ ਦੇ ਹਿੱਸੇ ਸ਼ਾਮਲ ਹਨ—ਉੱਥੇ ਇਹ ਅਨੁਪਾਤ 38 ਤੋਂ 39 ਫੀਸਦੀ ਤੱਕ ਪਹੁੰਚਦਾ ਹੈ। ਇਹ ਉਹ ਖੇਤਰ ਹੈ ਜਿੱਥੇ ਲਗਭਗ 23 ਵਿਧਾਨ ਸਭਾ ਸੀਟਾਂ 'ਤੇ ਦਲਿਤ ਵੋਟ ਨਿਰਣਾਇਕ ਸਥਿਤੀ ਵਿੱਚ ਹੈ।

ਇਸ ਖੇਤਰ ਵਿੱਚ ਡੇਰਾ ਬੱਲਾਂ ਦੀ ਧਾਰਮਿਕ ਅਤੇ ਸਮਾਜਿਕ ਪਹੁੰਚ ਸਿਰਫ਼ ਆਸਥਾ ਤੱਕ ਸੀਮਿਤ ਨਹੀਂ ਰਹੀ, ਸਗੋਂ ਇੱਕ ਐਸੀ ਨੈਤਿਕ ਅਥਾਰਟੀ ਵਜੋਂ ਵਿਕਸਿਤ ਹੋ ਚੁੱਕੀ ਹੈ ਜੋ ਸਮਾਜਕ ਰੁਝਾਨਾਂ ਅਤੇ ਕਈ ਵਾਰ ਰਾਜਨੀਤਿਕ ਫੈਸਲਿਆਂ 'ਤੇ ਵੀ ਪ੍ਰਭਾਵ ਪਾਉਂਦੀ ਹੈ। ਇਹੀ ਕਾਰਨ ਹੈ ਕਿ ਪੰਜਾਬ ਦੀ ਹਰ ਵੱਡੀ ਰਾਜਨੀਤਿਕ ਪਾਰਟੀ, ਚਾਹੇ ਉਹ ਕਾਂਗਰਸ ਹੋਵੇ, ਅਕਾਲੀ ਦਲ ਹੋਵੇ ਜਾਂ ਆਮ ਆਦਮੀ ਪਾਰਟੀ, ਕਿਸੇ ਨਾ ਕਿਸੇ ਰੂਪ ਵਿੱਚ ਰਵਿਦਾਸੀ ਭਾਈਚਾਰੇ ਅਤੇ ਡੇਰਿਆਂ ਨਾਲ ਸਬੰਧ ਬਣਾਉਣ ਦੀ ਕੋਸ਼ਿਸ਼ ਕਰਦੀ ਰਹੀ ਹੈ।

ਭਾਜਪਾ ਦਾ ਪੰਜਾਬ ਨਾਲ ਇਤਿਹਾਸਕ ਸੰਕੋਚ ਭਾਜਪਾ ਲਈ ਪੰਜਾਬ ਕਦੇ ਵੀ ਸੌਖਾ ਸਿਆਸੀ ਮੈਦਾਨ ਨਹੀਂ ਰਿਹਾ ਹੈ। ਲੰਮੇ ਸਮੇਂ ਤੱਕ ਭਾਜਪਾ ਅਕਾਲੀ ਦਲ ਦੇ ਛੋਟੇ ਸਾਥੀ ਵਜੋਂ ਹੀ ਜਾਣੀ ਜਾਂਦੀ ਰਹੀ, ਜਿਸ ਦੀ ਪਹੁੰਚ ਮੁੱਖ ਤੌਰ 'ਤੇ ਸ਼ਹਿਰੀ ਹਿੰਦੂ ਵੋਟਰਾਂ ਤੱਕ ਸੀਮਿਤ ਸੀ। ਪਿੰਡਾਂ, ਕਿਸਾਨਾਂ ਅਤੇ ਦਲਿਤ ਸਮੁਦਾਇ ਵਿੱਚ ਭਾਜਪਾ ਦੀ ਪਕੜ ਹਮੇਸ਼ਾਂ ਕਮਜ਼ੋਰ ਰਹੀ ਹੈ।

2020-21 ਦੇ ਕਿਸਾਨ ਅੰਦੋਲਨ ਤੋਂ ਬਾਅਦ ਅਤੇ ਅਕਾਲੀ ਦਲ ਨਾਲ ਸਿਆਸੀ ਤਲਾਕ ਤੋਂ ਪਿੱਛੋਂ ਇਹ ਕਮਜ਼ੋਰੀ ਹੋਰ ਵੀ ਸਪੱਸ਼ਟ ਹੋ ਗਈ। ਇਸ ਪਿਛੋਕੜ ਵਿੱਚ ਭਾਜਪਾ ਲਈ ਪੰਜਾਬ ਵਿੱਚ ਸਿਆਸੀ ਤੌਰ 'ਤੇ ਮੁੜ ਖੜ੍ਹਾ ਹੋਣਾ ਸਿਰਫ਼ ਗਠਜੋੜਾਂ ਨਾਲ ਸੰਭਵ ਨਹੀਂ ਸੀ। ਇਸ ਲਈ ਇੱਕ ਨਵੇਂ ਸਮਾਜਕ ਨੈਰੇਟਿਵ ਦੀ ਲੋੜ ਸੀ—ਅਜਿਹਾ ਨੈਰੇਟਿਵ ਜੋ ਪੁਰਾਣੀਆਂ ਧਾਰਨਾਵਾਂ ਨੂੰ ਤੋੜ ਸਕੇ ਅਤੇ ਭਾਜਪਾ ਨੂੰ ਇੱਕ ਨਵੇਂ ਰੂਪ ਵਿੱਚ ਪੇਸ਼ ਕਰ ਸਕੇ। ਰਵਿਦਾਸੀ ਸਮੁਦਾਇ ਨਾਲ ਸੰਬੰਧ ਮਜ਼ਬੂਤ ਕਰਨਾ ਇਸੀ ਰਣਨੀਤੀ ਦਾ ਹਿੱਸਾ ਲੱਗਦਾ ਹੈ।

ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਸਨਮਾਨ ਜਾਂ ਸੰਦੇਸ਼ ਕੀ ਹੈ?

ਹੁਣ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਦੇਣਾ ਨਿਸ਼ਚਿਤ ਤੌਰ 'ਤੇ ਉਨ੍ਹਾਂ ਦੇ ਧਾਰਮਿਕ ਅਤੇ ਸਮਾਜਿਕ ਯੋਗਦਾਨ ਦੀ ਮਾਨਤਾ ਹੈ। ਪਰ ਪੰਜਾਬ ਦੀ ਰਾਜਨੀਤੀ ਵਿੱਚ ਕੁਝ ਵੀ ਸਿਰਫ਼ ਪ੍ਰਤੀਕਾਤਮਕ ਨਹੀਂ ਹੁੰਦਾ। ਹਰ ਸਨਮਾਨ, ਹਰ ਦੌਰਾ ਅਤੇ ਹਰ ਮੰਚ ਆਪਣੇ ਨਾਲ ਇੱਕ ਸੰਦੇਸ਼ ਲੈ ਕੇ ਆਉਂਦਾ ਹੈ। ਇਸ ਸਨਮਾਨ ਨੂੰ ਦਲਿਤ ਸਮੁਦਾਇ ਦੇ ਵੱਡੇ ਹਿੱਸੇ ਨੇ ਆਦਰ ਅਤੇ ਸਵੀਕਾਰਤਾ ਵਜੋਂ ਲਿਆ, ਪਰ ਰਾਜਨੀਤਿਕ ਦਰਸ਼ਕਾਂ ਲਈ ਇਹ 2027 ਦੀ ਤਿਆਰੀ ਦੀ ਪਹਿਲੀ ਝਲਕ ਸੀ।

ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਇਹ ਸਾਰੇ ਕਦਮ ਦਲਿਤ ਸਮੁਦਾਇ ਨਾਲ ਇੱਕ ਲੰਮੀ ਰਾਜਨੀਤਿਕ ਸਾਂਝ ਬਣਾਉਣ ਦੀ ਕੋਸ਼ਿਸ਼ ਹਨ ਜਾਂ ਸਿਰਫ਼ ਚੋਣੀ ਲਾਭ ਲਈ ਕੀਤੇ ਗਏ ਪ੍ਰਤੀਕਾਤਮਕ ਉਪਰਾਲੇ ਹਨ। ਇਤਿਹਾਸ ਸਿਖਾਉਂਦਾ ਹੈ ਕਿ ਪੰਜਾਬ ਦਾ ਵੋਟਰ ਸਿਰਫ਼ ਸਨਮਾਨਾਂ ਅਤੇ ਦੌਰਿਆਂ ਨਾਲ ਪ੍ਰਭਾਵਿਤ ਨਹੀਂ ਹੁੰਦਾ; ਉਹ ਨੀਤੀਆਂ, ਰਵੱਈਏ ਅਤੇ ਜ਼ਮੀਨੀ ਹਕੀਕਤ ਨੂੰ ਵੀ ਉਨ੍ਹਾਂ ਹੀ ਗੰਭੀਰਤਾ ਨਾਲ ਤੋਲਦਾ ਹੈ।

ਪ੍ਰਧਾਨ ਮੰਤਰੀ ਦਾ ਡੇਰਾ ਬੱਲਾਂ ਦੌਰਾ ਅੱਜ ਅਰਥ ਅਤੇ ਅਸਰ ਹੈ।

ਹੁਣ ਡੇਰਾ ਬੱਲਾਂ ਵਿੱਚ ਪ੍ਰਧਾਨ ਮੰਤਰੀ ਦੀ ਹਾਜ਼ਰੀ ਤਿੰਨ ਪੱਧਰਾਂ 'ਤੇ ਅਹਿਮ ਹੈ। ਪਹਿਲਾ, ਇਹ ਭਾਜਪਾ ਦੀ ਉਸ ਛਵੀ ਨੂੰ ਚੁਣੌਤੀ ਦਿੰਦੀ ਹੈ, ਜਿਸ ਅਨੁਸਾਰ ਪਾਰਟੀ ਉੱਚ ਜਾਤੀ ਹਿੰਦੂ ਰਾਜਨੀਤੀ ਤੱਕ ਸੀਮਿਤ ਹੈ।

ਦੂਜਾ, ਇਹ ਪੰਜਾਬ ਦੇ ਦਲਿਤ ਸਮੁਦਾਇ ਨੂੰ ਇਹ ਸੰਦੇਸ਼ ਦਿੰਦੀ ਹੈ ਕਿ ਕੇਂਦਰ ਦੀ ਸੱਤਾ ਉਨ੍ਹਾਂ ਦੀ ਆਸਥਾ ਅਤੇ ਆਵਾਜ਼ ਨੂੰ ਅਣਡਿੱਠਾ ਨਹੀਂ ਕਰ ਰਹੀ। ਤੀਜਾ, ਇਹ 2027 ਦੀਆਂ ਚੋਣਾਂ ਲਈ ਇੱਕ ਮਨੋਵਿਗਿਆਨਕ ਮਾਹੌਲ ਤਿਆਰ ਕਰਨ ਦੀ ਕੋਸ਼ਿਸ਼ ਹੈ, ਜਿਸਦਾ ਤੁਰੰਤ ਨਹੀਂ ਪਰ ਲੰਮੇ ਸਮੇਂ ਵਿੱਚ ਅਸਰ ਪੈ ਸਕਦਾ ਹੈ।

**ਕੀ ਇਹ ਗੇਮ ਚੇਂਜਰ ਸਾਬਤ ਹੋਵੇਗਾ?**

ਸਵਾਲ ਇਹ ਨਹੀਂ ਕਿ ਇਹ ਦੌਰਾ ਭਾਜਪਾ ਨੂੰ ਤੁਰੰਤ ਸੱਤਾ ਤੱਕ ਲੈ ਜਾਵੇਗਾ ਜਾਂ ਨਹੀਂ। ਅਸਲ ਸਵਾਲ ਇਹ ਹੈ ਕਿ ਕੀ ਇਹ ਦੌਰਾ ਪੰਜਾਬ ਦੀ ਰਾਜਨੀਤੀ ਵਿੱਚ ਭਾਜਪਾ ਲਈ ਇੱਕ ਨਵਾਂ ਰਸਤਾ ਖੋਲ੍ਹੇਗਾ। ਅੰਕੜਿਆਂ ਅਨੁਸਾਰ, ਜੇ ਭਾਜਪਾ ਦਲਿਤ ਵੋਟਾਂ ਵਿੱਚ ਸਿਰਫ਼ 8 ਤੋਂ 10 ਫੀਸਦੀ ਦਾ ਵੀ ਸਵਿੰਗ ਲਿਆਉਣ ਵਿੱਚ ਸਫਲ ਰਹੀ, ਤਾਂ ਦੋਆਬਾ ਖੇਤਰ ਦੀਆਂ ਕਈ ਸੀਟਾਂ 'ਤੇ ਨਤੀਜੇ ਬਦਲ ਸਕਦੇ ਹਨ। ਪਰ ਇਹ ਸਵਿੰਗ ਸਿਰਫ਼ ਧਾਰਮਿਕ ਦੌਰਿਆਂ ਨਾਲ ਸੰਭਵ ਨਹੀਂ; ਇਸ ਲਈ ਸਥਾਨਕ ਨੇਤ੍ਰਤਵ, ਸਮਾਜਿਕ ਸੰਵੇਦਨਸ਼ੀਲਤਾ ਅਤੇ ਨੀਤੀਗਤ ਸਪੱਸ਼ਟਤਾ ਦੀ ਲੋੜ ਹੋਵੇਗੀ।

ਪੰਜਾਬ ਦੀ ਮੌਜੂਦਾ ਰਾਜਨੀਤਿਕ ਦੀ ਤਸਵੀਰ ਅੱਜ ਆਮ ਆਦਮੀ ਪਾਰਟੀ ਸੱਤਾ ਵਿੱਚ ਹੋਣ ਦੇ ਬਾਵਜੂਦ ਵਧਦੇ ਅਸੰਤੋਸ਼ ਦਾ ਸਾਹਮਣਾ ਕਰ ਰਹੀ ਹੈ। ਕਾਂਗਰਸ ਅਜੇ ਵੀ ਅੰਦਰੂਨੀ ਫੁੱਟ ਅਤੇ ਦਿਸ਼ਾਹੀਣਤਾ ਨਾਲ ਜੂਝ ਰਹੀ ਹੈ। ਅਕਾਲੀ ਦਲ ਆਪਣੀ ਪੁਰਾਣੀ ਪੰਥਕ ਅਤੇ ਪਿੰਡੂ ਪਕੜ ਮੁੜ ਬਣਾਉਣ ਲਈ ਸੰਘਰਸ਼ ਕਰ ਰਿਹਾ ਹੈ। ਇਸ ਅਣਸ਼ਚਿੱਤਤਾ ਦੇ ਮਾਹੌਲ ਵਿੱਚ ਭਾਜਪਾ ਇੱਕ ਨਵਾਂ ਸਪੇਸ ਤਲਾਸ਼ਣ ਦੀ ਕੋਸ਼ਿਸ਼ ਕਰ ਰਹੀ ਹੈ।

ਅੱਜ ਇਹ ਚਾਲ ਚੱਲੀ ਗਈ ਹੈ, ਹੁਣ ਖੇਡ ਬਾਕੀ ਹੈ। ਅੱਜ ਡੇਰਾ ਬੱਲਾਂ ਵਿੱਚ ਪ੍ਰਧਾਨ ਮੰਤਰੀ ਦੀ ਹਾਜ਼ਰੀ ਨੂੰ ਗੇਮ ਚੇਂਜਰ ਕਹਿਣਾ ਸ਼ਾਇਦ ਅਜੇ ਜਲਦੀ ਹੋਵੇ, ਪਰ ਇਸਨੂੰ ਗੇਮ ਦੀ ਸ਼ੁਰੂਆਤ ਮੰਨਣਾ ਗਲਤ ਨਹੀਂ ਹੋਵੇਗਾ। ਪੰਜਾਬ ਦਾ ਵੋਟਰ ਯਾਦ ਰੱਖਦਾ ਹੈ, ਤੋਲਦਾ ਹੈ ਅਤੇ ਫਿਰ ਫੈਸਲਾ ਕਰਦਾ ਹੈ। ਭਾਜਪਾ ਲਈ ਇਹ ਦੌਰਾ ਇੱਕ ਮੌਕਾ ਹੈ—ਪਰ ਸਿਰਫ਼ ਮੌਕਾ। ਇਸਨੂੰ ਹਕੀਕਤ ਵਿੱਚ ਬਦਲਣਾ ਉਸ ਦੀ ਅਗਲੀ ਰਾਜਨੀਤਿਕ ਚਾਲਾਂ 'ਤੇ ਨਿਰਭਰ ਕਰੇਗਾ।

ਅੱਜ ਮਕਸਦ ਸਵਾਲ ਉਠਾਉਣਾ ਹੁੰਦਾ ਹੈ, ਫੈਸਲੇ ਸੁਣਾਉਣਾ ਨਹੀਂ ਅਤੇ ਪੰਜਾਬ ਦੀ ਰਾਜਨੀਤੀ ਅੱਜ ਇਸੇ ਸਵਾਲ ਦੇ ਸਾਹਮਣੇ ਖੜ੍ਹੀ ਹੈ—ਕੀ ਆਸਥਾ ਦੀ ਇਹ ਰਾਜਨੀਤੀ ਭਰੋਸੇ ਵਿੱਚ ਬਦਲ ਸਕੇਗੀ ਜਾਂ ਸਿਰਫ਼ ਚੋਣੀ ਯਾਦਾਂ ਦਾ ਹਿੱਸਾ ਬਣ ਕੇ ਰਹਿ ਜਾਵੇਗੀ?







ਕਮਲਜੀਤ ਸਿੰਘ ਬਨਵੈਤ
98147 34035

# ਸਰਕਾਰੀ ਵਿਭਾਗਾਂ ਨੇ ਬਿਜਲੀ ਬੋਰਡ ਅੱਗੇ ਲਾਹੀ ਲੋਈ !

- ਸਰਕਾਰੀ ਵਿਭਾਗ ਬਿਜਲੀ ਬੋਰਡ ਦੇ 2764 ਕਰੋੜ ਰੁਪਏ ਦੇ ਕਰਜ਼ਾਈ, ਚਾਰ ਵਿਭਾਗਾਂ ਸਿਰ ਕੁੱਲ ਰਕਮ ਵਿੱਚੋਂ 92 ਫ਼ੀਸਦੀ ਦੇਣਦਾਰੀ ਖੜੀ
- ਜਲ ਸਰੋਤ ਵਿਭਾਗ ਸਿਰ ਸਭ ਤੋਂ ਵੱਧ 1,0178 ਕਰੋੜ ਰੁਪਏ ਦਾ ਬਿੱਲ ਖੜ੍ਹਾ, ਸਥਾਨਕ ਸਰਕਾਰ ਵਿਭਾਗ ਵੱਲ 991 ਕਰੋੜ ਦੀ ਲੈਣਦਾਰੀ
- ਗ਼ੈਰ ਸਰਕਾਰੀ ਅਦਾਰੇ ਬਿਜਲੀ ਵਿਭਾਗ ਦੇ 1815 ਕਰੋੜ ਰੁਪਏ ਦੇ ਕਰਜ਼ਈ, ਕੁੱਲ ਡਿਫਾਲਟ ਰਕਮ 4240 ਕਰੋੜ ਨੂੰ ਪੁੱਜੀ
- ਪੰਜਾਬ ਸਰਕਾਰ ਨੇ ਸਰਕਾਰੀ ਵਿਭਾਗਾਂ ਨੂੰ ਬਿਜਲੀ ਅਗਾਊਂ ਅਦਾਇਗੀ 'ਤੇ ਦੇਣ ਦਾ ਲਿਆ ਫੈਸਲਾ, 15 ਫਰਵਰੀ ਤੋਂ ਲਾਏ ਜਾਣਗੇ ਪ੍ਰੀਪੇਡ ਬਿਜਲੀ ਮੀਟਰ

ਤੁਸੀਂ ਮੰਨੋ ਭਾਵੇਂ ਨਾ ਪਰ ਇਹ ਹੈ ਸੱਚ ਕਿ ਪੰਜਾਬ ਦੇ ਸਰਕਾਰੀ ਵਿਭਾਗਾਂ ਸਿਰ ਪੀ. ਐਸ. ਪੀ. ਸੀ. ਐਲ ਦੀ ਅਰਬਾਂ ਦੀ ਦੇਣਦਾਰੀ ਖੜ੍ਹੀ ਹੈ। ਸਰਕਾਰ ਦੇ ਛੇ ਅਹਿਮ ਵਿਭਾਗ ਕੁੱਲ ਦੇਣਦਾਰੀ ਵਿੱਚੋਂ 92 ਫ਼ੀਸਦੀ ਦੇ ਡਿਫਾਲਟਰ ਹਨ। ਇਹ ਜਾਣਕਾਰੀ ਚੰਡੀਗੜ੍ਹ ਦੇ ਇੱਕ ਨਿਵਾਸੀ ਰਾਜਬੀਰ ਸਿੰਘ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਾਇਰ ਇੱਕ ਜਨ ਹਿੱਤ ਪਟੀਸ਼ਨ ਤੋਂ ਸਾਹਮਣੇ ਆਈ ਹੈ। ਰਾਜਬੀਰ ਸਿੰਘ ਨੇ ਆਪਣੀ ਪਟੀਸ਼ਨ ਵਿੱਚ ਪੀ.ਐਸ. ਪੀ. ਸੀ. ਐਲ. ਜਿਹੜਾ ਕਿ ਆਪਣੇ ਖ਼ਰਚੇ ਚਲਾਉਣ ਲਈ ਮਹਿੰਗੇ ਭਾਅ 'ਤੇ ਕਰਜ਼ਾ ਚੁੱਕ ਰਿਹਾ ਹੈ, ਨੂੰ ਬਚਾਉਣ ਦੀ ਗੁਹਾਰ ਲਾਈ ਹੈ।

ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪੀ. ਐਸ. ਪੀ. ਸੀ. ਐਲ. ਦਾ ਆਪਣਾ ਹੱਥ ਤੰਗ ਹੈ, ਜਦ ਕਿ ਪੰਜਾਬ ਸਰਕਾਰ ਦੇ ਇੱਕ ਦਰਜਨ ਵਿਭਾਗ ਸਾਲਾਂ ਤੋਂ ਬਿਜਲੀ ਦਾ ਬਿੱਲ ਭਰਨ ਤੋਂ ਇਨਕਾਰੀ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਜੇ ਕੋਈ ਆਮ ਖਪਤਕਾਰ ਤੋਂ ਬਿਜਲੀ ਦਾ ਬਿੱਲ ਮਹੀਨਾ ਦੋ ਮਹੀਨੇ ਭਰਨ ਤੋਂ ਰਹਿ ਜਾਵੇ ਤਾਂ ਉਸ ਦਾ ਬਿਜਲੀ ਦਾ ਕੁਨੈਕਸ਼ਨ ਕੱਟਣ ਲਈ ਜੇ ਈ ਆਪਣੀ ਜੇਬ ਵਿੱਚ ਪਲਾਸ ਪਾ ਕੇ ਉਸ ਦੇ ਦਰਵਾਜ਼ੇ ਜਾ ਖੜ੍ਹਦਾ ਹੈ ਪਰ ਸਰਕਾਰੀ ਵਿਭਾਗ ਬਿਜਲੀ ਬੋਰਡ ਦੇ ਅਰਬਾਂ ਰੁਪਏ ਦੇ ਡਿਫਾਲਟਰ ਹਨ ਅਤੇ ਇਹਨਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ।

ਪੰਜਾਬ ਦੇ ਬਿਜਲੀ ਮੰਤਰੀ ਨਰੇਸ਼ ਅਰੋੜਾ ਨੇ ਪੀ. ਐਸ. ਪੀ. ਸੀ. ਐਲ. ਦੀ ਹਾਲਤ ਸੁਧਾਰਨ ਲਈ 15 ਫਰਵਰੀ ਤੋਂ ਸਰਕਾਰੀ ਵਿਭਾਗਾਂ ਨੂੰ ਅਗਾਊਂ ਅਦਾਇਗੀ 'ਤੇ ਬਿਜਲੀ ਦੇਣ ਦਾ ਫ਼ੈਸਲਾ ਲਿਆ ਹੈ। ਨਵੀਆਂ ਹਦਾਇਤਾਂ ਮੁਤਾਬਕ ਸਰਕਾਰੀ ਵਿਭਾਗਾਂ ਨੂੰ ਹੁਣ ਪ੍ਰੀਪੇਡ ਬਿਜਲੀ ਮੀਟਰ ਲਗਵਾਉਣੇ ਪੈਣਗੇ।

ਅੰਕੜੇ ਦੱਸਦੇ ਹਨ ਕਿ ਬਿਜਲੀ ਵਿਭਾਗ ਦੀ ਪੰਜਾਬ ਸਰਕਾਰ, ਸਰਕਾਰੀ ਵਿਭਾਗਾਂ ਅਤੇ ਗੈਰ ਸਰਕਾਰੀ ਵਿਭਾਗਾਂ ਵੱਲ 2, 582, 24 ਲੈਣਦਾਰੀ ਖੜ੍ਹੀ ਹੈ। ਦੂਜੇ ਸ਼ਬਦਾਂ ਵਿੱਚ ਇਹ ਰਕਮ ਅਦਾ ਕਰਨ ਖੁਣੋਂ ਪਈ ਹੈ। ਪੰਜਾਬ ਸਰਕਾਰ ਵੱਲ ਟਿਊਬਵੈਲਾਂ ਨੂੰ ਦਿੱਤੀ ਜਾਣ ਵਾਲੀ ਬਿਜਲੀ ਵਿਭਾਗ ਦੀ ਸਬਸਿਡੀ 10 ਹਜ਼ਾਰ ਕਰੋੜ ਸਾਲਾਨਾ ਬਣਦੀ ਹੈ। ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਵੱਲੋਂ 1997 ਵਿੱਚ ਜਦੋਂ ਇਹ ਸਬਸਿਡੀ ਸ਼ੁਰੂ ਕੀਤੀ ਗਈ ਸੀ ਤਦ ਇਸ ਦਾ ਸਾਲਾਨਾ ਬਿੱਲ 400 ਕਰੋੜ ਸੀ।

ਜਿਹੜੇ ਵਿਭਾਗ ਬਿਜਲੀ ਬੋਰਡ ਦੇ ਬਿਜਲੀ ਦੇ ਬਿੱਲ ਨਾ ਦੇਣ ਕਰਕੇ ਕਰਜ਼ਾਈ ਹਨ ਉਹਨਾਂ ਵਿੱਚੋਂ ਜਲ ਸਰੋਤ ਵਿਭਾਗ ਵੱਲ 1.013,7 ਕਰੋੜ ਦੀ ਲੈਣ ਦਾਰੀ ਹੈ। ਸਥਾਨਕ ਸਰਕਾਰਾਂ ਵਿਭਾਗ ਵੱਲ ਬਿਜਲੀ ਵਿਭਾਗ ਦਾ 991 ਕਰੋੜ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲ 328 ਕਰੋੜ ਖੜ੍ਹਾ ਹੈ। ਸਿਹਤ ਵਿਭਾਗ ਸਿਰ ਬਿਜਲੀ ਬੋਰਡ ਦੀ 127 ਕਰੋੜ ਦੀ ਦੇਣਦਾਰੀ ਹੈ।

ਸਰਕਾਰ ਵੱਲੋਂ ਹਰ ਸਾਲ 14, 50, 000 ਕਰੋੜ ਰੁਪਏ ਦੀ ਸਬਸਿਡੀ ਦਿੱਤੀ ਜਾ ਰਹੀ ਹੈ। ਜਿਨ੍ਹਾਂ ਵਿੱਚੋਂ ਅਨੁਸੂਚਿਤ ਜਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫਤ ਬਿਜਲੀ ਦਾ ਬਿੱਲ 1107 ਕਰੋੜ ਬਣਦਾ ਹੈ ਜਦ ਕਿ ਬੀਪੀਐਲ ਵਰਗ ਲਈ 69.2 ਕਰੋੜ ਵੀ ਮੁਫਤ ਬਿਜਲੀ ਦਿੱਤੀ ਜਾਂਦੀ ਹੈ।

ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਨੇ ਬਿਜਲੀ ਵਿਭਾਗ ਜਾਂ ਪੰਜਾਬ ਸਰਕਾਰ ਦੇ ਖਜ਼ਾਨੇ ਨੂੰ ਮੁੜ ਤੋਂ ਪੈਰਾਂ ਸਿਰ ਖੜ੍ਹਾ ਕਰਨ ਲਈ ਬਠਿੰਡਾ ਦੇ ਗੁਰੂ ਨਾਨਕ ਦੇਵ ਥਰਮਲ ਪਲਾਂਟ ਦੀ 168 ਏਕੜ ਜ਼ਮੀਨ ਸੇਲ 'ਤੇ ਲਾ ਦਿੱਤੀ ਹੈ। ਇਸੇ ਤਰ੍ਹਾਂ ਲੁਧਿਆਣਾ ਥਰਮਲ ਪਲਾਂਟ ਦੀ ਜਾਇਦਾਦ ਨੂੰ ਵੀ ਵਿਕਰੀ 'ਤੇ ਲਾਇਆ ਗਿਆ ਹੈ। ਬਿਜਲੀ ਵਿਭਾਗ ਦੇ ਕੁੱਲ ਪੰਜ ਵੱਖ-ਵੱਖ ਅਦਾਰੇ ਸੇਲ 'ਤੇ ਲਾ ਦਿੱਤੇ ਗਏ ਹਨ।



ਇੱਕ ਹੋਰ ਦਿਲਚਸਪ ਅੰਕੜੇ ਸਾਹਮਣੇ ਆਏ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ 300 ਯੂਨਿਟ ਫਰੀ ਦੇਣ ਤੋਂ ਬਾਅਦ ਬਿਜਲੀ ਦੀ ਚੋਰੀ ਪ੍ਰਤੀ ਸਾਲ 400 ਕਰੋੜ ਵਧੀ ਹੈ। ਪਿਛਲੇ ਸਾਲਾਂ ਤੱਕ ਬਿਜਲੀ ਦੀ ਸਾਲਾਨਾ ਚੋਰੀ 1200 ਕਰੋੜ ਦੀ ਹੋਇਆ ਕਰਦੀ ਸੀ ਜਦਕਿ ਹੁਣ ਇਹ ਵੱਧ ਕੇ 1600 ਕਰੋੜ ਰੁਪਏ ਸਾਲਾਨਾ ਹੋ ਗਈ ਹੈ। ਬਿਜਲੀ ਵਿਭਾਗ ਨਾਲ ਜੁੜੇ ਸੂਤਰ ਦੱਸਦੇ ਹਨ ਕਿ ਜ਼ਿਆਦਾਤਰ ਲੋਕ 300 ਯੂਨਿਟ ਬਿਜਲੀ ਤੋਂ ਬਿੱਲ ਘੱਟ ਰੱਖਣ ਕਰਕੇ ਕੁੰਡੀਆਂ ਲਾਉਣ ਲੱਗੇ ਹਨ। ਜ਼ਿਆਦਾਤਰ ਪ੍ਰਵਾਸੀਆਂ ਦੀਆਂ ਕਲੋਨੀਆਂ ਵਿੱਚ ਵੀ ਬਿਜਲੀ ਕੁੰਡੀ ਕੁਨੈਕਸ਼ਨ ਦੇ ਸਹਾਰੇ ਜਲਾਈ ਜਾ ਰਹੀ ਹੈ ਹੈ। ਜਾਣਕਾਰੀ ਤਾਂ ਇਹ ਵੀ ਮਿਲੀ ਹੈ ਕਿ ਬਿਜਲੀ ਦੀ ਚੋਰੀ ਸਰਹੱਦੀ ਖੇਤਰ ਵਿੱਚ ਵੱਧ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸਰਹੱਦੀ ਖੇਤਰ ਦੇ ਵਿਧਾਇਕ ਹਰਭਜਨ ਸਿੰਘ ਈਟੀਓ ਨੂੰ ਬਿਜਲੀ ਵਿਭਾਗ ਦਿੱਤਾ ਗਿਆ ਸੀ। ਬਿਜਲੀ ਚੋਰੀ ਕਰਨ ਵਾਲਿਆਂ ਵਿੱਚ ਕਿਸਾਨਾਂ ਅਤੇ ਸਨਅੱਤਕਾਰਾਂ ਦਾ ਵੀ ਨਾਂ ਬੋਲਦਾ ਹੈ।

ਬਿਜਲੀ ਮੰਤਰੀ ਨੇ ਇਹ ਤਾਂ ਦੱਸ ਦਿੱਤਾ ਕਿ ਸਰਕਾਰੀ ਵਿਭਾਗਾਂ ਨੂੰ ਬਿਜਲੀ ਦੀ ਸਪਲਾਈ ਪ੍ਰੀਪੇਡ ਮੀਟਰ ਰਾਹੀਂ ਕੀਤੀ ਜਾਵੇਗੀ ਪਰ ਉਹ ਇਸ ਗੱਲ 'ਤੇ ਪਰਦਾ ਰੱਖ ਗਏ ਕਿ ਬਿੱਲਾਂ ਦੀ ਉਗਰਾਹੀ ਲਈ ਕਿਹੜਾ ਡੰਡਾ ਚਲਾਇਆ ਜਾਵੇਗਾ। ਪੰਜਾਬ ਪੁਲਿਸ ਰਾਹੀਂ ਬਿਜਲੀ ਦੇ ਬਿੱਲਾਂ ਦੀ ਉਗਰਾਹੀ ਕਰਾਉਣ ਦੀ ਕੋਈ ਉਮੀਦ ਨਹੀਂ ਰੱਖੀ ਜਾ ਸਕਦੀ ਕਿਉਂਕਿ ਸਰਕਾਰ ਦਾ ਗ੍ਰਹਿ ਵਿਭਾਗ ਆਪ ਪੀ. ਐਸ. ਪੀ. ਸੀ. ਐਲ. ਦਾ 23 ਕਰੋੜ ਦਾ ਕਰਜ਼ਾਈ ਹੈ।

# ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਵੱਲੋਂ ਪੰਜਾਬ ਲਈ ਕੇਂਦਰੀ ਬਾਗ਼ਬਾਨੀ ਯੂਨੀਵਰਸਿਟੀ ਦੀ ਮੰਗ

ਨਵੀਂ ਦਿੱਲੀ, 30 ਜਨਵਰੀ (ਚ.ਨ.ਸ): ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਦੇ 'ਜ਼ੀਰੋ ਆਵਰ' ਦੌਰਾਨ ਪੰਜਾਬ ਵਿੱਚ ਕੇਂਦਰੀ ਬਾਗ਼ਬਾਨੀ ਯੂਨੀਵਰਸਿਟੀ ਸਥਾਪਤ ਕਰਨ ਦਾ ਮੁੱਦਾ ਚੁੱਕਿਆ। ਸੰਧੂ ਨੇ ਅੰਮ੍ਰਿਤਸਰ ਦੇ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਹਾਰਟੀਕਲਚਰ ਰਿਸਰਚ ਐਂਡ ਐਜੂਕੇਸ਼ਨ ਨੂੰ ਅੱਪਗ੍ਰੇਡ ਕਰਕੇ ਕੇਂਦਰੀ ਯੂਨੀਵਰਸਿਟੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ 2015-16 ਦੇ ਬਜਟ ਵਿੱਚ ਮਨਜ਼ੂਰ ਹੋਇਆ ਇਹ ਪ੍ਰੋਜੈਕਟ ਪਿਛਲੇ 10 ਸਾਲਾਂ ਤੋਂ ਜ਼ਮੀਨ ਗ੍ਰਹਿਣ ਵਰਗੇ ਮੁੱਦਿਆਂ ਕਾਰਨ ਲਟਕਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਸਿਰਫ਼ 7% ਜ਼ਮੀਨ 'ਤੇ ਬਾਗ਼ਬਾਨੀ ਹੁੰਦੀ ਹੈ, ਫਿਰ ਵੀ ਇਸ ਤੋਂ ਹੋਣ ਵਾਲੀ ਆਮਦਨ 26,580 ਕਰੋੜ ਰੁਪਏ ਨੂੰ ਪਾਰ ਕਰ ਗਈ ਹੈ।ਯੂਨੀਵਰਸਿਟੀ ਬਣਨ ਨਾਲ ਅੰਤਰਰਾਸ਼ਟਰੀ ਪੱਧਰ ਦੀਆਂ ਟੈਸਟਿੰਗ ਲੈਬਾਂ ਸਥਾਪਤ ਹੋਣਗੀਆਂ, ਜਿਸ ਨਾਲ ਪੰਜਾਬ ਦੇ ਫਲ ਤੇ ਸਬਜ਼ੀਆਂ ਸਿੱਧੀਆਂ ਵਿਸ਼ਵ ਬਾਜ਼ਾਰ ਤੱਕ ਪਹੁੰਚ ਸਕਣਗੀਆਂ।



# ਪੁਲਿਸ ਵੱਲੋਂ ਫਿਰੌਤੀ ਮੰਗਣ ਵਾਲੇ ਗਿਰੋਹ ਦਾ ਪਰਦਾਫਾਸ਼, 'ਸੱਤਾ ਨੌਸ਼ਹਿਰਾ' ਗੈਂਗ ਦੇ 3 ਮੈਂਬਰ ਗ੍ਰਿਫ਼ਤਾਰ

ਅੰਮ੍ਰਿਤਸਰ, 30 ਜਨਵਰੀ (ਚ.ਨ.ਸ): ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਸਥਾਨਕ ਕਾਰੋਬਾਰੀ ਨੂੰ ਨਿਸ਼ਾਨਾ ਬਣਾਉਣ ਤੇ ਫਿਰੌਤੀ ਮੰਗਣ ਦੇ ਮਾਮਲੇ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।ਪੁਲਿਸ ਨੇ ਵਿਦੇਸ਼ ਬੈਠੇ ਖ਼ਤਰਨਾਕ ਗੈਂਗਸਟਰ ਸੱਤਾ ਨੌਸ਼ਹਿਰਾ (ਨੌਸ਼ਹਿਰਾ ਪੰਨੂਆਂ) ਨਾਲ ਸਬੰਧਤ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਜਸ਼ਨਦੀਪ ਸਿੰਘ (ਮੁੱਖ ਮੁਲਜ਼ਮ), ਜੋਬਨਜੀਤ ਸਿੰਘ ਤੇ ਗੁਰਕੀਰਤ ਸਿੰਘ ਉਰਫ਼ ਕੀਰਤ ਵਜੋਂ ਹੋਈ ਹੈ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮਾਮਲਾ 16 ਜਨਵਰੀ ਦਾ ਹੈ, ਜਦੋਂ ਥਾਣਾ ਬੀ-ਡਵੀਜ਼ਨ ਦੇ ਇਲਾਕੇ ਵਿੱਚ ਇੱਕ ਕਾਰੋਬਾਰੀ 'ਤੇ ਗੋਲੀਆਂ ਚਲਾਈਆਂ ਗਈਆਂ ਸਨ।ਜਾਂਚ ਦੌਰਾਨ ਸਾਹਮਣੇ ਆਇਆ ਕਿ ਇਹ ਮੁਲਜ਼ਮ ਗੈਂਗਸਟਰ ਸੱਤਾ ਨੌਸ਼ਹਿਰਾ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ।ਵਾਰਦਾਤ ਸਮੇਂ ਜੋਬਨਜੀਤ ਸਿੰਘ ਮੋਟਰਸਾਈਕਲ ਚਲਾ ਰਿਹਾ ਸੀ, ਜਦਕਿ ਜਸ਼ਨਦੀਪ ਤੇ ਗੁਰਕੀਰਤ ਨੇ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ ਸੀ।ਵੀਰਵਾਰ ਨੂੰ ਜਦੋਂ ਪੁਲਿਸ ਟੀਮ ਮੁਲਜ਼ਮ ਜੋਬਨਜੀਤ ਸਿੰਘ ਨੂੰ ਕਿਸੇ ਹੋਰ ਸ਼ੱਕੀ ਦੀ ਪਛਾਣ ਕਰਵਾਉਣ ਲਈ ਸੁਲਤਾਨਵਿੰਡ ਇਲਾਕੇ ਵਿੱਚ ਲੈ ਕੇ ਜਾ ਰਹੀ ਸੀ ਤਾਂ ਰਸਤੇ ਵਿੱਚ ਉਸ ਨੇ ਬਿਮਾਰ ਹੋਣ ਦਾ ਬਹਾਨਾ ਬਣਾਇਆ।ਜਿਵੇਂ ਹੀ ਪੁਲਿਸ ਗੱਡੀ ਰੁਕੀ, ਮੁਲਜ਼ਮ ਨੇ ਇੱਕ ਏ.ਐਸ.ਆਈ. ਦੀ ਸਰਵਿਸ ਰਿਵਾਲਵਰ ਖੋਹ ਕੇ ਭੱਜਣ ਦੀ ਕੋਸ਼ਿਸ਼ ਕੀਤੀ।ਇਸ ਦੌਰਾਨ ਹੋਈ ਹੱਥੋਪਾਈ ਵਿੱਚ ਗੋਲੀ ਚੱਲ ਗਈ, ਜੋ ਮੁਲਜ਼ਮ ਦੇ ਖੱਬੇ ਪੈਰ ਵਿੱਚ ਲੱਗੀ।ਜ਼ਖ਼ਮੀ ਮੁਲਜ਼ਮ ਨੂੰ ਤੁਰੰਤ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।ਪੁਲਿਸ ਅਨੁਸਾਰ ਮੁਲਜ਼ਮਾਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ (BNS) ਤੇ ਅਸਲ੍ਹਾ ਐਕਟ ਤਹਿਤ ਪਹਿਲਾਂ ਹੀ ਮਾਮਲਾ ਦਰਜ ਸੀ।ਹੁਣ ਪੁਲਿਸ ਹਿਰਾਸਤ 'ਚੋਂ ਭੱਜਣ ਤੇ ਹਮਲਾ ਕਰਨ ਦੇ ਦੋਸ਼ ਵਿੱਚ ਥਾਣਾ ਸੁਲਤਾਨਵਿੰਡ ਵਿਖੇ ਇੱਕ ਵੱਖਰੀ FIR ਵੀ ਦਰਜ ਕੀਤੀ ਗਈ ਹੈ। ਪੁਲਿਸ ਨੇ ਪੁਸ਼ਟੀ ਕੀਤੀ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮਾਂ ਦਾ ਪੁਰਾਣਾ ਅਪਰਾਧਿਕ ਰਿਕਾਰਡ ਵੀ ਹੈ।ਫਿਲਹਾਲ ਪੁਲਿਸ ਵੱਲੋਂ ਇਸ ਗੈਂਗ ਦੇ ਪੂਰੇ ਨੈਟਵਰਕ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।



# ਵਪਾਰਕ ਰੁਕਾਵਟਾਂ ਘਟਾਉਣ ਨਾਲ ਭਾਰਤ ਤੇ ਯੂਰਪੀ ਸੰਘ ਦੋਵਾਂ ਨੂੰ ਹੋਵੇਗਾ ਵੱਡਾ ਫਾਇਦਾ: ਅਜੇ ਬੰਗਾ

ਭੁਵਨੇਸ਼ਵਰ, 30 ਜਨਵਰੀ (ਚ.ਨ.ਸ): ਵਿਸ਼ਵ ਬੈਂਕ ਗਰੁੱਪ ਦੇ ਪ੍ਰਧਾਨ ਅਜੇ ਬੰਗਾ ਨੇ ਭਾਰਤ ਤੇ ਯੂਰਪੀ ਸੰਘ ਵਿਚਾਲੇ ਹੋਏ ਵਪਾਰਕ ਸਮਝੌਤੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਦੋਵਾਂ ਪਾਸਿਆਂ ਤੋਂ ਵਪਾਰਕ ਰੁਕਾਵਟਾਂ ਨੂੰ ਘਟਾਉਣਾ ਆਰਥਿਕ ਪੱਖੋਂ ਬਹੁਤ ਲਾਹੇਵੰਦ ਸਾਬਤ ਹੋਵੇਗਾ।ਓਡੀਸ਼ਾ ਦੇ ਆਪਣੇ ਦੋ ਦਿਨਾਂ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਵਿਸ਼ਵ ਵਪਾਰ ਦੇ ਮੌਜੂਦਾ ਦੌਰ ਵਿੱਚ ਭਾਰਤ ਵਰਗੀਆਂ ਉਭਰ ਰਹੀਆਂ ਮੰਡੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੋ ਗਈ ਹੈ।ਉਨ੍ਹਾਂ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਪਿਛਲੇ ਵੀਹ ਸਾਲਾਂ ਵਿੱਚ ਵਿਸ਼ਵ ਵਪਾਰ ਵਿੱਚ ਚਾਰ ਗੁਣਾ ਵਾਧਾ ਹੋਇਆ ਹੈ ਤੇ ਉਭਰਦੀਆਂ ਮੰਡੀਆਂ ਦੀ ਹਿੱਸੇਦਾਰੀ ਵੀ ਵੀਹ ਫੀਸਦੀ ਤੋਂ ਵੱਧ ਕੇ ਚਾਲੀ ਫੀਸਦੀ ਤੱਕ ਪਹੁੰਚ ਗਈ ਹੈ, ਜਿਸ ਵਿੱਚ ਭਾਰਤ ਇੱਕ ਮੁੱਖ ਧੁਰਾ ਬਣ ਕੇ ਉਭਰਿਆ ਹੈ।ਬੰਗਾ ਨੇ ਸੁਝਾਅ ਦਿੱਤਾ ਕਿ ਟੈਰਿਫ ਤੇ ਗੈਰ-ਟੈਰਿਫ ਰੁਕਾਵਟਾਂ ਨੂੰ ਹਟਾਉਣ ਦਾ ਫੈਸਲਾ ਬਹੁਤ ਵਧੀਆ ਹੈ ਪਰ ਇਸ ਨੂੰ ਲਾਗੂ ਕਰਦੇ ਸਮੇਂ ਸਹੀ ਯੋਜਨਾਬੰਦੀ ਦੀ ਲੋੜ ਹੈ ਤਾਂ ਜੋ ਕਿਸੇ ਵੀ ਦੇਸ਼ ਦੇ ਘਰੇਲੂ ਉਦਯੋਗਾਂ ਨੂੰ ਕੋਈ ਨੁਕਸਾਨ ਨਾ ਪਹੁੰਚੇ।ਭਾਰਤ ਦੇ ਵਿਕਾਸ ਮਾਡਲ ਦੀ ਤਾਰੀਫ਼ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਇੱਕ ਦਹਾਕੇ ਦੌਰਾਨ ਦੇਸ਼ ਵਿੱਚ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਹੋਇਆ ਨਿਵੇਸ਼ ਬੇਮਿਸਾਲ ਹੈ।ਉਨ੍ਹਾਂ ਅੱਗੇ ਕਿਹਾ ਕਿ ਭਾਰਤ ਇੱਕ ਵਿਸ਼ਾਲ ਦੇਸ਼ ਹੋਣ ਕਰਕੇ ਇੱਥੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀਆਂ ਅਪਾਰ ਸੰਭਾਵਨਾਵਾਂ ਹਨ ਜੋ ਭਵਿੱਖ ਵਿੱਚ ਵੱਡੀ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਕਰੇਗਾ।ਬੰਗਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਨੂੰ ਹੁਣ ਟੈਰਿਫਾਂ ਦੀ ਚਿੰਤਾ ਛੱਡ ਕੇ ਨਵੇਂ ਮੌਕਿਆਂ ਵੱਲ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਨੇ ਖਾਸ ਤੌਰ 'ਤੇ ਪੰਜ ਅਜਿਹੇ ਖੇਤਰਾਂ ਦਾ ਜ਼ਿਕਰ ਕੀਤਾ ਜੋ ਆਉਣ ਵਾਲੇ ਸਮੇਂ ਵਿੱਚ ਰੁਜ਼ਗਾਰ ਦੇ ਮੁੱਖ ਸਰੋਤ ਬਣਨਗੇ, ਜਿਨ੍ਹਾਂ ਵਿੱਚ ਬੁਨਿਆਦੀ ਢਾਂਚਾ, ਖੇਤੀਬਾੜੀ, ਮੁੱਢਲੀ ਸਿਹਤ ਸੰਭਾਲ, ਸੈਰ-ਸਪਾਟਾ ਤੇ ਮੈਨੂਫੈਕਚਰਿੰਗ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਭਾਰਤ ਨੇ ਆਰਥਿਕ ਵਿਕਾਸ ਨੂੰ ਲਗਾਤਾਰ ਬਰਕਰਾਰ ਰੱਖਣ ਦੀ ਆਪਣੀ ਕਾਬਲੀਅਤ ਨੂੰ ਦੁਨੀਆਂ ਸਾਹਮਣੇ ਸਾਬਤ ਕਰ ਦਿੱਤਾ ਹੈ।




# ਪਾਠੀ ਸਿੰਘਾਂ ਨੂੰ ਕਾਰ ਤੇ 5 ਮੋਟਰਸਾਈਕਲ ਭੇਟ

ਜਗਰਾਓਂ, 30 ਜਨਵਰੀ (ਚ.ਨ.ਸ): ਪਿੰਡ ਬੱਸੀਆਂ ਦੇ 6 ਗੁਰਦੁਆਰਿਆਂ ਦੇ ਪਾਠੀ ਸਿੰਘਾਂ ਨੂੰ ਪਿੰਡ ਦੇ ਹੀ ਸਪੇਨ ਤੋਂ ਆਏ ਐਨਆਰਆਈ ਤੇ ਉਸ ਦੇ ਪਰਿਵਾਰ ਨੇ 10 ਲੱਖ ਰੁਪਏ ਦੇ ਕਾਰ ਤੇ 5 ਮੋਟਰਸਾਈਕਲ ਭੇਟ ਕੀਤੇ।ਸਪੇਨ ਤੋਂ ਆਏ ਪੁੱਤ ਦੇ ਇਸ ਨੇਕ ਫੈਸਲੇ 'ਤੇ ਪਿਤਾ ਨੇ ਵੀ ਮੋਹਰ ਲਗਾਈ।ਪਿੰਡ ਬੱਸੀਆਂ ਦੇ ਵਸਨੀਕ ਮਨਜੀਤ ਸਿੰਘ ਕੈਲਾ ਵੱਲੋਂ ਸਪੇਨ ਤੋਂ ਪੁੱਤ ਮਨਦੀਪ ਸਿੰਘ ਦੇ ਪਿੰਡ ਆਉਣ 'ਤੇ ਗੁਰੂ ਸਾਹਿਬ ਦੇ ਸ਼ੁਕਰਾਨੇ ਵਜੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਪ੍ਰਕਾਸ਼ ਕਰਵਾਏ ਗਏ, ਜਿਸ 'ਚ ਪਿੰਡ ਦੇ ਲੋਕਾਂ ਦੇ ਨਾਲ-ਨਾਲ ਪਿੰਡ ਦੇ ਸਾਰੇ 6 ਗੁਰਦੁਆਰਿਆਂ ਦੇ ਗ੍ਰੰਥੀ ਸਿੰਘਾਂ ਨੂੰ ਵੀ ਸੱਦਿਆ ਗਿਆ।ਉਨ੍ਹਾਂ ਨੂੰ ਸੱਦਾ ਪੱਤਰ ਦੇਣ ਮੌਕੇ ਪਰਿਵਾਰ ਵੱਲੋਂ ਸਨਮਾਨਤ ਕਰਨ ਦਾ ਵੀ ਸੁਨੇਹਾ ਦਿੱਤਾ ਗਿਆ।ਸਮਾਗਮ 'ਚ ਪਿੰਡ ਦੇ ਸਾਰੇ ਗ੍ਰੰਥੀ ਪਹੁੰਚੇ। ਸਨਮਾਨ ਸਮਾਗਮ ਦੀ ਵਾਰੀ ਆਈ ਤਾਂ ਗ੍ਰੰਥੀ ਸਿੰਘਾਂ ਦੀ ਹੈਰਾਨਗੀ ਦੀ ਉਸ ਸਮੇਂ ਕੋਈ ਹੱਦ ਨਾ ਰਹੀ ਜਦੋਂ ਪਰਿਵਾਰ ਵੱਲੋਂ ਗੁਰੂ ਘਰ ਦੇ ਵਜ਼ੀਰਾਂ ਨੂੰ 10 ਲੱਖ ਰੁਪਏ ਨਾਲ ਲਿਆਂਦੀ ਕਾਰ ਤੇ 5 ਮੋਟਰਸਾਈਕਲ ਸੌਂਪੇ।ਉਸ ਸਮੇਂ ਘਰ ਦੇ ਨਾਲ ਹੀ ਸਥਿਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੇ ਕਿਤੇ ਜਾਣ ਲਈ ਉਨ੍ਹਾਂ ਦੀ ਕਾਰ ਮੰਗੀ।ਉਸ ਦਿਨ ਉਨ੍ਹਾਂ ਨੂੰ ਮਹਿਸੂਸ ਹੋਇਆ ਕਿ ਸਮੇਂ ਦੇ ਨਾਲ-ਨਾਲ ਸਹੂਲਤ ਹਰ ਕਿਸੇ ਦੀ ਲੋੜ ਹੁੰਦੀ ਹੈ।ਜਦੋਂ ਗੁਰੂਘਰ ਦੇ ਵਜ਼ੀਰ ਨੂੰ ਕੁਝ ਮੰਗਣਾ ਪਵੇ ਤਾਂ ਸ਼ਾਇਦ ਠੀਕ ਨਹੀਂ।ਉਨ੍ਹਾਂ ਨੇ ਉਸ ਦਿਨ ਹੀ ਮਨ ਬਣਾ ਲਿਆ ਸੀ ਕਿ ਉਹ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੂੰ ਕਾਰ ਭੇਟ ਕਰਨਗੇ।ਜਦੋਂ ਗੁਰੂ ਸਾਹਿਬ ਦੀ ਕ੍ਰਿਪਾ ਨਾਲ ਉਸ ਵੱਲੋਂ ਜੋ ਸੋਚਿਆ ਗਿਆ ਉਸ ਨੂੰ ਪੂਰਾ ਕਰਨ ਦਾ ਅੱਜ ਦਿਨ ਆਇਆ ਤਾਂ ਫਿਰ ਇਹ ਵੀ ਮਨ ਵਿੱਚ ਖ਼ਿਆਲ ਆਇਆ ਕਿ ਪਿੰਡ ਦੇ ਬਾਕੀ ਗ੍ਰੰਥੀ ਸਿੰਘਾਂ ਦੇ ਸਨਮਾਨ ਵਿੱਚ ਵੀ ਕੁਝ ਕੀਤਾ ਜਾਵੇ, ਜਿਸ 'ਤੇ ਉਨ੍ਹਾਂ ਨੇ ਆਪਣੇ ਪਿਤਾ ਮਨਜੀਤ ਸਿੰਘ ਕੈਲਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਵੀ ਖ਼ੁਸ਼ੀ-ਖ਼ੁਸ਼ੀ ਉਸ ਦੇ ਫੈਸਲੇ 'ਤੇ ਸੋਹਰ ਲਗਾਈ, ਜਿਸ ਤੋਂ ਬਾਅਦ ਪਰਿਵਾਰ ਨੇ ਘਰ ਨੇੜਲੇ ਗੁਰਦੁਆਰਾ ਸਿੰਘ ਸਭਾ ਦੇ ਗ੍ਰੰਥੀ ਸਿੰਘ ਨੂੰ ਸਵਿਫਟ ਕਾਰ ਤੇ ਬਾਕੀ 5 ਗੁਰਦੁਆਰਿਆਂ ਦੇ ਗ੍ਰੰਥੀ ਸਿੰਘਾਂ ਨੂੰ 5 ਪਲੈਟੀਨਾ ਮੋਟਰਸਾਈਕਲ ਦੇਣ ਦਾ ਫੈਸਲਾ ਕੀਤਾ ਗਿਆ।ਇਸ ਦੌਰਾਨ ਸਪੇਨ ਤੋਂ ਆਏ ਨੌਜਵਾਨ ਦੇ ਪਿਤਾ ਮਨਜੀਤ ਸਿੰਘ ਕੈਲਾ ਨੇ ਕਿਹਾ ਕਿ ਖ਼ੁਸ਼ੀ ਦੀ ਗੱਲ ਹੈ ਕਿ 15 ਸਾਲਾਂ ਤੋਂ ਸਪੇਨ ਵਿੱਚ ਰਹਿੰਦਿਆਂ ਵੀ ਉਨ੍ਹਾਂ ਦਾ ਪੁੱਤ ਮਿੱਟੀ ਤੇ ਸਿੱਖ ਧਰਮ ਨਾਲ ਜੁੜਿਆ ਹੋਇਆ ਹੈ।ਅੱਜ ਖੇਡਾਂ ਦੌਰਾਨ ਖਿਡਾਰੀਆਂ 'ਤੇ ਲੱਖਾਂ ਰੁਪਏ ਲੁਟਾਉਣ ਦਾ ਰਿਵਾਜ਼ ਜਿਹਾ ਚੱਲ ਪਿਆ।ਅਜਿਹੇ ਵਿੱਚ ਇੱਕ ਦੌਰ ਇਹ ਵੀ ਹੈ ਕਿ ਗੁਰੂ ਘਰ ਦੇ ਵਜ਼ੀਰਾਂ ਨੂੰ ਨਿਗੂਣੀਆਂ ਤਨਖ਼ਾਹਾਂ 'ਤੇ ਗੁਜ਼ਾਰਾ ਕਰਨਾ ਪੈ ਰਿਹਾ ਹੈ।ਅਜਿਹਾ ਨਹੀਂ ਹੋਣਾ ਚਾਹੀਦਾ, ਜਿਨ੍ਹਾਂ ਨੂੰ ਗੁਰੂਘਰ ਦੇ ਵਜ਼ੀਰ ਦਾ ਮਾਨ ਮਿਲਿਆ ਹੈ, ਉਨ੍ਹਾਂ ਨੂੰ ਸਭ ਕੁਝ ਮਿਲਣਾ ਚਾਹੀਦਾ ਹੈ।

# ਵਿਧਾਇਕ ਕਲਸੀ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪਹਿਲੇ ਪੜਾਅ ਨਾਲੋਂ ਵੀ ਵੱਧ ਸਫਲ ਹੋਵੇਗੀ ਦੂਜੇ ਪੜਾਅ 'ਚ

## ☛ਵਿਲੇਜ/ਵਾਰਡ ਡਿਫੈਂਸ ਕਮੇਟੀਆਂ, ਨਸ਼ਿਆਂ ਵਿਰੁੱਧ ਨਿਭਾ ਰਹੀਆਂ ਨੇ ਅਹਿਮ ਭੂਮਿਕਾਵਾਂ: ਚੇਅਰਮੈਨ ਮਹਿਤਾ

ਬਟਾਲਾ/ਅੱਚਲ ਸਾਹਿਬ, 30 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਜੁਗਰਾਜ ਸਿੰਘ ਖ਼ਾਲਸਾ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪੈਦਲ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਪਹਿਲੇ ਪੜਾਅ ਨਾਲੋਂ ਵੀ ਦੂਜਾ ਪੜਾਅ ਵੱਧ ਸਫਲ ਹੋਵੇਗਾ। ਇਹ ਪ੍ਰਗਟਾਵਾ ਚੇਅਰਮੈਨ ਮਾਨਿਕ ਮਹਿਤਾ, ਜ਼ਿਲ੍ਹਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ ਨੇ ਕੀਤਾ। ਉਨ੍ਹਾਂ ਦੱਸਿਆ ਕਿ ਬਟਾਲਾ ਦੀਆਂ ਵੱਖ-ਵੱਖ ਵਾਰਡਾਂ ਵਿੱਚ ਨਸ਼ਿਆਂ ਵਿਰੁੱਧ ਪੈਦਲ ਮਾਰਚ ਕੱਢ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਦੇ ਪਿਤਾ ਸੁਭਾਸ਼ ਮਹਿਤਾ ਵੱਲੋਂ ਸਮੁੱਚੀ ਟੀਮ ਨਾਲ ਆਪਣੀ ਵਾਰਡ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਗਿਆ।ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਇਨ੍ਹਾਂ ਯਾਤਰਾਵਾਂ ਰਾਹੀਂ ਲੋਕਾਂ ਨੂੰ ਨਸ਼ਿਆਂ ਦੇ ਭਿਆਨਕ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਗਿਆ ਤੇ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਨੇ ਦੱਸਿਆ ਕਿ ਇਸ ਦੂਜੇ ਪੜਾਅ ਵਿੱਚ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਨਸ਼ਾ ਵਿਰੋਧੀ ਲਹਿਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ।ਇਨ੍ਹਾਂ ਕਮੇਟੀਆਂ ਦੀ ਸਰਗਰਮ ਭਾਗੀਦਾਰੀ ਕਾਰਨ ਹਰ ਪਿੰਡ ਤੇ ਵਾਰਡ ਵਿੱਚ ਜਾਗਰੂਕਤਾ ਦੀ ਲਹਿਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਤੇ ਆਮ ਲੋਕਾਂ ਦੀ ਸਾਂਝੀ ਕੋਸ਼ਿਸ਼ ਨਾਲ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾਵੇਗਾ।ਉਨ੍ਹਾਂ ਅਪੀਲ ਕੀਤੀ ਕਿ ਹਰ ਪਰਿਵਾਰ, ਹਰ ਨੌਜਵਾਨ ਤੇ ਹਰ ਪਿੰਡ ਇਸ ਮੁਹਿੰਮ ਨਾਲ ਜੁੜ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਏ।



# ਦਿਨ-ਰਾਤ 'ਆਪ' ਨਾਲ ਖੜ੍ਹੇ ਹਾਂ: ਬਲਾਕ ਪ੍ਰਧਾਨ ਡਾ. ਅਨੂਪ ਜਨੋਤਰਾ

## ☛ਬਲਬੀਰ ਸਿੰਘ ਪੰਨੂੰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਾਰਟੀ ਲਈ ਹੋਰ ਵੱਧ ਕਰਾਂਗੇ ਮਿਹਨਤ

ਫਤਹਿਗੜ੍ਹ ਚੂੜੀਆਂ, 30 ਜਨਵਰੀ (ਰਾਜਨ ਸ਼ਰਮਾ): ਬਲਬੀਰ ਸਿੰਘ ਪੰਨੂੰ ਦੇ ਵਿਸ਼ੇਸ਼ ਸੱਦੇ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਇੱਕ ਨਿੱਜੀ ਮੀਟਿੰਗ ਕੀਤੀ ਗਈ।ਬਲਾਕ ਪ੍ਰਧਾਨ ਡਾ.ਅਨੂਪ ਜਨੋਤਰਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਫ਼ਤਹਿਗੜ੍ਹ ਚੂੜੀਆਂ ਸ਼ਹਿਰ ਦੀ ਨਗਰ ਕੌਂਸਲ ਚੋਣਾਂ ਮੁੱਦੇ 'ਤੇ ਲੰਬੀ ਗੱਲਬਾਤ ਚੱਲੀ।ਇਸ ਦੌਰਾਨ ਪੰਨੂੰ ਨੇ ਕਿਹਾ ਕਿ ਫ਼ਤਹਿਗੜ੍ਹ ਚੂੜੀਆਂ ਬਲਾਕ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਦਿਨ ਵਰਕਰਾਂ ਨਾਲ ਮੀਟਿੰਗਾ ਕੀਤੀਆਂ ਜਾਣ ਤੇ ਲੋੜਵੰਦ ਪਰਿਵਾਰਾਂ ਤੱਕ ਪਹੁੰਚ ਕੇ ਸਰਕਾਰ ਦੀਆਂ ਨੀਤੀਆਂ ਤੋਂ ਜਾਣੂੰ ਕਰਵਾਇਆ ਜਾਵੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਜਲਦੀ ਹੀ ਫ਼ਤਹਿਗੜ੍ਹ ਚੂੜੀਆਂ ਸ਼ਹਿਰ ਵਿੱਚ ਦੱਸ ਲੱਖ ਬੀਮਾ ਯੋਜਨਾ ਕਾਰਡ ਬਣਾਏ ਜਾਣੇ ਹਨ ਤੇ ਕੋਈ ਵੀ ਲੋੜਵੰਦ ਪਰਿਵਾਰ ਇਸ ਸਕੀਮ ਤੋਂ ਵਾਂਝਾ ਨਾ ਰਹਿ ਜਾਵੇ।ਡਾ. ਅਨੂਪ ਜਨੋਤਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਸੀਂ ਬਲਬੀਰ ਸਿੰਘ ਪੰਨੂੰ ਨਾਲ ਹਮੇਸ਼ਾ ਹੀ ਚੱਟਾਨ ਵਾਂਗ ਖੜ੍ਹੇ ਹਾਂ।ਬਲਬੀਰ ਸਿੰਘ ਪੰਨੂੰ ਤੇ ਪਾਰਟੀ, ਸਾਡੀ ਜੋ ਵੀ ਡਿਊਟੀ ਲਗਾਏਗੀ, ਅਸੀਂ ਦਿਨ-ਰਾਤ ਆਮ ਆਦਮੀ ਪਾਰਟੀ ਤੇ ਪੰਨੂੰ ਨਾਲ ਖੜ੍ਹੇ ਹਾਂ।



# ਜਤਿੰਦਰ ਸਿੰਘ ਮਹਿਤਾ ਤੇ ਜੁਗਰਾਜ ਸਿੰਘ ਉਦੋਨੰਗਲ ਸਹਾਇਕ ਦਫ਼ਤਰ ਸਕੱਤਰ ਨਿਯੁਕਤ



ਚੌਕ ਮਹਿਤਾ, 30 ਜਨਵਰੀ (ਬਲਜਿੰਦਰ ਸਿੰਘ ਰੰਧਾਵਾ): ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਅੱਜ ਪਾਰਟੀ ਦੇ ਮੁੱਖ ਦਫ਼ਤਰ ਰਈਆ ਵਿਖੇ ਪਾਰਟੀ ਦੀਆਂ ਨਿਯੁਕਤੀਆਂ ਦੇ ਹੁਕਮ, ਪਾਰਟੀ ਦੇ ਦਫ਼ਤਰੀ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਮਿਹਨਤੀ ਪੜ੍ਹੇ-ਲਿਖੇ ਇਮਾਨਦਾਰ ਲੰਮੇ ਸਮੇਂ ਤੋਂ ਪਾਰਟੀ ਦੀ ਸੇਵਾ ਕਰਦੇ ਆ ਰਹੇ ਪਾਰਟੀ ਵੱਲੋਂ ਦੋ ਸਹਾਇਕ ਦਫ਼ਤਰ ਸਕੱਤਰ ਜਤਿੰਦਰ ਸਿੰਘ ਮਹਿਤਾ, ਜੁਗਰਾਜ ਸਿੰਘ ਉਦੋਨੰਗਲ ਨੂੰ ਨਿਯੁਕਤ ਕੀਤਾ ਗਿਆ ਤੇ ਬਾਪੂ ਤਰਸੇਮ ਸਿੰਘ ਵੱਲੋਂ ਸਿਰੋਪਾਓ ਬਖ਼ਸ਼ਿਸ਼ ਕੀਤਾ ਗਿਆ। ਅੱਜ ਤੋਂ ਦੋਵੇਂ ਸੇਵਾਦਾਰ ਪਾਰਟੀ ਦੇ ਮੁੱਖ ਦਫਤਰ ਰਈਆ ਵਿਖੇ ਪਾਰਟੀ ਦੇ ਦਫ਼ਤਰੀ ਕੰਮਕਾਜ ਦੇਖਣਗੇ।ਇਸ ਮੌਕੇ ਪਰਮਜੀਤ ਸਿੰਘ ਜੌਹਲ, ਚਾਚਾ ਸੁਖਚੈਨ ਸਿੰਘ, ਚਾਚਾ ਪਰਗਟ ਸਿੰਘ, ਬਲਦੇਵ ਸਿੰਘ ਜੱਲੂਪੁਰ ਖੈੜਾ, ਜੋਧਬੀਰ ਸਿੰਘ ਜੱਲੂਪੁਰ ਖੈੜਾ, ਪ੍ਰੈਸ ਸਕੱਤਰ ਸ਼ਮਸ਼ੇਰ ਸਿੰਘ ਪੱਧਰੀ, ਸੁਖਦੇਵ ਸਿੰਘ ਕਾਦੀਆਂ, ਜਸਵਿੰਦਰ ਸਿੰਘ, ਬਾਬਾ ਬਿਬੇਕ ਸਿੰਘ, ਸੁਰਿੰਦਰਪਾਲ ਸਿੰਘ ਤਾਲਬਪੁਰਾ, ਪਵਿੱਤਰਜੀਤ ਸਿੰਘ ਬਹਾਦਰਪੁਰ, ਅਮਰਜੀਤ ਸਿੰਘ ਕਾਲੇਕੇ, ਅਵਤਾਰ ਸਿੰਘ ਪੱਡਾ, ਗੁਰਦਰਸ਼ਨ ਸਿੰਘ ਖਲਚੀਆ, ਜਰਮਨਜੀਤ ਸਿੰਘ ਸਰਾਂ, ਜਗਦੀਪ ਸਿੰਘ ਨਾਗੋਕੇ, ਸਕੱਤਰ ਸਿੰਘ ਜਲਾਲਉਸਮਾ, ਦਿਲਬਾਗ ਸਿੰਘ, ਕੇਵਲ ਸਿੰਘ ਪ੍ਰਧਾਨ, ਕੁਲਦੀਪ ਸਿੰਘ ਮਹਿਤਾ, ਗੁਰਦੇਵ ਸਿੰਘ ਗੱਗੜਭਾਣਾ, ਸਤਨਾਮ ਸਿੰਘ ਧਰਮੂਚੱਕ, ਰਜਵੰਤ ਸਿੰਘ ਮਹਿਲਾਵਾਲਾ ਹਾਜ਼ਰ ਸਨ।

# ਬਲੀਦਾਨ ਦਿਵਸ ਮੌਕੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਹੀਦਾਂ ਨੂੰ ਕੀਤਾ ਯਾਦ

## ☛ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਸਮੇਤ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਭੇਟ ਕੀਤੀ ਸ਼ਰਧਾਂਜਲੀ



ਹੁਸ਼ਿਆਰਪੁਰ, 30 ਜਨਵਰੀ (ਦੀਪਕ ਅਗਨੀਹੋਤਰੀ): ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅੱਜ ਮਹਾਤਮਾ ਗਾਂਧੀ ਦੇ ਬਲੀਦਾਨ ਦਿਵਸ ਮੌਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ ਨੂੰ ਯਾਦ ਕੀਤਾ ਗਿਆ।ਇਸ ਮੌਕੇ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਲ ਮਹਾਤਮਾ ਗਾਂਧੀ ਦੀ ਤਸਵੀਰ 'ਤੇ ਸ਼ਰਧਾ ਸੁਮਨ ਅਰਪਿਤ ਕੀਤੇ।ਇਸ ਦੌਰਾਨ ਪੰਜਾਬ ਪੁਲਿਸ ਦੀ ਟੁਕੜੀ ਨੇ ਆਪਣੇ ਹਥਿਆਰ ਉਲਟੇ ਕਰਕੇ ਸ਼ਰਧਾਂਜਲੀ ਭੇਟ ਕੀਤੀ।ਇਸ ਤੋਂ ਬਾਅਦ ਸਾਰੇ ਅਧਿਕਾਰੀ ਤੇ ਕਰਮਚਾਰੀਆਂ ਨੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਲਈ ਦੋ ਮਿੰਟ ਦਾ ਮੌਨ ਧਾਰਨ ਕੀਤਾ।ਸਹਾਇਕ ਕਮਿਸ਼ਨਰ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਦੇਸ਼ ਦੇ ਹੋਰਨਾਂ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਭੇਟ ਕਰਦੇ ਹੋਏ ਰਾਸ਼ਟਰ ਪਿਤਾ ਵੱਲੋਂ ਦਿਖਾਏ ਗਏ ਸੱਚ, ਪਿਆਰ ਤੇ ਅਹਿੰਸਾ ਦੇ ਮਾਰਗ 'ਤੇ ਚੱਲਣ ਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਨਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਦੇ ਨਾਲ-ਨਾਲ ਅਹਿੰਸਾ ਤੇ ਸੱਤਿਆਗ੍ਰਹਿ ਦੇ ਮਾਰਗ 'ਤੇ ਚੱਲ ਕੇ ਆਜ਼ਾਦੀ ਦੀ ਲੜਾਈ ਦੀ ਅਗਵਾਈ ਵੀ ਕੀਤੀ।ਉਨ੍ਹਾਂ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਹੋਰਨਾਂ ਮਹਾਨ ਦੇਸ਼ ਭਗਤਾਂ ਤੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਸਦਕਾ ਹੀ ਅਸੀਂ ਸਾਰੇ ਅੱਜ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ।ਇਸ ਲਈ ਸਾਰਿਆਂ ਨੂੰ ਇਨ੍ਹਾਂ ਮਹਾਨ ਸ਼ਖ਼ਸੀਅਤਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ।ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪੂਰੀ ਇਮਾਨਦਾਰੀ, ਸਮਰਪਣ, ਅਨੁਸ਼ਾਸਨ ਤੇ ਸ਼ਰਧਾ ਨਾਲ ਆਪਣੀ ਡਿਊਟੀ ਨਿਭਾਉਣ ਲਈ ਪ੍ਰੇਰਿਤ ਕੀਤਾ।

# ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀਆਂ ਸਿੱਖਿਆਵਾਂ ਅੱਜ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਨੇ: ਆਦਿਤਿਆ ਗੁਪਤਾ

ਗੁਰਦਾਸਪੁਰ, 30 ਜਨਵਰੀ (ਜਗੀਰ ਸਿੰਘ ਮੰਡ/ਨਾਹਰ): ਦੇਸ਼ ਦੀ ਸੁਤੰਤਰਤਾ ਸੰਗਰਾਮ ਦੌਰਾਨ ਜਾਨਾਂ ਵਾਰਨ ਵਾਲੇ ਸ਼ਹੀਦਾਂ, ਸੰਗਰਾਮੀਆਂ ਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਬਲੀਦਾਨ ਦਿਵਸ ਸਬੰਧੀ, ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਆਦਿਤਿਆ ਗੁਪਤਾ, ਸਹਾਇਕ ਕਮਿਸ਼ਨਰ (ਜਨਰਲ) ਗੁਰਦਾਸਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਆਦਿਤਿਆ ਗੁਪਤਾ ਨੇ ਕਿਹਾ ਕਿ ਅੱਜ ਪੂਰੇ ਭਾਰਤ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਤੇ ਦੇਸ਼ ਦੀ ਖਾਤਰ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਯਾਦ ਵਿੱਚ ਸਮਾਗਮ ਕਰਵਾਏ ਗਏ ਹਨ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਹਨ।ਉਨ੍ਹਾਂ ਕਿਹਾ ਸਾਡੀ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਆਪਣੀ ਬਣਦੀ ਜ਼ਿੰਮੇਵਾਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਈਏ ਤੇ ਆਪਸੀ ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਲਈ ਆਪਣਾ ਬਣਦਾ ਯੋਗਦਾਨ ਪਾਈਏ। ਉਨ੍ਹਾਂ ਅੱਗੇ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੀਆਂ ਸਿੱਖਿਆਵਾਂ ਅੱਜ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ ਤੇ ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਅਹਿੰਸਾ ਦਾ ਉਪਦੇਸ਼ ਦਿੱਤਾ ਤੇ ਸਾਂਝੀਵਾਲਤਾ ਤੇ ਅਮਨ-ਸ਼ਾਂਤੀ ਲਈ ਆਪਣਾ ਬਲੀਦਾਨ ਦਿੱਤਾ, ਜੋ ਸਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਸਲਾਮੀ ਦਿੱਤੀ ਗਈ ਤੇ ਸਾਇਰਨ ਵਜਾ ਕੇ 2 ਮਿੰਟ ਦਾ ਮੌਨ ਵੀ ਧਾਰਨ ਕੀਤਾ ਗਿਆ।ਇਸ ਮੌਕੇ ਕੁਲਦੀਪ ਚੰਦ ਪੀ.ਸੀ.ਐਸ. ਅਧਿਕਾਰੀ, ਉਲੰਪੀਅਨ ਰੁਪਿੰਦਰਪਾਲ ਸਿੰਘ ਪੀ.ਸੀ.ਐਸ. ਅਧਿਕਾਰੀ, ਜਸਪ੍ਰੀਤ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਸੁਪਰਡੈਂਟ ਵਿਜੇ ਕੁਮਾਰ, ਹਰਪ੍ਰੀਤ ਸਿੰਘ ਗੁਰਾਇਆ, ਵਿਨੋਦ ਮਹਿਤਾ, ਸਰਬਜੀਤ ਸਿੰਘ ਮੁਲਤਾਨੀ, ਸਰਬਜੀਤ ਸਿੰਘ ਮੱਲੀ, ਸਮਾਜ ਸੇਵੀ ਇੰਦਰਜੀਤ ਸਿੰਘ ਬਾਜਵਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



# ਐਸ.ਡੀ.ਐਮ. ਅਨੁਪ੍ਰੀਤ ਕੌਰ ਦੀ ਪ੍ਰਧਾਨਗੀ ਹੇਠ ਅਗਨੀਵੀਰ ਭਰਤੀ ਰੈਲੀ ਸਬੰਧੀ ਸਰਕਾਰੀ ਕਾਲਜ ਵਿਖੇ ਅਧਿਕਾਰੀਆਂ ਨਾਲ ਮੀਟਿੰਗ



ਗੁਰਦਾਸਪੁਰ, 30 ਜਨਵਰੀ (ਜਗੀਰ ਸਿੰਘ ਮੰਡ): ਭਾਰਤੀ ਫੌਜ ਭਰਤੀ ਦਫ਼ਤਰ, ਅੰਮ੍ਰਿਤਸਰ, ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ 05 ਤੋਂ 20 ਮਾਰਚ 2026 ਤੱਕ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਅਗਨੀਵੀਰ ਭਰਤੀ ਰੈਲੀ ਦਾ ਕਰਵਾ ਰਿਹਾ ਹੈ।ਇਸ ਭਰਤੀ ਰੈਲੀ ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਤੇ ਅਗਨੀਵੀਰ ਟਰੇਡਸਮੈਨ (10ਵੀਂ ਤੇ 8ਵੀਂ) ਦੀ ਭਰਤੀ ਕੀਤੀ ਜਾਵੇਗੀ।ਇਸ ਭਰਤੀ ਰੈਲੀ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਸ.ਡੀ.ਐਮ. ਗੁਰਦਾਸਪੁਰ ਅਨੁਪ੍ਰੀਤ ਕੌਰ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕਰਨਲ ਜੇਮਜ਼ ਜੈਕਬ, ਡਾਇਰੈਕਟਰ ਭਰਤੀ ਦਫ਼ਤਰ, ਸੂਬੇਦਾਰ ਮੇਜਰ ਸੰਜੇ, ਉਲੰਪੀਅਨ ਰੁਪਿੰਦਰਪਾਲ ਸਿੰਘ ਪੀਸੀਐਸ ਅਧਿਕਾਰੀ, ਜਸਪ੍ਰੀਤ ਸਿੰਘ, ਡਾ. ਗੁਰਪ੍ਰੀਤ ਕੌਰ, ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ, ਜ਼ਿਲ੍ਹਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।ਮੀਟਿੰਗ ਦੌਰਾਨ ਕਰਨਲ ਜੇਮਜ਼ ਜੈਕਬ, ਡਾਇਰੈਕਟਰ ਭਰਤੀ ਦਫ਼ਤਰ ਅੰਮ੍ਰਿਤਸਰ ਨੇ ਕਿਹਾ ਕਿ ਇਸ ਗੁਰਦਾਸਪੁਰ ਭਰਤੀ ਰੈਲੀ ਵਿੱਚ, ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਤੇ ਪਠਾਨਕੋਟ ਦੇ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ, ਮੈਡੀਕਲ ਤੰਦਰੁਸਤੀ ਦੇ ਨਾਲ-ਨਾਲ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ।ਇਸ ਮੌਕੇ ਐਸ.ਡੀ.ਐਮ. ਗੁਰਦਾਸਪੁਰ ਅਨੁਪ੍ਰੀਤ ਕੌਰ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਸ ਭਰਤੀ ਰੈਲੀ ਨੂੰ ਸਫਲ ਬਣਾਉਣ ਲਈ ਆਪਣੇ ਨਿਰਧਾਰਤ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨ।

# 'ਮੇਰੀ ਵੋਟ, ਮੇਰਾ ਭਾਰਤ' ਪ੍ਰੋਗਰਾਮ ਤਹਿਤ ਕਰਵਾਇਆ ਵੋਟਿੰਗ ਜਾਗਰੂਕਤਾ ਪ੍ਰੋਗਰਾਮ

ਹੁਸ਼ਿਆਰਪੁਰ, 30 ਜਨਵਰੀ (ਦੀਪਕ ਅਗਨੀਹੋਤਰੀ): ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਵੀਪ ਪ੍ਰੋਗਰਾਮ ਅਧੀਨ ਵਿਧਾਨ ਸਭਾ ਹਲਕਾ-043 ਹੁਸ਼ਿਆਰਪੁਰ ਵਿੱਚ 'ਮੇਰੀ ਵੋਟ, ਮੇਰਾ ਭਾਰਤ' ਮੁਹਿੰਮ ਤਹਿਤ ਇੱਕ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਸਰਕਾਰੀ ਕਾਲਜ ਹੁਸ਼ਿਆਰਪੁਰ ਵਿੱਚ ਕੀਤਾ ਗਿਆ।ਇਹ ਪ੍ਰੋਗਰਾਮ ਬਹੁ ਕਲਾ ਰੰਗ ਮੰਚ ਹੁਸ਼ਿਆਰਪੁਰ ਤੇ ਮੇਰਾ ਯੁਵਾ ਭਾਰਤ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦੇ ਮੁੱਖ ਮਹਿਮਾਨ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓ) 043 ਤੇ ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਸਨ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ, ਡਾ. ਅਸ਼ੋਕ ਪੁਰੀ, ਕਰਨਲ ਰਘੁਵੀਰ ਸਿੰਘ, ਸਵੀਪ ਇੰਚਾਰਜ ਪ੍ਰੋ. ਪਲਵਿੰਦਰ ਕੌਰ, ਸਵੀਪ ਨੋਡਲ ਅਫ਼ਸਰ ਚੰਦਰ ਪ੍ਰਕਾਸ਼ ਸਿੰਘ ਤੇ ਚੋਣ ਕਾਨੂੰਗੋ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਐਸ.ਡੀ.ਐਮ. ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੋਟਿੰਗ ਲੋਕਤੰਤਰ ਦੀ ਸਭ ਤੋਂ ਵੱਡੀ ਸ਼ਕਤੀ ਹੈ ਤੇ ਹਰੇਕ ਨਾਗਰਿਕ ਨੂੰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਿੰਮੇਵਾਰੀ ਨਾਲ ਕਰਨੀ ਚਾਹੀਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਾ ਸਿਰਫ਼ ਖ਼ੁਦ ਵੋਟ ਪਾਉਣ, ਸਗੋਂ ਆਪਣੇ ਪਰਿਵਾਰ ਤੇ ਸਮਾਜ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰਨ।ਇਸ ਪ੍ਰੋਗਰਾਮ ਵਿੱਚ ਲਗਭਗ 500 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮੇਂ ਦੌਰਾਨ ਵੋਟ ਦੀ ਮਹੱਤਤਾ ਨੂੰ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਦਸਤਖ਼ਤ ਮੁਹਿੰਮ, 'ਮੇਰੀ ਵੋਟ' ਵਿਸ਼ੇ 'ਤੇ ਸੈਮੀਨਾਰ, ਨੁੱਕੜ ਨਾਟਕ ਤੇ ਰੈਲੀ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।




# ਖ਼ਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ 'ਚ ਇਨਾਮ ਵੰਡ ਸਮਾਰੋਹ ਕਰਵਾਇਆ

ਗੜ੍ਹਦੀਵਾਲਾ, 30 ਜਨਵਰੀ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਖ਼ਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਗੜ੍ਹਦੀਵਾਲਾ ਵਿੱਚ ਸੈਸ਼ਨ 2025-26 ਦੇ ਅਕਾਦਮਿਕ ਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਲਈ ਇਨਾਮ ਵੰਡ ਸਮਾਰੋਹ ਉਤਸ਼ਾਹ ਨਾਲ ਮਨਾਇਆ ਗਿਆ। ਸਮਾਰੋਹ ਦੀ ਅਗਵਾਈ ਸਕੂਲ ਇੰਚਾਰਜ ਗੁਰਪ੍ਰੀਤ ਕੌਰ ਨੇ ਕੀਤੀ, ਜਦਕਿ ਪ੍ਰਿੰਸੀਪਲ ਡਾ. ਜਸਪਾਲ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ।ਡਾ. ਜਸਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ ਤੇ ਅਨੁਸ਼ਾਸਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਕਾਦਮਿਕ ਸਫਲਤਾ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਵੀ ਵਿਦਿਆਰਥੀਆਂ ਦੇ ਵਿਕਾਸ ਲਈ ਬਹੁਤ ਜ਼ਰੂਰੀ ਹੈ।ਇਸ ਮੌਕੇ ਅਕਾਦਮਿਕ ਟਾਪਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਨਾਨ-ਮੈਡੀਕਲ ਸਟ੍ਰੀਮ ਵਿੱਚ ਮਿਸ਼ਮੀਤ ਕੌਰ, ਮੈਡੀਕਲ ਵਿੱਚ ਭੂਮਿਕਾ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਕਾਮਰਸ ਸਟ੍ਰੀਮ ਵਿੱਚ ਰਾਜਵੀਰ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਆਰਟਸ ਸਟ੍ਰੀਮ ਵਿੱਚ ਅਕਸ਼ਿਤ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਖੇਡਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਇਨਾਮ ਦਿੱਤੇ ਗਏ।ਸਕੂਲ ਇੰਚਾਰਜ ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਸਫਲਤਾ 'ਤੇ ਖ਼ੁਸ਼ੀ ਜਤਾਉਂਦੇ ਹੋਏ ਅਧਿਆਪਕਾਂ ਤੇ ਮਾਪਿਆਂ ਦੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ।

# ਅਧਿਆਪਕਾ ਹਰਜਿੰਦਰ ਕੌਰ ਗਣਤੰਤਰ ਦਿਵਸ ਮੌਕੇ ਹੋਏ ਸਨਮਾਨਿਤ



ਗੁਰਦਾਸਪੁਰ, 30 ਜਨਵਰੀ (ਸੰਧੂ/ਬਸਰਾ): ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਦੇ ਸਮਾਗਮ ਵਿੱਚ ਅਧਿਆਪਕਾ ਹਰਜਿੰਦਰ ਕੌਰ ਨੂੰ ਸਿੱਖਿਆ ਵਿਭਾਗ ਵਿੱਚ ਵਧੀਆ ਸੇਵਾਵਾਂ ਨਿਭਾਉਣ ਲਈ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇੱਥੇ ਇਹ ਜ਼ਿਕਰਯੋਗ ਹੈ ਕਿ ਅਧਿਆਪਕਾ ਹਰਜਿੰਦਰ ਕੌਰ ਸਰਕਾਰੀ ਪ੍ਰਾਇਮਰੀ ਸਕੂਲ ਭੁੱਲੇ ਚੱਕ ਬਲਾਕ ਗੁਰਦਾਸਪੁਰ 1 ਵਿਖੇ ਸੇਵਾਵਾਂ ਨਿਭਾ ਰਹੇ ਹਨ। ਸਕੂਲ ਵਿਖੇ ਅਧਿਆਪਨ ਦੀਆਂ ਸੇਵਾਵਾਂ ਨਿਭਾਉਣ ਦੇ ਨਾਲ-ਨਾਲ ਇਹ ਅਧਿਆਪਕਾ ਬਲਾਕ ਪੱਧਰ 'ਤੇ ਰਿਸੋਰਸ ਅਧਿਆਪਕ ਵਜੋਂ ਵੀ ਕੰਮ ਕਰਦੇ ਹਨ।

# ਭਾਵਾਧਸ ਸ਼ਾਖਾ ਟਾਂਡਾ ਵੱਲੋਂ ਲਗਾਇਆ ਖ਼ੂਨਦਾਨ ਕੈਂਪ ਸ਼ਲਾਘਾਯੋਗ ਕਾਰਜ: ਵਿਧਾਇਕ ਜੰਗੀ ਲਾਲ, ਸੁਰਿੰਦਰ ਜਾਜਾ

ਟਾਂਡਾ ਉੜਮੁੜ, 30 ਜਨਵਰੀ (ਅਰਜੁਨ ਜੈਨ): ਸਰਕਾਰ ਰਹਿਮਤ ਸ਼ਾਹ ਜੀ ਚਿਸ਼ਤੀ ਸਾਬਰੀ ਜੀ ਦੀ ਦਰਗਾਹ 'ਤੇ ਲੱਗੇ ਜੋੜ ਮੇਲੇ ਨੂੰ ਸਮਰਪਿਤ ਭਾਵਾਧਸ ਸ਼ਾਖਾ ਟਾਂਡਾ ਵੱਲੋਂ ਜ਼ਿਲ੍ਹਾ ਵਾਈਸ ਪ੍ਰਧਾਨ ਬੌਬੀ ਰਾਜਪੁਰ, ਕੇਂਦਰੀ ਕਾਰਜਕਰਨੀ ਮੈਂਬਰ ਸੁਨੀਲ ਜਾਜਾ ਤੇ ਬਲਾਕ ਪ੍ਰਧਾਨ ਸੁਰਜੀਤ ਰਾਜਾ ਦੀ ਅਗਵਾਈ ਵਿੱਚ ਜਾਜਾ ਵਿਖੇ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁਕੇਰੀਆਂ ਦੇ ਵਿਧਾਇਕ ਜੰਗੀ ਲਾਲ ਮਹਾਜਨ, ਰਾਸ਼ਟਰੀ ਸੰਚਾਲਕ ਭਾਵਾਧਸ ਵੀਰ ਸ਼੍ਰੇਸ਼ਟ ਸੁਰਿੰਦਰ ਜਾਜਾ, ਸੰਦੀਪ ਭਾਗੀਆਂ ਤੇ ਗੁਰਵਿੰਦਰ ਸਿੰਘ ਹੈਪੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਨੌਜਵਾਨਾਂ ਵੱਲੋਂ 50 ਯੂਨਿਟ ਖ਼ੂਨ ਦਾਨ ਕੀਤਾ ਗਿਆ।ਕੈਂਪ 'ਚ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਜੰਗੀ ਲਾਲ ਮਹਾਜਨ ਨੇ ਕਿਹਾ ਕਿ ਸੜਕ ਦੁਰਘਟਨਾਵਾਂ ਜਾਂ ਕਿਸੇ ਹੋਰ ਕਾਰਨ ਹਸਪਤਾਲਾਂ ਵਿੱਚ ਦਾਖਲ ਮਰੀਜ਼ਾਂ ਨੂੰ ਖ਼ੂਨ ਦੀ ਜ਼ਰੂਰਤ ਪੈਂਦੀ ਹੈ ਪਰ ਸਮੇਂ ਸਿਰ ਖ਼ੂਨ ਨਾ ਮਿਲਣ ਕਾਰਨ ਅਣਹੋਣੀ ਵਾਪਰਨ ਦੀ ਸੰਭਾਵਨਾ ਵੱਧ ਜਾਂਦੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮਰੀਜ਼ਾਂ ਨੂੰ ਖ਼ੂਨ ਦਾਨ ਕਰਨ ਲਈ ਭਾਵਾਧਸ ਵੱਲੋਂ ਲਗਾਏ ਗਏ ਅਜਿਹੇ ਖ਼ੂਨਦਾਨ ਕੈਂਪ ਨਾਲ ਹਸਪਤਾਲਾਂ ਵਿੱਚ ਦਾਖਲ ਕਈ ਮਰੀਜ਼ਾਂ ਦੀਆਂ ਕੀਮਤੀ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ ਜੋ ਕਿ ਇੱਕ ਸ਼ਲਾਘਾਯੋਗ ਕਾਰਜ ਹੈ।ਕੈਂਪ ਦੇ ਆਖ਼ਿਰ ਵਿੱਚ ਭਾਵਾਧਸ ਦੇ ਸਮੂਹ ਮੈਂਬਰਾਂ ਵੱਲੋਂ ਆਏ ਹੋਏ ਵਿਸ਼ੇਸ਼ ਮਹਿਮਾਨਾਂ ਤੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਨਮਾਨਿਤ ਕੀਤਾ ਗਿਆ।



# ਰਮਨ ਬਹਿਲ ਵੱਲੋਂ ਡਾ. ਪਰਮਜੀਤ ਸਿੰਘ ਢੀਂਗਰਾ ਦੁਆਰਾ ਸੰਪਾਦਿਤ ਪੁਸਤਕ 'ਬੀਬਾ ਬਲਵੰਤ' ਲੋਕ ਅਰਪਣ

ਗੁਰਦਾਸਪੁਰ, 30 ਜਨਵਰੀ (ਜਗੀਰ ਸਿੰਘ ਮੰਡ/ਨਾਹਰ): ਪੰਜਾਬੀ ਦੇ ਪ੍ਰਸਿੱਧ ਸ਼ਾਇਰ, ਚਿਤਰਕਾਰ, ਫੋਟੋਗ੍ਰਾਫਰ ਤੇ ਫਿਲਮ ਅਦਾਕਾਰ ਬੀਬਾ ਬਲਵੰਤ ਦੀ ਸ਼ਖ਼ਸੀਅਤ ਤੇ ਕਾਵਿ-ਚਿੰਤਨ 'ਤੇ ਆਧਾਰਿਤ ਡਾ. ਪਰਮਜੀਤ ਸਿੰਘ ਢੀਂਗਰਾ ਦੁਆਰਾ ਸੰਪਾਦਿਤ ਪੁਸਤਕ 'ਬੀਬਾ ਬਲਵੰਤ' ਦਾ ਲੋਕ ਅਰਪਣ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਵੱਲੋਂ ਕੀਤਾ ਗਿਆ।ਇਸ ਮੌਕੇ ਪੁਸਤਕ ਬਾਰੇ ਜਾਣਕਾਰੀ ਦਿੰਦਿਆਂ ਰਮਨ ਬਹਿਲ ਨੇ ਦੱਸਿਆ ਕਿ ਇਸ ਕਿਤਾਬ ਵਿੱਚ ਬੀਬਾ ਬਲਵੰਤ ਦੇ ਜੀਵਨ, ਸਾਹਿਤਕ ਯੋਗਦਾਨ ਤੇ ਕਾਵਿ-ਸੰਵੇਦਨਾ 'ਤੇ ਆਧਾਰਿਤ ਕੁੱਲ 52 ਲੇਖਕਾਂ ਨੇ ਉਨ੍ਹਾਂ ਦੀ ਜੀਵਨੀ ਤੇ ਕਵਿਤਾਵਾਂ ਨੂੰ ਵਿਸਥਾਰ ਨਾਲ ਉਜਾਗਰ ਕੀਤਾ ਹੈ।ਇਸ ਦੌਰਾਨ ਬੀਬਾ ਬਲਵੰਤ ਨੇ ਆਪਣੇ ਸਾਹਿਤਕ ਸਫ਼ਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਹੁਣ ਤੱਕ ਕੁੱਲ 8 ਕਿਤਾਬਾਂ ਲਿਖੀਆਂ ਗਈਆਂ ਹਨ, ਜਿਨ੍ਹਾਂ ਵਿੱਚੋਂ 2 ਕਿਤਾਬਾਂ ਦਾ ਅੰਗਰੇਜ਼ੀ ਵਿੱਚ ਅਨੁਵਾਦ ਕੀਤਾ ਜਾ ਚੁੱਕਾ ਹੈ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਨੈਸ਼ਨਲ ਬੁੱਕ ਟਰੱਸਟ ਆਫ਼ ਇੰਡੀਆ ਦੀਆਂ 2 ਕਿਤਾਬਾਂ ਦਾ ਪੰਜਾਬੀ ਵਿੱਚ ਅਨੁਵਾਦ ਵੀ ਕੀਤਾ ਗਿਆ ਹੈ।ਨਾਲ ਹੀ ਉਨ੍ਹਾਂ ਨੇ ਬੱਚਿਆਂ ਦੇ ਜੀਵਨ 'ਤੇ ਆਧਾਰਿਤ 64 ਪੰਨਿਆਂ ਦੀ ਇੱਕ ਕਿਤਾਬ ਵੀ ਲਿਖੀ ਹੈ।ਇਸ ਮੌਕੇ 'ਤੇ ਸੇਵਾਮੁਕਤ ਪ੍ਰਿੰਸੀਪਲ ਅਵਤਾਰ ਸਿੰਘ, ਵਿਕਾਸ ਸ਼ਿੰਗਾਰੀ, ਕੇ.ਪੀ ਸਿੰਘ, ਬਲਾਕ ਸੰਮਤੀ ਦੇ ਮੈਂਬਰ ਲਖਵਿੰਦਰ ਸਿੰਘ, ਸਰਬਜੀਤ ਸਿੰਘ ਸਮੇਤ ਵੱਖ-ਵੱਖ ਸ਼ਖ਼ਸੀਅਤਾਂ ਮੌਜੂਦ ਸਨ।



# ਮੀਂਹ ਕਾਰਨ ਦਰੱਖਤ ਨੇ ਸਰਕਾਰੀ ਸਕੂਲ ਦੀ ਇਮਾਰਤ ਨੂੰ ਪਹੁੰਚਾਇਆ ਨੁਕਸਾਨ

ਮੰਡੀ ਗੋਬਿੰਦਗੜ੍ਹ , 30 ਜਨਵਰੀ (ਸੂਦ): ਸ਼ਹਿਰ ਦੇ ਮੁੱਖ ਬਜ਼ਾਰ ਵਿੱਚ ਨਗਰ ਕੌਂਸਲ ਦਫ਼ਤਰ ਦੇ ਸਾਹਮਣੇ ਵਾਰਡ ਨੰਬਰ 16 ਜੋ ਪਹਿਲਾਂ 27 ਸੀ, ਦੇ ਸਰਕਾਰੀ ਐਲੀਮੈਂਟਰੀ ਸਕੂਲ ਕੈਂਪਸ ਵਿੱਚ ਕਈ ਸਾਲਾਂ ਤੋਂ ਲਗਾਇਆ ਗਿਆ ਇੱਕ ਵੱਡਾ ਦਰੱਖਤ ਬਾਰਸ਼ ਕਾਰਨ ਟੇਢਾ ਤੇ ਖ਼ਤਰਨਾਕ ਹੋ ਗਿਆ। ਦਰੱਖਤ ਦੇ ਝੁਕਣ ਨਾਲ



ਸਕੂਲ ਦੀ ਕੰਧ ਨੂੰ ਕਾਫ਼ੀ ਨੁਕਸਾਨ ਹੋਇਆ ਤੇ ਨੇੜਲੇ ਰਿਹਾਇਸ਼ੀ ਘਰਾਂ ਲਈ ਵੀ ਖ਼ਤਰਾ ਪੈਦਾ ਹੋ ਗਿਆ। ਇਸ ਸਬੰਧ ਵਿੱਚ ਵਾਰਡ ਸੇਵਾਦਾਰ ਕਾਨੂ ਸ਼ਰਮਾ ਨੇ ਇਹ ਮੁੱਦਾ ਨਗਰ ਕੌਂਸਲ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ। ਸ਼ਿਕਾਇਤ ਉਪਰੰਤ ਕੌਂਸਲ ਨੇ ਦਰੱਖਤ ਦੀਆਂ ਲਟਕਦੀਆਂ ਟਾਹਣੀਆਂ ਦੀ ਕਟਾਈ ਕਰਵਾਈ। ਇਸ ਮੌਕੇ ਸੇਵਾਦਾਰ ਕਾਨੂ ਸ਼ਰਮਾ ਨੇ ਦੱਸਿਆ ਕਿ ਲਗਾਤਾਰ ਮੀਂਹ ਕਾਰਨ ਸਕੂਲ ਕੈਂਪਸ ਵਿੱਚ ਦਰੱਖਤ ਇੱਕ ਪਾਸੇ ਝੁਕ ਗਿਆ ਸੀ, ਜਿਸ ਨਾਲ ਸਕੂਲ ਦੇ ਬਾਥਰੂਮ ਦੀ ਟੈਂਕੀ ਟੁੱਟ ਗਈ ਤੇ ਕੰਧ ਡਿੱਗਣ ਦਾ ਖ਼ਤਰਾ ਬਣ ਗਿਆ। ਉਸ ਨੇ ਦੱਸਿਆ ਕਿ ਦਰੱਖਤ ਦਾ ਇੱਕ ਵੱਡਾ ਹਿੱਸਾ ਨੇੜਲੇ ਘਰਾਂ 'ਤੇ ਡਿੱਗ ਸਕਦਾ ਸੀ, ਜਿਸ ਨਾਲ ਕਿਸੇ ਵੱਡੇ ਹਾਦਸੇ ਦਾ ਖ਼ਤਰਾ ਬਣ ਸਕਦਾ ਸੀ ਪ੍ਰੰਤੂ ਕੌਂਸਲ ਦੇ ਅਧਿਕਾਰੀਆਂ ਨੇ ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਸੜਕਾਂ 'ਤੇ ਰਿਹਾਇਸ਼ੀ ਖੇਤਰਾਂ ਤੋਂ ਦਰੱਖਤ ਨੂੰ ਹਟਾਉਣ ਲਈ ਢੁਕਵੇਂ ਕਦਮ ਚੁੱਕੇ। ਮੁਹੱਲਾ ਨਿਵਾਸੀਆਂ ਨੇ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦਾ ਵੀ ਧੰਨਵਾਦ ਕੀਤਾ।

## ਆਰਥਿਕ ਸਰਵੇ ਦਾ ਵੱਡਾ ਖੁਲਾਸਾ

# ਬੱਚਿਆਂ ਨੂੰ ਸੋਸ਼ਲ ਮੀਡੀਆ ਦੀ ਆਦਤ ਤੋਂ ਬਚਾਉਣਾ ਹੈ ਤਾਂ ਲਗਾਉਣੀਆਂ ਹੀ ਪੈਣਗੀਆਂ ਪਾਬੰਦੀਆਂ

ਨਵੀਂ ਦਿੱਲੀ, 30 ਜਨਵਰੀ (ਚ.ਨ.ਸ): ਦੇਸ਼ 'ਚ ਵਧਦੀ ਡਿਜੀਟਲ ਆਦਤ ਬਾਰੇ ਸਰਕਾਰ ਨੇ ਗੰਭੀਰ ਚਿੰਤਾ ਜ਼ਾਹਰ ਕਰਦੇ ਹੋਏ ਇਸ ਦੀ ਰੈਗੂਲੇਸ਼ਨ ਦੀ ਜ਼ਰੂਰਤ ਦੱਸੀ ਹੈ।ਸੰਸਦ 'ਚ ਪੇਸ਼ ਆਰਥਿਕ ਸਰਵੇਖਣ 2025-26 'ਚ ਕਿਹਾ ਗਿਆ ਹੈ ਕਿ ਸੋਸ਼ਲ ਮੀਡੀਆ ਤੇ ਹੋਰ ਆਨਲਾਈਨ ਪਲੇਟਫਾਰਮਾਂ 'ਤੇ ਬੱਚਿਆਂ ਤੇ ਅੱਲ੍ਹੜਾਂ ਦੀ ਵਧਦੀ ਨਿਰਭਰਤਾ ਉਨ੍ਹਾਂ ਦੀ ਮਾਨਸਿਕ ਸਿਹਤ, ਪੜ੍ਹਾਈ ਤੇ ਸਮਾਜਿਕ ਜੀਵਨ 'ਤੇ ਮਾੜਾ ਅਸਰ ਪਾ ਰਹੀ ਹੈ।ਇਸ ਸਮੱਸਿਆ ਨਾਲ ਨਜਿੱਠਣ ਲਈ ਸਰਵੇਖਣ ਨੇ ਆਨਲਾਈਨ ਕੰਪਨੀਆਂ ਨੂੰ ਉਮਰ ਤਸਦੀਕ ਲਈ ਜ਼ਿੰਮੇਵਾਰ ਬਣਾਉਣ ਤੇ ਬੱਚਿਆਂ ਲਈ ਸਰਲ ਤੇ ਸੁਰੱਖਿਅਤ ਡਿਜੀਟਲ ਉਪਕਰਨਾਂ ਨੂੰ ਹੁਲਾਰਾ ਦੇਣ ਦੀ ਸਿਫ਼ਾਰਸ਼ ਕੀਤੀ ਹੈ।ਭਾਰਤ ਸਰਕਾਰ ਦੇ ਮੁੱਖ ਆਰਥਿਕ ਸਲਾਹਕਾਰ ਵੀ. ਅਨੰਤ ਨਾਗੇਸ਼ਵਰਨ ਨੇ ਆਰਥਿਕ ਸਰਵੇਖਣ 'ਚ ਕਿਹਾ ਕਿ ਬੱਚਿਆਂ ਨੂੰ ਡਿਜੀਟਲ ਆਦਤ ਤੋਂ ਬਚਾਉਣ 'ਚ ਪਰਿਵਾਰਾਂ ਨੂੰ ਅਹਿਮ ਭੂਮਿਕਾ ਨਿਭਾਉਣੀ ਪਵੇਗੀ।ਜ਼ਿਕਰਯੋਗ ਹੈ ਕਿ ਦੁਨੀਆ ਭਰ 'ਚ ਛੋਟੇ ਬੱਚਿਆਂ ਲਈ ਸੋਸ਼ਲ ਮੀਡੀਆ ਨੂੰ ਖ਼ਤਰਨਾਕ ਦੱਸਿਆ ਜਾ ਰਿਹਾ ਹੈ।ਆਸਟ੍ਰੇਲੀਆ ਤੇ ਫਿਨਲੈਂਡ ਨੇ 15 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ 'ਤੇ ਪਾਬੰਦੀ ਲਈ ਜਿੱਥੇ ਕਾਨੂੰਨ ਲਾਗੂ ਕੀਤਾ ਹੈ, ਉਥੇ ਫਰਾਂਸ ਦੀ ਨੈਸ਼ਨਲ ਅਸੈਂਬਲੀ 'ਚ ਅਜਿਹਾ ਕਾਨੂੰਨ ਲਿਆਉਣ 'ਤੇ ਸਹਿਮਤੀ ਬਣੀ ਹੈ।ਉਧਰ ਬਰਤਾਨੀਆ, ਡੈਨਮਾਰਕ ਤੇ ਗ੍ਰੀਸ ਇਸ ਮੁੱਦੇ 'ਤੇ ਵਿਆਪਕ ਅਧਿਐਨ ਕਰ ਰਹੇ ਹਨ।ਦੁਨੀਆ ਦੇ ਦੂਜੇ ਨੰਬਰ ਦੇ ਸਮਾਰਟਫੋਨ ਬਾਜ਼ਾਰ, ਭਾਰਤ ਲਈ ਇਹ ਖ਼ਾਸ ਚਿੰਤਾ ਦਾ ਵਿਸ਼ਾ ਇਸ ਲਈ ਵੀ ਹੈ ਕਿਉਂਕਿ ਦੇਸ਼ 'ਚ ਸਾਲਾਨਾ 75 ਕਰੋੜ ਤੋਂ ਜ਼ਿਆਦਾ ਸਮਾਰਟਫੋਨ ਵਿਕਦੇ ਹਨ।ਰਿਸਰਚ ਫਰਮ ਡਾਟਾਰਿਪੋਰਟਲ ਮੁਤਾਬਿਕ, ਦੇਸ਼ 'ਚ ਇਕ ਅਰਬ ਤੋਂ ਜ਼ਿਆਦਾ ਇੰਟਰਨੈੱਟ ਯੂਜ਼ਰ ਹਨ, 50 ਕਰੋੜ ਤੋਂ ਜ਼ਿਆਦਾ ਯੂਟਿਊਬ ਯੂਜ਼ਰ, 40 ਕਰੋੜ ਤੋਂ ਜ਼ਿਆਦਾ ਫੇਸਬੁੱਕ ਯੂਜ਼ਰ ਤੇ 48 ਕਰੋੜ ਤੋਂ ਜ਼ਿਆਦਾ ਇਸਟਾਗ੍ਰਾਮ ਯੂਜ਼ਰ ਹਨ।ਆਰਥਿਕ ਸਰਵੇਖਣ ਮੁਤਾਬਕ, ਇਨ੍ਹਾਂ ਐਪਸ 'ਤੇ 75 ਫ਼ੀਸਦੀ ਤੋਂ ਜ਼ਿਆਦਾ ਛੋਟੀ ਉਮਰ ਦੇ ਯੂਜ਼ਰਸ ਹਨ।ਸੰਸਦ 'ਚ ਰੱਖੀ ਗਈ ਆਰਥਿਕ ਸਰਵੇਖਣ ਦੀ ਰਿਪੋਰਟ ਮੁਤਾਬਕ, ਛੋਟੀ ਉਮਰ ਦੇ ਯੂਜ਼ਰਸ ਡਿਜੀਟਲ ਕੰਟੈਂਟ ਦੇ ਨਕਾਰਾਤਮਕ ਪ੍ਰਭਾਵਾਂ ਪ੍ਰਤੀ ਜ਼ਿਆਦਾ ਸੰਵੇਦਨਸ਼ੀਲ ਹੁੰਦੇ ਹਨ। ਸੋਸ਼ਲ ਮੀਡੀਆ, ਆਨਲਾਈਨ ਗੇਮਿੰਗ, ਜੂਆ ਐਪਸ, ਆਟੋ ਪਲੇਅ ਵੀਡੀਓ ਤੇ ਟਾਰਗੇਟਿਡ ਇਸ਼ਤਿਹਾਰਾਂ ਤੱਕ ਬੱਚਿਆਂ ਦੀ ਅਸਾਨ ਪਹੁੰਚ ਚਿੰਤਾ ਦਾ ਵਿਸ਼ਾ ਬਣ ਗਈ ਹੈ। ਸਰਵੇਖਣ ਦਾ ਕਹਿਣਾ ਹੈ ਕਿ ਉਮਰ ਦੇ ਆਧਾਰ 'ਤੇ ਆਨਲਾਈਨ ਪਲੇਟਫਾਰਮ ਦੀ ਪਹੁੰਚ ਸੀਮਤ ਕਰਨ ਦੀ ਨੀਤੀ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

# ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਬੇਤਹਾਸ਼ਾ ਵਾਧੇ ਦਾ ਮਸਲਾ ਰਾਜ ਸਭਾ 'ਚ ਉੱਠਿਆ

ਨਵੀਂ ਦਿੱਲੀ, 30 ਜਨਵਰੀ (ਚ.ਨ.ਸ): ਰਾਜ ਸਭਾ 'ਚ ਵੀਰਵਾਰ ਨੂੰ ਕਾਂਗਰਸ ਦੇ ਇਕ ਮੈਂਬਰ ਨੇ ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਹਾਲ ਹੀ 'ਚ ਹੋਏ ਬੇਤਹਾਸ਼ਾ ਵਾਧੇ 'ਤੇ ਚਿੰਤਾ ਪ੍ਰਗਟਾਈ ਤੇ ਸਰਕਾਰ ਤੋਂ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ। ਉੱਚ ਸਦਨ 'ਚ ਸਿਫ਼ਰ ਕਾਲ ਦੌਰਾਨ ਕਾਂਗਰਸ ਮੈਂਬਰ ਨੀਰਜ ਡਾਂਗੀ ਨੇ ਇਹ ਮੁੱਦਾ ਉਠਾਇਆ ਤੇ ਕਿਹਾ ਕਿ ਦੇਸ਼ 'ਚ ਸੋਨੇ ਤੇ ਚਾਂਦੀ ਦੀਆਂ ਬੇਕਾਬੂ ਕੀਮਤਾਂ ਨੇ ਗ੍ਰਾਮੀਣ ਭਾਰਤ ਖਾਸ ਕਰਕੇ ਔਰਤਾਂ ਤੇ



ਵਿਆਹ ਵਾਲੇ ਪਰਿਵਾਰਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ 13 ਮਹੀਨਿਆਂ 'ਚ ਭਾਵ ਦਸੰਬਰ 2024 ਤੋਂ ਜਨਵਰੀ 2026 ਵਿਚਾਲੇ ਭਾਰਤ 'ਚ ਚਾਂਦੀ ਦੀਆਂ ਕੀਮਤਾਂ 'ਚ ਕਰੀਬ 306 ਫ਼ੀਸਦੀ ਤੇ ਸੋਨੇ ਦੀਆਂ ਕੀਮਤਾਂ 'ਚ 111 ਫ਼ੀਸਦੀ ਦਾ ਵਾਧਾ ਹੋਇਆ ਹੈ। ਨੀਰਜ ਡਾਂਗੀ ਨੇ ਕਿਹਾ ਕਿ ਭਾਰਤ 'ਚ ਸੋਨਾ-ਚਾਂਦੀ ਔਰਤ ਦੀ ਸੁਰੱਖਿਆ, ਆਤਮ-ਸਨਮਾਨ ਤੇ ਪਾਰਿਵਾਰਕ ਭਵਿੱਖ ਨਾਲ ਜੁੜਿਆ ਹੈ ਤੇ ਅਜਿਹੇ ਦੇਸ਼ 'ਚ ਇਨ੍ਹਾਂ ਦੀਆਂ ਕੀਮਤਾਂ 'ਚ ਇਸ ਕਦਰ ਬੇਲਗਾਮ ਵਾਧਾ ਸਰਕਾਰ ਦੀ ਗੰਭੀਰ ਨੀਤੀਗਤ ਤੇ ਆਰਥਿਕ ਅਸਫ਼ਲਤਾ ਨੂੰ ਦਰਸਾਉਂਦਾ ਹੈ। ਡਾਂਗੀ ਨੇ ਕਿਹਾ ਕਿ ਪੇਂਡੂ ਖੇਤਰਾਂ 'ਚ ਕਈ ਪਰਿਵਾਰ ਵਿਆਹ ਦੇ ਮੌਕੇ 'ਤੇ ਘੱਟ-ਘੱਟ ਗਹਿਣੇ ਵੀ ਖਰੀਦਣ 'ਚ ਅਸਮਰੱਥ ਹਨ, ਕਈ ਮੱਧ ਵਰਗੀ ਪਰਿਵਾਰਾਂ ਨੇ ਵਿਆਹ ਨੂੰ ਟਾਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਮੰਦਭਾਗਾ ਹੈ ਕਿ ਇਕ ਪਾਸੇ ਸਰਕਾਰ ਮਹਿਲਾ ਸਸ਼ਕਤੀਕਰਨ ਦੀ ਗੱਲ ਕਰ ਰਹੀ ਹੈ, ਦੂਜੇ ਪਾਸੇ ਉੱਚੀ ਦਰਾਮਦ ਡਿਊਟੀ, ਭਾਰੀ ਜੀ. ਐੱਸ.ਟੀ., ਸੱਟੇਬਾਜ਼ਾਂ ਤੇ ਜਮ੍ਹਾਖੋਰਾਂ 'ਤੇ ਲਗਾਮ ਨਾ ਲਗਾ ਕੇ ਔਰਤਾਂ ਦੀ ਬੱਚਤ ਨੂੰ ਲਗਾਤਾਰ ਮੁੱਲਹੀਣ ਬਣਾ ਰਹੀ ਹੈ। ਉਨ੍ਹਾਂ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਮੌਜੂਦਾ ਨੀਤੀਆਂ 'ਚ ਆਮ ਔਰਤਾਂ ਨੂੰ ਸਜ਼ਾ ਮਿਲ ਰਹੀ ਹੈ, ਉੱਥੇ ਹੀ ਜਮ੍ਹਾਖੋਰਾਂ ਨੂੰ ਸੁਰੱਖਿਆ ਮਿਲ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਸਰਕਾਰ ਤੁਰੰਤ ਦਖ਼ਲ ਦੇਵੇ ਤੇ ਸੱਟੇਬਾਜ਼ਾਂ ਤੇ ਜਮ੍ਹਾਖੋਰਾਂ ਦੇ ਖ਼ਿਲਾਫ ਕਾਰਵਾਈ ਕਰੇ। ਸਿਫ਼ਰ ਕਾਲ 'ਚ ਹੀ ਮਾਕਪਾ ਮੈਂਬਰ ਵੀ. ਸ਼ਿਵਦਾਸਨ ਨੇ ਦੇਸ਼ 'ਚ ਸਿੱਖਿਆ ਖੇਤਰ ਨੂੰ ਉਤਸ਼ਾਹ ਦੇਣ ਦੀ ਮੰਗ ਕੀਤੀ। ਉੱਥੇ ਹੀ ਉਨ੍ਹਾਂ ਦੀ ਹੀ ਪਾਰਟੀ ਦੇ ਜੌਨ ਬ੍ਰਿਟਾਸ ਨੇ ਹਵਾਈ ਕਿਰਾਇਆਂ ਨੂੰ ਕੰਟਰੋਲ ਕਰਨ ਤੇ ਹਵਾਈ ਯਾਤਰਾ ਨੂੰ ਸੁਰੱਖਿਅਤ ਬਣਾਉਣ ਦੀ ਮੰਗ ਕੀਤੀ।

# ਸੰਤ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੀ ਯਾਦ 'ਚ ਚੌਥਾ ਮਹਾਨ ਗੁਰਮਤਿ ਸਮਾਗਮ ਕਰਵਾਇਆ




ਬੜੂ ਸਾਹਿਬ, 30 ਜਨਵਰੀ (ਅੰਮ੍ਰਿਤਪਾਲ ਸਿੰਘ): 20ਵੀਂ ਸਦੀ ਦੇ ਮਹਾਨ ਤਪੱਸਵੀ, ਰਾਜਯੋਗੀ, ਪੂਰਨ ਬ੍ਰਹਮਗਿਆਨੀ, ਵਿੱਦਿਆਦਾਨੀ ਸ੍ਰੀਮਾਨ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੇ ਤੇ ਗੁਰਮੁਖ ਪਿਆਰੇ ਸੰਤ ਤੇਜਾ ਸਿੰਘ ਜੀ ਦੇ ਅਨਿੰਨ ਸੇਵਕ, ਕਲਗੀਧਰ ਟਰੱਸਟ ਬੜੂ ਸਾਹਿਬ ਦੇ ਸਾਬਕਾ ਪ੍ਰਧਾਨ ਸੱਚਖੰਡ ਵਾਸੀ ਪਦਮਸ਼੍ਰੀ, ਵਿੱਦਿਆ ਮਾਰਤੰਡ, ਸ਼੍ਰੋਮਣੀ ਪੰਥ ਰਤਨ ਸੰਤ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਚੌਥਾ ਸਾਲਾਨਾ ਮਹਾਨ ਗੁਰਮਤਿ ਸਮਾਗਮ 27, 28 ਤੇ 29 ਜਨਵਰੀ ਨੂੰ ਤਪੋ-ਭੂਮੀ ਗੁਰਦੁਆਰਾ ਬੜੂ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮਹਾਨ ਸਮਾਗਮ ਵਿੱਚ ਸੰਤ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੀ ਮਿੱਠੀ ਤੇ ਨਿੱਘੀ ਯਾਦ ਵਿੱਚ 4021 ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਬਹੁਤ ਹੀ ਸਤਿਕਾਰ ਤੇ ਸ਼ਰਧਾ ਨਾਲ ਪਾਏ ਗਏ। ਇਸ ਮਹਾਨ ਗੁਰਮਤਿ ਸਮਾਗਮ ਵਿੱਚ ਪੰਥ-ਪ੍ਰਸਿੱਧ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ। ਇਸ ਸਮਾਗਮ ਮੌਕੇ ਭਾਈ ਸਾਹਿਬ ਭਾਈ ਹਰਪਾਲ ਸਿੰਘ ਜੀ ਫਤਿਹਗੜ੍ਹ ਸਾਹਿਬ ਵਾਲੇ, ਸੰਤ ਬਾਬਾ ਕਾਕਾ ਸਿੰਘ ਜੀ, ਬੁੰਗਾ ਮਸਤੂਆਣਾ ਸਾਹਿਬ, ਕੀਰਤਨੀ ਜਥਾ ਅਕਾਲ ਅਕੈਡਮੀ ਬੜੂ ਸਾਹਿਬ ਦੇ ਵਿੱਦਿਆਰਥੀ, ਅਕਾਲ ਗੁਰਮਤਿ ਸੰਗੀਤ ਵਿੱਦਿਆਲੇ ਦੇ ਵਿਦਿਆਰਥੀ, ਅਨਾਹਦ ਬਾਣੀ ਤੰਤੀ ਸਾਜ ਜਥਾ (ਇੰਟਰਨਲ ਯੂਨੀਵਰਸਿਟੀ) ਵੱਲੋਂ ਹਾਜ਼ਰੀ ਭਰੀ ਗਈ। ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਜੀ ਨੇ ਸੰਗਤਾਂ ਨਾਲ ਗੁਰਮਤਿ ਬਚਨਾਂ ਦੀ ਸਾਂਝ ਪਾਈ ਤੇ ਉਨ੍ਹਾਂ ਕਿਹਾ ਕਿ ਇਹ ਸਮਾਗਮ ਵਿਸ਼ੇਸ਼ ਤੌਰ 'ਤੇ ਸਰਬ ਸਾਂਝੀਵਾਲਤਾ ਨੂੰ ਸਮਰਪਿਤ ਰਿਹਾ, ਜਿਸ ਵਿੱਚ ਹਰ ਧਰਮ ਦੇ ਸੰਤ ਮਹਾਪੁਰਖਾਂ ਨੇ ਸੰਗਤ ਦੇ ਦਰਸ਼ਨ ਕੀਤੇ ਤੇ ਸਮੂਹ ਸੰਗਤ ਨੂੰ ਆਪਣੇ ਬਚਨਾਂ ਨਾਲ ਨਿਹਾਲ ਕੀਤਾ। ਡਾ. ਦਵਿੰਦਰ ਸਿੰਘ ਜੀ ਤੇ ਉੱਪ-ਪ੍ਰਧਾਨ ਭਾਈ ਜਗਜੀਤ ਸਿੰਘ ਜੀ ਨੇ ਸਮਾਗਮ 'ਤੇ ਪਹੁੰਚੇ ਸਿੰਘ ਸਾਹਿਬਾਨ ਤੇ ਕੀਰਤਨੀਏ, ਕਥਾਵਾਚਕਾਂ ਦਾ ਤੇ ਦੇਸ਼ਾਂ-ਵਿਦੇਸ਼ਾਂ ਤੋਂ ਸੰਗਤ ਵੱਲੋਂ ਹਾਜ਼ਰੀ ਭਰਨ 'ਤੇ ਤਹਿ ਦਿਲੋਂ ਧੰਨਵਾਦ ਕੀਤਾ।

# ਪਿਛਲੇ 5 ਸਾਲਾਂ 'ਚ ਕਈ ਵੱਡੇ ਦੇਸ਼ਾਂ 'ਚ ਵਿਆਜ ਭੁਗਤਾਨ ਤੇਜ਼ੀ ਨਾਲ ਵਧਿਆ

ਲੰਡਨ, 30 ਜਨਵਰੀ (ਚ.ਨ.ਸ): ਦੁਨੀਆ ਵਿਚ ਕਰਜ਼ੇ ਦਾ ਸੰਕਟ ਲੰਬੇ ਸਮੇਂ ਤਕ ਗਰੀਬ ਤੇ ਵਿਕਾਸਸ਼ੀਲ ਦੇਸ਼ਾਂ ਦੀ ਸਮੱਸਿਆ ਮੰਨੀ ਜਾਂਦੀ ਰਹੀ ਹੈ, ਪਰ ਹੁਣ ਇਹ ਖ਼ਤਰਾ ਦੁਨੀਆ ਦੇ ਸਭ ਤੋਂ ਅਮੀਰ ਅਰਥਚਾਰਿਆਂ ਤੋਂ ਪੈਦਾ ਹੋ ਰਿਹਾ ਹੈ। ਅਮਰੀਕਾ, ਬ੍ਰਿਟੇਨ, ਫਰਾਂਸ, ਇਟਲੀ ਤੇ ਜਪਾਨ ਵਰਗੇ ਦੇਸ਼ਾਂ 'ਤੇ ਰਿਕਾਰਡ ਜਾਂ ਲਗਭਗ ਰਿਕਾਰਡ ਦਾ ਪੱਧਰ ਸਰਕਾਰੀ ਕਰਜ਼ਾ ਆਲਮੀ ਆਰਥਿਕ ਵਿਕਾਸ ਨੂੰ ਕਮਜ਼ੋਰ ਕਰਨ ਤੇ ਵਿੱਤੀ ਅਸਥਿਰਤਾ ਵਧਾਉਣ ਦਾ ਖਦਸ਼ਾ ਪੈਦਾ ਕਰ ਰਿਹਾ ਹੈ। ਮਾਹਰਾਂ ਦਾ ਕਹਿਣਾ ਹੈ ਕਿ ਭਾਰੀ ਕਰਜ਼ੇ ਦਾ ਸਿੱਧਾ ਅਸਰ ਵਿਕਾਸ ਖਰਚ, ਆਮ ਲੋਕਾਂ ਦੀ ਜੇਬ ਤੇ ਭਵਿੱਖ ਦੇ ਸੰਕਟਾਂ ਨਾਲ ਨਜਿੱਠਣ ਦੀ ਸਰਕਾਰੀ ਸਮਰੱਥਾ 'ਤੇ ਪੈ ਰਿਹਾ ਹੈ। ਅੰਤਰਰਾਸ਼ਟਰੀ ਮੁਦਰਾ ਫ਼ੰਡ ਮੁਤਾਬਕ, ਅਮੀਰ ਦੇਸ਼ਾਂ ਦੇ ਗਰੁੱਪ ਜੀ7 ਦੇ ਛੇ ਦੇਸ਼ਾਂ ਵਿਚ ਸਰਕਾਰੀ ਕਰਜ਼ਾ ਹੁਣ ਉਨ੍ਹਾਂ ਦੇ ਸਾਲਾਨਾ ਕੁੱਲ ਘਰੇਲੂ ਉਤਪਾਦ (ਜੀਡੀਪੀ) ਦੇ ਬਰਾਬਰ ਜਾਂ ਉਸ ਤੋਂ ਜ਼ਿਆਦਾ ਹੋ ਚੁੱਕਾ ਹੈ। ਇਸਦਾ ਮਤਲਬ ਇਹ ਹੈ ਕਿ ਸਰਕਾਰਾਂ ਨੂੰ ਸਿੱਖਿਆ, ਸਿਹਤ, ਸੜਕਾਂ, ਜਨਤਕ ਰਿਹਾਇਸ਼ੀ ਤੇ ਤਕਨੀਕੀ ਵਿਕਾਸ ਵਰਗੇ ਖੇਤਰਾਂ 'ਚ ਖਰਚ ਕਰਨ ਦੀ ਬਜਾਏ ਵੱਡੀ ਰਕਮ ਸਿਰਫ਼ ਵਿਆਜ ਚੁੱਕਣ 'ਚ ਲਗਾਉਣੀ ਪੈ ਰਹੀ ਹੈ। ਪਿਛਲੇ 5 ਸਾਲਾਂ ਵਿਚ ਕਈ ਦੇਸ਼ਾਂ ਵਿਚ ਵਿਆਜ ਭੁਗਤਾਨ ਤੇਜ਼ੀ ਨਾਲ ਵਧਿਆ ਹੈ। ਜਿਸ ਨਾਲ ਕਰਦਾਤਾ ਦਾ ਪੈਸਾ ਵਿਕਾਸ ਦੀ ਬਜਾਏ ਕਰਜ਼ ਸੇਵਾ ਵਿਚ ਜਾ ਰਿਹਾ ਹੈ।

**ਕਰਜ਼ ਦੇ ਬੋਝ ਨਾਲ ਉਧਾਰੀ ਹੋਈ ਮਹਿੰਗੀ:** ਕਰਜ਼ ਦੇ ਵਧਦੇ ਬੋਝ ਨੇ ਉਧਾਰੀ ਨੂੰ ਮਹਿੰਗਾ ਬਣਾ ਦਿੱਤਾ ਹੈ। ਜਦੋਂ ਸਰਕਾਰਾਂ ਵੱਧ ਵਿਆਜ਼ 'ਤੇ ਕਰਜ਼ਾ ਲੈਂਦੀਆਂ ਹਨ ਤਾਂ ਇਸ ਦਾ ਅਸਰ ਪੂਰੇ ਵਿੱਤੀ ਢਾਂਚੇ 'ਤੇ ਪੈਂਦਾ ਹੈ। ਨਤੀਜੇ ਵਜੋਂ ਵਪਾਰ, ਘਰ ਖ੍ਰੀਦਣ, ਗੱਡੀਆਂ ਤੇ ਖ਼ਪਤਕਾਰ ਕਰਜ਼ੇ ਦੇ ਨਾਲ ਨਾਲ ਕ੍ਰੈਡਿਟ ਕਾਰਡ 'ਤੇ ਵੀ ਵਿਆਜ ਦਰਾਂ ਵਧ ਜਾਂਦੀਆਂ ਹਨ ਤੇ ਮਹਿੰਗਾਈ ਦਾ ਦਬਾਅ ਵਧਦਾ ਹੈ। ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਇਹ ਸਥਿਤੀ ਖਾਸ ਤੌਰ 'ਤੇ ਦਰਮਿਆਨੇ ਤੇ ਹੇਠਲੇ ਆਮਦਨ ਵਰਗ ਲਈ ਵਧ ਨੁਕਸਾਨਦਾਇਕ ਹੈ।

**2008 ਦੀ ਆਲਮੀ ਮੰਦੀ ਜ਼ਿੰਮੇਵਾਰੀ:** ਮਾਹਿਰ ਇਸ ਗੱਲ ਬਾਰੇ ਵੀ ਫਿਕਰਮੰਦ ਹਨ ਕਿ ਵਾਧੂ ਕਰਜ਼ਾ ਸਰਕਾਰਾਂ ਦੀ ਸੰਕਟ ਨਾਲ ਨਜਿੱਠਣ ਦੀ ਤਾਕਤ ਨੂੰ ਕਮਜ਼ੋਰ ਕਰ ਦਿੰਦੀ ਹੈ। ਹਾਰਵਰਡ ਯੂਨੀਵਰਸਿਟੀ ਦੇ ਅਰਥਸ਼ਾਸਤਰੀ ਕੇਨੇਥ ਰੋਗਾਫ ਮੁਤਾਬਕ ਕਿਸੇ ਵਿੱਤੀ ਸੰਕਟ, ਮਹਾਂਮਾਰੀ ਜਾਂ ਜੰਗ ਵਰਗੀਆਂ ਹਾਲਾਤਾਂ ਵਿਚ ਸਰਕਾਰਾਂ ਨੂੰ ਤੇਜ਼ੀ ਨਾਲ ਅਤੇ ਵੱਡੇ ਪੱਧਰ 'ਤੇ ਖਰਚ ਕਰਨ ਦੀ ਲੋੜ ਹੁੰਦੀ ਹੈ ਪਰ ਪਹਿਲਾਂ ਹੀ ਭਾਰੀ ਕਰਜ਼ੇ ਵਿਚ ਡੁੱਬੀਆਂ ਸਰਕਾਰਾਂ ਲਈ ਅਜਿਹਾ ਕਰਨਾ ਮੁਸ਼ਕਲ ਹੋ ਜਾਂਦਾ ਹੈ। 2008 ਦੀ ਆਲਮੀ ਮੰਦੀ ਅਤੇ ਕੋਵਿਡ-19 ਮਹਾਮਾਰੀ ਦੌਰਾਨ ਦਿੱਤੇ ਗਏ ਰਾਹਤ ਪੈਕੇਜਾਂ ਨਾਲ ਕਰਜ਼ਾ ਤਾਂ ਵਧਿਆ ਪਰ ਉਸਤੋਂ ਬਾਅਦ ਵੀ ਕਈ ਦੇਸ਼ਾਂ ਵਿਚ ਕਰਜ਼ੇ ਦਾ ਪੱਧਰ ਹੇਠਾਂ ਨਹੀਂ ਆਇਆ।

# ਵਿੱਤੀ ਸਾਲ 2026-27 'ਚ ਭਾਰਤ ਵਿਕਾਸ ਦਰ ਦੁਨੀਆਂ 'ਚ ਸਭ ਤੋਂ ਤੇਜ਼ ਬਣੀ ਰਹੇਗੀ

ਨਵੀਂ ਦਿੱਲੀ, 30 ਜਨਵਰੀ (ਚ.ਨ.ਸ): ਅਗਲੇ ਵਿੱਤੀ ਸਾਲ 2026-27 ਵਿਚ ਭਾਰਤ ਵਿਕਾਸ ਦਰ ਦੁਨੀਆਂ 'ਚ ਸਭ ਤੋਂ ਤੇਜ਼ ਬਣੀ ਰਹੇਗੀ। ਵੀਰਵਾਰ ਨੂੰ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਸੰਸਦ ਵਿਚ ਪੇਸ਼ ਕੀਤੇ ਗਏ ਆਰਥਿਕ ਸਰਵੇਖਣ 'ਚ ਘਰੇਲੂ ਵਿਕਾਸ ਦਰ ਦੀ ਮਜ਼ਬੂਤੀ ਤੇ ਮਹਿੰਗਾਈ ਦਰ ਘੱਟ ਰਹਿਣ ਕਾਰਨ ਅਗਲੇ ਵਿੱਤੀ ਸਾਲ ਵਿਚ ਆਰਥਿਕ ਵਿਕਾਸ ਦਰ 68 ਤੋਂ 72 ਫੀਸਦੀ ਦਰਮਿਆਨ ਰਹਿਣ ਦਾ ਅਨੁਮਾਨ ਲਗਾਇਆ ਗਿਆ ਹੈ। ਵੱਖ ਵੱਖ ਦੇਸ਼ਾਂ ਵਿਚ ਜਾਰੀ ਕਾਰੋਬਾਰੀ ਜੰਗ ਤੇ ਭੂ-ਸਿਆਸੀ ਉਥਲ ਪੁਥਲ ਕਾਰਨ ਆਲਮੀ ਪੱਧਰ 'ਤੇ ਭਾਰਤ ਦੇ ਅਰਥਚਾਰੇ ਨੂੰ ਬਹੁਤ ਜ਼ਿਆਦਾ ਮਿਲਣ ਦੀ ਸੰਭਾਵਨਾ ਨਹੀਂ ਹੈ। ਜੇਕਰ ਇਸ ਕੈਲੰਡਰ ਸਾਲ ਵਿਚ ਅਮਰੀਕਾ ਨਾਲ ਵਪਾਰ ਸਮਝੌਤਾ ਨਹੀਂ ਹੁੰਦਾ ਤਾਂ ਭਾਰਤੀ ਵਿਕਾਸ ਦਰ ਪ੍ਰਭਾਵਿਤ ਹੋ ਸਕਦੀ ਹੈ।ਦੂਜੇ ਪਾਸੇ, ਚਾਲੂ ਵਿੱਤੀ ਸਾਲ 2025-26 ਵਿਚ ਅਮਰੀਕਾ ਵੱਲੋਂ 50 ਫੀਸਦੀ ਟੈਕਸ ਲਗਾਏ ਜਾਣ ਦੇ ਬਾਵਜੂਦ ਸਰਵਿਸ ਸੈਕਟਰ ਦੀ ਬਰਾਮਦ ਵਿਚ ਤੇਜ਼ੀ ਨਾਲ ਵਿਕਾਸ ਦਰ ਦਾ 74 ਫੀਸਦੀ ਤੋਂ ਜ਼ਿਆਦਾ ਰਹਿਣ ਦਾ ਅਨੁਮਾਨ ਲਗਾਇਆ ਗਿਆ ਹੈ। ਚਾਲੂ ਵਿੱਤੀ ਸਾਲ ਦੇ ਅਪ੍ਰੈਲ-ਦਸੰਬਰ ਵਿਚ ਵਸਤੂ ਅਤੇ ਸੇਵਾ ਨੂੰ ਮਿਲਾ ਕੇ ਪਿਛਲੇ ਵਿੱਤੀ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 59 ਫੀਸਦੀ ਦਾ ਵਾਧਾ ਹੋਇਆ ਹੈ। ਹਾਲਾਂਕਿ ਜਿਸ ਹਿਸਾਬ ਨਾਲ ਅਮਰੀਕਾ ਵਿਚ ਹੋਣ ਵਾਲੀ ਬਰਾਮਦ ਦੀ ਵਾਧਾ ਦਰ ਘੱਟ ਹੋ ਰਹੀ ਹੈ, ਉਸਨੂੰ ਦੇਖਦਿਆਂ ਅਮਰੀਕਾ ਨਾਲ ਵਪਾਰ ਸਮਝੌਤਾ ਨਾ ਹੋਣ ਕਾਰਨ, ਵਿਕਾਸ ਦਰ 'ਤੇ ਅਸਰ ਪੈ ਸਕਦਾ ਹੈ। ਆਰਥਿਕ ਸਰਵੇਖਣ 2025-26 ਦਾ ਹਾਵਾਲਾ ਦਿੰਦੇ ਹੋਏ ਦੇਸ਼ ਦੇ ਮੁੱਖ ਆਰਥਿਕ ਸਲਾਹਕਾਰ ਵੀ. ਅਨੰਤ ਨਾਗੇਸ਼ਵਰਨ ਕਹਿੰਦੇ ਹਨ ਕਿ ਜੇਕਰ ਮੈਨੂੰਫੈਕਚਰਿੰਗ ਅਤੇ ਬਰਾਮਦ 'ਤੇ ਫੋਕਸ ਕੀਤਾ ਜਾਵੇ ਤਾਂ ਭਾਰਤ ਆਪਣੀ ਵਿਕਾਸ ਦਰ ਨੂੰ 7.5 ਤੋਂ 8 ਫੀਸਦੀ ਤੱਕ ਲਿਜਾ ਸਕਦਾ ਹੈ। ਸੂਬਿਆਂ ਨੂੰ ਵੀ ਆਪਣੀ ਨੀਤੀ ਵਿਚ ਕੇਂਦਰ ਮੁਤਾਬਕ ਬਦਲਾਅ ਕਰਨਾ ਪਵੇਗਾ ਤੇ ਨੌਕਰਸ਼ਾਹੀ ਨੂੰ ਅੰਗਰੇਜ਼ਾਂ ਦੇ ਜ਼ਮਾਨੇ ਦੀ ਮਾਨਸਿਕਤਾ 'ਚੋਂ ਬਾਹਰ ਕੱਢ ਕੇ ਫਾਲਤੂ ਦੇ ਨਿਯਮਾਂ ਤੋਂ ਸਨਅਤ ਜਗਤ ਨੂੰ ਮੁਕਤ ਕਰਨਾ ਪਵੇਗਾ।

# ਵਿਦਿਆਰਥੀਆਂ ਨੂੰ ਧਾਰਮਿਕ ਪ੍ਰੀਖਿਆ 'ਚ ਮੱਲਾਂ ਮਾਰਨ 'ਤੇ ਵੰਡੇ ਵਜ਼ੀਫ਼ੇ



ਸ੍ਰੀ ਅਨੰਦਪੁਰ ਸਾਹਿਬ, 30 ਜਨਵਰੀ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਪ੍ਰਬੰਧ ਅਧੀਨ ਚੱਲ ਰਹੇ ਸਕੂਲ, ਭਾਈ ਨੰਦ ਲਾਲ ਪਬਲਿਕ ਸਕੂਲ, ਸ੍ਰੀ ਅਨੰਦਪੁਰ ਸਾਹਿਬ ਦੇ 37 ਵਿਦਿਆਰਥੀਆਂ ਨੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ (2024-25) ਵਿੱਚ 70 ਪ੍ਰਤੀਸ਼ਤ ਤੋਂ ਵਧ ਨੰਬਰ ਲੈ ਕੇ ਵਜ਼ੀਫ਼ਾ ਪ੍ਰਾਪਤ ਕੀਤਾ। ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਵਿਸ਼ੇਸ਼ ਤੌਰ 'ਤੇ ਬੱਚਿਆਂ ਨੂੰ ਵਜ਼ੀਫੇ ਵੰਡੇ ਗਏ।70% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 1100-1100 ਤੇ 2100-2100 ਰੁਪਏ ਪ੍ਰਤੀ ਵਿਦਿਆਰਥੀ ਵਜ਼ੀਫਾ ਦਿੱਤਾ ਗਿਆ। ਸਕੂਲ ਪ੍ਰਿੰਸੀਪਲ ਸਤਨਾਮ ਸਿੰਘ ਵੱਲੋਂ ਵਜ਼ੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਦੇ ਧਾਰਮਿਕ ਵਿਭਾਗ ਦੇ ਮੈਡਮ ਇੰਦਰਪ੍ਰੀਤ ਕੌਰ ਤੇ ਸੁਖਜਿੰਦਰ ਕੌਰ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਸੁਖਵੀਰ ਸਿੰਘ, ਮੈਨੇਜਰ ਗੁਰਦੁਆਰਾ ਬਾਬਾ ਗੁਰਦਿੱਤਾ (ਕੀਰਤਪੁਰ ਸਾਹਿਬ), ਭਾਈ ਜਸਵਿੰਦਰ ਸਿੰਘ ਪ੍ਰਚਾਰਕ (ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ) ਇੰਦਰਪ੍ਰੀਤ ਕੌਰ, ਸੁਖਜਿੰਦਰ ਕੌਰ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਬਸੰਤ ਕੀਰਤਨ ਦਰਬਾਰ ਕਰਵਾਇਆ

ਸ੍ਰੀ ਫਤਹਿਗੜ੍ਹ ਸਾਹਿਬ, 30 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿਖੇ ਸੰਗੀਤ ਵਿਭਾਗ ਵੱਲੋਂ ਬਸੰਤ ਰੁੱਤ ਦੇ ਆਗਮਨ ਮੌਕੇ ਬਸੰਤ ਕੀਰਤਨ ਦਰਬਾਰ ਭਾਵਪੂਰਕ ਢੰਗ ਨਾਲ ਸਜਾਇਆ ਗਿਆ । ਯੂਨੀਵਰਸਿਟੀ ਕੈਂਪਸ ਦੇ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਇਸ ਕੀਰਤਨ ਦਰਬਾਰ ਵਿੱਚ ਵੱਖ-ਵੱਖ ਵਿਭਾਗਾਂ ਦੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਸਮੇਤ ਵਿਦਿਆਰਥੀਆਂ ਨੇ ਸ਼ਰਧਾ ਸਹਿਤ ਹਾਜ਼ਰੀ ਭਰੀ।ਇਸ ਮੌਕੇ ਵਾਈਸ-ਚਾਂਸਲਰ ਪ੍ਰੋ. ਪਰਿਤਪਾਲ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਵਿੱਚ ਹਰ ਸਮੈਸਟਰ ਦੀ ਸ਼ੁਰੂਆਤ ਰਵਾਇਤੀ ਤੌਰ 'ਤੇ ਬਸੰਤ ਕੀਰਤਨ ਦਰਬਾਰ ਨਾਲ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਇਸ ਦਰਬਾਰ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਵਿਸ਼ੇਸ਼ ਤੌਰ 'ਤੇ ਰਾਗ ਬਸੰਤ ਅਨੁਸਾਰ ਗਾਇਨ ਕੀਤਾ ਜਾਂਦਾ ਹੈ, ਜੋ ਗੁਰਮਤਿ



ਸੰਗੀਤ ਦੀ ਸਮ੍ਰਿੱਧ ਪਰੰਪਰਾ ਨੂੰ ਦਰਸਾਉਂਦਾ ਹੈ।ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰਮਤਿ ਸੰਗੀਤ ਵਿੱਚ ਰਾਗ ਬਸੰਤ ਦਾ ਵਿਲੱਖਣ ਤੇ ਮਹੱਤਵਪੂਰਨ ਸਥਾਨ ਹੈ। ਉਨ੍ਹਾਂ ਦੱਸਿਆ ਕਿ ਮਾਘੀ ਤੋਂ ਲੈ ਕੇ ਹੋਲੇ-ਮਹੱਲੇ ਤੱਕ ਬਸੰਤ ਕੀਰਤਨ ਦਰਬਾਰ ਕਰਵਾਏ ਜਾਂਦੇ ਹਨ ਤੇ ਹਰ ਕੀਰਤਨ ਚੌਕੀ ਵਿੱਚ ਰਾਗ ਬਸੰਤ ਦਾ ਇੱਕ ਸ਼ਬਦ ਲਾਜ਼ਮੀ ਤੌਰ 'ਤੇ ਗਾਇਨ ਕੀਤਾ ਜਾਂਦਾ ਹੈ। ਕੀਰਤਨ ਚੌਕੀ ਦੀ ਸੰਪੂਰਨਤਾ ਆਮ ਤੌਰ 'ਤੇ ਬਸੰਤ ਕੀ ਵਾਰ ਨਾਲ ਕੀਤੀ ਜਾਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਗੁਰਮਤਿ ਸੰਗੀਤ ਵਿੱਚ ਰਾਗ ਬਸੰਤ ਦੇ ਸ਼ੁੱਧ ਤੇ ਮਿਸ਼ਰਤ-ਦੋਵੇਂ ਰੂਪਾਂ ਦਾ ਗਾਇਨ ਪ੍ਰਵਾਨ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗੁਰਦੁਆਰਾ ਸਾਹਿਬ ਨੂੰ ਬਸੰਤੀ ਫੁੱਲਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ। ਇਸ ਸਮਾਗਮ ਵਿੱਚ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ/ਇੰਚਾਰਜ, ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਹੋਏ।

# ਸਰਕਾਰ ਨੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ: ਵਿਧਾਇਕ ਭੁੱਲਰ

## ☛ਹਰ ਬੱਚੇ ਤੱਕ ਗੁਣਵੱਤਾ ਭਰਪੂਰ ਸਿੱਖਿਆ ਪਹੁੰਚਾਉਣਾ ਮੁੱਖ ਟੀਚਾ: ਡੀਈਓ ਸੁਨੀਤਾ ਰਾਣੀ

ਫ਼ਿਰੋਜ਼ਪੁਰ, 30 ਜਨਵਰੀ (ਤਿਵਾੜੀ): ਨਵੇਂ ਵਿੱਦਿਅਕ ਸੈਸ਼ਨ 2026-27 ਦੀ ਸ਼ੁਰੂਆਤ ਦੇ ਮੱਦੇਨਜ਼ਰ ਸਰਕਾਰੀ ਸਕੂਲਾਂ ਵਿੱਚ ਦਾਖਲਾ ਮੁਹਿੰਮ ਦੇ ਅੱਜ ਦੂਜੇ ਦਿਨ ਦੀ ਸ਼ੁਰੂਆਤ ਸਰਕਾਰੀ ਮਾਡਲ ਸਕੂਲ ਫ਼ਿਰੋਜ਼ਪੁਰ ਸ਼ਹਿਰ ਤੋਂ ਕੀਤੀ ਗਈ।ਇਸ ਮੌਕੇ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਡੀਈਓ ਸੈਕੰਡਰੀ ਮੁਨੀਲਾ ਅਰੋੜਾ ਤੇ ਡਿਪਟੀ ਡੀਈਓ ਡਾ. ਸਤਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸਰਕਾਰੀ ਸਕੂਲਾਂ ਦੀ ਸੂਰਤ ਬਦਲੀ ਗਈ ਹੈ, ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਸਕੂਲ ਆਧੁਨਿਕ ਢਾਂਚੇ, ਸਮਾਰਟ ਕਲਾਸ ਰੂਮਾਂ, ਡਿਜੀਟਲ ਸਿੱਖਿਆ, ਯੋਗ ਤੇ ਤਜਰਬੇਕਾਰ



ਅਧਿਆਪਕਾਂ, ਮੁਫ਼ਤ ਕਿਤਾਬਾਂ, ਵਰਦੀਆਂ ਤੇ ਵਿਦਿਆਰਥੀ-ਹਿਤੈਸ਼ੀ ਸਕੀਮਾਂ ਕਰਕੇ ਪ੍ਰਾਈਵੇਟ ਸਕੂਲਾਂ ਨਾਲੋਂ ਕਿਸੇ ਵੀ ਪੱਖੋਂ ਘੱਟ ਨਹੀਂ ਹਨ ਤੇ ਮਾਪਿਆਂ ਨੂੰ ਬਿਨਾਂ ਕਿਸੇ ਹਿਚਕਚਾਹਟ ਆਪਣੇ ਬੱਚਿਆਂ ਦਾ ਦਾਖਲਾ ਸਰਕਾਰੀ ਸਕੂਲਾਂ ਵਿੱਚ ਕਰਵਾਉਣਾ ਚਾਹੀਦਾ ਹੈ।ਇਸ ਮੌਕੇ ਵਿਧਾਇਕ ਭੁੱਲਰ ਵੱਲੋਂ ਦਾਖਲਾ ਮੁਹਿੰਮ ਤਹਿਤ ਆਪ ਬੱਚਿਆਂ ਦਾ ਦਾਖਲਾ ਕੀਤਾ ਤੇ ਦਾਖਲਾ ਮੁਹਿੰਮ ਵੈਨ ਨੂੰ ਹਰੀ ਝੰਡੀ ਦੇ ਕੇ ਵੱਖ-ਵੱਖ ਬਲਾਕਾਂ ਦੇ ਸਕੂਲਾਂ/ਪਿੰਡਾਂ ਲਈ ਰਵਾਨਾ ਕੀਤਾ।ਇਸ ਮੌਕੇ ਡੀਈਓ ਪ੍ਰਾਇਮਰੀ ਸੁਨੀਤਾ ਰਾਣੀ ਨੇ ਦੱਸਿਆ ਕਿ ਨਵੇਂ ਸੈਸ਼ਨ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਬਲਾਕ ਫ਼ਿਰੋਜ਼ਪੁਰ-1, ਫ਼ਿਰੋਜ਼ਪੁਰ-2 ਤੇ ਫ਼ਿਰੋਜ਼ਪੁਰ-3 ਵਿੱਚ ਦਾਖਲਾ ਮੁਹਿੰਮ ਨੂੰ ਯੋਜਨਾਬੱਧ ਢੰਗ ਨਾਲ ਚਲਾਇਆ ਜਾ ਰਿਹਾ ਹੈ ਤੇ ਅਧਿਆਪਕਾਂ ਦੀਆਂ ਟੀਮਾਂ ਵੱਲੋਂ ਘਰ-ਘਰ ਸੰਪਰਕ ਕਰਕੇ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਉਪਲਬਧ ਸਿੱਖਿਆਤਮਕ ਤੇ ਭੌਤਿਕ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।

# ਮਾਤਾ ਗੁਜਰੀ ਕਾਲਜ ਦੀ ਅਲੂਮਨੀ ਦੀ ਸਾਲਾਨਾ ਮੀਟ 27 ਫਰਵਰੀ ਨੂੰ: ਚੀਮਾ

ਸ੍ਰੀ ਫ਼ਤਹਿਗੜ੍ਹ ਸਾਹਿਬ, 30 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਮਾਤਾ ਗੁਜਰੀ ਕਾਲਜ ਦੀ ਅਲੂਮਨੀ ਦੀ ਮੀਟਿੰਗ ਪ੍ਰਧਾਨ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਕਾਲਜ ਦੇ ਮੀਟਿੰਗ



ਰੂਮ ਵਿੱਚ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ ਅਲੂਮਨੀ ਦੀ ਸਾਲਾਨਾ ਮੀਟ 27 ਫ਼ਰਵਰੀ 2026 ਨੂੰ ਕਾਲਜ ਵਿੱਚ ਹੀ ਕੀਤੀ ਜਾਵੇਗੀ। ਇਸ ਮੌਕੇ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਸ ਸਾਲਾਨਾ ਮੀਟ ਵਿੱਚ ਜਿਥੇ ਦੇਸ਼ ਵਿਦੇਸ਼ ਤੋਂ ਸਾਬਕਾ ਵਿਦਿਆਰਥੀ ਵੱਡੀ ਗਿਣਤੀ ਵਿੱਚ ਭਾਗ ਲੈਣਗੇ, ਉਥੇ ਕਾਲਜ ਵਿੱਚ ਪੜ੍ਹ ਕੇ ਉੱਚ ਅਹੁਦਿਆਂ 'ਤੇ ਪਹੁੰਚੀਆਂ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੀਟ ਵਿੱਚ ਉਹ ਸਾਰੇ ਸਾਬਕਾ ਵਿਦਿਆਰਥੀ ਜ਼ਰੂਰ ਸ਼ਾਮਲ ਹੋਣ ਜੋ ਇਸ ਕਾਲਜ ਵਿੱਚ ਪੜ੍ਹ ਕੇ ਗਏ ਹਨ ਤੇ ਉਹ ਆਪਣੇ ਇਸ ਕਾਲਜ 'ਤੇ ਮਾਣ ਕਰਦੇ ਹਨ । ਸ੍ਰ. ਚੀਮਾ ਨੇ ਉਨ੍ਹਾਂ ਮਹਾਨ ਸ਼ਖ਼ਸੀਅਤਾਂ ਨੂੰ ਅਪੀਲ ਵੀ ਕੀਤੀ ਜਿਨ੍ਹਾਂ ਨੇ ਦੇਸ਼ ਕੌਮ ਦੀ ਸੇਵਾ ਕੀਤੀ ਤੇ ਮਾਤਾ ਗੁਜਰੀ ਕਾਲਜ ਦਾ ਨਾਮ ਉੱਚਾ ਕੀਤਾ, ਉਹ ਜ਼ਰੂਰ ਇਸ ਮੀਟ ਵਿੱਚ ਆਉਣ ਤਾਂ ਜੋ ਨਵੇਂ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਦਾ ਮਨੋਬਲ ਉੱਚਾ ਕੀਤਾ ਜਾ ਸਕੇ। ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਦੱਸਿਆ ਕਿ ਉਹ ਅਲੂਮਨੀ ਦੇ ਸਾਲਾਨਾ ਸਮਾਗਮ ਨੂੰ ਪੂਰਾ ਸਹਿਯੋਗ ਦੇਣਗੇ ਤੇ ਉਨ੍ਹਾਂ ਨੇ ਸਾਰੇ ਸਾਬਕਾ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੀਟ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ । ਕਾਲਜ ਦੇ ਡੀਨ ਅਲੂਮਨੀ ਡਾ. ਸਤਨਾਮ ਸਿੰਘ ਨੇ ਮੀਟਿੰਗ 'ਚ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਲਦੀ ਹੀ ਅਲੂਮਨੀ ਦੀ ਵੈਬਸਾਈਟ ਤਿਆਰ ਕੀਤੀ ਜਾ ਰਹੀ ਹੈ, ਜਿਸ ਵਿੱਚ ਦੇਸ਼ ਵਿਦੇਸ਼ ਵਿੱਚ ਬੈਠੇ ਸਾਬਕਾ ਵਿਦਿਆਰਥੀ ਆਪਣੇ ਕਾਲਜ ਨਾਲ ਜੁੜ ਕੇ ਮੈਂਬਰ ਬਣ ਸਕਣਗੇ। ਇਸ ਮੀਟਿੰਗ ਵਿੱਚ ਆਏ ਸੁਝਾਵਾਂ ਨੂੰ ਪ੍ਰਧਾਨ ਚੀਮਾ ਨੇ ਪ੍ਰਵਾਨ ਕਰਦਿਆਂ 12 ਫਰਵਰੀ ਨੂੰ ਅਲੂਮਨੀ ਵੱਲੋਂ ਪਿੰਡ ਸੌਢਾਂ ਵਿੱਚ ਅੱਖਾਂ 'ਤੇ ਜਨਰਲ ਮੈਡੀਕਲ ਕੈਂਪ ਨੱਪੀ ਬੈਂਸ ਦੇ ਸਹਿਯੋਗ ਨਾਲ ਲਾਇਆ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਚੀਮਾ, ਜੈਕ੍ਰਿਸ਼ਨ ਕਸ਼ਿਅਪ, ਸੁਰਜੀਤ ਸਿੰਘ ਚੰਡੀਗੜ੍ਹ, ਜਸਵੰਤ ਸਿੰਘ ਰੈਲੀ, ਪਰਮਜੀਤ ਸਿੰਘ ਚਨਾਲੋਂ, ਜਸਵੰਤ ਸਿੰਘ, ਡਾ. ਦਿਨੇਸ਼ ਓਬਰਾਏ, ਜਗਜੀਤ ਸਿੰਘ ਔਜਲਾ, ਮੋਹਨ ਸਿੰਘ ਸਰਹਿੰਦ ਹਾਜ਼ਰ ਸਨ।

# ਕੁਸ਼ਟ ਰੋਗ ਇਲਾਜਯੋਗ ਹੈ: ਡਾ. ਰਾਜੀਵ ਪਰਾਸ਼ਰ




ਫ਼ਿਰੋਜ਼ਪੁਰ, 30 ਜਨਵਰੀ (ਤਿਵਾੜੀ): ਕੁਸ਼ਟ ਰੋਗ ਨਿਵਾਰਨ ਮੁਹਿੰਮ ਤਹਿਤ ਅੱਜ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੀ ਅਗਵਾਈ ਹੇਠ ਦਫ਼ਤਰ ਸਿਵਲ ਸਰਜਨ ਵਿਖੇ ਕੋਹੜ ਰੋਗ ਦੇ ਪੂਰਨ ਖਾਤਮੇ ਲਈ ਸਹੁੰ ਚੱਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਾਜ਼ਰੀਨ ਪ੍ਰੋਗਰਾਮ ਅਫ਼ਸਰ ਤੇ ਸਟਾਫ ਵੱਲੋਂ ਕੋਹੜ ਰੋਗ ਦੇ ਖਾਤਮੇ ਤੇ ਲੋਕਾਂ ਵਿੱਚ ਇਸ ਬਿਮਾਰੀ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਕਰਨ ਦੀ ਸਹੁੰ ਚੁੱਕੀ ਗਈ।ਇਸ ਮੌਕੇ ਕੋਹੜ ਦੀ ਬਿਮਾਰੀ ਦੇ ਲੱਛਣਾਂ ਤੇ ਬਚਾਓ ਦਾ ਸੰਦੇਸ਼ ਦੇ ਬੈਨਰ ਵੀ ਪ੍ਰਦਰਸ਼ਿਤ ਕੀਤੇ ਗਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਕਿਹਾ ਕਿ ਕੁਸ਼ਟ ਰੋਗ ਦੀ ਜਾਂਚ ਤੇ ਇਲਾਜ ਜ਼ਿਲ੍ਹੇ ਦੀਆਂ ਸਾਰੀ ਸਰਕਾਰੀ ਸੰਸਥਾਵਾਂ ਵਿੱਚ ਬਿਲਕੁੱਲ ਮੁੱਫਤ ਕੀਤਾ ਜਾਂਦਾ ਹੈ। ਬਹੁ-ਔਸ਼ਧੀ ਇਲਾਜ ਪ੍ਰਣਾਲੀ ਕੁਸ਼ਟ ਰੋਗ ਦਾ ਸ਼ਰਤੀਆ ਇਲਾਜ ਹੈ। ਜ਼ਿਲ੍ਹਾ ਲੇਪਰੋਸੀ ਨੋਡਲ ਅਫ਼ਸਰ ਡਾ. ਮਨਮੀਤ ਸਿੰਘ ਨੇ ਕਿਹਾ ਕਿ ਚਮੜੀ ਦੇ ਹਲਕੇ ਤਾਂਬੇ ਰੰਗ ਦੇ ਸੁੰਨ ਧੱਬੇ ਕੁਸ਼ਟ ਰੋਗ ਦੀ ਨਿਸ਼ਾਨੀ ਹੁੰਦੀ ਹੈ।ਇਹ ਸੁੰਨਾਪਨ ਚਮੜੀ ਦੇ ਹੇਠਾਂ ਦੀਆਂ ਨਸਾਂ ਦੀ ਖ਼ਰਾਬੀ ਕਾਰਨ ਹੁੰਦਾ ਹੈ, ਜਿਸ ਕਾਰਣ ਸਰੀਰ ਦੇ ਅੰਗ ਮੁੜ ਜਾਂਦੇ ਹਨ ਤੇ ਕਈ ਵਾਰੀ ਇਹ ਅੰਗ ਸੱਟ ਲੱਗਣ ਤੇ ਸਰੀਰ ਤੋਂ ਝੜ ਵੀ ਜਾਂਦੇ ਹਨ।ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਖਾਂ ਵਿੱਚ ਇਹ ਬਿਮਾਰੀ ਹੋਣ 'ਤੇ ਅੱਖ ਪੂਰੀ ਤਰ੍ਹਾਂ ਬੰਦ ਨਹੀਂ ਹੁੰਦੀ, ਜਿਸ ਕਾਰਨ ਅੱਖਾਂ ਵਿੱਚ ਚਿੱਟਾ ਪੈ ਜਾਂਦਾ ਹੈ ਤੇ ਮਰੀਜ਼ ਦੀ ਦੇਖਣ ਸ਼ਕਤੀ 'ਤੇ ਬੁਰਾ ਅਸਰ ਪੈਂਦਾ ਹੈ।ਸੈਮੀਨਾਰ ਤੋਂ ਬਾਅਦ ਕੋਹੜ ਰੋਗ ਦੀ ਬਿਮਾਰੀ ਦੇ ਖਾਤਮੇ ਲਈ ਹਸਤਾਖਰ ਮੁਹਿੰਮ ਚਲਾਈ ਗਈ, ਜਿਸ ਵਿੱਚ ਸਮੂਹ ਪ੍ਰੋਗਰਾਮ ਅਫ਼ਸਰਾਂ ਨੇ ਹਸਤਾਖਰ ਕਰ ਮੁਹਿੰਮ ਨੂੰ ਹੋਰ ਤੇਜ਼ ਕਰਨ ਦਾ ਅਹਿਦ ਲਿਆ।ਡਾ. ਸੁਸ਼ਮਾ ਠੱਕਰ ਸਹਾਇਕ ਸਿਵਲ ਸਰਜਨ, ਡਾ. ਮੀਨਾਕਸ਼ੀ ਢੀਂਗਰਾ ਜ਼ਿਲ੍ਹਾ ਟੀਕਾਕਰਨ ਅਫ਼ਸਰ, ਡਾ. ਮਨਦੀਪ ਖੰਗੂਰਾ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ, ਡਾ. ਹਰਪ੍ਰੀਤ, ਨੇਹਾ ਭੰਡਾਰੀ ਡਿਪਟੀ ਮਾਸ ਮੀਡੀਆ ਅਫਸਰ, ਹਰੀਸ਼ ਕਟਾਰੀਆ ਡੀ.ਪੀ.ਐਮ, ਵਿਕਾਸ ਕਾਲੜਾ ਪੀਏ ਟੂ ਸਿਵਲ ਸਰਜਨ ਸਮੇਤ ਸਟਾਫ ਹਾਜ਼ਰ ਸੀ।

# ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਸਰਕਾਰ ਬਜਟ ਸੈਸ਼ਨ 'ਚ ਸ਼ਾਮਲ ਹੋਣ ਦੀ ਦੇਵੇ ਇਜਾਜ਼ਤ: ਜੋਧਬੀਰ ਸਿੰਘ, ਖਲਚੀਆ

ਰਈਆ, 30 ਜਨਵਰੀ (ਰਾਕੇਸ਼ ਸਲਵਾਨ): ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਭਾਈ ਜੋਧਬੀਰ ਸਿੰਘ ਜੱਲੂਪੁਰ ਖੈੜਾ ਤੇ ਜਥੇਦਾਰ ਗੁਰਦਰਸ਼ਨ ਸਿੰਘ ਖਲਚੀਆ ਨੇ ਪੱਤਰਕਾਰਾਂ ਨਾਲ ਸਾਂਝੇ ਬਿਆਨ ਵਿਚ ਕਿਹਾ ਕਿ ਪੰਜਾਬ ਸਰਕਾਰ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ 20 ਲੱਖ ਵੋਟਰਾਂ ਦੀਆਂ



ਆਸਾਂ 'ਤੇ ਪਾਣੀ ਫੇਰ ਰਹੀ ਹੈ। ਪੰਜਾਬ ਸਰਕਾਰ ਨਹੀਂ ਚਾਹੁੰਦੀ ਕਿ ਭਾਈ ਅੰਮ੍ਰਿਤਪਾਲ ਸਿੰਘ ਨਾ ਸੈਸ਼ਨ ਜਾਣ ਤੇ ਨਾ ਹੀ ਪੰਜਾਬ ਦੇ ਮੁੱਦੇ ਚੁੱਕ ਸਕਣ, 4 ਲੱਖ ਵੋਟਾਂ ਲੈ ਕੇ ਜਿੱਤੇ ਹੋਏ mp ਨਾਲ ਪੰਜਾਬ ਸਰਕਾਰ ਧੱਕੇਸ਼ਾਹੀ ਕਰ ਰਹੀ ਹੈ ਜੇ ਸਰਕਾਰ ਚੁਣੇ ਹੋਏ MP ਨੂੰ ਜੇਲ੍ਹ ਵਿੱਚ ਡੱਕ ਸਕਦੀ ਹੈ ਤਾਂ ਆਮ ਲੋਕ ਇਸ ਸਰਕਾਰ ਤੋਂ ਕੀ ਉਮੀਦ ਕਰ ਸਕਦੇ ਹਨ ਭਾਈ ਅੰਮ੍ਰਿਤਪਾਲ ਸਿੰਘ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ, ਜਿਸ ਦੀ ਆਵਾਜ਼ ਨਾਲ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੇ ਨਸ਼ੇ ਦਾ ਤਿਆਗ ਕੀਤਾ ਤੇ ਸਿੱਖੀ ਸਰੂਪ ਧਾਰਨ ਕੀਤਾ ਸੀ । ਉੱਧਰ ਬਾਰਾਂਮੁੱਲਾ ਤੋਂ Mp ਰਾਸ਼ਿਦ ਇੰਜੀਨੀਅਰ ਨੂੰ 5 ਵਾਰ ਪੈਰੋਲ ਮਿਲ ਚੁੱਕੀ ਹੈ, ਦੂਸਰੇ ਪਾਸੇ ਭਾਈ ਸਾਹਿਬ 'ਤੇ ਵਾਰ ਵਾਰ NSA ਵਿੱਚ ਵਾਧਾ ਕੀਤਾ ਜਾ ਰਿਹਾ ਹੈ ਇੱਕ ਹੀ ਦੇਸ਼ ਵਿੱਚ ਦੋਹਰੇ ਮਾਪਦੰਡ ਵਰਤੇ ਜਾ ਰਹੇ ਹਨ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਛਲੇ ਡੇਢ ਸਾਲ ਤੋਂ ਫੰਡਾਂ 'ਤੇ ਰੋਕ ਕਾਰਨ ਹਲਕੇ ਦੇ ਕੰਮ ਕਾਜ ਸਭ ਬੰਦ ਪਏ ਹੋਏ ਨੇ। ਸਰਕਾਰ ਨੂੰ ਅਪੀਲ ਕਰਦੇ ਹਾਂ ਭਾਈ ਸਾਹਿਬ ਨੂੰ ਜਲਦ ਤੋਂ ਜਲਦ ਬਜਟ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਪੈਰੋਲ ਦਿੱਤੀ ਜਾਵੇ।

# ਰਾਸ਼ਟਰੀ ਪੱਧਰ ਦੇ ਪੱਤਰਕਾਰ ਸਨਮਾਨ ਸਮਾਰੋਹ 'ਚ ਪੱਤਰਕਾਰ ਲੀਲਾਧਰ ਸ਼ਰਮਾ ਤੇ ਰਾਕੇਸ਼ ਨਾਗਪਾਲ ਹੋਣਗੇ ਸਨਮਾਨਿਤ

ਫਾਜ਼ਿਲਕਾ, 30 ਜਨਵਰੀ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਭਾਰਤੀ ਪੱਤਰਕਾਰ ਸੰਘ (ਏ.ਆਈ.ਜੇ.) ਦੀ ਸਰਪ੍ਰਸਤੀ ਹੇਠ ਮੱਧ ਪ੍ਰਦੇਸ਼ ਦੇ ਖਰਗੋਨ ਵਿੱਚ ਹੋਣ ਵਾਲੇ ਰਾਸ਼ਟਰੀ ਪੱਤਰਕਾਰ ਸਨਮਾਨ ਤੇ ਕਲਿਆਨ ਮਹੋਤਸਵ



ਵਿੱਚ ਫਾਜ਼ਿਲਕਾ ਦੇ ਸੀਨੀਅਰ ਪੱਤਰਕਾਰਾਂ ਲੀਲਾਧਰ ਸ਼ਰਮਾ ਤੇ ਰਾਕੇਸ਼ ਨਾਗਪਾਲ ਨੂੰ ਵੀ ਸਨਮਾਨਿਤ ਕਰਨ ਲਈ ਸੱਦਾ ਦਿੱਤਾ ਗਿਆ ਹੈ। ਭਾਰਤੀ ਪੱਤਰਕਾਰ ਸੰਘ ਦੇ ਰਾਸ਼ਟਰੀ ਪ੍ਰਧਾਨ ਵਿਕਰਮ ਸੇਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਫਰਵਰੀ 2026 ਨੂੰ ਹੋਣ ਵਾਲੇ ਇਸ ਮਹੋਤਸਵ ਵਿੱਚ ਦੇਸ਼ ਭਰ ਦੇ ਉਨ੍ਹਾਂ ਵੱਖ-ਵੱਖ ਪੱਤਰਕਾਰਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ, ਜੋ ਨਿਰਪੱਖਤਾ ਤੇ ਸੱਚਾਈ ਦੇ ਮਾਰਗ 'ਤੇ ਚੱਲ ਕੇ ਪੱਤਰਕਾਰੀ ਕਰ ਰਹੇ ਹਨ।

# ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਇਲਾਕੇ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ: ਡਾ. ਗੋਇਲ

ਮੰਡੀ ਗੋਬਿੰਦਗੜ੍ਹ, 30 ਜਨਵਰੀ (ਸੂਦ): ਰਿਮਟ ਮੈਡੀਕਲ ਕਾਲਜ ਤੇ ਮਲਟੀ ਸਪੈਸ਼ਲਿਟੀ ਹਸਪਤਾਲ ਮੰਡੀ ਗੋਬਿੰਦਗੜ੍ਹ ਵਲੋਂ ਲੋਕਾਂ ਦੀਆਂ ਸਿਹਤ ਸੇਵਾਵਾਂ ਨੂੰ ਮੁੱਖ ਰੱਖ ਕੇ ਬਹੁਤ ਹੀ ਆਧੁਨਿਕ ਮਸ਼ੀਨਰੀ ਲਿਆਂਦੀ ਗਈ ਹੈ, ਜਿਥੇ ਲੋਕਾਂ ਨੂੰ ਸਸਤੀਆਂ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤੇ ਲੋਕਾਂ ਨੂੰ ਹੁਣ ਦੂਰ ਦੁਰਾਡੇ ਦੇ ਹਸਪਤਾਲਾਂ ਵਿਚ ਧੱਕੇ ਖਾਣ ਦੀ ਜ਼ਰੂਰਤ ਨਹੀਂ ਰਹੀ। ਇਹ ਗੱਲ ਸੰਸਥਾ ਦੇ ਡਾਇਰੈਕਟਰ ਡਾ. ਕੇਸੀ ਗੋਇਲ ਨੇ ਅੱਜ ਇਥੇ ਵਿਸ਼ੇਸ਼ ਪੱਤਰਕਾਰ



ਕਾਨਫਰੰਸ ਦੌਰਾਨ ਦਿੱਤੀ। ਇਥੇ ਇਹ ਵਰਨਣਯੋਗ ਹੈ ਕਿ ਇਸ ਸੰਸਥਾ ਦੀ ਸਥਾਪਨਾ 2022 ਵਿਚ ਸਵਰਗੀ ਡਾਕਟਰ ਹੁਕਮ ਚੰਦ ਬਾਂਸਲ ਨੇ ਇਲਾਕੇ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਕੀਤੀ ਸੀ। ਉਨ੍ਹਾਂ ਦਾ ਮੰਨਣਾ ਸੀ ਕਿ ਗੁਣਵੱਤਾ ਤੇ ਪਹੁੰਚਯੋਗ ਡਾਕਟਰੀ ਸਹੂਲਤਾਂ ਸਮਾਜ ਦੇ ਹਰ ਵਰਗ ਲਈ ਪਹੁੰਚਯੋਗ ਹੋਣੀਆਂ ਚਾਹੀਦੀਆਂ ਹਨ ਤਾਂ ਜੋ ਕੋਈ ਵੀ ਵਿਅਕਤੀ ਇਲਾਜ ਤੋਂ ਵਾਂਝਾ ਮੌਤ ਦਾ ਸ਼ਿਕਾਰ ਨਾ ਹੋਵੇ। ਉਨ੍ਹਾਂ ਦੱਸਿਆ ਕਿ ਇਸ ਕਾਲਜ ਤੇ ਹਸਪਤਾਲ ਵਿਚ 450 ਬਿਸਤਰਿਆਂ ਵਾਲਾ ਅਤਿ-ਆਧੁਨਿਕ ਮਲਟੀ-ਸਪੈਸ਼ਲਿਟੀ ਹਸਪਤਾਲ ਹੈ, ਜਿਥੇ ਆਧੁਨਿਕ ਡਾਕਟਰੀ ਤਕਨਾਲੋਜੀ, ਤਜਰਬੇਕਾਰ ਤੇ ਮਾਹਿਰ ਡਾਕਟਰਾਂ ਵਲੋਂ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ ਤੇ ਮਰੀਜ਼ਾਂ ਦੀ ਸਹੂਲਤ ਲਈ ਓਪੀਡੀ ਸੇਵਾਵਾਂ ਮੁਫ਼ਤ ਰੱਖੀਆਂ ਗਈਆਂ ਹਨ ਜਦੋਂ ਕਿ ਹਰ ਵੀਰਵਾਰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ ਤੇ ਮਰੀਜ਼ਾਂ ਨੂੰ 40 ਪ੍ਰਤੀਸ਼ਤ ਰਿਆਇਤ ਉਪਰ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਮਰੀਜ਼ਾਂ ਦੀ ਸਹੂਲਤ ਲਈ ਹਸਪਤਾਲ ਆਯੂਸ਼ਮਾਨ ਭਾਰਤ ਯੋਜਨਾ ਨਾਲ ਜੁੜਿਆ ਹੈ, ਨਾਲ ਹੀ ਸਟਾਰ ਹੈਲਥ ਕੇਅਰ ਹੈਲਥ, ਟਾਟਾ ਏਆਈਜੀ, ਤੇ ਬਜਾਜ ਅਲੀਅਨਜ਼ ਸਮੇਤ ਕਈ ਬੀਮਾ ਕੰਪਨੀਆਂ ਤੇ ਟੀਪੀਏ ਸੇਵਾਵਾਂ ਦੀ ਵੀ ਸਹੂਲਤ ਹੈ।

# ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਵੱਲੋਂ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਗੁਰਬਾਜ ਸਲਾਣਾ ਦਾ ਸਨਮਾਨ

ਅਮਲੋਹ, 30 ਜਨਵਰੀ (ਜਸਵੰਤ ਸਿੰਘ): ਅੰਤਰਰਾਸ਼ਟਰੀ ਕਬੱਡੀ ਖਿਡਾਰੀ ਗੁਰਬਾਜ ਸਿੰਘ ਸਲਾਣਾ ਦਾ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ, ਵਿਧਾਇਕ ਪਰਗਟ ਸਿੰਘ, ਸਮਰਾਲਾ ਹਲਕੇ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਤੇ ਰਾਜਵਿੰਦਰ ਸਿੰਘ ਰਾਜੂ ਦੀ ਅਗਵਾਈ ਹੇਠ ਪਿੰਡ ਘੁਟੀਡ ਵਿਖੇ ਇਕ ਸਮਾਗਮ ਦੌਰਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਨੂੰ ਪੰਜਾਬ ਦੇ ਖਿਡਾਰੀਆਂ ਉਪਰ ਮਾਣ ਹੈ, ਜਿਨ੍ਹਾਂ ਨੇ ਸਖਤ ਮਿਹਨਤ ਕਰਕੇ ਆਪਣੇ ਪਿੰਡ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਭਵਿੱਖ ਲਈ ਵੀ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਗੁਰਬਚਨ ਸਿੰਘ ਘੁਟੀਡ, ਗੁਰਪ੍ਰੀਤ ਸਿੰਘ ਗਰੇਵਾਲ,



ਸੁਖਵਾਲ ਸਿੰਘ, ਗੁਰਸ਼ਰਨਦੀਪ ਸਿੰਘ, ਕਿਰਨਦੀਪ ਸਿੰਘ, ਸੁਖਵੰਤ ਸਿੰਘ, ਜੀਤ ਸਿੰਘ, ਮਲਕੀਤ ਸਿੰਘ, ਅਮਨਪ੍ਰੀਤ ਸਿੰਘ, ਬਲਜਿੰਦਰ ਸਿੰਘ ਫ਼ੌਜੀ, ਬਖ਼ਸ਼ੀਸ਼ ਸਿੰਘ, ਕੈਪਟਨ ਗੁਰਨਾਮ ਸਿੰਘ, ਇੰਸਪੈਕਟਰ ਰਣਜੀਤ ਸਿੰਘ, ਕੈਪਟਨ ਕੇਸਰ ਸਿੰਘ, ਚੌਧਰੀ ਸੁਖਦੇਵ ਸਿੰਘ, ਚੌਧਰੀ ਬਲਬੀਰ ਸਿੰਘ, ਚੌਧਰੀ ਲਾਡੀ, ਚੌਧਰੀ ਲਾਡਾ ਸਿੰਘ, ਚੌਧਰੀ ਬਲਦੇਵ ਦੇਬੀ, ਚੌਧਰੀ ਜਗਤਾਰ ਸਿੰਘ, ਚੌਧਰੀ ਜਸਵੰਤ ਸਿੰਘ, ਰਿਕਾ ਸਿੰਘ, ਕਰਨ ਸਿੰਘ ਯੂਐਸਏ, ਪੰਚ ਸੁਖਦੇਵ ਸਿੰਘ ਸੁੱਖੀ, ਮਨਦੀਪ ਸਿੰਘ ਰਾਜੂ, ਗੁਰਵਿੰਦਰ ਸਿੰਘ, ਕਮਲਜੀਤ ਸਿੰਘ, ਗੁਰਦੀਪ ਸਿੰਘ, ਪੰਚ ਕੁਲਵਿੰਦਰ ਸਿੰਘ, ਦੇਵੀ ਲਾਲ ਰਾਜੂ, ਗੁਰਜੰਟ ਸਿੰਘ, ਸੰਨਦੀਪ ਸਿੰਘ, ਗੁਰਬਚਨ ਕਾਹਨਪੁਰਾ, ਹਰਪ੍ਰੀਤ ਕਾਹਨਪੁਰਾ, ਮੋਹਨ ਸਿੰਘ, ਚਰਨਜੀਤ ਸਿੰਘ, ਸਿਕੰਦਰ ਸਿੰਘ ਤੇ ਕਮਲਜੀਤ ਬਿੱਟੂ ਹਾਜ਼ਰ ਸਨ।

# ਪਿੰਡ ਸ਼ੰਕਰ ਵਿਖੇ ਜਨਮ ਦਿਵਸ ਸਬੰਧੀ ਨਗਰ ਕੀਰਤਨ ਸਜਾਇਆ

ਰਾੜਾ ਸਾਹਿਬ, 30 ਜਨਵਰੀ (ਸੰਜੀਵ ਲਹਿਲ) : ਸ਼੍ਰੋਮਣੀ ਭਗਤ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਜਨਮ ਦਿਹਾੜੇ ਨੂੰ ਸਮਰਪਿਤ ਜਿੱਥੇ ਕਿ ਅੱਜ ਪੰਜਾਬ ਦੇ ਕੋਨੇ-ਕੋਨੇ 'ਤੇ ਸਤਿਗੁਰ ਰਵਿਦਾਸ ਜੀ ਦੇ ਇੱਕ ਫਰਵਰੀ ਨੂੰ ਆ ਰਹੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਕਈ ਥਾਈਂ ਅੱਜ ਪਹਿਲੇ ਦਿਨ ਵਿਸ਼ਾਲ ਨਗਰ ਕੀਰਤਨ ਦੇ ਆਯੋਜਨ ਕੀਤੇ ਗਏ। ਇਸੇ ਤਰ੍ਹਾਂ ਹੀ ਪਿੰਡ ਸ਼ੰਕਰ ਵਿਖੇ



ਗੁਰਦੁਆਰਾ ਸ਼੍ਰੋਮਣੀ ਭਗਤ ਰਵਿਦਾਸ ਜੀ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਦੇ ਸਹਿਯੋਗ ਦੇ ਨਾਲ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਯੋਗ ਅਗਵਾਈ ਵਿੱਚ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਚੱਲ ਕੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਵੇਲੇ ਸਮਾਪਤੀ ਗੁਰਦੁਆਰਾ ਸਾਹਿਬ ਵਿਖੇ ਹੋਈ ਨਗਰ ਕੀਰਤਨ ਦੀ ਰੌਣਕ ਫੌਜੀ ਬੈਂਡ, ਗਤਕਾ ਪਾਰਟੀ ਅਤੇ ਸ਼੍ਰੋਮਣੀ ਭਗਤ ਰਵਿਦਾਸ ਜੀ ਦੇ ਟਰਾਲੀਆਂ ਦੇ ਵਿੱਚ ਸੁਸ਼ੋਭਿਤ ਚਿੱਤਰਾਂ ਦੁਆਰਾ ਵਧਾਈ ਗਈ ਵੱਖ ਵੱਖ ਪੜਾਵਾਂ ਦੇ ਵਿੱਚ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਚਾਹ ਦੇ ਅਤੇ ਬਰੈੱਡ ਪਕੌੜੇ ਦੇ ਲੰਗਰ ਲਾਏ ਗਏ। ਇਸ ਮੌਕੇ 'ਤੇ ਪਿੰਡ ਸ਼ੰਕਰ ਦੇ ਮੌਜੂਦਾ ਸਰਪੰਚ ਅਮਨ ਸਿੰਘ, ਸਾਬਕਾ ਸਰਪੰਚ ਬੀਬੀ ਮਨਜੀਤ ਕੌਰ, ਸਾਬਕਾ ਸਰਪੰਚ ਅਵਤਾਰ ਸਿੰਘ, ਪ੍ਰਿੰਸੀਪਲ ਹਰ ਮਹਿੰਦਰ ਸਿੰਘ, ਪ੍ਰਧਾਨ ਜਗਜੀਤ ਸਿੰਘ, ਸਾਬਕਾ ਸਰਪੰਚ ਰਣਬੀਰ ਸਿੰਘ ਮਹਿਮੀ, ਪੰਚ ਗੁਰਦੀਪ ਸਿੰਘ ਮਹਿਮੀ, ਪੰਚ ਪਲਵਿੰਦਰ ਸਿੰਘ, ਪੰਚ ਪ੍ਰੀਤਮ ਸਿੰਘ, ਪੰਚ ਚਰਨ ਸਿੰਘ, ਖੇਤੀਬਾੜੀ ਅਫਸਰ ਨਿਰਮਲ ਸਿੰਘ ਸ਼ੰਕਰ, ਲੰਬਰਦਾਰ ਨਿਰਮਲ ਸਿੰਘ, ਏਐਸ ਆਈ ਸਤਨਾਮ ਸਿੰਘ ਸ਼ੰਕਰ, ਸਾਬਕਾ ਪ੍ਰਧਾਨ ਚਰਨ ਸਿੰਘ, ਮੌਜੂਦਾ ਪ੍ਰਧਾਨ ਮੋਹਨ ਸਿੰਘ, ਖਜਾਨਚੀ ਵਰਿੰਦਰ ਪਾਲ ਸਿੰਘ, ਸੁਰਜੀਤ ਸਿੰਘ, ਕੁਲਦੀਪ ਸਿੰਘ, ਚਰਨ ਸਿੰਘ ਪੰਜਾਬ ਪੁਲਿਸ, ਪੱਤਰਕਾਰ ਬਲਵਿੰਦਰ ਸਿੰਘ ਮਹਿਮੀ, ਸੁਖਚੈਨ ਸਿੰਘ ਢਾਡੀ, ਕ੍ਰਿਸ਼ਨ ਸਿੰਘ ਫੌਜੀ, ਬੇਅੰਤ ਸਿੰਘ, ਹੈਪੀ ਗਿਆਨੀ, ਭਾਈ ਰਘਵੀਰ ਸਿੰਘ, ਭਾਈ ਗੁਰਦੇਵ ਸਿੰਘ,ਭਾਈ ਗੁਰਦੇਵ ਸਿੰਘ ਦੇ ਕੀਰਤਨੀ ਜਥੇ ਦੁਆਰਾ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ, ਜਵੰਦਾ ਇੰਟਰਲੌਕ ਵੱਲੋਂ ਸੰਗਤ ਲਈ ਦੁੱਧ ਦਾ ਲੰਗਰ ਲਾਇਆ ਗਿਆ ਛ

# ਕੇਂਦਰੀ, ਬੋਰਸਟਲ ਤੇ ਜਨਾਨਾ ਜੇਲ੍ਹਾਂ ਦੀ ਅਚਨਚੇਤ ਚੈਕਿੰਗ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ) : ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਸ੍ਰੀਮਤੀ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਅੱਜ ਕੇਂਦਰੀ ਜੇਲ੍ਹ, ਲੁਧਿਆਣਾ, ਬੋਰਸਟਲ ਜੇਲ੍ਹ, ਲੁਧਿਆਣਾ ਅਤੇ ਜਨਾਨਾ ਜੇਲ੍ਹ, ਲੁਧਿਆਣਾ ਦੀ ਅਚਨਚੇਤ ਚੈਕਿੰਗ ਕੀਤੀ ਗਈ।

ਚੈਕਿੰਗ ਦੌਰਾਨ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੰਟ ਸਾਹਿਬਾਨਾਂ ਦੀ ਦੇਖ ਰੇਖ ਹੇਠ ਵੱਖ-ਵੱਖ ਬੈਰਕਾਂ ਦੀ ਚੈਕਿੰਗ ਕੀਤੀ ਅਤੇ ਉੱਥੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ। ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਤੁਰੰਤ ਕਰਨ ਦੇ ਹੁਕਮ ਜਾਰੀ ਕੀਤੇ ਗਏ। ਜਨਾਨਾ ਜੇਲ੍ਹ ਦੇ ਲੰਗਰ ਹਾਲ ਦਾ ਨਿਰੀਖਣ ਕਰਦਿਆਂ ਉੱਥੇ ਬਣ ਰਹੇ ਖਾਣੇ ਨੂੰ ਵੀ ਚੈੱਕ ਕੀਤਾ ਗਿਆ। ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਜੇਲ੍ਹ ਦੀਆਂ ਬੰਦੀ ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਛੇਤੀ ਤੋਂ ਛੇਤੀ ਕਰਨ ਦੇ ਹੁਕਮ ਦਿੱਤੇ ਗਏ। ਇਸ ਤੋਂ ਬਾਅਦ ਕੇਂਦਰੀ ਜੇਲ੍ਹ ਅਤੇ ਬੋਰਸਟਲ ਜੇਲ੍ਹ ਦਾ ਦੌਰਾ ਵੀ ਕੀਤਾ ਗਿਆ ਅਤੇ ਉੱਥੇ ਲੰਗਰ ਹਾਲ ਦਾ ਨਿਰੀਖਣ ਕੀਤਾ।

ਜ਼ਿਲ੍ਹਾ ਤੇ ਸੈਸ਼ਨ ਜੱਜ ਰੰਧਾਵਾ ਵੱਲੋਂ ਜੇਲ੍ਹ ਬੰਦੀਆਂ ਨੂੰ ਦੱਸਿਆ ਗਿਆ ਕਿ ਜਿਹੜੇ ਬੰਦੀ ਆਪਣੇ ਕੇਸ ਦੀ ਪੈਰਵੀ ਲਈ ਆਪਣੇ ਪ੍ਰਾਈਵੇਟ ਪੱਧਰ 'ਤੇ ਐਡਵੋਕੇਟ ਹਾਇਰ ਕਰਨ ਵਿੱਚ ਅਸਮੱਰਥ ਹਨ, ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਤੋਂ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਜੇਲ੍ਹ ਬੰਦੀਆਂ ਨੂੰ ਦੱਸਿਆ ਕਿ ਮੁਫਤ ਕਾਨੂੰਨੀ ਸਹਾਇਤਾ ਲੈਣ ਲਈ ਜੇਲ੍ਹ ਵਿੱਚ ਖੋਲ੍ਹੇ ਹੋਏ ਲੀਗਲ ਏਡ ਕਲੀਨਿਕ ਵਿੱਚ ਪੇਸ਼ ਹੋ ਕੇ ਕਾਨੂੰਨੀ ਸਹਾਇਤਾ ਦਾ ਫਾਰਮ ਭਰਵਾਇਆ ਜਾ ਸਕਦਾ ਹੈ। ਇਸ ਮੌਕੇ ਡੇਜ਼ੀ ਬਾਂਗੜ, ਮਾਨਯੋਗ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਇੰਚਾਰਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਅਤੇ ਵਰਿੰਦਰਜੀਤ ਸਿੰਘ ਰੰਧਾਵਾ, ਚੀਫ ਲੀਗਲ ਏਡ ਡਿਫੈਂਸ ਕੌਂਸਲ, ਮਨਪ੍ਰੀਤ (ਐੱਮ.ਪੀ) ਸਿੰਘ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ, ਲੁਧਿਆਣਾ ਵੀ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸਾਹਿਬ ਨਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 2 ਫਰਵਰੀ ਨੂੰ ਸੇਵਾ ਕੇਂਦਰ ਸਟਾਫ਼ ਭਰਤੀ ਲਈ ਲੱਗੇਗਾ ਨੌਕਰੀ ਮੇਲਾ

ਲੁਧਿਆਣਾ, 30 ਜਨਵਰੀ (ਵਿਸ਼ਾਲ ਸ਼ਰਮਾ): ਸੇਵਾ ਕੇਂਦਰਾਂ ਦੇ ਪੰਜਾਬ ਦੇ ਪ੍ਰੋਜੈਕਟ ਹੈੱਡ ਪ੍ਰਭਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਨਿਵਾਸੀਆਂ ਨੂੰ ਵੱਖ-ਵੱਖ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੇ ਪੰਜਾਬ ਅੰਦਰ ਸੇਵਾ ਕੇਂਦਰ ਖੋਲ੍ਹੇ ਹੋਏ ਹਨ। ਸੇਵਾ ਕੇਂਦਰਾਂ ਦੇ ਪੰਜਾਬ ਦੇ ਪ੍ਰੋਜੈਕਟ ਹੈੱਡ ਪ੍ਰਭਜੋਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਲੁਧਿਆਣਾ ਵਿੱਚ ਸੇਵਾ ਕੇਂਦਰ ਵੱਲੋਂ ਸਟਾਫ਼ ਦੀ ਭਰਤੀ ਕਰਨ ਲਈ ਨੌਕਰੀ ਮੇਲਾ ਸੇਵਾ ਕੇਂਦਰ, ਨਵੀਂ ਕਚਹਿਰੀ, ਮਿੰਨੀ ਸਕੱਤਰੇਤ, ਲੁਧਿਆਣਾ ਵਿਖੇ 2 ਫਰਵਰੀ ਨੂੰ ਸਵੇਰੇ



9:30 ਵਜੇ ਤੋਂ ਸ਼ਾਮ 3:00 ਵਜੇ ਤੱਕ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਵਧੀਆ ਵਸੀਲੇ ਪੈਦਾ ਕੀਤਾ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬੀ.ਏ ਦੀ ਡਿਗਰੀ (ਗ੍ਰੈਜੂਏਸ਼ਨ) ਪਾਸ ਨੌਜਵਾਨਾਂ ਲਈ ਇਹ ਇਕ ਵਧੀਆ ਵਿਕਲਪ ਹੈ। ਚਾਹਵਾਨ ਨੌਜਵਾਨ 2 ਫਰਵਰੀ ਨੂੰ ਆਪੋ ਆਪਣੇ ਪੜ੍ਹਾਈ ਤੇ ਰਿਹਾਇਸ਼ੀ ਪਹਿਚਾਣ ਪੱਤਰ ਸਮੇਤ ਇੰਟਰਵਿਊ ਲਈ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 95305-40651 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਪ੍ਰਧਾਨ ਮੰਤਰੀ ਦਾ ਪੰਜਾਬ ਦੌਰਾ ਸਵਾਗਤਯੋਗ, ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਿਆ ਜਾਵੇ : ਟਿੱਕਾ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ) : ਭਾਜਪਾ ਦੀ ਪੰਜਾਬ ਕਾਰਜਕਾਰਨੀ ਦੇ ਮੈਂਬਰ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਭਗਤ ਰਵਿਦਾਸ ਜੀ ਦੇ 649ਵੇਂ ਜਨਮ ਦਿਹਾੜੇ ਦੇ ਮੌਕੇ 'ਤੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਤਾਵਿਤ ਦੌਰੇ ਦਾ ਸਵਾਗਤ ਕੀਤਾ ਹੈ। ਟਿੱਕਾ ਨੇ ਕਿਹਾ ਕਿ ਇਸ ਦੌਰੇ ਦੀ ਮਹੱਤਤਾ ਚੋਣ ਗਣਿਤ ਤੋਂ ਪਰ੍ਹੇ ਹੈ ਅਤੇ ਇਸਨੂੰ ਸਿੱਖ ਅਧਿਆਤਮਿਕ ਸਿਧਾਂਤ ਵਿੱਚ ਭਗਤ ਰਵਿਦਾਸ ਜੀ ਦੇ ਸਥਾਨ ਦੀ ਪ੍ਰਵਾਨਗੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਕਰਨਾ ਇੱਕ ਸੁਚੇਤ ਐਲਾਨ ਸੀ ਕਿ ਬ੍ਰਹਮਤਾ ਅਤੇ ਮਾਣ ਸਮਾਜਿਕ ਸਮਾਨਤਾ ਤੋਂ ਅਟੁੱਟ ਹਨ।ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ ਸਾਰੀ ਮਨੁੱਖਤਾ ਨੂੰ ਸੰਬੋਧਿਤ ਕਰਦੀ ਹੈ। ਇਹ ਦਰਜਾਬੰਦੀ ਨੂੰ ਰੱਦ ਕਰਦੀ ਹੈ ਅਤੇ ਇਸ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਅਧਿਆਤਮਿਕ ਗਿਆਨ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਲਈ ਬਰਾਬਰ ਹੈ। ਉਹਨਾਂ ਕਿਹਾ ਕਿ ਇਹ ਵਿਸ਼ਵਾਸ ਨੂੰ ਪ੍ਰਤੀਕ ਵਜੋਂ ਪੇਸ਼ ਕਰਨ ਦੀ ਬਜਾਏ ਵੱਡੇ ਸਿੱਖ ਭਾਈਚਾਰੇ ਦੇ ਜੀਵਤ ਇਤਿਹਾਸ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਵਿਦਾਸੀਆਂ ਭਾਈਚਾਰਾ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਸਿੱਖ ਹਨ ਜਦੋਂ ਕਿ ਦੂਸਰੇ ਵੱਖ-ਵੱਖ ਪਰੰਪਰਾਵਾਂ ਦਾ ਪਾਲਣ ਕਰਦੇ ਹਨ, ਪੰਜਾਬ ਦੇ ਸੱਭਿਆਚਾਰਕ ਅਤੇ ਸਮਾਜਿਕ ਤਾਣੇ-ਬਾਣੇ ਵਿੱਚ ਅਹਿਮ ਸਥਾਨ ਰੱਖਦੇ ਹਨ।ਉਹਨਾਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਇਸ ਮੌਕੇ ਦੀ ਵਰਤੋਂ ਕਰਤਾਰਪੁਰ ਲਾਂਘੇ ਨੂੰ ਦੁਬਾਰਾ ਖੋਲ੍ਹਣ ਦਾ ਐਲਾਨ ਕਰਨ ਲਈ ਕਰਨ ਜੋ ਭਾਰਤ ਅਤੇ ਵਿਦੇਸ਼ਾਂ ਵਿੱਚ ਸਾਰਥਕ ਸੰਦੇਸ਼ ਦੇਵੇਗਾ। ਇਹ ਦਿਨ ਲਾਂਘੇ ਨੂੰ ਦੁਬਾਰਾ ਖੋਲ੍ਹਣ ਨਾਲ ਨੈਤਿਕ ਤੌਰ 'ਤੇ ਹੋਰ ਮਜ਼ਬੂਤ ਸੁਨੇਹੇ ਵਾਲਾ ਹੋਵੇਗਾ। ਇਹ ਸਿੱਖ ਸ਼ਰਧਾਲੂਆਂ ਨੂੰ ਇੱਕ ਵਾਰ ਫਿਰ ਕਰਤਾਰਪੁਰ ਸਾਹਿਬ ਵਿਖੇ ਮੱਥਾ ਟੇਕਣ ਦੀ ਆਗਿਆ ਦੇਵੇਗਾ। ਜਿੱਥੇ ਜਗਤ ਗੁਰੂ ਸ੍ਰੀ ਗੁਰੂ ਨਾਨਕ ਸਾਹਿਬ ਨੇ ਸਿੱਖੀ ਦੀ ਨੀਂਹ ਮਜ਼ਬੂਤ ਕੀਤੀ ਸੀ, ਜਿੱਥੇ ਗੁਰੂ ਕਾ ਲੰਗਰ ਰਸਮੀ ਤੌਰ 'ਤੇ ਸਥਾਪਿਤ ਕੀਤਾ ਗਿਆ ਸੀ, ਜਿੱਥੇ ਭਾਈ ਲਹਿਣਾ ਗੁਰੂ ਅੰਗਦ ਦੇਵ ਸਾਹਿਬ ਬਣੇ ਸਨ ਅਤੇ ਜਿੱਥੇ ਗੁਰੂ ਨਾਨਕ ਸਾਹਿਬ ਮਨੁੱਖੀ ਰੂਪ ਵਿੱਚ ਆਖਰੀ ਸਮਾਂ ਬਤੀਤ ਕੀਤਾ। ਉਹਨਾਂ ਕਿਹਾ ਕਿ ਕਰਤਾਰਪੁਰ ਲਾਂਘੇ ਨੂੰ ਬਹਾਲ ਕਰਨ ਨਾਲ ਹਜ਼ਾਰਾਂ ਸ਼ਰਧਾਲੂਆਂ ਨੂੰ ਦਿਲਾਸਾ ਮਿਲੇਗਾ।

# ਮੇਅਰ ਨੇ ਨਹਿਰੀ ਪਾਣੀ ਸਪਲਾਈ ਪ੍ਰੋਜੈਕਟ ਦਾ ਲਿਆ ਜਾਇਜ਼ਾ

ਲੁਧਿਆਣਾ, 30 ਜਨਵਰੀ (ਵਿਸ਼ਾਲ ਸ਼ਰਮਾ) : ਮੇਅਰ ਇੰਦਰਜੀਤ ਕੌਰ ਨੇ ਸ਼ੁੱਕਰਵਾਰ ਨੂੰ ਸਰਾਭਾ ਨਗਰ ਸਥਿਤ ਐਮਸੀ ਜ਼ੋਨ ਡੀ ਦਫ਼ਤਰ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਵਿਸ਼ਵ ਬੈਂਕ ਅਤੇ ਏ.ਆਈ.ਆਈ.ਬੀ. ਦੁਆਰਾ ਫੰਡ ਪ੍ਰਾਪਤ ਨਹਿਰੀ ਪਾਣੀ ਸਪਲਾਈ ਪ੍ਰੋਜੈਕਟ ਦੇ ਅਧੀਨ ਪ੍ਰਗਤੀ ਦਾ ਜਾਇਜ਼ਾ ਲਿਆ। ਸ਼ਹਿਰ ਲਈ ਇੱਕ ਵੱਡੇ ਵਿਕਾਸ ਵਿੱਚ, ਪ੍ਰੋਜੈਕਟ ਨੇ 25 ਫਰਵਰੀ, 2025 ਨੂੰ ਸ਼ੁਰੂ ਹੋਣ ਤੋਂ ਬਾਅਦ ਪਹਿਲੇ 11 ਮਹੀਨਿਆਂ ਦੇ ਅੰਦਰ ਹੀ 22 ਪ੍ਰਤੀਸ਼ਤ ਭੌਤਿਕ ਪ੍ਰਗਤੀ ਪ੍ਰਾਪਤ ਕਰ ਲਈ ਹੈ। ਮੇਅਰ ਨੇ ਅਧਿਕਾਰੀਆਂ ਨੂੰ ਕੰਮਾਂ ਨੂੰ ਹੋਰ ਤੇਜ਼ ਕਰਨ ਅਤੇ ਨਿਰਧਾਰਤ ਸਮੇਂ ਦੇ ਅੰਦਰ ਪ੍ਰੋਜੈਕਟ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਨਿਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਮੇਅਰ ਇੰਦਰਜੀਤ ਕੌਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪ੍ਰੋਜੈਕਟ ਅਧੀਨ ਪਾਣੀ ਸਪਲਾਈ ਲਾਈਨਾਂ ਲਗਾਉਣ ਲਈ ਪੁੱਟੀਆਂ ਗਈਆਂ ਸੜਕਾਂ ਦੀ



ਜਲਦੀ ਤੋਂ ਜਲਦੀ ਮੁਰੰਮਤ ਕੀਤੀ ਜਾਵੇ। ਮੇਅਰ ਨੇ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਸੜਕਾਂ ਨੂੰ 20 ਦਿਨਾਂ ਦੇ ਅੰਦਰ ਮੋਟਰਯੋਗ ਬਣਾਇਆ ਜਾਵੇ ਅਤੇ ਮੌਸਮ ਦੇ ਅਨੁਕੂਲ ਹੁੰਦੇ ਹੀ ਪੈਚ ਵਰਕ ਕੀਤਾ ਜਾਵੇ। ਭਵਿੱਖ ਵਿੱਚ ਵੀ, ਇਹ ਯਕੀਨੀ ਬਣਾਇਆ ਜਾਵੇ ਕਿ ਪੁੱਟੀਆਂ ਗਈਆਂ ਸੜਕਾਂ ਦੀ ਜਲਦੀ ਤੋਂ ਜਲਦੀ ਮੁਰੰਮਤ ਕੀਤੀ ਜਾਵੇ ਤਾਂ ਜੋ ਵਸਨੀਕਾਂ ਨੂੰ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮੇਅਰ ਨੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਓਵਰਹੈੱਡ ਵਾਟਰ ਰਿਜ਼ਰਵਾਇਰ ਸਥਾਪਤ ਕਰਨ ਅਤੇ ਪਿੰਡ ਬਿਲਗਾ (ਸਾਹਨੇਵਾਲ ਦੇ ਨੇੜੇ) ਵਿੱਚ ਇੱਕ ਵਿਸ਼ਵ ਪੱਧਰੀ ਵਾਟਰ ਟ੍ਰੀਟਮੈਂਟ ਪਲਾਂਟ (ਡਬਲਯੂਟੀਪੀ) ਸਥਾਪਤ ਕਰਨ ਲਈ ਚੱਲ ਰਹੇ ਕੰਮਾਂ ਦਾ ਵੀ ਜਾਇਜ਼ਾ ਲਿਆ। ਕੰਮਾਂ ਨੂੰ ਤੇਜ਼ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਗਏ। ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਪੰਦਰਵਾੜੇ ਸਮੀਖਿਆ ਮੀਟਿੰਗਾਂ ਕੀਤੀਆਂ ਜਾਣਗੀਆਂ ਕਿ ਪ੍ਰੋਜੈਕਟ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਹੋ ਜਾਵੇ।

# ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਪ੍ਰਸ਼ਨ ਉੱਤਰ ਮੁਕਾਬਲਾ ਕਰਵਾਇਆ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ): ਸਥਾਨਕ ਗੁਰਦੁਆਰਾ ਸਾਹਿਬ ਜਨਤਾ ਨਗਰ ਵਿਖੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਯਾਦ ਨੂੰ ਸਮਰਪਿਤ ਪੰਜਵਾਂ 'ਸਾਡਾ ਵਿਰਸਾ ਸਾਡਾ ਪਰਿਵਾਰ' ਦੇ ਸਿਰਲੇਖ ਹੇਠ ਬੱਚਿਆਂ ਦਾ ਸਵਾਲ ਜਵਾਬ ਦਾ ਲਿਖਤੀ ਧਾਰਮਿਕ ਪੇਪਰ ਲਿਆ ਗਿਆ। ਜਿਸ ਵਿੱਚ 750 ਦੇ ਕਰੀਬ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ। ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ 5100/-, 3100/-, 2100/- ਰੁ: ਅਤੇ ਟਰਾਫੀਆਂ ਇਨਾਮ ਦਿੱਤੇ ਗਏ ਵਧੀਆ ਅੰਕ ਪ੍ਰਾਪਤ ਕਰਨ ਵਾਲੇ 20 ਬੱਚਿਆਂ ਨੂੰ ਵਿਸ਼ੇਸ਼ ਟਰਾਫੀਆਂ ਦਿੱਤੀਆਂ ਗਈਆਂ ਤੇ ਵਿਸ਼ੇਸ਼ ਇਨਾਮਾਂ ਦੀ ਸੇਵਾ .ਨਰਿੰਦਰ ਸਿੰਘ ਵੱਲੋਂ ਨਿਭਾਈ ਗਈ। ਪੇਪਰ ਦੇਣ ਵਾਲੇ ਸਾਰੇ ਬੱਚਿਆਂ ਦਾ ਟਰਾਫੀਆਂ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮੇਂ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ .ਚਰਨਜੀਤ ਸਿੰਘ ਵਿਸ਼ਵਕਰਮਾ, ਅਮਰੀਕ ਸਿੰਘ ਜੈਮਲ, ਸੁਰਜੀਤ ਸਿੰਘ ਰਿਐਤ, ਅਮਰ ਸਿੰਘ ਸੋਹਲ, ਬਲਜਿੰਦਰ ਸਿੰਘ ਪਨੇਸਰ, ਸੁਖਚੈਨ ਸਿੰਘ ਠੁਕਰਾਲ ਅਤੇ ਨਰਿੰਦਰ ਸਿੰਘ ਵੀ ਹਾਜ਼ਰ ਰਹੇ। ਡਾ.ਸਰਬਜੀਤ ਸਿੰਘ ਰੇਣੂਕਾ, ਸਮਾਲ ਸਕੇਲ ਮੈਨੂਫੈਕਚਰਾਰਜ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਠੁਕਰਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ .ਜਗਬੀਰ ਸਿੰਘ ਸੋਖੀ ਅਤੇ ਹੋਰਾਂ ਨੇ ਬੱਚਿਆਂ ਨੂੰ ਇਨਾਮ ਵੰਡੇ।

# ਪ੍ਰਸ਼ਾਸ਼ਨ ਵੱਲੋਂ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ



ਲੁਧਿਆਣਾ, 30 ਜਨਵਰੀ (ਵਿਸ਼ਾਲ ਸ਼ਰਮਾ) : ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਕੇਸ਼ ਕੁਮਾਰ ਦੀ ਦੇਖ-ਰੇਖ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੇਸ਼ ਦੀ ਖ਼ਾਤਰ ਕੁਰਬਾਨੀਆਂ ਦੇਣ ਵਾਲੇ ਮਹਾਨ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ (ਜਨਰਲ) ਪਾਇਲ ਗੋਇਲ, ਰਿਜ਼ਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ) ਕੁਲਦੀਪ ਬਾਵਾ ਅਤੇ ਹੋਰ ਵੱਖ-ਵੱਖ ਅਧਿਕਾਰੀ ਵੀ ਮੌਜੂਦ ਸਨ। ਸਮੂਹ ਸਿਵਲ ਅਤੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਵੇਰੇ 11 ਵਜੇ ਦੋ ਮਿੰਟ ਦਾ ਮੌਨ ਰੱਖਿਆ ਗਿਆ। ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਨੇ ਕਿਹਾ ਕਿ ਸਾਨੂੰ ਆਪਣੇ ਸ਼ਹੀਦਾਂ 'ਤੇ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਉਨ੍ਹਾਂ ਦੇ ਸੰਘਰਸ਼ ਅਤੇ ਕੁਰਬਾਨੀ ਸਦਕਾ ਹਰ ਨਾਗਰਿਕ ਆਜ਼ਾਦੀ ਦਾ ਨਿੱਘ ਮਾਣ ਰਿਹਾ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਨਾਗਰਿਕਾਂ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਬਣਾਉਣ ਲਈ ਸਾਨੂੰ ਸਾਰਿਆਂ ਨੂੰ ਇਨ੍ਹਾਂ ਮਹਾਨ ਸ਼ਖ਼ਸੀਅਤਾਂ ਵੱਲੋਂ ਸੰਜੋਏ ਗਏ ਸੁਪਨਿਆਂ ਦੀ ਪੂਰਤੀ ਲਈ ਹਮੇਸ਼ਾ ਤੱਤਪਰ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਲਗਨ, ਅਨੁਸ਼ਾਸਨ ਅਤੇ ਸਮਰਪਣ ਦੀ ਭਾਵਨਾ ਨਾਲ ਨਿਭਾਉਣੀ ਚਾਹੀਦੀ ਹੈ।

# ਗੁ: ਸ੍ਰੀ ਗੁਰੂ ਸਿੰਘ ਸਭਾ ਵਿਖੇ ਅੱਜ ਗੁਰੂ ਹਰਿਰਾਇ ਜੀ ਦਾ ਪ੍ਰਕਾਸ਼ ਦਿਹਾੜਾ ਅਤੇ ਭਲਕੇ ਭਗਤ ਰਵਿਦਾਸ ਜੀ ਦਾ ਜਨਮ-ਦਿਹਾੜਾ ਮਨਾਇਆ ਜਾਵੇਗਾ

ਲੁਧਿਆਣਾ, 30 ਜਨਵਰੀ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਦੋ ਰੋਜ਼ਾ ਹਫਤਾਵਾਰੀ ਗੁਰਮਤਿ ਕਥਾ ਅਤੇ ਕੀਰਤਨ ਸਮਾਗਮ 31 ਜਨਵਰੀ ਦਿਨ ਸ਼ਨੀਵਾਰ ਨੂੰ ਗੁਰੂ ਹਰਿਰਾਇ ਜੀ ਦਾ ਪ੍ਰਕਾਸ਼ ਦਿਹਾੜਾ ਅਤੇ 1 ਫ਼ਰਵਰੀ ਦਿਨ ਐਤਵਾਰ ਨੂੰ ਭਗਤ ਰਵਿਦਾਸ ਜੀ ਦਾ ਜਨਮ-ਦਿਹਾੜਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਮਨਾਏ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ 31 ਜਨਵਰੀ ਦਿਨ ਸ਼ਨੀਵਾਰ ਨੂੰ ਭਾਈ ਸੁਖਵੰਤ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਸ਼ਾਮ 7 ਵਜੇ ਤੋਂ 8-15 ਵਜੇ ਤੱਕ ਸੰਗਤਾਂ ਨੂੰ ਇਲਾਹੀ ਗੁਰਬਾਣੀ ਦਾ ਕੀਰਤਨ ਸ੍ਰਵਨ ਕਰਵਾਉਣਗੇ। 8-15 ਵਜੇ ਤੋਂ 9-15 ਵਜੇ ਤੱਕ ਗਿਆਨੀ ਹਰਜੀਤ ਸਿੰਘ ਹਰਮਨ ਮਾਰਕੰਡੇ ਵਾਲੇ ਗੁਰੂ ਹਰਿਰਾਇ ਜੀ ਦੇ ਜੀਵਨ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ। 1 ਫ਼ਰਵਰੀ ਦਿਨ ਐਤਵਾਰ ਨੂੰ ਸਵੇਰੇ ਅੰਮ੍ਰਿਤ ਵੇਲੇ ਰੋਜ਼ਾਨਾ ਦੀ ਤਰ੍ਹਾਂ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕੀਤੇ ਜਾਣਗੇ । ਆਸਾ ਜੀ ਦੀ ਵਾਰ ਦੇ ਕੀਰਤਨ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਗਗਨਦੀਪ ਸਿੰਘ ਅਤੇ ਅਮਨਦੀਪ ਸਿੰਘ ਜੀ ਸੰਗਤਾਂ ਨੂੰ ਸ੍ਰਵਣ ਕਰਵਾਉਣਗੇ। ਸ਼ਾਮ ਦੇ ਸਮਾਗਮ ਵਿੱਚ ਪਹਿਲਾਂ ਸੰਦੀਪ ਸਿੰਘ ਜਵੱਦੀ ਟਕਸਾਲ ਵਾਲੇ ਸੰਗਤਾਂ ਨੂੰ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕਰਕੇ ਨਿਹਾਲ ਕਰਨਗੇ । ਸੋਦਰ ਰਹਿਰਾਸ ਦੀ ਚੌਂਕੀ ਤੋਂ ਬਾਅਦ 7 ਵਜੇ ਤੋਂ 8-15 ਵਜੇ ਤੱਕ ਪੰਥ ਪ੍ਰਸਿੱਧ ਰਾਗੀ ਭਾਈ ਸਤਿੰਦਰ ਸਿੰਘ ਜੀ ਆਲਮ ਹੁਸ਼ਿਆਰਪੁਰ ਵਾਲੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਨ ਕਰਵਾਉਣਗੇ । ਉਹਨਾਂ ਤੋਂ ਬਾਅਦ 8-15 ਵਜੇ ਤੋਂ 9-15 ਵਜੇ ਗਿਆਨੀ ਕਰਨਵੀਰ ਸਿੰਘ ਬੱਸੀ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ। ਅਰਦਾਸ, ਹੁਕਮਨਾਮੇ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਮੇਂ ਸਿਰ ਗੁਰਦੁਆਰਾ ਸਾਹਿਬ ਪਹੁੰਚ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣੋ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਮੀਟਿੰਗ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਬਲਬੀਰ ਸਿੰਘ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸ਼ਪਾਲ ਸਿੰਘ, ਗੁਰਦੀਪ ਸਿੰਘ ਕਾਲੜਾ ਸ਼ਾਮਲ ਸਨ ।

# ਪਵਨ ਦੀਵਾਨ ਦੀ ਅਗਵਾਈ ਹੇਠ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ) : ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 78ਵੀਂ ਬਰਸੀ ਮੌਕੇ ਕਾਂਗਰਸ ਪਾਰਟੀ ਵੱਲੋਂ ਸਥਾਨਕ ਸਰਾਭਾ ਨਗਰ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਲੁਧਿਆਣਾ ਸ਼ਹਿਰੀ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਮਹਾਤਮਾ ਗਾਂਧੀ ਦੀਆਂ ਸਿੱਖਿਆਵਾਂ ਨੂੰ ਯਾਦ ਕੀਤਾ।ਇਸ ਮੌਕੇ ਪਵਨ ਦੀਵਾਨ ਨੇ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਅਹਿੰਸ, ਆਪਸੀ ਭਾਈਚਾਰੇ, ਨਿਆਂ ਅਤੇ ਸ਼ਾਂਤੀ ਦੇ ਵਿਚਾਰ ਅੱਜ ਵੀ ਦੇਸ਼ ਲਈ ਪ੍ਰੇਰਨਾ ਦੇ ਸਰੋਤ ਹਨ।

ਉਹਨਾਂ ਨੇ ਅਫਸੋਸ ਪ੍ਰਗਟਾਇਆ ਕਿ ਦੇਸ਼ ਦੇ ਕਰੋੜਾਂ ਲੋਕਾਂ ਨੂੰ ਰੁਜ਼ਗਾਰ ਦੇਣ ਵਾਲੀ ਸਕੀਮ ਮਨਰੇਗਾ ਨੂੰ ਕੇਂਦਰ ਦੀ ਭਾਜਪਾ ਅਗਵਾਈ ਵਾਲੀ ਸਰਕਾਰ ਵੱਲੋਂ ਖਤਮ ਕਰਕੇ ਮਹਾਤਮਾ ਗਾਂਧੀ ਦੇ ਵਿਚਾਰਾਂ ਨੂੰ ਸਭ ਤੋਂ ਵੱਡੀ ਠੇਸ ਪਹੁੰਚਾਈ ਗਈ ਹੈ। ਉਹਨਾਂ ਨੇ ਕੇਂਦਰ ਸਰਕਾਰ ਤੋਂ ਮੁੜ ਤੋਂ ਇਹ ਸਕੀਮ ਸ਼ੁਰੂ ਕੀਤੇ ਜਾਣ ਦੀ ਮੰਗ ਕੀਤੀ।ਇਸ ਮੌਕੇ ਇੰਦਰਜੀਤ ਕਪੂਰ, ਰੋਹਿਤ ਪਾਹਵਾ, ਜਸਵਿੰਦਰ ਓਸਾਹਨ, ਦੀਪਕ ਹੰਸ, ਹਰਭਗਤ ਸਿੰਘ ਗਰੇਵਾਲ, ਪ੍ਰਭਜੋਤ ਸਿੰਘ, ਨਿਰਭੈ ਸਿੰਘ ਰੰਗੂਵਾਲ , ਦੀਪਕ ਸ਼ਰਮਾ, ਰਜਨੀਸ਼ ਸਿੰਗਲਾ, ਪੁਲਕਿਤ ਚੌਧਰੀ, ਦਿਨੇਸ਼ ਸ਼ਰਮਾ, ਅਜੈ ਗੁਪਤਾ, ਵਰੁਨ ਸ਼ਰਮਾ ਅਤੇ ਨਿਵੇਸ਼ ਵਾਸਨ ਆਦਿ ਵੀ ਹਾਜ਼ਰ ਰਹੇ।

# ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ। ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਬਰ, ਮਹਿੰਦਰ ਸਿੰਘ ਡੰਗ,ਅਤਰ ਸਿੰਘ ਮਕੱੜ ਰਜਿੰਦਰ ਸਿੰਘ ਡੰਗ,ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਇੰਦਰਬੀਰ ਸਿੰਘ ਬੱਤਰਾ,ਸੁਰਿੰਦਰਪਾਲ ਸਿੰਘ ਭੁਟੀਆਨੀ, ਰਣਜੀਤ ਸਿੰਘ ਖਾਲਸਾ,ਹਰਮੀਤ ਸਿੰਘ ਡੰਗ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਅਵਤਾਰ ਸਿੰਘ ਬੀ.ਕੇ, ਪਰਮਜੀਤ ਸਿੰਘ ਸੇਠੀ, ਅਵਤਾਰ ਸਿੰਘ ਮਿੱਡਾ ਅਤੇ ਮਨਮੋਹਣ ਸਿੰਘ ਆਦਿ ਵੀ ਹਾਜ਼ਰ ਸਨ।

# ਨਾਰੀ ਏਕਤਾ ਸੰਸਥਾ ਨੇ ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਿਆ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ) : ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਗੁਰਦੁਆਰਾ ਸਿੰਘ ਸਭਾ ਅਕਾਲ ਸਾਹਿਬ, ਪ੍ਰਤਾਪ ਨਗਰ ਵਿਖੇ ਨਿਆਸਰਿਤ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਰਾਸ਼ਨ-ਵੰਡ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਅਗਵਾਈ ਸੰਸਥਾ ਦੇ ਮੁੱਖ ਸਲਾਹਕਾਰ ਕੌਂਸਲਰ ਸੋਹਣ ਸਿੰਘ ਗੋਗਾ ਵੱਲੋਂ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਸਮਾਜ ਸੇਵਕ ਨੌਜਵਾਨ ਗੁਰਸ਼ਿਮਰਨ ਸਿੰਘ ਨੈਬਸਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਕੌਂਸਲਰ ਗੋਗਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੰਸਥਾ ਦਾ ਮੁੱਖ ਮਕਸਦ ਸਮਾਜ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਮੱਦਦ ਕਰਨਾ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੇਵਾਮੁਖੀ ਪ੍ਰੋਗਰਾਮ ਜਾਰੀ ਰਹਿਣਗੇ। ਉਨ੍ਹਾਂ ਸੰਗਤ ਅਤੇ ਦਾਨਦਾਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਅਜਿਹੇ ਕਾਰਜ ਸਫਲ ਬਣਦੇ ਹਨ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁੰਦਨ ਸਿੰਘ ਨਾਗੀ, ਭਾਈ ਕੁਲਬੀਰ ਸਿੰਘ, ਦਰਸ਼ਨ ਸਿੰਘ ਚਾਨੀ, ਸੁਖਵਿੰਦਰ ਸਿੰਘ ਦਹੇਲਾ, ਹਰਦੀਪ ਸਿੰਘ ਗੁਰੂ, ਸਵਤਾਰ ਸਿੰਘ ਦਿਉਸੀ, ਲੱਖਾ ਸਿੰਘ, ਜੋਗਾ ਸਿੰਘ, ਅੰਮ੍ਰਿਤਪਾਲ ਸਿੰਘ, ਜਤਿੰਦਰ ਸਿੰਘ ਹੁੰਝਣ, ਕੁਲਵਿੰਦਰ ਸਿੰਘ, ਜਸਵੰਤ ਸਿੰਘ, ਬਲਵਿੰਦਰ ਸਿੰਘ ਬਿੱਲੂ, ਮਨਜੀਤ ਸਿੰਘ ਰੂਪੀ, ਅਰਵਿੰਦਰ ਸਿੰਘ ਧੰਜਲ, ਮਹਿੰਦਰ ਸਿੰਘ, ਤੇਜਿੰਦਰ ਸਿੰਘ ਸੈਣੀ, ਕਮਲਜੀਤ ਸਿੰਘ ਲੋਟੇ, ਪ੍ਰੇਮ ਸਿੰਘ ਪੀਐਸ, ਦੀਪਿੰਦਰ ਸਿੰਘ ਸੱਗੂ, ਜੱਗਾ ਸਿੰਘ, ਸੁਰਜੀਤ ਸਿੰਘ ਸੰਤ, ਅਮਰਜੀਤ ਸਿੰਘ, ਸਤਵੰਤ ਸਿੰਘ ਮਠਾੜੂ, ਆਕਾਸ ਵਰਮਾ, ਜਨਕ ਮਹਾਜਨ, ਹਰਜੀ ਕੌਰ, ਬਲਵਿੰਦਰ ਕੌਰ, ਹਰਮਿੰਦਰ ਕੌਰ, ਹਰਜੀਤ ਕੌਰ, ਮਨਪ੍ਰੀਤ ਕੌਰ, ਸਿਮੀ, ਸਰੀਤ, ਡਿੰਪਲ, ਅਨੂ ਸ਼ਰਮਾ, ਰਮਾ ਸ਼ਰਮਾ, ਰੁਪਿੰਦਰ ਕੌਰ, ਸੰਦੀਪ ਕੌਰ, ਬੀਰਪਾਲ ਬਿਰਦੀ, ਅਮਨਦੀਪ ਕੌਰ ਆਦਿ ਹਾਜ਼ਰ ਸਨ।

# ਭਾਈ ਰਸੀਆ ਦੀ ਯਾਦ ਨੂੰ ਸਮਰਪਿਤ ਬਰਸੀ ਸਮਾਗਮ 4 ਨੂੰ



ਲੁਧਿਆਣਾ, 30 ਜਨਵਰੀ (ਰਵਿੰਦਰ ਸਿੰਘ ਨਿੱਝਰ): ਪੰਥ ਦੇ ਮਹਾਨ ਕੀਰਤਨੀਏ ਭਾਈ ਗੁਰਚਰਨ ਸਿੰਘ ਰਸੀਆ ਦੀ ਯਾਦ ਨੂੰ ਸਮਰਪਿਤ ਪਹਿਲਾ ਬਰਸੀ ਸਮਾਗਮ 4 ਫਰਵਰੀ ਨੂੰ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਕਰਵਾਇਆ ਜਾਵੇਗਾ! ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਦਰਜੀਤ ਸਿੰਘ ਮੱਕੜ ਪ੍ਰਧਾਨ ਗੁਰਦੁਆਰਾ ਸਾਹਿਬ, ਬਰਸੀ ਸਮਾਗਮ ਦੇ ਮੁੱਖ ਪ੍ਰਬੰਧਕ ਜਗਜੀਤ ਸਿੰਘ ਤੇ ਵਾਹਿਗੁਰੂਪਾਲ ਸਿੰਘ ਨੇ ਅੱਜ ਸਾਂਝੇ ਤੌਰ 'ਤੇ ਸਮਾਗਮ ਦਾ ਪੋਸਟਰ ਅਰਪਿਤ ਕਰਨ ਮੌਕੇ ਕੀਤਾ। ਮੱਕੜ ਨੇ ਦੱਸਿਆ ਕਿ 4 ਫਰਵਰੀ ਦਿਨ ਬੁੱਧਵਾਰ ਸ਼ਾਮ ਸੱਤ ਵੱਜੇ ਤੋਂ ਰਾਤ ਗਿਆਰਾਂ ਵੱਜੇ ਤੱਕ ਆਯੋਜਿਤ ਹੋਣ ਵਾਲੇ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀ ਜੱਥੇ ਹਾਜ਼ਰੀਆਂ ਭਰਨਗੇ। ਪ੍ਰਸਿੱਧ ਕਥਾ ਵਾਂਚਕ ਬਾਬਾ ਬੰਤਾ ਸਿੰਘ ਗੁਰਬਾਣੀ ਦੀ ਕਥਾ ਤੇ ਗੁਰਮਤਿ ਵਿਚਾਰਾਂ ਦੀ ਸਾਂਝ ਸੰਗਤਾਂ ਦੇ ਨਾਲ ਕਰਨਗੇ। ਸੰਤ ਬਾਬਾ ਸੁਖਦੇਵ ਸਿੰਘ ਭੁੱਚੋ ਮੰਡੀ ਵਾਲੇ, ਸੰਤ ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾ, ਸੰਤ ਬਾਬਾ ਲੱਖਾ ਸਿੰਘ ਨਾਨਕਸਰ ਕਲੇਰਾ, ਸੰਤ ਬਾਬ ਗੁਰਜੀਤ ਸਿੰਘ ਨਾਨਕਸਰ ਕਲੇਰਾ, ਸੰਤ ਬਾਬਾ ਅਮੀਰ ਸਿੰਘ ਜੀ ਮੁੱਖੀ ਜਵੱਦੀ ਟਕਸਾਲ, ਬਾਬਾ ਅਨਹਦਰਾਜ ਸਿੰਘ ਨਾਨਕਸਰ ਸਮਰਾਲਾ ਚੌਕ ਲੁਧਿਆਣਾ, ਬਾਬਾ ਹਰਚਰਨ ਸਿੰਘ ਖਾਲਸਾ ਰਾਮਪੁਰ ਵਾਲੇ ਪੰਥ ਪ੍ਰਚਾਰਕ ਮਾਤਾ ਵਿਪਨਪ੍ਰੀਤ ਕੌਰ, ਗਿਆਨੀ ਗੁਰਮੀਤ ਸਿੰਘ ਜਲੰਧਰ ਸਮੇਤ ਕਈ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰੀਆਂ ਭਰਨਗੀਆਂ। ਇਸ ਮੌਕੇ ਸੁਖਵਿੰਦਰ ਸਿੰਘ ਹੈਪੀ ਕੋਚਰ, ਪ੍ਰਿਤਪਾਲ ਸਿੰਘ, ਪਰਮਜੀਤ ਸਿੰਘ ਸੇਠੀ, ਗੁਰਪ੍ਰੀਤ ਸਿੰਘ ਪ੍ਰਿੰਸ, ਭੁਪਿੰਦਰ ਸਿੰਘ ਅਤੇ ਸੁਖਪ੍ਰੀਤ ਸਿੰਘ ਮਨੀ ਵੀ ਹਾਜ਼ਰ ਸਨ।

# ਸਨਮਤੀ ਵਿਮਲ ਜੈਨ ਸਕੂਲ ਦੇ ਵਿਦਿਆਰਥੀ ਵੱਖ-ਵੱਖ ਮੁਕਾਬਲਿਆ ਵਿੱਚ ਛਾਏ




ਜਗਰਾਓਂ, 30 ਜਨਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ, ਜਿੱਥੇ ਵਿੱਦਿਅਕ ਖੇਤਰ, ਅਤੇ ਖੇਡ ਜਗਤ ਵਿੱਚ ਇਲਾਕੇ ਦੀ ਮੋਹਰੀ ਸੰਸਥਾ ਵਜੋਂ ਜਾਣੀ ਜਾਂਦੀ ਹੈ, ਉੱਥੇ ਹੀ ਇਸ ਸੰਸਥਾ ਦੇ ਵਿਦਿਆਰਥੀ ਸਹਾਇਕ ਗਤੀਵਿਧੀਆਂ ਵਿੱਚ ਵੀ ਆਪਣੀ ਸਿਰਜਣਾਤਮਕਤਾ ਅਤੇ ਰਹੇ ਹਨ। ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀਆ ਨੇ ਲਾਲਾ ਲਾਜਪਤ ਰਾਏ ਡੀ.ਏ.ਵੀ ਕਾਲਜ ਵੱਲੋਂ ਆਯੋਜਿਤ ਕੀਤੇ ਗਏ 161ਵੇਂ ਜਨਮਦਿਨ ਨੂੰ ਸਮਪਿਤ ਕਾਰਵਾਂ-ਦੇ-ਹੁਨਰ ਪ੍ਰਤੀਯੋਗਤਾ ਵਿੱਚ ਭਾਗ ਲੈ ਕੇ ਵੱਖ -ਵੱਖ ਮੁਕਾਬਲਿਆਂ ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੇ ਸਕੂਲ, ਮਾਪਿਆਂ ਦਾ ਨਾਂ ਰੋਸ਼ਨ ਕਰਕੇ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ। ਇਸ ਸਬੰਧੀ ਉਨ੍ਹਾਂ ਨੇ ਦੱਸਿਆ ਕਿ ਪੌਟ ਮੇਕਿੰਗ ਵਿੱਚ ਗਿਆਰਵੀ ਸਾਇੰਸ ਗਰੁੱਪ ਦੀ ਵਿਦਿਆਰਥਣ ਆਰਤੀ ਨੇ ਪਹਿਲਾਂ ਸ਼ਥਾਨ, ਲੇਖ ਰਚਨਾ ਵਿੱਚ ਨੌਵੀਂ ਜਮਾਤ ਦੀ ਮੁਸਕਾਨ ਨੇ ਪਹਿਲਾ ਅਤੇ ਗਿਆਰ੍ਹਵੀਂ ਸਾਇੰਸ ਗਰੁੱਖ ਦੀ ਵਿਦਿਆਰਥਣ ਆਰੂਸੀ ਨੇ ਦੂਸਰਾ, ਸੁੰਦਰ ਲਿਖਾਈ ਵਿਚ ਗਿਆਰ੍ਹਵੀਂ ਕਾਮਰਸ ਗਰੁੱਪ ਦੀ ਵਿਦਿਆਰਥਣ ਹਰਨੂਰਜੋਤ ਕੌਰ ਤੇ ਆਰਟਸ ਗਰੁੱਪ ਦੀ ਲੱਛਮੀ ਨੇ ਸਾਂਝੇ ਤੌਰ 'ਤੇ ਦੂਸਰਾ ਸਥਾਨ, ਮਹਿੰਦੀ ਮੁਕਾਬਲੇ ਵਿੱਚ ਗਿਆਰ੍ਹਵੀਂ ਸਾਇੰਸ ਗਰੁੱਪ ਦੀ ਮੁਸਕਾਨ ਵਰਮਾ ਨੇ ਦੂਸਰਾ ਸਥਾਨ, ਭਾਸ਼ਣ ਪ੍ਰਤੀਯੋਗਤਾ ਵਿੱਚ ਗਿਆਰ੍ਹਵੀਂ ਸਾਇੰਸ ਗਰੁੱਪ ਦੀ ਤਰੁਨਪ੍ਰੀਤ ਕੌਰ ਨੇ ਤੀਸਰਾ ਸਥਾਨ ਪੋਸਟਰ ਮੇਕਿੰਗ ਵਿੱਚ ਅੱਠਵੀਂ ਜਮਾਤ ਦੇ ਅਰੁਨ ਸਿੰਘ ਨੇ ਤੀਸਰਾ ਸਥਾਨ ਰੰਗੋਲੀ ਪ੍ਰਤੀਯੋਗਤਾ ਵਿਚ ਪ੍ਰਭਸਿਮਰਨ ਕੌਰ ਤੇ ਪਰਦੀਪ ਕੌਰ ਬਾਰ੍ਹਵੀਂ ਆਰਟਸ ਦੀਆਂ ਵਿਦਿਆਰਥਣਾਂ ਨੇ ਸਾਂਝੇ ਰੂਪ ਵਿੱਚ ਇਸ਼ ਮੌਕੇ 'ਤੇ ਸਕੂਲ ਦੇ ਪ੍ਰਧਾਨ ਰਾਮੇਸ਼ ਜੈਨ, ਸੈਕਟਰੀ ਮਹਾਂਵੀਰ ਜੈਨ ਨੇ ਬੱਚਿਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਲਕੀਤ ਕੌਰ, ਕੁਲਦੀਪ ਕੌਰ, ਨਵਜੋਤ ਕੌਰ, ਅੰਕਿਤਾ ਗੁਪਤਾ, ਵੀਰਪਾਲ ਕੌਰ ਆਦਿ ਹਾਜ਼ਰ ਸਨ।


## CSB Bank — Trusted Heritage Smart Future
## PUBLIC NOTICE ON AUCTION OF PLEDGED GOLD ORNAMENTS

The borrower/s in specific and interested bidders,in general, are hereby informed that on account of non-repayment of the Banks due by the borrowers as under despite the payment notice and recall/auction notice issued by the Bank, the gold ornaments pledged with the bank security by the respective borrowers for the loan availed by them will be sold in public auction on "as is where is" and "non-recourse" basis through e-auction portal https://gold.samil.in on 10th February, 2026 at 10:30 AM. The auction may be adjourned to any other later date at the discreation of the bank upon publication of the same in the Bank's notice board. The borrowers are hereby further inform that the gold ornaments will be disposed of by private sale if the public auction is not successful and if there is a further balance to be recovered thereafter, legal action will be initiated against the borrower/s for recovery of the balance amounts due to the bank. In case of diseased borrower, all conditions will be applicable to legal heirs.

| S. No. | Account Name | Client ID | No.of Acc. | Bal. Outstanding as on 29/01/2026 | Weight (grams) |
|---|---|---|---|---|---|
| | **CHANDIGARH** | | | | |
| 1 | Mithlesh Kumar | 4888559 | 001 | 45,127.25 | 7.81 |
| 2 | Neelam Parihar | 4778430 | 004 | 2,11,753.00 | 39.65 |
| 3 | Sushil | 7024549 | 001 | 25,962.00 | 4.57 |
| 4 | Tijey Varghese | 4886771 | 001 | 89,294.00 | 15.90 |
| 5 | Vardaan Sharma | 5059840 | 001 | 2,97,590.30 | 50.00 |
| | **JALANDHAR** | | | | |
| 6 | Lalit Kumar | 5016056 | 001 | 57,357.00 | 11.30 |
| 7 | Rohit. | 8344164 | 001 | 2,31,014.00 | 36.10 |
| | **LUDHIANA-2** | | | | |
| 8 | Teja Singh | 4880030 | 001 | 33,538.00 | 7.60 |
| | **MOHALI** | | | | |
| 9 | Rahul Rahul | 5063760 | 001 | 85,049.17 | 15.31 |
| 10 | Ranjan Kumar | 5068514 | 001 | 72,711.65 | 12.74 |
| 11 | Vardaan Sharma | 5059840 | 001 | 1,18,726.24 | 19.59 |
| | **AMRITSAR** | | | | |
| 12 | Jagdeep Kaur | 5014422 | 001 | 1,03,474.00 | 18.49 |
| | **KHARAR** | | | | |
| 13 | Gagandeep Verma | 5012038 | 001 | 1,16,594.00 | 21.21 |

For more details/account wise information borrowers/interested bidders may contact respective branches and for participating in the auction, please visit/login to the e-auction portal https://gold.samil.in

CHANDIGARH/PUNJAB | 31.01.2026 Sd/- Authorized Officer, CSB Bank



SMFG Grihashakti — Nayi Asha. Naya Vishwas.

## ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.

ਕਾਰਪੋਰੇਟ ਦਫ਼ਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇਸਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051
ਰਜਿ. ਦਫ਼ਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰਬਰ 111, ਮਾਊਂਟ ਪੂਨਮੱਲੀ ਰੋਡ, ਪੋਰੂਰ, ਚੇਨਈ-600116, ਤਾਮਿਲਨਾਡੂ

**ਅਚੱਲ ਸੰਪੱਤੀ ਦੇ ਲਈ ਕਬਜ਼ਾ ਸੂਚਨਾ [(ਅੰਤਿਕਾ IV) ਨਿਯਮ 8(1)]**

ਜਿਥੇ ਕਿ, ਨਿਮਨ ਹਸਤਾਖਰੀ ਨੇ **ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.** ਇੱਕ ਹਾਊਸਿੰਗ ਫਾਇਨਾਂਸ ਕੰਪਨੀ (ਨੈਸ਼ਨਲ ਹਾਊਸਿੰਗ ਬੈਂਕ (ਪੂਰੀ ਤਰ੍ਹਾਂ **ਆਰਬੀਆਈ** ਦੀ ਮਾਲਕੀ ਹੇਠ) ਨਾਲ ਪੂਰਨ ਪੰਜੀਕ੍ਰਿਤ) (ਇੱਥੇ ਬਾਅਦ ਵਿੱਚ **''ਐਸਐਮਐਚਐਫਸੀ''** ਵੱਜੋਂ ਸੰਦਰਭਿਤ) ਦੇ **ਅਧਿਕਾਰਤ ਅਧਿਕਾਰੀ** ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਿਆਜ ਅਤੇ ਦਰਸਾਈ ਸੂਚਨਾ ਵਿੱਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰਾਂ (**ਨਾਮ ਅਤੇ ਪਤੇ ਨਿਮਨ ਦਰਸਾਏ**) ਨੂੰ ਸੱਦਾ ਦਿੰਦੇ ਹੋਏ ਦਰਸਾਏ ਕਾਨੂੰਨ ਦੀ ਧਾਰਾ 13 (2) ਦੇ ਅਧੀਨ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ। ਇੱਥੇ ਦਰਸਾਏ ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਨਿਮਨ ਦਰਸਾਏ ਕਰਜ਼ਦਾਰਾਂ ਨੂੰ ਅਤੇ **ਆਮ ਕਰਕੇ ਜਨਤਾ** ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (4) ਅਧੀਨ ਮੈਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ। ਉਕਤ ਦਰਸਾਏ ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਕੋਈ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਅਤੇ ਵਿਆਜ ਦੇ ਲਈ **''ਐਸਐਮਐਚਐਫਸੀ''** ਦੇ ਚਾਰਜ ਨਾਲ ਸਬੰਧਤ ਹੋਵੇਗੀ।

| ਲੜੀ ਨੰ. | ਕਰਜ਼ਦਾਰ(ਾਂ)/ਜ਼ਾਮਨ (ਾਂ) ਦਾ ਨਾਮ ਕਰਜ਼ ਖਾਤਾ ਨੰਬਰ | ਸੁਰੱਖਿਅਤ ਅਸਾਸਿਆਂ (ਅਚੱਲ ਸੰਪੱਤੀ) ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਰਕਮ | ਕਬਜ਼ੇ ਦੀ ਮਿਤੀ |
|---|---|---|---|---|
| 1. | Lan :- 615339511757092<br>1. **ਬੋਹੜ ਸਿੰਘ** ਮਾਰਫਤ ਮੋਹਿੰਦਰ ਸਿੰਘ<br>2. **ਪਰਮਜੀਤ ਕੌਰ** ਮਾਰਫਤ ਬੋਹੜ ਸਿੰਘ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 2 ਕਨਾਲ 2 ਮਰਲੇ ਹੈ ਜੋ ਕਿ ਕੁੱਲ 83 ਕਨਾਲ 15 ਮਰਲੇ ਦਾ 42/1675 ਹਿੱਸਾ ਹੈ, ਜਿਸ ਵਿੱਚ ਖੇਵਟ ਨੰਬਰ-381, ਖਤੌਨੀ ਨੰਬਰ-748 ਤੋਂ 754, ਖਸਰਾ ਨੰਬਰ-75ਐਮ//25(3-18), 85ਐਮ//7(8-0), 8(3-16), 13(8-0), 4(4-6), 5(7-4), 6(7-4), 58ਐਮ//11(8-0), 59 ਐਮ//15/2(0-6), 16/1(0-5), 15/1(5-8), 15/2/1(2-6), 16/1/2(4-17), 85ਐਮ//12(3-2), 19/1(2-16), 19/2(5-2), 20/1(1-5), 20/2(1-16), 21/1(6-4), ਸਾਲ 2018-19 ਲਈ ਜਮ੍ਹਾਂਬੰਦੀ, ਪਤਾ ਨੰਬਰ-2, ਹਮਦ ਵਾਲਾ ਉੱਤਰ, ਤਹਿਸੀਲ-ਮੱਲਾਂਵਾਲਾ, ਜ਼ਿਲ੍ਹਾ-ਫਿਰੋਜ਼ਪੁਰ ਵਿਖੇ ਸਥਿਤ ਟਰਾਂਸਫਰ ਡੀਡ ਬੇਅਰਿੰਗ ਵਸੀਕਾ ਨੰਬਰ-2024-25/210/1/80 ਮਿਤੀ 24-4-2024 ਅਨੁਸਾਰ ਪਰਮਜੀਤ ਕੌਰ ਪਤਨੀ ਬੋਹੜ ਸਿੰਘ ਦੇ ਨਾਮ 'ਤੇ ਰੀਕੋਡ ਕੀਤੀ ਗਈ। ਹੇਠ ਲਿਖੇ ਅਨੁਸਾਰ ਸੀਮਾ:- ਪੂਰਬੀ-ਆਪਣੀ ਜਾਇਦਾਦ, ਪੱਛਮੀ-ਰਾਸਤਾ, ਉੱਤਰ-ਸੁਖਦੇਵ ਸਿੰਘ, ਦੱਖਣ-ਆਪਣੀ ਮਾਲਕ। | 10.11.2025<br>Rs. 12,75,617.20<br>(ਰੁਪਏ ਬਾਰਾਂ ਲੱਖ ਪਚੱਤਰ ਹਜ਼ਾਰ ਛੇ ਸੌ ਸਤਾਰਾਂ ਅਤੇ ਵੀਹ ਪੈਸੇ ਕੇਵਲ)<br>06.11.2025 ਨੂੰ | 28.01.2026 |
| 2. | Lan :- 615339511424867<br>1. **ਗੁਰਜੀਤ ਸਿੰਘ** ਸਪੁੱਤਰ ਮਹਿਲ ਸਿੰਘ<br>2. **ਹਰਮਨਦੀਪ ਕੌਰ** ਸੁਪਤਨੀ ਗੁਰਜੀਤ ਸਿੰਘ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 1 ਕਨਾਲ 8 ਮਰਲੇ 6 ਸਰਸਾਈ, ਕੁੱਲ 16 ਕਨਾਲ 18 ਮਰਲੇ ਦਾ 258/3042 ਹਿੱਸਾ, ਖੇਵਟ ਨੰਬਰ-59, ਖਤੌਨੀ ਨੰਬਰ-110, ਖਸਰਾ ਨੰਬਰ-11¢//23(7-19), 24(7-19), 26(1-0), ਸਾਲ 2020-21 ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਜੋ ਕਿ ਪਿੰਡ-ਬੱਗੀ ਪਟਨੀ @ ਮੋਹਕਮ ਵਾਲਾ, ਤਹਿਸੀਲ-ਜ਼ੀਰਾ, ਜ਼ਿਲ੍ਹਾ-ਫਿਰੋਜ਼ਪੁਰ ਵਿਖੇ ਸਥਿਤ ਹੈ, ਟਰਾਂਸਫਰ ਡੀਡ ਬੇਅਰਿੰਗ ਵਸੀਕਾ ਨੰਬਰ-2023-24/117/1/776 ਮਿਤੀ 27-6-2023 ਅਨੁਸਾਰ ਹਰਮਨਦੀਪ ਕੌਰ ਪਤਨੀ ਗੁਰਜੀਤ ਸਿੰਘ ਦੇ ਨਾਮ 'ਤੇ ਦਰਜ ਹੈ। ਹੇਠ ਲਿਖੇ ਅਨੁਸਾਰ ਸੀਮਾਬੱਧ:- ਪੂਰਬ-ਅਮਰਜੀਤ ਸਿੰਘ ਪੁੱਤਰ ਗੁਰਦੀਪ ਸਿੰਘ, ਪੱਛਮੀ-ਰਾਸਤਾ, ਉੱਤਰ-ਗੁਰਭੇਜ ਸਿੰਘ ਪੁੱਤਰ ਮਹਿਲ ਸਿੰਘ, ਦੱਖਣ-ਗੁਰਮੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ। | 10.11.2025<br>Rs. 19,79,459.24<br>(ਰੁਪਏ ਉਨੀਂ ਲੱਖ ਉਣਾਸੀ ਹਜ਼ਾਰ ਚਾਰ ਸੌ ਉਣਾਹਠ ਅਤੇ ਚੌਵੀ ਪੈਸੇ ਕੇਵਲ)<br>06.11.2025 ਨੂੰ | 28.01.2026 |
| 3. | Lan :- 609939511319846<br>1. **ਸੁਖਜੀਤ ਕੌਰ** ਸੁਪਤਨੀ ਨੈਬ ਸਿੰਘ<br>2. **ਨੈਬ ਸਿੰਘ** ਸਪੁੱਤਰ ਕਰਤਾਰ ਸਿੰਘ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 1 ਕਨਾਲ 5 ਮਰਲੇ ਹੈ ਜੋ ਕਿ ਕੁੱਲ 44 ਕਨਾਲ 5 ਮਰਲੇ ਦਾ 25/885 ਹਿੱਸਾ ਹੈ, ਜੋ ਕਿ ਖਸਰਾ ਨੰਬਰ-282//1(9-16), 282//2(8-0), 3/1(6-8), 6/2(6-1), 9(6-18), 13/2(2-18), 283//5/2(4-4), ਖਾਤਾ ਨੰਬਰ-884/1645, 1646, ਸਾਲ 2017-18 ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਜੋ ਕਿ ਪਿੰਡ-ਅਬਲੂ-2, ਤਹਿਸੀਲ ਅਤੇ ਜ਼ਿਲ੍ਹਾ-ਬਠਿੰਡਾ ਵਿਖੇ ਸਥਿਤ ਹੈ, ਟਰਾਂਸਫਰ ਡੀਡ ਬੇਅਰਿੰਗ ਵਸੀਕਾ ਨੰਬਰ-2022-23/23/1/8056 ਮਿਤੀ 6-10-22 ਸੁਖਜੀਤ ਕੌਰ ਪਤਨੀ ਨਾਇਬ ਸਿੰਘ ਦੇ ਨਾਮ 'ਤੇ ਦਰਜ ਹੈ। ਹੇਠ ਲਿਖੇ ਅਨੁਸਾਰ ਘਿਰਿਆ ਹੋਇਆ:-ਪੂਰਬ-ਨਾਇਬ ਸਿੰਘ, ਪੱਛਮ-ਅਮਰੀਕ ਸਿੰਘ, ਉੱਤਰ-ਅਜਾਇਬ ਸਿੰਘ, ਦੱਖਣੀ-ਰੋਡ। | 10.11.2025<br>Rs. 10,09,086.04<br>(ਰੁਪਏ ਦਸ ਲੱਖ ਨੌਂ ਹਜ਼ਾਰ ਛਿਆਸੀ ਅਤੇ ਚਾਰ ਪੈਸੇ ਕੇਵਲ)<br>06.11.2025 ਨੂੰ | 29.01.2026 |

ਸਥਾਨ : ਫਿਰੋਜ਼ਪੁਰ, ਬਠਿੰਡਾ, ਪੰਜਾਬ
ਮਿਤੀ : 28.01.2026/29.01.2026

ਸਹੀ/- ਅਧਿਕਾਰਤ ਅਧਿਕਾਰੀ, ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰ. ਲਿਮ.

# "ਆਪ" ਨੇ ਹਰ ਵਰਗ ਨੂੰ ਬਿਨਾਂ ਪੱਖ-ਪਾਤ ਦਿੱਤੀਆਂ ਸਹੂਲਤਾਂ: ਡਾ. ਕੇ.ਜੇ.



ਧਾਰੀਵਾਲ, 30 ਜਨਵਰੀ (ਅਸ਼ੋਕ ਕੁਮਾਰ): ਆਪ ਦੇ ਸੀਨੀਅਰ ਆਗੂ ਡਾਕਟਰ ਕੇ.ਜੇ. ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਚ' ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਹਰ ਵਰਗ ਨੂੰ ਬਰਾਬਰ ਸਹੂਲਤਾਂ ਦੇ ਕੇ ਲੋਕ-ਹਿਤੈਸ਼ੀ ਸਰਕਾਰ ਹੋਣ ਦਾ ਸਬੂਤ ਦਿੱਤਾ ਹੈ। ਉਨ੍ਹਾਂ ਕਿਹਾ ਸਰਕਾਰ ਵੱਲੋਂ ਦਿੱਤੀ ਜਾ ਰਹੀ ਮੁਫ਼ਤ ਬਿਜਲੀ ਦੀ ਸਹੂਲਤ ਨੇ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਦਾ ਘਰੇਲੂ ਬੋਝ ਕਾਫ਼ੀ ਘਟਾਇਆ ਹੈ। ਇਸ ਨਾਲ ਲੋਕਾਂ ਨੂੰ ਆਪਣੀ ਆਮਦਨ ਬਚਾਉਣ ਵਿੱਚ ਮਦਦ ਮਿਲੀ ਹੈ।

ਡਾਕਟਰ ਕੇ.ਜੇ. ਨੇ ਕਿਹਾ ਕਿ ਸਰਕਾਰ ਵੱਲੋਂ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਦੇਣਾ ਇੱਕ ਇਤਿਹਾਸਕ ਕਦਮ ਹੈ। ਇਸ ਯੋਜਨਾ ਨਾਲ ਗੰਭੀਰ ਬਿਮਾਰੀਆਂ ਦਾ ਇਲਾਜ ਕਰਵਾਉਣਾ ਹੁਣ ਆਮ ਆਦਮੀ ਲਈ ਸੰਭਵ ਹੋ ਗਿਆ ਹੈ। ਸਿਹਤ ਸੇਵਾਵਾਂ ਨੂੰ ਹਰ ਵਰਗ ਤੱਕ ਪਹੁੰਚਾਉਣਾ ਭਗਵੰਤ ਮਾਨ ਸਰਕਾਰ ਦੀ ਵੱਡੀ ਪ੍ਰਾਪਤੀ ਹੈ।

ਉਨ੍ਹਾਂ ਨੇ ਹੋਰ ਕਿਹਾ ਕਿ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਕੇ ਸਰਕਾਰ ਨੇ ਬੇਰੋਜ਼ਗਾਰੀ ਦੀ ਸਮੱਸਿਆ ਨੂੰ ਘਟਾਉਣ ਵੱਲ ਮਜ਼ਬੂਤ ਕਦਮ ਚੁੱਕੇ ਹਨ। ਡਾਕਟਰ ਕੇ.ਜੇ. ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਪ' ਸਰਕਾਰ ਨੇ ਬਿਨਾਂ ਕਿਸੇ ਭੇਦਭਾਵ ਦੇ ਹਰ ਵਰਗ ਦੇ ਭਲੇ ਲਈ ਕੰਮ ਕਰ ਰਹੀ ਹੈ।

## ਖੁਸ਼ਪ੍ਰੀਤ ਕੌਰ ਨੇ ਪੰਜਾਬ ਰੋਇੰਗ ਐਰਗੋਮੀਟਰ ਚੈਂਪੀਅਨਸ਼ਿਪ 'ਚ ਚਾਂਦੀ ਤੇ ਕਾਂਸੀ ਦੇ ਤਮਗ਼ੇ ਜਿੱਤੇ

ਮੋਹਾਲੀ, 30 ਜਨਵਰੀ (ਹਰਦੀਪ ਕੌਰ): ਜ਼ਿਲ੍ਹਾ ਮੁਹਾਲੀ ਦੇ ਪਿੰਡ ਨਾਡਾ ਦੀ ਵਸਨੀਕ ਖੁਸ਼ਪ੍ਰੀਤ ਕੌਰ ਪੁੱਤਰੀ ਦਲਬੀਰ ਕੁਮਾਰ ਨੇ ਮੋਗਾ ਵਿਖੇ ਆਯੋਜਿਤ ਪੰਜਾਬ ਰੋਇੰਗ ਐਰਗੋਮੀਟਰ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਂਦੀ ਅਤੇ ਕਾਂਸੀ ਦੇ ਦੋ ਮੈਡਲ ਜਿੱਤ ਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।



ਖੁਸ਼ਪ੍ਰੀਤ ਕੌਰ ਸਰਕਾਰੀ ਮਾਡਲ ਸਕੂਲ, ਸੈਕਟਰ 18, ਚੰਡੀਗੜ੍ਹ ਦੀ 10ਵੀ ਜਮਾਤ ਦੀ ਵਿਦਿਆਰਥਣ ਹੈ। ਘੱਟ ਉਮਰ ਵਿੱਚ ਇਸ ਉਪਲਬਧੀ ਨਾਲ ਉਸ ਨੇ ਆਪਣੇ ਪਰਿਵਾਰ, ਸਕੂਲ ਅਤੇ ਪਿੰਡ ਲਈ ਮਾਣ ਦੀ ਗੱਲ ਬਣਾਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬੀ ਕਲਚਰਲ ਅਤੇ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਅਕਵਿੰਦਰ ਸਿੰਘ ਗੋਸਲ ਨੇ ਕਿਹਾ ਕਿ ਖੁਸ਼ਪ੍ਰੀਤ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਸੁਸਾਇਟੀ ਵੱਲੋਂ ਉਸ ਦਾ ਛੇਤੀ ਹੀ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨੌਜਵਾਨ ਖਿਡਾਰੀਆਂ ਨੂੰ ਪ੍ਰੋਤਸਾਹਨ ਦੇਣਾ ਸਮਾਜ ਦੀ ਅਹਿਮ ਜ਼ਿੰਮੇਵਾਰੀ ਹੈ।

# ਮੁਲਾਜ਼ਮਾਂ ਦੀ ਭਲਾਈ ਲਈ ਕੰਮ ਕੀਤੇ ਜਾਣਗੇ: ਗੋਪਾਲਪੁਰੀ

ਪਟਿਆਲਾ, 30 ਜਨਵਰੀ (ਚ.ਨ.ਸ.): ਬੀਤੇ ਦਿਨੀ ਪੰਜਾਬੀ ਯੂਨੀਵਰਸਿਟੀ 'ਚ ਨਾਨ ਟੀਚਿੰਗ ਕਰਮਚਾਰੀ ਐਸੋਸੀਏਸ਼ਨ ਦੀਆਂ ਹੋਈਆਂ ਚੋਣਾਂ ਦੌਰਾਨ ਗੁਰਜੀਤ ਸਿੰਘ ਗੋਪਾਲਪੁਰੀ ਦੀ ਈਫਾ ਟੀਮ ਨੇ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕੀਤੀ ਸੀ, ਜਿਸ ਦੇ ਚਲਦਿਆਂ ਅੱਜ ਯੂਨੀਵਰਸਿਟੀ ਦੇ ਗੁਰੂ ਤੇਗ ਬਹਾਦਰ ਹਾਲ ਵਿਖੇ ਬੀ ਅਤੇ ਸੀ ਕਲਾਸ ਕਰਮਚਾਰੀ ਐਸੋਸੀਏਸ਼ਨ ਦੇ ਸਾਰੇ ਅਹੁਦੇਦਾਰਾਂ ਨੂੰ ਚੋਣ ਕਮਿਸ਼ਨ ਵਲੋ ਸਹੁੰ ਚੁਕਾਈ ਗਈ। ਜ਼ਿਕਰਯੋਗ ਹੈ ਕਿ ਪ੍ਰਧਾਨਗੀ ਦੇ ਅਹੁਦੇ ਤੇ ਗੁਰਜੀਤ ਸਿੰਘ ਗੋਪਾਲਪੁਰੀਆ, ਮੀਤ ਪ੍ਰਧਾਨ ਦੇ ਅਹੁਦੇ ਤੇ ਨਵਦੀਪ ਸਿੰਘ ਚਾਨੀ, ਜਨਰਲ ਸਕੱਤਰ ਦੇ ਅਹੁਦੇ ਤੇ ਜਗਤਾਰ ਸਿੰਘ ਸੈਣੀ, ਸਕੱਤਰ ਦੇ ਅਹੁਦੇ 'ਤੇ ਸੰਦੀਪ ਕੁਮਾਰ ਰਾਜਪੁਰਾ, ਸਹਾਇਕ ਸਕੱਤਰ ਦੇ ਅਹੁਦੇ 'ਤੇ ਸਰਨਦੀਪ ਕੌਰ, ਪ੍ਰਚਾਰ ਸਕੱਤਰ ਦੇ ਅਹੁਦੇ 'ਤੇ ਗੁਰਮੀਤ ਸਿੰਘ ਸਹੋਤਾ, ਖਜਾਨਚੀ ਦੇ ਅਹੁਦੇ ਤੇ ਮਨਜੀਤ ਸਿੰਘ ਅਤੇ ਮੈਂਬਰਾਂ ਵਿੱਚ ਗੁਰਨਾਮ ਕੌਰ ਗੁਰਾਇਆ, ਸੰਜੀਵ, ਮੋਹਨ ਲਾਲ ਪੰਜੋਲਾ, ਇੰਦੂ ਬਾਲਾ ਅਤੇ ਅਨਿਲ ਕੁਮਾਰ ਜਿੱਤ ਹਾਸਲ ਕਰਨ ਵਿੱਚ ਕਾਮਯਾਬ ਰਹੇ।

ਜਨਰਲ ਸਕੱਤਰ ਜਗਤਾਰ ਸਿੰਘ ਸੈਣੀ ਵਲੋ ਸਟੇਜ ਦਾ ਸੰਚਾਲਨ ਕਰਦਿਆਂ ਗੁਰੂ ਤੇਗ ਬਹਾਦਰ ਹਾਲ ਵਿਖੇ ਸਹੁੰ ਚੁੱਕ ਸਮਾਗਮ ਵਿੱਚ ਪਹੁੰਚੇ ਸਾਰੇ ਅਫ਼ਸਰ ਸਾਹਿਬਾਨ, ਨਾਨ ਟੀਚਿੰਗ ਕਰਮਚਾਰੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਯੂਨੀਵਰਸਿਟੀ ਪ੍ਰਸਾਸ਼ਨ, ਡਾਇਰੈਕਟਰ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ, ਸਕਿਓਰਿਟੀ ਅਫ਼ਸਰ, ਪੁਲਿਸ ਪ੍ਰਸਾਸ਼ਨ, ਚੋਣ ਕਮਿਸ਼ਨਰ ਅਤੇ ਉਨ੍ਹਾਂ ਦੀ ਸਾਰੀ ਟੀਮ ਦਾ ਚੋਣਾਂ ਨੂੰ ਅਮਨ ਅਮਾਨ



ਨਾਲ ਕਰਵਾਉਣ ਤੇ ਧੰਨਵਾਦ ਕੀਤਾ। ਜਨਰਲ ਸਕੱਤਰ ਨੇ ਕਿਹਾ ਕਿ ਈਫਾ ਪਾਰਟੀ ਨੂੰ ਡਾ. ਜਤਿੰਤਰ ਸਿੰਘ ਮੱਟੂ, ਗੁਰਿੰਦਰਪਾਲ ਸਿੰਘ ਸਿੱਧੂ (ਬੱਬੀ), ਹਰਨੇਕ ਸਿੰਘ ਗੋਲਡੀ, ਧਰਮਿੰਦਰ ਸਿੰਘ ਪੰਨੂ, ਅਤੇ ਪ੍ਰਦੀਪ ਮਹਿਤਾ ਵਲੋਂ ਕੀਤੀ ਮਿਹਨਤ ਸਦਕਾ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਵਾਉਣ ਤੇ ਜਿੱਥੇ ਨਾਨ ਟੀਚਿੰਗ ਕਰਮਚਾਰੀਆਂ ਦਾ ਵੱਡਾ ਯੋਗਦਾਨ ਰਿਹਾ ਉਥੇ ਹੀ ਡੇਅਲੀਵੇਜਿਸ, ਫਿਕਸ, ਐਡਹਾਕ ਕਰਮਚਾਰੀਆਂ ਅਤੇ ਬਾਹਰਲੇ ਸੈਂਟਰਾਂ ਦੇ ਕਰਮਚਾਰੀਆਂ ਦਾ ਵੀ ਵੱਡਾ ਯੋਗਦਾਨ ਰਿਹਾ ਜਿਸ ਦਾ ਉਨ੍ਹਾਂ ਵਲੋਂ ਦਿਲ ਦੀਆਂ ਗਹਿਰਾਈਆਂ ਤੋਂ ਵਿਸ਼ੇਸ਼ ਧੰਨਵਾਦ ਕੀਤਾ।

ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਨੌਜਵਾਨਾਂ ਦੀ ਟੀਮ ਉਭਰ ਕੇ ਸਾਹਮਣੇ ਆਈ ਹੈ, ਹੁਣ ਇਸ ਨੂੰ ਜੋੜ ਕੇ ਰੱਖਣ ਦਾ ਸਮਾਂ ਆ ਗਿਆ ਹੈ ਤਾਂ ਜੋ ਮੁਲਾਜਮਾਂ ਦੇ ਵੱਧ ਤੋਂ ਵੱਧ ਕੰਮ ਕਰਵਾਏ ਜਾ ਸਕਣ। ਡਾ. ਮੱਟੂ ਨੇ ਕਿਹਾ ਕਿ ਉਹ ਹਰ ਸਮੇਂ ਕਾਰਜਕਾਰਨੀ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੇ ਰਹਿਣਗੇ।

ਗੁਰਿੰਦਰਪਾਲ ਸਿੰਘ ਸਿੱਧੂ (ਬੱਬੀ) ਨੇ ਕਿਹਾ ਕਿ ਮੁਲਾਜਮਾਂ ਨੇ ਭਾਰੀ ਬਹੁਮਤ ਨਾਲ ਸਾਡੀ ਜਿੱਤ ਦਰਜ ਕਰਵਾਈ ਹੈ, ਹੁਣ ਸਾਡੀ ਵਾਰੀ ਹੈ ਕਿ ਅਸੀ ਮੁਲਾਜਮਾਂ ਦੀ ਤਨਖਾਹ, ਏਰੀਅਰ, ਮੁਫਤ ਬੀਮਾ ਯੋਜਨਾ, ਟੈਕਨੀਕਲ ਗ੍ਰੇਡ, ਤਰੱਕੀਆਂ ਅਤੇ ਕੱਚੇ ਮੁਲਾਜਮਾਂ ਨੂੰ ਪੱਕੇ ਕਰਵਾ ਕੇ ਇਤਿਹਾਸ ਰਚੀਏ।

ਪ੍ਰਧਾਨ, ਗੁਰਜੀਤ ਸਿੰਘ ਗੋਪਾਲਪੁਰੀ ਨੇ ਹਾਲ ਵਿੱਚ ਪਹੁੰਚੇ ਸਾਰੇ ਅਫ਼ਸਰ ਸਾਹਿਬਾਨਾਂ, ਨਾਨ ਟੀਚਿੰਗ ਕਰਮਚਾਰੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਈਫਾ ਪਾਰਟੀ ਆਪਣੇ ਚੋਣ ਮੈਨੀਫੈਸਟੋ ਵਿੱਚ ਕੀਤੇ ਵਾਅਦੇ ਤੇ ਪੂਰਨ ਤੌਰ ਤੇ ਖਰਾ ਉਤਰੇਗੀ ਅਤੇ ਮੁਲਾਜਮਾਂ ਦੀ ਭਲਾਈ ਦੇ ਕੰਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਤਨਖਾਹ ਸਾਡਾ ਮੁੱਖ ਮੁੱਦਾ ਹੈ ਅਤੇ ਤਨਖਾਹ ਮੁਲਾਜਮਾਂ ਦੇ ਖਾਤਿਆਂ ਵਿੱਚ ਪਹਿਲੀਆਂ ਤਰੀਕਾਂ ਵਿੱਚ ਪਵਾਉਣ ਲਈ ਈਫਾ ਪਾਰਟੀ ਵਚਨਬੱਧ ਰਹੇਗੀ ਅਤੇ ਕੱਚੇ ਮੁਲਾਜਮਾਂ ਨੂੰ ਪੱਕੇ ਕਰਵਾਉਣ ਵਿੱਚ ਪੂਰੀ ਵਾਹ ਲਾ ਦਿੱਤੀ ਜਾਵੇਗੀ।

# ਕੂਕਾ ਅੰਦੋਲਨ ਦੇ ਸੱਤ ਸ਼ਹੀਦਾਂ ਦੀ ਯਾਦ 'ਚ ਦੋ ਰੋਜ਼ਾ ਸਮਾਗਮ

ਧਰਮਗੜ੍ਹ, 30 ਜਨਵਰੀ (ਗੁਰਪ੍ਰੀਤ ਸਿੰਘ ਲਿੱਟ): ਕੂਕਾ



ਅੰਦੋਲਨ ਦੌਰਾਨ ਪਿੰਡ ਫਲੇੜਾ ਦੇ ਸ਼ਹੀਦ ਹੋਏ ਸੱਤ ਸ਼ਹਿਦਾਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 58ਵਾਂ ਸ਼ਹੀਦੀ ਸਮਾਗਮ ਮਨਾਇਆ ਗਿਆ। ਇਸ ਸਮਾਗਮ ਵਿੱਚ ਦੂਰੋਂ ਨੇੜਿਓਂ ਨਾਮਧਾਰੀ ਸੰਪਰਦਾ ਦੇ ਪੈਰੋਕਾਰਾਂ ਵੱਲੋਂ ਹਾਜ਼ਰੀ ਭਰੀ ਗਈ ਅਤੇ ਧਰਮਕੋਟ ਦੇ ਮੁਖੀ ਬਾਬਾ ਕੌਰ ਸਿੰਘ ਵੱਲੋਂ ਸੰਗਤਾਂ ਨੂੰ ਹਰ ਜਸ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਇਸ ਦੌਰਾਨ ਬਾਬਾ ਜੀ ਵੱਲੋਂ ਸੰਗਤਾਂ ਨੂੰ ਮਾੜੀਆ ਕੁਰਿਹਤਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ ਨੋਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਬਾਬਾ ਜੀ ਵੱਲੋਂ ਕਮੇਟੀ ਵੱਲੋਂ ਸਕੂਲੀ ਵਿ ਦਿ ਆ ਰ ਥੀ ਆਂ ਨੂੰ ਕਾਪੀਆਂ ਅਤੇ ਕਿਤਾਬਾਂ ਭੇਂਟ ਕੀਤੀਆਂ ਗ ਈ ਆਂ । ਇ ਸ ਸਮਾਗਮ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਗਈ ਗੌਰਤਲਬ ਹੈ ਕਿ ਪਿਛਲੇ ਸਮਾਗਮ ਦੌਰਾਨ ਸ਼ਹੀਦਾਂ ਦੀ ਯਾਦ ਵਿੱਚ ਗੇਟ ਬਣਾਉਣ ਲਈ ਵੀ ਮੰਤਰੀ ਚੀਮਾ ਸਾਹਿਬ ਵੱਲੋਂ ਗ੍ਰਾਂਟ ਜਾਰੀ ਕਰਕੇ ਸ਼ਹੀਦਾਂ ਦੀ ਯਾਦ ਵਿੱਚ ਗੇਟ ਤਿਆਰ ਕਰਵਾਇਆ ਗਿਆ ਸੀ ਆਉਣ ਵਾਲੇ ਸਮੇਂ ਵਿੱਚ ਵਿੱਚ ਪਿੰਡ ਫਲੇੜਾ ਦਾ ਹਰ ਪੱਖੋਂ ਵਿਕਾਸ ਕਰਨ ਦਾ ਸੰਕਲਪ ਲਿਆ ਗਿਆ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਸਮੂਹ ਗ੍ਰਾਮ ਪੰਚਾਇਤ ਅਤੇ ਸਮੂਹ ਸ਼ਹੀਦੀ ਸਮਾਰਕ ਕਮੈਟੀ ਅਤੇ ਨਗਰ ਨਿਵਾਸੀਆਂ ਵੱਲੋਂ ਹਾਜ਼ਰੀ ਭਰੀ ਗਈ।

# ਓਮੈਕਸ ਗਰੁੱਪ ਨੇ ਕੀਤਾ ਓਮੈਕਸ ਚੌਕ, ਲੁਧਿਆਣਾ ਦੇ ਸਕੇਲਡ ਪ੍ਰੋਜੈਕਟ ਮਾਡਲ ਦਾ ਉਦਘਾਟਨ

ਚੰਡੀਗੜ੍ਹ, 30 ਜਨਵਰੀ (ਹਰਦੀਪ ਕੌਰ): ਓਮੈਕਸ ਗਰੁੱਪ ਨੇ ਓਮੈਕਸ ਚੌਕ, ਲੁਧਿਆਣਾ ਦੇ ਸਕੇਲਡ ਪ੍ਰੋਜੈਕਟ ਮਾਡਲ ਦਾ ਉਦਘਾਟਨ ਕੀਤਾ, ਜੋ ਸ਼ਹਿਰ ਦੇ ਦਿਲ ਵਿੱਚ ਇੱਕ ਆਲੀਸ਼ਾਨ ਵਿਰਾਸਤੀ ਬਾਜ਼ਾਰ ਬਣ ਰਿਹਾ ਹੈ।

ਓਮੈਕਸ ਗਰੁੱਪ ਨੇ ਓਮੈਕਸ ਚੌਕ, ਲੁਧਿਆਣਾ ਦੇ ਸਕੇਲਡ ਪ੍ਰੋਜੈਕਟ ਮਾਡਲ ਦਾ ਉਦਘਾਟਨ ਕੀਤਾ ਹੈ, ਜੋ ਚੈਨਲ ਭਾਈਵਾਲਾਂ ਅਤੇ ਖਰੀਦਦਾਰਾਂ ਨੂੰ ਲੁਧਿਆਣਾ ਦੇ ਆਉਣ ਵਾਲੇ ਵਿਰਾਸਤ-ਪ੍ਰੇਰਿਤ ਲਗਜ਼ਰੀ ਹਾਈ-ਸਟ੍ਰੀਟ ਵਿਕਾਸ 'ਤੇ ਨੇੜਿਓ ਨਜ਼ਰ ਮਾਰਨ ਦੀ ਪੇਸ਼ਕਸ਼ ਕਰਦਾ ਹੈ। ਜਦੋਂ ਕਿ ਇਹ ਪ੍ਰੋਜੈਕਟ ਪਹਿਲਾਂ ਲਾਂਚ ਕੀਤਾ ਗਿਆ ਸੀ, ਮਾਡਲ ਦਾ ਉਦਘਾਟਨ ਡਿਜ਼ਾਈਨ ਇਰਾਦੇ, ਯੋਜਨਾਬੰਦੀ ਕੁਸ਼ਲਤਾ ਅਤੇ ਸਮੁੱਚੇ ਅਨੁਭਵ ਨੂੰ ਪ੍ਰਦਰਸ਼ਿਤ ਕਰਨ 'ਤੇ ਕੇਂਦ੍ਰਤ ਕਰਦਾ ਹੈ ਜੋ ਮੰਜ਼ਿਲ ਪੇਸ਼ ਕਰਨ ਲਈ ਤਿਆਰ ਹੈ।




ਰਣਨੀਤਕ ਤੌਰ 'ਤੇ ਫੁਹਾਰਾ ਚੌਕ, ਘੁਮਾਰ ਮੰਡੀ ਦੇ ਨੇੜੇ ਸਥਿਤ, ਲੁਧਿਆਣਾ ਦੇ ਸਭ ਤੋਂ ਪ੍ਰਮੁੱਖ ਵਪਾਰਕ ਖੇਤਰਾਂ ਵਿੱਚੋਂ ਇੱਕ, ਓਮੈਕਸ ਚੌਕ ਰਾਣੀ ਝਾਂਸੀ ਰੋਡ ਅਤੇ ਕਾਲਜ ਰੋਡ ਤੋਂ 1,000 ਫੁੱਟ ਤੋਂ ਵੱਧ ਦੋਹਰੀ-ਪਹੁੰਚ ਵਾਲੇ ਫਰੰਟੇਜ ਦਾ ਆਨੰਦ ਮਾਣਦਾ ਹੈ। ਵਿਕਾਸ ਦੀ ਯੋਜਨਾ ਰਵਾਇਤੀ ਤੌਰ 'ਤੇ ਸੰਘਣੀ ਪ੍ਰਚੂਨ ਜੇਬ ਵਿੱਚ ਢਾਂਚਾ, ਸਹੂਲਤ ਅਤੇ ਨਿਰਵਿਘਨ ਸਰਕੂਲੇਸ਼ਨ ਲਿਆਉਣ ਲਈ ਬਣਾਈ ਗਈ ਹੈ।

ਸਕੇਲਡ ਮਾਡਲ ਸਮਕਾਲੀ ਪ੍ਰਚੂਨ ਯੋਜਨਾਬੰਦੀ ਦੇ ਨਾਲ ਲੁਧਿਆਣਾ ਦੀ ਵਿਰਾਸਤੀ ਪਛਾਣ ਦੇ ਇੱਕ ਸੋਚ-ਸਮਝ ਕੇ ਮਿਸ਼ਰਣ ਨੂੰ ਦਰਸਾਉਂਦਾ ਹੈ, ਇੱਕ ਅਜਿਹੀ ਮੰਜ਼ਿਲ ਬਣਾਉਂਦਾ ਹੈ ਜੋ ਵਿਰਾਸਤ ਅਤੇ ਭਵਿੱਖ ਲਈ ਤਿਆਰ ਦੋਵਾਂ ਵਿੱਚ ਜੜ੍ਹੀ ਹੋਈ ਹੈ।

ਸਕੇਲਡ ਮਾਡਲ ਪ੍ਰੋਜੈਕਟ ਦੇ ਮੁੱਖ ਮੁੱਖ ਨੁਕਤਿਆਂ ਨੂੰ ਅੱਗੇ ਲਿਆਉਂਦਾ ਹੈ:

* ਵਿਰਾਸਤੀ ਸ਼ੈਲੀ ਦੀ ਲਗਜ਼ਰੀ ਹਾਈ-ਸਟ੍ਰੀਟ ਫਰੰਟੇਜ, ਲੁਧਿਆਣਾ ਦੇ ਸੱਭਿਆਚਾਰਕ ਚਰਿੱਤਰ ਤੋਂ ਪ੍ਰੇਰਿਤ, ਇੱਕ ਸੰਗਠਿਤ, ਆਧੁਨਿਕ ਪ੍ਰਚੂਨ ਫਾਰਮੈਟ ਵਿੱਚ ਪੇਸ਼ ਕੀਤੀ ਗਈ।
* ਦੋਹਰੀ-ਉਚਾਈ (20 ਫੁੱਟ) ਪ੍ਰਚੂਨ ਦੁਕਾਨਾਂ, ਮਜ਼ਬੂਤ ਦ੍ਰਿਸ਼ਟੀ ਅਤੇ ਪ੍ਰੀਮੀਅਮ ਬ੍ਰਾਂਡ ਸਥਿਤੀ ਦੀ ਪੇਸ਼ਕਸ਼ ਕਰਦੀਆਂ ਹਨ।
* 78,000 ਵਰਗ ਫੁੱਟ ਦਾ ਪ੍ਰੀਮੀਅਮ ਡਾਇਨਿੰਗ ਜ਼ੋਨ, "ਦਾਵਤਪੁਰ", ਲੁਧਿਆਣਾ ਦੇ ਸਭ ਤੋਂ ਵੱਡੇ ਭੋਜਨ ਸਥਾਨਾਂ ਵਿੱਚੋ ਇੱਕ ਵਜੋ ਯੋਜਨਾਬੱਧ ਹੈ।
* 1,000 ਤੋਂ ਵੱਧ ਰਾਖਵੀਆਂ ਪਾਰਕਿੰਗ ਥਾਵਾਂ, ਸੈਲਾਨੀਆਂ ਲਈ ਇੱਕ ਸੁਚਾਰੂ, ਮੁਸ਼ਕਲ ਰਹਿਤ ਖਰੀਦਦਾਰੀ ਅਤੇ ਭੋਜਨ ਅਨੁਭਵ ਨੂੰ ਯਕੀਨੀ ਬਣਾਉਂਦੇ ਹੋਏ ਖੇਤਰ ਵਿੱਚ ਭੀੜ-ਭੜੱਕੇ ਅਤੇ ਪਾਰਕਿੰਗ ਚੁਣੌਤੀਆਂ ਨੂੰ ਹੱਲ ਕਰਦੀਆਂ ਹਨ।
* ਇੱਕ ਵਿਲੱਖਣ ਅਤੇ ਧਿਆਨ ਨਾਲ ਤਿਆਰ ਕੀਤਾ ਗਿਆ ਪ੍ਰੋਜੈਕਟ ਮਿਸ਼ਰਣ, ਜਿਸ ਵਿੱਚ ਵਿਆਹ ਅਤੇ ਗਹਿਣਿਆਂ ਦੇ ਸ਼ੋਅਰੂਮ, ਫੈਸ਼ਨ ਅਤੇ ਜੀਵਨ ਸ਼ੈਲੀ ਪ੍ਰਚੂਨ, ਮਨੋਰੰਜਨ, ਅਤੇ ਲਗਜ਼ਰੀ ਸਰਵਿਸਡ ਸੂਟ ਸ਼ਾਮਲ ਹਨ, ਇੱਕ ਸੰਤੁਲਿਤ, ਭਵਿੱਖ ਲਈ ਤਿਆਰ ਈਕੋਸਿਸਟਮ ਬਣਾਉਂਦੇ ਹਨ ਅਤੇ ਇੱਕ ਲਗਜ਼ਰੀ-ਅਗਵਾਈ ਵਾਲੇ ਵਪਾਰਕ ਹੱਬ ਵਜੋਂ ਓਮੈਕਸ ਚੌਕ ਦੀ ਸਥਿਤੀ ਨੂੰ ਮਜ਼ਬੂਤ ਕਰਦੇ ਹਨ।

RERA ਸਮਾਂ-ਸੀਮਾਵਾਂ ਅਨੁਸਾਰ ਉਸਾਰੀ ਦੇ ਕੰਮ ਦੇ ਨਾਲ, ਸਕੇਲਡ ਮਾਡਲ ਦਾ ਉਦਘਾਟਨ ਇੱਕ ਮਹੱਤਵਪੂਰਨ ਮੀਲ ਪੱਥਰ ਹੈ, ਜੋ ਸ਼ਹਿਰ ਲਈ ਇੱਕ ਦੁਰਲੱਭ, ਲੰਬੇ ਸਮੇਂ ਦੇ ਵਪਾਰਕ ਨਿਵੇਸ਼ ਮੌਕੇ ਵਜੋਂ ਓਮੈਕਸ ਚੌਕ ਵਿੱਚ ਖਰੀਦਦਾਰ ਅਤੇ ਭਾਈਵਾਲਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ।

## ਨਜ਼ਮ ਖੁਰਾਣਾ ਗਾਇਕੀ ਮੁਕਾਬਲੇ 'ਚ ਪਹਿਲੇ ਸਥਾਨ 'ਤੇ ਰਹੀ

ਮਲੋਟ, 30 ਜਨਵਰੀ (ਅਮਨਦੀਪ ਸਿੰਘ ਮਹਿਰਾ): ਸੈਕਰਡ ਹਾਰਟ ਕੌਨਵੈਂਟ ਸਕੂਲ ਮਲੋਟ 'ਚ ਕਰਵਾਏ ਗਏ "ਸੋਲੋ ਸੌਂਗ" ਗਾਇਕੀ ਮੁਕਾਬਲੇ ਵਿੱਚ ਦਸਵੀਂ ਜਮਾਤ ਦੀ ਵਿਦਿਆਰਥਣ ਨਜ਼ਮ ਖੁਰਾਣਾ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੀ ਸਿਸਟਰ ਸੈਲਵਿਨ ਵੱਲੋਂ ਨਜ਼ਮ ਖੁਰਾਣਾ ਨੂੰ ਸਨਮਾਨਿਤ ਕੀਤਾ ਗਿਆ। ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਸੰਗੀਤ ਅਧਿਆਪਕ ਤੇਜੀ ਸਬੈਸਟੀਅਨ ਨੇ ਨਿਭਾਈ।

ਇਸ ਕਾਮਯਾਬੀ ਦਾ ਸਹਿਰਾ ਨਜ਼ਮ ਖੁਰਾਣਾ ਨੇ ਆਪਣੇ ਪਿਤਾ ਵਿਨੋਦ ਖੁਰਾਣਾ ਅਤੇ ਮਾਤਾ ਸਾਰਿਕਾ ਮਨਚੰਦਾ ਖੁਰਾਣਾ ਦੀ ਮਿਲੀ ਪ੍ਰੇਰਣਾ ਤੇ ਤਾਲੀਮ ਨੂੰ ਦਿੱਤਾ। ਸਕੂਲ ਪ੍ਰਬੰਧਨ ਤੇ ਅਧਿਆਪਕ ਵਰਗ ਵੱਲੋਂ ਨਜ਼ਮ ਨੂੰ ਇਸ ਉਪਲਬਧੀ 'ਤੇ ਵਧਾਈ ਦਿੱਤੀ ਗਈ।

## ਰਵਜੋਤ ਸਿੰਘ ਵੱਲੋਂ 69ਵੇਂ ਨੈਸ਼ਨਲ ਸਕੂਲ ਗੇਮਜ਼ 'ਚ ਸ਼ਾਨਦਾਰ ਪ੍ਰਦਰਸ਼ਨ

ਗੜ੍ਹਦੀਵਾਲਾ, 30 ਜਨਵਰੀ (ਗੌਰਵ): ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਦੇ ਹੋਣਹਾਰ



ਵਿਦਿਆਰਥੀ ਰਵਜੋਤ ਸਿੰਘ ਨੇ 69ਵੇ ਨੈਸ਼ਨਲ ਸਕੂਲ ਮੁਕਾਬਲਿਆਂ ਵਿੱਚ ਵਧੀਆ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਪੇਸ਼ ਕੀਤਾ। ਮੁਕਾਬਲੇ ਦੇ ਦੌਰਾਨ ਉਸਨੇ ਹਾਈ ਜੰਪ (ਅੰਡਰ-17) ਵਿੱਚ ਆਪਣੀ ਤਾਕਤ ਅਤੇ ਕੁਸ਼ਲਤਾ ਦਾ ਪਰਦਰਸ਼ਨ ਕੀਤਾ, ਜਿਸ ਤੋਂ ਦਰਸ਼ਕ ਅਤੇ ਕੋਚਾਂ ਵੱਲੋਂ ਉਸਦੀ ਬਹੁਤ ਪ੍ਰਸ਼ੰਸਾ ਹੋਈ।

ਇਸ ਪ੍ਰਦਰਸ਼ਨ ਨਾਲ ਉਹ ਆਪਣੇ ਸਹਿਯੋਗੀਆਂ ਵਿੱਚ ਮਾਣ ਦਾ ਕਾਰਨ ਬਣਿਆ। ਮੁਕਾਬਲੇ ਵਿਚ ਉਸਦੇ ਪ੍ਰਦਰਸ਼ਨ ਨੇ ਖੇਡ ਪ੍ਰੇਮੀਆ ਵਿਚਲੀਆ ਉਮੀਦਾਂ ਨੂੰ ਵਧਾਇਆ ਅਤੇ ਭਵਿੱਖ ਲਈ ਖਾਸ ਤੌਰ 'ਤੇ ਉਮੀਦ ਦੇ ਨਵੇਂ ਦਰਵਾਜ਼ੇ ਖੋਲ੍ਹੇ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸ਼ੇਖਰ ਮੋਦ ਗਿੱਲ ਜੀ ਨੇ ਰਵਜੋਤ ਦੀ ਹੌਸਲਾ ਅਫਜਾਈ ਕੀਤੀ ਅਤੇ ਇਸ ਦੇ ਨਾਲ ਹੀ ਉਨਾਂ ਨੇ ਰਵਜੋਤ ਸਿੰਘ ਦੇ ਮਾਤਾ ਪਿਤਾ ਨੂੰ ਵੀ ਵਧਾਈ ਦਿੱਤੀ।

ਪ੍ਰਿੰਸੀਪਲ ਸ਼ੇਖਰ ਮੋਦਗਿਲ ਜੀ ਨੇ ਵੀ ਵਿਦਿਆਰਥੀ ਨੂੰ ਅਤੇ ਅਧਿਆਪਕਾਂ ਨੂੰ ਇਸ ਮੌਕੇ ਤੇ ਵਧਾਈ ਦਿੱਤੀ। ਪ੍ਰਿੰਸੀਪਲ ਸਾਹਿਬ ਜੀ ਨੇ ਬੱਚੇ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਵੱਧ ਤੋਂ ਵੱਧ ਮਿਹਨਤ ਕਰੇ ਤਾਂ ਜੋ ਅੱਗੇ ਹੋਣ ਜਾ ਰਹੀਆਂ ਸਾਰੀਆਂ ਖੇਡਾਂ ਦੇ ਵਿੱਚ ਉਹ ਕਿਸੇ ਹੋਰ ਉੱਚੇ ਮੁਕਾਮ ਤੇ ਪਹੁੰਚ ਸਕੇ।

## ਰੋਡ ਸੇਫ਼ਟੀ ਮਹੀਨੇ ਤਹਿਤ ਜਾਗਰੂਕਤਾ ਸੈਮੀਨਾਰ

ਗੁਰਦਾਸਪੁਰ, 30 ਜਨਵਰੀ (ਜਗੀਰ ਸਿੰਘ ਮੰਡ/ ਸੁਰਿੰਦਰ ਸਿੰਘ ਬਸਰਾ): ਅੱਜ ਟਰੈਫਿਕ ਪੁਲਿਸ ਵੱਲੋ ਮਨਾਏ ਜਾ ਰਹੇ ਰੋਡ ਸੇਫਟੀ ਮਹੀਨੇ ਦੇ ਸਬੰਧ ਵਿੱਚ ਵੱਖ ਵੱਖ ਥਾਵਾਂ ਤੇ ਸੈਮੀਨਾਰ ਲਗਾ ਕੇ ਆਮ ਪਬਲਿਕ ਤੇ ਫੋਰ ਵੀਲਰ ਚਾਲਕਾਂ ਨੂੰ ਰੋਡ ਸੇਫਟੀ ਸਬੰਧੀ ਜਾਗਰੂਕ ਕੀਤਾ ਗਿਆ।



ਏ.ਐਸ.ਆਈ ਅਮਨਦੀਪ ਸਿੰਘ ਨੇ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੱਸਿਆ ਗਿਆ ਕਿ ਹਮੇਸ਼ਾ ਸ਼ੀਟ ਬੈਲਟ ਲਗਾ ਕੇ ਗੱਡੀ ਚਲਾਈ ਜਾਵੇ। ਇੰਸ਼ੋਰੰਸ ਦੀ ਅਹਿਮੀਅਤ ਬਾਰੇ ਵਿਸਤਾਰ ਪੂਰਵਕ ਦੱਸਿਆ ਗਿਆ। ਐਕਸੀਡੈਂਟ ਪੀੜਤ ਦੀ ਮਦਦ ਕਰਨ ਲਈ ਅੱਗੇ ਆਉਣ ਸਬੰਧੀ ਪ੍ਰੇਰਿਤ ਕੀਤਾ ਗਿਆ ਅਤੇ ਗੱਡੀਆਂ ਤੇ ਰਿਫਲੈਕਟਰ ਲਗਾਏ ਗਏ।

ਇਸ ਸਮੇਂ ਏ.ਐਸ.ਆਈ ਅਮਨਦੀਪ ਸਿੰਘ, ਸੁਰਜੀਤ ਸਿੰਘ, ਪਵਨ ਕੁਮਾਰ ਸੁਭਾਸ਼ ਚੰਦਰ ਆਦਿ ਹਾਜ਼ਰ ਸਨ।

# ਮਨਰੇਗਾ ਭੱਠਾ ਮਜ਼ਦੂਰਾਂ ਦੀਆਂ ਭਰਵੀਆ ਮੀਟਿੰਗਾਂ ਹੋਈਆਂ

ਗੜ੍ਹਸ਼ੰਕਰ, 30 ਜਨਵਰੀ (ਅਜਮੇਰ ਸਿੰਘ ਭਨੋਟ): ਅੱਜ ਗੜ੍ਹਸ਼ੰਕਰ ਦੇ ਪਿੰਡ ਸਤਨੋਰ ਅਤੇ ਗੰਧੋਵਾਲ ਵਿਖੇ ਮਨਰੇਗਾ ਭੱਠਾ ਮਜ਼ਦੂਰਾ ਦੀਆ ਭਰਵੀਆ ਮੀਟਿੰਗਾ ਹੋਈਆ ਇਹਨਾ ਮੀਟਿੰਗਾ ਨੂੰ ਸੀ ਪੀ ਆਈ ਐਮ ਦੇ ਤਹਸੀਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਅਤੇ ਬਲਦੇਵ ਰਾਜ ਸਤਨੋਰ ਨੇ ਸਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੇ ਦਿਨ ਆਰ ਐਸ ਐਸ ਦੇ ਮੈਬਰ ਨੱਥੂ ਰਾਮ ਗੋਡਸੇ ਨੇ ਕਤਲ ਕਰ ਦਿੱਤਾ ਸੀ ਕੇਦਰ ਦੀ ਸਰਕਾਰ ਜਿਸ ਨੇ ਮਨਰੇਗਾ ਦਾ ਨਾ ਬਦਲ ਦਿੱਤਾ ਅਤੇ ਕੇਦਰ ਦੀ ਮੋਦੀ ਸਰਕਾਰ ਜਿਸ ਨੂੰ ਆਰ ਐਸ ਐਸ ਚਲਾ ਰਹੀ ਹੈ ਇਸ ਸਰਕਾਰ ਨੇ ਮਜ਼ਦੂਰਾ ਕਿਸਾਨਾ ਵਿਰੋਧੀ 4 ਬਿੱਲ ਪਾਸ ਕਰ ਦਿੱਤੇ ਜਿਸ ਵਿੱਚ ਬਿਜਲੀ ਸੋਧ ਬਿੱਲ 2025 ਚਾਰ ਲੇਬਰ ਕੋਡ ਸੀਡ ਬਿੱਲ ਮਨਰੇਗਾ ਦਾ ਬਿੱਲ ਹਨ ਇਹਨਾ ਪਾਸ ਬਿੱਲਾ ਨਾਲ ਮਨਰੇਗਾ ਦਾ ਸਫਾਇਆ ਕਰ ਦਿੱਤਾ ਲੋਕਾ ਨੂੰ ਗੁਮਰਾਹ ਕੀਤਾ ਜਾ ਰਿਹਾ 125 ਦਿਨ ਕੰਮ ਮਿਲੇਗਾ ਪਰ ਹੈਰਾਨੀ ਦੀ ਗੱਲ ਹੈ ਪਹਿਲੇ 100 ਦਿਨ ਦੇ ਕੰਮ ਵਿੱਚੋ 10000 ਕਰੋੜ ਬਜਟ ਵਿੱਚੋ ਕੱਟ ਮਾਰ ਦਿੱਤਾ ਗਿਆ ਨਾਲ ਇਹ ਵੀ ਹੋ ਗਿਆ 60% ਕੇਦਰ 40% ਸਟੇਟ ਪਾਵੇਗੀ ਪਹਿਲਾ ਇਹ ਰੇਸ਼ੋ 90%/10% ਸੀ ਨਾ ਸਟੇਟ



ਪਾਵੇ ਨਾ ਗਰੀਬਾ ਦੇ ਚੁਲੇ ਚਲਣ ਕੇਦਰ ਦੀ ਮੋਦੀ ਸਰਕਾਰ ਨੇ ਗਰੀਬਾ ਦੇ ਚੁਲਿਆ ਵਿੱਚ ਪਾਣੀ ਪਾ ਦਿੱਤਾ ਆਗੂਆ ਨੇ ਕਿਹਾ ਬਿੱਜਲੀ ਬਿੱਲ ਪਾਸ ਹੋਣ ਨਾਲ ਬਿਜਲੀ ਢਾਂਚਾ ਅੰਡਾਨੀਆ ਅੰਬਾਨੀਆ ਕੋਲ ਜਾਣ ਦਾ ਰਸਤਾ ਪੱਧਰਾ ਹੋ ਗਿਆ ਬਿਜਲੀ ਮਹਿੰਗੀ ਬਿਜਲੀ ਮੁਲਾਜ਼ਮਾ ਤੇ ਹਮਲਾ ਤੇਜ਼ ਹੋ ਜਾਵੇਗਾ ਚਾਰ ਕੋਡਾ ਦਾ ਬਿੱਲ ਡਿਉਟੀ 12 ਘੰਟੇ ਹੜਤਾਲ ਧਰਨੇ ਤੇ ਪਬੰਦੀ ਯੂਨੀਅਨ ਬਣਾਉਣ ਦਾ ਹੱਕ ਖਤਮ ਲੇਬਰ ਕੋਰਟ ਦੀ ਸ਼ਕਤੀ ਕਮਜ਼ੋਰ ਕਰ ਦਿੱਤਾ ਆਗੂਆ ਨੇ ਕਿਹਾ ਇਸ ਵਿਰੁਧ ਸਾਨੂੰ ਸਾਰਿਆ ਨੂੰ ਤਿੱਖੇ ਸ਼ੰਘਰਸ਼ ਕਰਨੇ ਚਾਹੀਦੇ ਹਨ ਇਹਨਾ ਬਿੱਲ ਨੂੰ ਵਾਪਿਸ ਅਤੇ ਰੱਦ ਕਰਾਉਣ ਲਈ 12 ਫਰਬਰੀ ਨੂੰ ਦੇਸ਼ ਪੱਧਰ ਦੀ ਹੜਤਾਲ ਵਿੱਚ ਵਹੀਰਾ ਘੱਤਕ ਕੇ ਹੁਸ਼ਿਆਰ ਪੁਰ ਪੁਜੋ ਇਸ ਤੋ ਬਾਅਦ ਵੀ ਤਿੱਖੇ ਸ਼ੰਘਰਸ਼ਾ ਲਈ ਤਿਆਰ ਹੋਵੋ ਜਿਨਾ ਚਿਰ ਬਿੱਲ ਵਾਪਿਸ ਰੱਦ ਨਹੀ ਹੁੰਦੇ ਜ਼ੰਗ ਜ਼ਾਰੀ ਰਹੇਗੀ ਇਸ ਮੋਕੇ ਪਰਮੋਦ ਸੁਨੀਤਾ ਕਮਲਾ ਬਲਬੀਰ ਸਿੰਘ ਛਿੰਦੋ ਆਦਿ ਨੇ ਵੀ ਸਬੋਧਨ ਕੀਤਾ ਇਹਨਾ ਮੀਟਿੰਗਾ ਨੂੰ ਸੀ ਪੀ ਆਈ ਐਮ ਦੇ ਤਹਸੀਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਅਤੇ ਬਲਦੇਵ ਰਾਜ ਸਤਨੋਰ ਨੇ ਸਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੇ ਦਿਨ ਆਰ ਐਸ ਐਸ ਦੇ ਮੈਬਰ ਨੱਥੂ ਰਾਮ ਗੋਡਸੇ ਨੇ ਕਤਲ ਕਰ ਦਿੱਤਾ ਸੀ ਕੇਦਰ ਦੀ ਸਰਕਾਰ ਜਿਸ ਨੇ ਮਨਰੇਗਾ ਦਾ ਨਾ ਬਦਲ ਦਿੱਤਾ ਅਤੇ ਕੇਦਰ ਦੀ ਮੋਦੀ ਸਰਕਾਰ ਜਿਸ ਨੂੰ ਆਰ ਐਸ ਐਸ ਚਲਾ ਰਹੀ ਹੈ ਇਸ ਸਰਕਾਰ ਨੇ ਮਜ਼ਦੂਰਾ ਕਿਸਾਨਾ ਵਿਰੋਧੀ 4 ਬਿੱਲ ਪਾਸ ਕਰ ਦਿੱਤੇ ਜਿਸ ਵਿੱਚ ਬਿਜਲੀ ਸੋਧ ਬਿੱਲ 2025 ਚਾਰ ਲੇਬਰ ਕੋਡ ਸੀਡ ਬਿੱਲ ਮਨਰੇਗਾ ਦਾ ਬਿੱਲ ਹਨ ਇਹਨਾ ਪਾਸ ਬਿੱਲਾ ਨਾਲ ਮਨਰੇਗਾ ਦਾ ਸਫਾਇਆ ਕਰ ਦਿੱਤਾ ਲੋਕਾ ਨੂੰ ਗੁਮਰਾਹ ਕੀਤਾ ਜਾ ਰਿਹਾ 125 ਦਿਨ ਕੰਮ ਮਿਲੇਗਾ ਪਰ ਹੈਰਾਨੀ ਦੀ ਗੱਲ ਹੈ ਪਹਿਲੇ 100 ਦਿਨ ਦੇ ਕੰਮ ਵਿੱਚੋ 10000 ਕਰੋੜ ਬਜਟ ਵਿੱਚੋ ਕੱਟ ਮਾਰ ਦਿੱਤਾ ਗਿਆ ਨਾਲ ਇਹ ਵੀ ਹੋ ਗਿਆ 60% ਕੇਦਰ 40% ਸਟੇਟ ਪਾਵੇਗੀ ਪਹਿਲਾ ਇਹ ਰੇਸ਼ੋ 90%/10% ਸੀ ਨਾ ਸਟੇਟ ਪਾਵੇ ਨਾ ਗਰੀਬਾ ਦੇ ਚੁਲੇ ਚਲਣ ਕੇਦਰ ਦੀ ਮੋਦੀ ਸਰਕਾਰ ਨੇ ਗਰੀਬਾ ਦੇ ਚੁਲਿਆ ਵਿੱਚ ਪਾਣੀ ਪਾ ਦਿੱਤਾ ਆਗੂਆ ਨੇ ਕਿਹਾ ਬਿੱਜਲੀ ਬਿੱਲ ਪਾਸ ਹੋਣ ਨਾਲ ਬਿਜਲੀ ਢਾਂਚਾ ਅੰਡਾਨੀਆ ਅੰਬਾਨੀਆ ਕੋਲ ਜਾਣ ਦਾ ਰਸਤਾ ਪੱਧਰਾ ਹੋ ਗਿਆ ਬਿਜਲੀ ਮਹਿੰਗੀ ਬਿਜਲੀ ਮੁਲਾਜ਼ਮਾ ਤੇ ਹਮਲਾ ਤੇਜ਼ ਹੋ ਜਾਵੇਗਾ ਚਾਰ ਕੋਡਾ ਦਾ ਬਿੱਲ ਡਿਉਟੀ 12 ਘੰਟੇ ਹੜਤਾਲ ਧਰਨੇ ਤੇ ਪਬੰਦੀ ਯੂਨੀਅਨ ਬਣਾਉਣ ਦਾ ਹੱਕ ਖਤਮ ਲੇਬਰ ਕੋਰਟ ਦੀ ਸ਼ਕਤੀ ਕਮਜ਼ੋਰ ਕਰ ਦਿੱਤਾ ਆਗੂਆ ਨੇ ਕਿਹਾ ਇਸ ਵਿਰੁਧ ਸਾਨੂੰ ਸਾਰਿਆ ਨੂੰ ਤਿੱਖੇ ਸ਼ੰਘਰਸ਼ ਕਰਨੇ ਚਾਹੀਦੇ ਹਨ ਇਹਨਾ ਬਿੱਲ ਨੂੰ ਵਾਪਿਸ ਅਤੇ ਰੱਦ ਕਰਾਉਣ ਲਈ 12 ਫਰਬਰੀ ਨੂੰ ਦੇਸ਼ ਪੱਧਰ ਦੀ ਹੜਤਾਲ ਵਿੱਚ ਵਹੀਰਾ ਘੱਤਕ ਕੇ ਹੁਸ਼ਿਆਰ ਪੁਰ ਪੁਜੋ ਇਸ ਤੋ ਬਾਅਦ ਵੀ ਤਿੱਖੇ ਸ਼ੰਘਰਸ਼ਾ ਲਈ ਤਿਆਰ ਹੋਵੋ ਜਿਨਾ ਚਿਰ ਬਿੱਲ ਵਾਪਿਸ ਰੱਦ ਨਹੀ ਹੁੰਦੇ ਜ਼ੰਗ ਜ਼ਾਰੀ ਰਹੇਗੀ ਇਸ ਮੋਕੇ ਪਰਮੋਦ ਸੁਨੀਤਾ ਕਮਲਾ ਬਲਬੀਰ ਸਿੰਘ ਛਿੰਦੋ ਆਦਿ ਨੇ ਵੀ ਸਬੋਧਨ ਕੀਤਾ।

# 10 ਲੱਖ ਦੀ ਸਿਹਤ ਬੀਮਾ ਯੋਜਨਾ ਹੋਈ ਸ਼ੁਰੂ: ਬਲਬੀਰ ਸਿੰਘ ਪੰਨੂ



ਫਤਿਹਗੜ੍ਹ ਚੂੜੀਆਂ, 30 ਜਨਵਰੀ (ਰਾਜਨ ਸ਼ਰਮਾ): ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਪੈਂਦੇ ਪਿੰਡ ਕਾਲਾ ਅਫਗਾਨਾ ਵਿਖੇ 10 ਲੱਖ ਦੀ ਸਿਹਤ ਬੀਮਾ ਯੋਜਨਾ ਸਬੰਧੀ ਕਾਰਡਾ ਦੀ ਸ਼ੁਰੂਆਤ ਕਰਵਾਉਣ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਸਿਹਤ ਕਾਰਡ ਬਣਾਉਣ ਸਬੰਧੀ ਆਏ ਹੋਏ ਲੋਕਾਂ ਨੂੰ ਜਾਣਕਾਰੀ ਦਿੱਤੀ । ਗੱਲਬਾਤ ਦੌਰਾਨ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਬਿਨਾਂ ਕਿਸੇ ਭੇਦ ਭਾਵ ਤੇ ਇਸ ਸਿਹਤ ਬੀਮੇ ਦਾ ਲਾਭ ਲੋਕਾਂ ਨੂੰ ਪੰਜਾਬ ਸਰਕਾਰ ਵੱਲੋ ਦਿੱਤਾ ਜਾਵੇਗਾ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂ, ਅਵਤਾਰ ਸਿੰਘ ਰਾਜੂ ਆੜਤੀ ਕਾਲਾ ਅਫਗਾਨਾ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਰਘਬੀਰ ਸਿੰਘ, ਭਰਪੂਰ ਸਿੰਘ ਸਰਪੰਚ, ਅਤੇ ਪੰਚਾਇਤ ਮੈਂਬਰਾਂ ਤੋ ਇਲਾਵਾ ਲੋਕ ਹਾਜ਼ਰ ਸਨ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ

ਗੜ੍ਹਸ਼ੰਕਰ, 30 ਜਨਵਰੀ (ਅਜਮੇਰ ਸਿੰਘ ਭਨੋ): ਭਗਤ ਰਵਿਦਾਸ ਸੇਨਾ ਵਲੋ ਭਗਤ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਭੰਡਾਰਾ ਏ ਐੱਸ ਪਲਾਜ਼ਾ ਚੰਡੀਗੜ੍ਹ ਵਿਖੇ ਲਗਾਇਆ ਗਿਆ। ਇਸ ਮੌਕੇ ਸ਼ਹਿਰ ਅਤੇ ਪਿੰਡਾਂ ਦੇ ਪਤਵੰਤੇ ਸੱਜਣਾ ਨੇ ਹਾਜ਼ਰੀ ਲਾਈ। ਇਸ ਮੌਕੇ ਰਾਜਨੀਤਿਕ ਸਮਾਜਿਕ ਅਤੇ ਧਾਰਮਿਕ ਆਗੂ ਸਤਗੁਰ ਰਵਿਦਾਸ ਮਹਾਰਾਜ ਦੇ ਚਰਨਾਂ ਚ ਨਤਮਸਤਕ ਹੋਏ। ਰਵਿਦਾਸੀਆ



ਸੰਤ ਸਮਾਜ ਦੇ ਸੰਤ ਮਹਾਪੁਰਖਾਂ ਵਲੋ ਇਸ ਮੌਕੇ ਅਰਦਾਸ ਕਰ ਕੇ ਲੰਗਰ ਦਾ ਆਰੰਭ ਕੀਤਾ ਗਿਆ। ਸੰਤ ਕੁਲਵੰਤ ਰਾਮ ਭਰੋਮਜਾਰਾ, ਸੰਤ ਰਾਮ ਸਰੂਪ ਜੀ ਖੰਨੀ ਵਾਲਿਆ ਵਲੋ ਰਿਵਾਨ ਕੱਟ ਕੇ ਲੰਗਰ ਦੇ ਵਿਤਰਣ ਸ਼ੁਰੂ ਕੀਤਾ। ਸੰਤ ਜਸਵਿੰਦਰ ਦਾਸ ਡਾਂਡੀਆ, ਸੰਤ ਜਸਵੀਰ ਸਿੰਘ ਪਿੱਪਲਮਾਜਰਾ, ਸੰਤ ਹਰਵਿੰਦਰ ਦਾਸ ਈਸਪੁਰ ਜੀ, ਸੰਤ ਬਾਬਾ ਠਾਕਰ ਸਿੰਘ ਮਜੂਦਾ ਮੁਖੀ ਬਾਬਾ ਬੁੱਢਾ ਦਲ ਮਿਸਲ ਸ੍ਰੀ ਅਨੰਦਪੁਰ ਸਾਹਿਬ ਜੂਨ 1984, ਭਗਤ ਰਵਿਦਾਸ ਸੇਨਾ ਪੰਜਾਬ ਪ੍ਰਧਾਨ ਦਿਲਵਰ ਸਿੰਘ , ਜਨਰਲ ਸਕੱਤਰ ਲਵ ਕੁਮਾਰ, ਓਪ ਪ੍ਰਧਾਨ ਹਰਭਜਨ ਚੌਧਰੀ ਐਡ. ਅਜੇ ਕੁਮਾਰ ਭਗਵਾਨ ਵਾਲਮੀਕਿ ਸ਼ਕਤੀ ਸੇਨਾ, ਸਰਬਣ ਗਿੱਲ ਭਗਵਾਨ ਵਾਲਮੀਕਿ ਕਰਾਂਤੀ ਸੇਨਾ, ਬੂਟਾ ਸਿੰਘ ਬਡਵਾਲ ਰਾਏ ਸਿੱਖ ਸੇਨਾ, ਆਵਾਜ਼ ਸੰਸਥਾ ਮਦਨ ਲਾਲ, ਬਰਿੰਦਰ ਬਜਾੜ ਹਰਿੰਦਰ ਬਜਾੜ, ਹਰਸ਼ ਸ਼ਰਮਾ, ਜਸਵੀਰ ਸਾਵਾ, ਡੀਐੱਸਪੀ ਰਾਜ ਕੁਮਾਰ, ਆਪ ਪਾਰਟੀ ਦੇ ਜਿਲ੍ਹਾ ਪ੍ਰਧਾਨ ਲਲਿਤ ਮੋਹਨ ਪਾਠਕ, ਜਿਲਾ ਯੋਜਨਾ ਕੋਮੇਟੀ ਦੇ ਪ੍ਰਧਾਨ ਸਤਨਾਮ ਜਲਾਲਪੁਰ, ਐਮ ਐਲ ਏ ਸੁਖਵਿੰਦਰ ਸੁੱਖੀ, ਸਤਨਾਮ ਸਿੰਘ ਜਲਵਾਹਾ ਜਿਲਾ ਇੰਪ੍ਰੋਫਮੈਂਟ ਟਰੱਸਟ, ਵਿਨੀਤ ਜਾਡਲਾ ਸਰਪੰਚ, ਲੱਕੀ ਲੱਧੜ ਯੂਥ ਪ੍ਰਧਾਨ, ਐਕਸ ਐਮ ਐਲ ਏ ਗੁਰਇਕਬਾਲ ਕੌਰ, ਕੁਲਵਿੰਦਰ ਮੰਡ ਕਾਂਗਰਸ, ਰਾਜ ਕੁਮਾਰ ਸੱਭਰਵਾਲ ਕਾਗਰਸ, ਜੀਵਨ ਜੀ ਕਾਗਰਸ, ਵਿਸ਼ਾਲ ਸ਼ਰਮਾ ਬੀਜੇਪੀ, ਐਡੋ. ਵਿਕਰਾਤ ਸ਼ਰਮਾ ਬੀਜੇਪੀ, ਗੀਤਿਕਾ ਬੀਜੇਪੀ, ਸੀ.ਕੇ. ਜੱਸੀ, ਲਾਲੀ ਬਹਿਰਾਮ, ਨਰੇਸ਼ ਸੂਰੀ ਦਨੇਸ਼ ਸੂਰੀ, ਵਿਜੇ ਕੁਮਾਰ, ਵਿੰਦੂ ਖਰੌੜ, ਡਾ. ਅਨੁਪਮ ਤਿਆਗੀ, ਮਨਦੀਪ ਸਿੰਘ ਕੌਲਗੜ੍ਹ, ਜਤਿੰਦਰ ਬਸਾਤੀ, ਚੇਤਨ ਗੁਲਾਟੀ, ਰਵੀ ਗੌਤਮ, ਰਾਜਿੰਦਰ ਸੈਣੀ, ਅਵਤਾਰ ਸਿੰਘ, ਜਤਿੰਦਰ ਵਸਾਤੀ, ਮਨਦੀਪ ਸਿੰਘ ਕੌਲਗੜ੍ਹ, ਜਤਿੰਦਰ ਕੁਮਾਰ ਮੌਜੂਦ ਰਹੇ।

# ਆਪਣੇ ਮਹਾਨ ਸ਼ਹੀਦਾਂ 'ਤੇ ਹਮੇਸ਼ਾ ਮਾਣ ਰਹੇਗਾ: ਵਧੀਕ ਡੀ.ਸੀ.

ਨਵਾਂ ਸ਼ਹਿਰ, 30 ਜਨਵਰੀ (ਸੁਖਦੇਵ ਸਿੰਘ ਉਜ਼ਾਪੜ): ਦੇਸ਼ ਦੇ



ਸੁਤੰਤਰਤਾ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਦੇਸ਼ ਕੌਮ ਲਈ ਵਾਰਨ ਵਾਲੇ ਸ਼ਹੀਦਾਂ ਦੀ ਯਾਦ ਵਿੱਚ ਅੱਜ ਸਵੇਰੇ 11:00 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ, ਕਰਮਚਾਰੀਆਂ ਤੇ ਆਮ ਜਨਤਾ ਨੇ 2 ਮਿੰਟ ਦਾ ਮੋਨ ਧਾਰਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਹਾਜ਼ਰ ਸਮੂਹ ਅਧਿਕਾਰੀਆਂ, ਕਰਮਚਾਰੀਆਂ ਤੇ ਦਫ਼ਤਰਾਂ 'ਚ ਕੰਮ ਕਰਵਾਉਣ ਆਏ ਲੋਕਾਂ ਵੱਲੋਂ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਰਾਸ਼ਟਰ ਪਿਤਾ ਮਹਾਤਮਾਂ ਗਾਂਧੀ ਜੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਅਰਪਿਤ ਕਰਨ ਉਪਰੰਤ ਵਧੀਕ ਡਿਪਟੀ ਕਮਿਸ਼ਨਰ ਬਲਬੀਰ ਰਾਜ ਸਿੰਘ ਨੇ ਕਿਹਾ ਕਿ ਅਜ਼ਾਦੀ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸਮੂਹ ਸ਼ਹੀਦਾਂ ਦੀ ਕੁਰਬਾਨੀ ਨੂੰ ਕਦੀ ਭੁਲਾਇਆ ਨਹੀ ਜਾ ਸਕਦਾ ਤੇ ਪੂਰੇ ਦੇਸ਼ ਨੂੰ ਆਪਣੇ ਮਹਾਨ ਸ਼ਹੀਦਾਂ ਉੱਪਰ ਮਾਣ ਹੈ। ਉਨ੍ਹਾਂ ਕਿਹਾ ਕਿ ਅੱਜ ਜੇਕਰ ਅਸੀ ਅਜ਼ਾਦ ਮੁਲਕ ਦੀ ਫ਼ਿਜ਼ਾ 'ਚ ਸਾਹ ਲੈ ਰਹੇ ਹਾਂ ਤਾਂ ਇਹ ਉਨ੍ਹਾਂ ਮਹਾਨ ਸ਼ਹੀਦਾਂ ਦੀਆਂ ਸ਼ਹਾਦਤਾਂ ਸਦਕਾ ਹੀ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਸਾਡੀਆਂ ਸੁਰੱਖਿਆ ਬਲਾਂ ਦੇ ਜਵਾਨ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਆਪਣੀ ਕੁਰਬਾਨੀ ਕਰ ਰਹੇ ਹਨ।

ਵਧੀਕ ਡਿਪਟੀ ਕਮਿਸ਼ਨਰ ਬਲਬੀਰ ਰਾਜ ਸਿੰਘ ਨੇ ਕਿਹਾ ਕਿ ਸਾਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਮੁਲਕ ਸਿਰਜਣ 'ਚ ਆਪਣਾ ਯੋਗਦਾਨ ਪਾਉਂਦਿਆਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਰਾਸ਼ਟਰ ਪਿਤਾ ਮਹਾਤਮਾਂ ਗਾਂਧੀ ਜੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਇਸ ਮੌਕੇ 'ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਸਮਾਗਮ

ਗੜ੍ਹਦੀਵਾਲਾ, 30 ਜਨਵਰੀ (ਗੌਰਵ): ਬਾਬਾ ਦੀਪ ਸਿੰਘ ਸੇਵਾ ਦਲ ਐਂਡ ਵੈੱਲਫੇਅਰ ਸੋਸਾਇਟੀ ਗੜ੍ਹਦੀਵਾਲਾ ਵੱਲੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਤੇ ਸੰਸਥਾ ਦੇ 11 ਸਾਲ ਪੂਰੇ ਹੋਣ 'ਤੇ ਸਾਲਾਨਾ ਕੀਰਤਨ ਦਰਬਾਰ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਕਥਾਵਾਚਕ ਭਾਈ ਬਰਜਿੰਦਰ ਸਿੰਘ ਪਰਵਾਨਾ, ਭਾਈ ਹਰਭਜਨ ਸਿੰਘ ਸੋਤਲਾ, ਭਾਈ ਸੰਦੀਪ ਸਿੰਘ ਕੁੰਟਾਂ, ਭਾਈ ਹਰਜੀਤ ਸਿੰਘ ਗੋਬਿੰਦਗੜ੍ਹ, ਕਥਾਵਾਚਕ ਸਰਤਾਜ ਸਿੰਘ ਬਸਰਾਵਾਂ, ਢਾਡੀ ਜਥਾ ਗੁਰਪ੍ਰੀਤ ਸਿੰਘ ਲਾਂਡਰਾ, ਢਾਡੀ ਜਥਾ ਬੀਬੀ ਦਲੇਰ ਕੌਰ ਖਾਲਸਾ ਨੇ ਸੰਗਤਾਂ ਨੂੰ ਸ਼ਬਦ ਕੀਰਤਨ, ਗੁਰਮਤਿ ਵਿਚਾਰਾਂ, ਕਵੀਸ਼ਰੀ ਤੇ ਢਾਡੀ ਵਾਰਾਂ ਰਾਹੀ ਨਿਹਾਲ ਕੀਤਾ। ਇਸ ਮੌਕੇ ਦਾਨੀਆਂ ਵਲੋਂ ਨਵੀ ਵੱਡੀ ਐਂਬੂਲੈਂਸ ਤੇ ਫਾਇਰ ਬ੍ਰਿਗੇਡ ਦੀ ਸੇਵਾ ਤੇ ਛੋਟੇ ਤਿੰਨ ਕਿਲੇ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ ਦੀ ਜ਼ਮੀਨ ਦੀ ਵਹਾਈ ਦੀ ਸੇਵਾ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਖੂਨਦਾਨ ਕੈਂਪ ਵੀ ਲਾਇਆ ਗਿਆ, ਜਿਸ 'ਚ ਨੌਜਵਾਨਾਂ ਨੇ ਵਧ-ਚੜ੍ਹ ਕੇ ਖੂਨਦਾਨ ਕੀਤਾ। ਇਸ ਸਮੇਂ ਸੰਸਥਾ ਵੱਲੋਂ 119ਵਾਂ ਰਾਸ਼ਨ ਵੰਡ ਸਮਾਗਮ ਕਰਵਾਇਆ ਗਿਆ, ਜਿਸ 'ਚ 300 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦਿੱਤਾ ਗਿਆ । ਇਸ ਮੌਕੇ 1313 ਸੋਸਾਇਟੀ ਗਿੱਲ ਬਰਦਰ ਵੱਲੋ ਇਕ ਨਵੀ ਐਬੂਲੈਂਸ ਸੰਸਥਾ ਨੂੰ ਦੇਣ ਦਾ ਐਲਾਨ ਕੀਤਾ ਗਿਆ । ਇਸ ਮੌਕੇ ਸਟੇਜ ਸਕੱਤਰ ਦੀ




ਭੂਮਿਕਾ ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਬਖੂਬੀ ਨਿਭਾਈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਮਨਜੋਤ ਸਿੰਘ ਤਲਵੰਡੀ ਦੀ ਅਗਵਾਈ 'ਚ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ੍ਰੀ ਗੁਰੂ ਅਮਰਦਾਸ ਜੀ ਸੇਵਾ ਸੋਸਾਇਟੀ ਤੇ ਅਸ਼ਮੀਤ ਨੰਦਾਚੌਰ ਵੱਲੋਂ ਲੰਗਰ ਬਰਤਾਉਣ ਦੀ ਸੇਵਾ ਨਿਭਾਈ ਗਈ । ਜੋੜਾ ਘਰ ਦੀ ਸੇਵਾ ਸੁਖਵਿੰਦਰ ਸਿੰਘ ਮੂਨਕ ਤੇ ਬਾਬਾ ਫਤਹਿ ਸਿੰਘ ਸੇਵਾ ਸੋਸਾਇਟੀ ਪਿੰਡ ਤੱਲਾ ਅਤੇ ਪਾਰਕਿੰਗ ਦੀ ਸੇਵਾ ਮੀਰੀ ਪੀਰੀ ਯੂਥ ਕਲੱਬ ਮਾਛੀਆਂ ਵੱਲੋਂ ਨਿਭਾਈ ਗਈ। ਇਸ ਮੌਕੇ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਮਾਜਸੇਵੀ ਅਨਮੋਕ ਕਵਾਤਰਾ, ਸਾਬਕਾ ਵਿਧਾਇਕ ਪਵਨ ਕੁਮਾਰ ਆਦੀਆ, ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ, ਸ਼੍ਰੋਮਣੀ ਅਕਾਲੀ ਦਲ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਗਿਲਜੀਆਂ, ਸਾਬਕਾ ਸੰਸਦੀ ਸਕੱਤਰ ਦੇਸਰਾਜ ਧੁੱਗਾ, ਇਕਬਾਲ ਸਿੰਘ ਜੋਹਲ, ਐਡਵੋਕੇਟ ਗੁਰਵੀਰ ਸਿੰਘ ਚੌਟਾਲਾ, ਫਿੱਟਨੈੱਸ ਫ੍ਰੀਕ ਪਿੰਕਾ ਜਰਗ,ਐਡਵੋਕੇਟ ਗੁਰਵੀਰ ਸਿੰਘ ਚੌਟਾਲਾ, ਜਸਦੀਪ ਸਿੰਘ ਰਾਮਦਾਸਪੁਰ,ਡਾ. ਮਨਦੀਪ ਸਿੰਘ, ਭਾਈ ਹਰਪ੍ਰੀਤ ਸਿੰਘ,ਡਾ ਸਵਰਨਕਾਂਤ ਪਰਾਸ਼ਰ,ਆਪ ਆਗੂ ਰਾਜੂ ਗੁਪਤਾ,ਆਪ ਆਗੂ ਵਿਵੇਕ ਗੁਪਤਾ ਭਾਈ ਜੰਗਵੀਰ ਸਿੰਘ ਚੌਹਾਨ, ਗੁਰਦੁਆਰਾ ਗੁਰ ਪ੍ਰਸਾਦ ਰਮਦਾਸਪੁਰ ਵੱਲੋਂ ਭਾਈ ਜਸਵਿੰਦਰ ਸਿੰਘ ਧੁੱਗਾ, ਦਵਿੰਦਰ ਸਿੰਘ ਮੂਨਕ, ਜਸਵਿੰਦਰ ਸਿੰਘ ਜੱਸਾ ਪ੍ਰਧਾਨ, ਅਮਰਜੀਤ ਸਿੰਘ ਰੜਾ, ਲਾਡੀ ਬੁੱਟਰ, ਗੁਰਦੀਪ ਸਿੰਘ ਡੱਫਰ,ਸਰਬ ਬੁੱਟਰ, ਸਿਮਰਜੀਤ ਸਿੰਘ, ਸਾਬਕਾ ਡੀ. ਪੀ. ਈ. ਓ. ਸਮੇਤ ਅਨੇਕਾਂ ਸੰਗਤਾਂ ਨੇ ਇਸ ਸਮਾਗਮ 'ਚ ਹਾਜ਼ਰੀ ਭਰੀ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਭੁੱਖ ਨੂੰ ਕਾਬੂ ਕਰਨ ਵਾਲੇ ਖਾਸ ਫੂਡਜ਼ ਜੋ ਸਿਹਤ ਨੂੰ ਤੰਦਰੁਸਤ ਬਣਾਏ ਰਖ਼ਣ

ਦੇਸ਼ ਭਰ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧ ਰਹੀ ਹੈ ਅਤੇ ਲੋਕ ਆਪਣੀ ਡਾਇਟ ਵਿੱਚ ਉਹ ਖਾਣੇ ਸ਼ਾਮਲ ਕਰ ਰਹੇ ਹਨ ਜੋ ਲੰਮੇ ਸਮੇਂ ਤੱਕ ਪੇਟ ਭਰੇ ਹੋਣ ਦਾ ਅਹਿਸਾਸ ਦਿੰਦੇ ਹਨ। ਵਿਗਿਆਨਕ ਅਧਿਐਨ ਵੀ ਦਰਸਾਉਂਦੇ ਹਨ ਕਿ ਕੁਝ ਖਾਸ ਫੂਡਜ਼ ਭੁੱਖ ਨੂੰ ਕਾਬੂ ਕਰਨ ਵਿੱਚ ਮਦਦਗਾਰ ਹੁੰਦੇ ਹਨ।

ਸੇਬ ; ਸੇਬ ਵਿੱਚ ਫਾਈਬਰ ਵੱਧ ਹੁੰਦਾ ਹੈ ਜੋ ਪੇਟ ਨੂੰ ਲੰਮੇ ਸਮੇਂ ਤੱਕ ਭਰਿਆ ਮਹਿਸੂਸ ਕਰਵਾਉਂਦਾ ਹੈ। ਇਹ ਕੁਦਰਤੀ ਤੌਰ 'ਤੇ ਭੁੱਖ ਘਟਾਉਣ ਵਾਲਾ ਫਲ ਹੈ।

**ਆਲੂ** ;ਉਬਲੇ ਆਲੂ ਭੁੱਖ ਨੂੰ ਕਾਬੂ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਹਨ। ਇਹ ਹੌਲੀ-ਹੌਲੀ ਹਜ਼ਮ ਹੁੰਦੇ ਹਨ ਅਤੇ ਲੰਮੇ ਸਮੇਂ ਤੱਕ ਊਰਜਾ ਦਿੰਦੇ ਹਨ।



**ਬਲੂਬੈਰੀ** ; ਐਂਟੀਓਕਸੀਡੈਂਟਸ ਨਾਲ ਭਰਪੂਰ ਬਲੂਬੈਰੀ ਨਾ ਸਿਰਫ਼ ਸਿਹਤ ਲਈ ਚੰਗੀ ਹੈ, ਬਲਕਿ ਭੁੱਖ ਨੂੰ ਵੀ ਘਟਾਉਂਦੀ ਹੈ। ਇਹ ਮਿੱਠਾ ਖਾਣ ਦੀ ਇੱਛਾ ਨੂੰ ਵੀ ਕਾਬੂ ਕਰਦੀ ਹੈ।

**ਦਾਲਾਂ** ; ਦਾਲਾਂ ਪ੍ਰੋਟੀਨ ਅਤੇ ਫਾਈਬਰ ਨਾਲ ਭਰਪੂਰ ਹੁੰਦੀਆਂ ਹਨ। ਇਹ ਖਾਣੇ ਖੂਨ ਵਿੱਚ ਸ਼ੂਗਰ ਦੀ ਲੈਵਲ ਨੂੰ ਸੰਤੁਲਿਤ ਰੱਖਦੇ ਹਨ ਅਤੇ ਭੁੱਖ ਘਟਾਉਂਦੇ ਹਨ।

**ਬ੍ਰੋਕਲੀ** ; ਬ੍ਰੋਕਲੀ ਵਿੱਚ ਫਾਈਬਰ ਅਤੇ ਪਾਣੀ ਵੱਧ ਹੁੰਦਾ ਹੈ। ਇਹ ਘੱਟ ਕੈਲੋਰੀ ਵਾਲੀ ਸਬਜ਼ੀ ਹੈ ਜੋ ਪੇਟ ਨੂੰ ਭਰਿਆ ਮਹਿਸੂਸ ਕਰਵਾਉਂਦੀ ਹੈ।

ਸੇਬ, ਆਲੂ, ਬਲੂਬੈਰੀ, ਦਾਲਾਂ ਅਤੇ ਬ੍ਰੋਕਲੀ ਉਹ ਪੰਜ ਖਾਣੇ ਹਨ ਜੋ ਭੁੱਖ ਨੂੰ ਕਾਬੂ ਕਰਨ ਵਿੱਚ ਸਭ ਤੋਂ ਵੱਧ ਮਦਦਗਾਰ ਮੰਨੇ ਜਾਂਦੇ ਹਨ। ਇਹਨਾਂ ਨੂੰ ਆਪਣੀ ਡਾਇਟ ਵਿੱਚ ਸ਼ਾਮਲ ਕਰਕੇ ਨਾ ਸਿਰਫ਼ ਭੁੱਖ ਘਟਾਈ ਜਾ ਸਕਦੀ ਹੈ, ਬਲਕਿ ਸਿਹਤਮੰਦ ਜੀਵਨਸ਼ੈਲੀ ਵੀ ਅਪਣਾਈ ਜਾ ਸਕਦੀ ਹੈ।

# ਅਮਰੀਕਾ ਦੀ ਵੱਡੀ ਕਾਰਵਾਈ: 149 ਹੋਰ ਭਾਰਤੀ ਬੇੜੀਆਂ 'ਚ ਬੰਨ੍ਹ ਕੇ ਕੀਤੇ ਡਿਪੋਰਟ

ਵਾਸ਼ਿੰਗਟਨ, 30 ਜਨਵਰੀ (ਚ.ਨ.ਸ.) : ਅਮਰੀਕਾ ਵਿੱਚ ਗੈਰ-ਕਾਨੂੰਨੀ ਤਰੀਕੇ ਨਾਲ ਦਾਖ਼ਲ ਹੋਏ ਅਤੇ ਬਿਨਾਂ ਦਸਤਾਵੇਜ਼ਾਂ ਤੋਂ ਰਹਿ ਰਹੇ ਭਾਰਤੀਆਂ @ਤੇ ਸ਼ਿਕੰਜਾ ਕੱਸਦੇ ਹੋਏ ਅਮਰੀਕੀ ਸਰਕਾਰ ਨੇ ਇੱਕ ਵਾਰ ਫਿਰ ਵੱਡੀ ਕਾਰਵਾਈ ਕੀਤੀ ਹੈ। ਤਾਜ਼ਾ ਜਾਣਕਾਰੀ ਅਨੁਸਾਰ, ਅਮਰੀਕਾ ਵੱਲੋਂ 149 ਭਾਰਤੀ ਨਾਗਰਿਕਾਂ ਨੂੰ ਡਿਪੋਰਟ ਕਰਕੇ ਭਾਰਤ ਵਾਪਸ ਭੇਜ ਦਿੱਤਾ ਗਿਆ ਹੈ। ਇਹਨਾਂ ਵਿੱਚ ਜ਼ਿਆਦਾਤਰ ਨੌਜਵਾਨ ਕਰਨਾਲ ਨਾਲ ਸਬੰਧਤ ਦੱਸੇ ਜਾ ਰਹੇ ਹਨ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਅਮਰੀਕਾ ਵੱਲੋਂ ਕਈ ਭਾਰਤੀ ਬੇੜੀਆਂ ਵਿਚ ਬੰਨ੍ਹ ਕੇ ਵਿਸ਼ੇਸ਼ ਜਹਾਜ਼ਾਂ ਰਾਹੀਂ ਡਿਪੋਰਟ ਕੀਤੇ ਗਏ ਸਨ। ਸੂਤਰਾਂ ਅਨੁਸਾਰ ਜਦੋਂ ਤੋਂ ਅਮਰੀਕਾ ਵਿੱਚ ਡੌਨਲਡ ਟਰੰਪ ਦੀ ਸਰਕਾਰ ਆਈ ਹੈ, ਉਦੋਂ ਤੋਂ 'ਅਮਰੀਕਾ ਫਸਟ' ਦੀ ਨੀਤੀ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਰਾਸ਼ਟਰਪਤੀ ਟਰੰਪ ਨੇ ਪਹਿਲਾਂ ਹੀ ਚੇਤਾਵਨੀ ਦਿੱਤੀ ਸੀ ਕਿ ਜਿਹੜੇ ਪ੍ਰਵਾਸੀ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਵਿੱਚ ਰਹਿ ਰਹੇ ਹਨ ਜਾਂ ਕਿਸੇ ਅਪਰਾਧਿਕ ਗਤੀਵਿਧੀ ਵਿੱਚ ਸ਼ਾਮਲ ਹਨ, ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਡਿਪੋਰਟ ਕੀਤਾ ਜਾਵੇਗਾ। ਇਸੇ ਚੇਤਾਵਨੀ ਦੇ ਤਹਿਤ ਹੁਣ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਵਾਪਸ ਭੇਜਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਡਿਪੋਰਟ ਕੀਤੇ ਗਏ ਇਨ੍ਹਾਂ 149 ਭਾਰਤੀਆਂ ਵਿੱਚ ਹਰਿਆਣਾ ਦੇ ਕਰਨਾਲ ਜ਼ਿਲ੍ਹੇ ਦੇ 15 ਨੌਜਵਾਨ ਸ਼ਾਮਲ ਦੱਸੇ ਜਾ ਰਹੇ ਹਨ। ਇਨ੍ਹਾਂ ਵਿੱਚੋਂ ਇੱਕ ਅਜਿਹਾ ਨੌਜਵਾਨ ਵੀ ਹੈ ਜਿਸ ਨੇ ਅਮਰੀਕਾ ਜਾਣ ਦੇ ਸੁਪਨੇ ਨੂੰ ਪੂਰਾ ਕਰਨ ਲਈ 65 ਲੱਖ ਰੁਪਏ ਖਰਚ ਕੀਤੇ ਸਨ, ਪਰ ਹੁਣ ਉਸ ਨੂੰ ਖਾਲੀ ਹੱਥ ਵਾਪਸ ਪਰਤਣਾ ਪਿਆ ਹੈ। ਹਾਲਾਂਕਿ ਪੰਜਾਬ ਨਾਲ ਸਬੰਧਤ ਕਿੰਨੇ ਨੌਜਵਾਨ ਇਸ ਵਿੱਚ ਸ਼ਾਮਲ ਹਨ, ਇਸ ਬਾਰੇ ਜਾਣਕਾਰੀ ਅਜੇ ਸਾਹਮਣੇ ਨਹੀਂ ਆਈ ਹੈ।



## ਭਾਰਤ ਨੂੰ ਅਮਰੀਕਾ ਵਾਪਸ ਕਰੇਗਾ ਤਿੰਨ ਪ੍ਰਾਚੀਨ ਮੂਰਤੀਆਂ

ਵਾਸ਼ਿੰਗਟਨ, 30 ਜਨਵਰੀ (ਚ.ਨ.ਸ.) : ਸੰਯੁਕਤ ਰਾਜ ਅਮਰੀਕਾ ਵੱਲੋਂ ਭਾਰਤ ਨੂੰ ਤਿੰਨ ਅਤਿ ਪ੍ਰਾਚੀਨ ਕਾਂਸੀ ਦੀਆਂ ਮੂਰਤੀਆਂ ਵਾਪਸ ਕੀਤੀਆਂ ਜਾਣਗੀਆਂ ਜੋ ਕਿ ਕਈ ਸਾਲ ਪਹਿਲਾਂ ਦੇਸ਼ ਦੇ ਮੰਦਰਾਂ ਤੋਂ ਗੈਰ ਕਾਨੂੰਨੀ ਢੰਗ ਨਾਲ ਹਟਾ ਲਈਆਂ ਗਈਆਂ ਸਨ। ਇਹ ਮੂਰਤੀਆਂ ਸਮਿਥਸੋਨੀਅਨ ਨੈਸ਼ਨਲ ਮਿਊਜ਼ੀਅਮ ਆਫ਼ ਏਸ਼ੀਅਨ ਆਰਟ ਵਾਸ਼ਿੰਗਟਨ ਡੀਸੀ ਵਿੱਚ ਰੱਖੀਆਂ ਗਈਆਂ ਸਨ।ਅਜਾਇਬ ਘਰ ਵੱਲੋਂ ਜਾਰੀ ਬਿਆਨ ਅਨੁਸਾਰ ਪੂਰੀ ਜਾਂਚ ਤੋਂ ਬਾਅਦ ਇਹ ਸਾਬਤ ਹੋਇਆ ਕਿ ਇਹ ਮੂਰਤੀਆਂ ਭਾਰਤ ਦੇ ਮੰਦਰਾਂ ਤੋਂ ਗੈਰ ਕਾਨੂੰਨੀ ਤਰੀਕੇ ਨਾਲ ਲਿਆਂਦੀਆਂ ਗਈਆਂ ਸਨ। ਇਸ ਦੇ ਮੱਦੇਨਜ਼ਰ ਮਿਊਜ਼ੀਅਮ ਨੇ ਇਨ੍ਹਾਂ ਨੂੰ ਭਾਰਤ ਸਰਕਾਰ ਨੂੰ ਵਾਪਸ ਕਰਨ ਦਾ ਫੈਸਲਾ ਲਿਆ ਹੈ।ਇਨ੍ਹਾਂ ਵਿੱਚ ਸ਼ਾਮਲ ਹਨ ਚੋਲ ਰਾਜਵੰਸ਼ ਦੇ ਸਮੇਂ ਦੀ ਲਗਭਗ 990 ਈਸਵੀ ਦੀ 'ਸ਼ਿਵ ਨਟਰਾਜ' ਮੂਰਤੀ 12ਵੀਂ ਸਦੀ ਦੀ 'ਸੋਮਸਕੰਦ' ਅਤੇ 16ਵੀਂ ਸਦੀ ਦੀ ਵਿਜੇਨਗਰ ਯੁੱਗ ਦੀ 'ਸੰਤ ਸੁੰਦਰਾਰ ਵਿਦ ਪਰਾਵਾਈ' ਮੂਰਤੀ। ਇਹ ਤਿੰਨੋਂ ਮੂਰਤੀਆਂ ਦੱਖਣੀ ਭਾਰਤ ਦੀ ਕਾਂਸੀ ਕਲਾ ਦੀ ਵਿਲੱਖਣ ਮਿਸਾਲ ਹਨ ਜੋ ਮੰਦਰਾਂ ਦੇ ਧਾਰਮਿਕ ਜਲੂਸਾਂ ਵਿੱਚ ਵਰਤੀ ਜਾਂਦੀਆਂ ਸਨ।ਮਿਊਜ਼ੀਅਮ ਨੇ ਇਹ ਵੀ ਦੱਸਿਆ ਕਿ 'ਸ਼ਿਵ ਨਟਰਾਜ' ਦੀ ਮੂਰਤੀ ਲੰਬੇ ਸਮੇਂ ਦੇ ਕਰਜ਼ੇ 'ਤੇ ਰੱਖੀ ਜਾਵੇਗੀ ਅਤੇ ਇਹ ਦੱਖਣੀ ਏਸ਼ੀਆ ਅਤੇ ਹਿਮਾਲੀਅਨ ਖੇਤਰ ਦੀ ਕਲਾ ਨੂੰ ਦਰਸਾਉਣ ਵਾਲੀ ਵਿਸ਼ੇਸ਼ ਪ੍ਰਦਰਸ਼ਨੀ ਦਾ ਹਿੱਸਾ ਹੋਵੇਗੀ।ਭਾਰਤ ਸਰਕਾਰ ਅਤੇ ਅਜਾਇਬ ਘਰ ਵਿਚਕਾਰ ਮੂਰਤੀਆਂ ਦੀ ਵਾਪਸੀ ਅਤੇ ਪ੍ਰਦਰਸ਼ਨ ਸੰਬੰਧੀ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਲਈ ਗੰਭੀਰ ਗੱਲਬਾਤ ਜਾਰੀ ਹੈ।

# ਰਾਸ਼ਟਰੀ ਕਵਿਤਾ ਸੰਮੇਲਨ ਭਲਕੇ ਪਟਿਆਲਾ 'ਚ ਕਰਵਾਇਆ ਜਾਵੇਗਾ

ਪਟਿਆਲਾ, 30 ਜਨਵਰੀ (ਚ.ਨ.ਸ.) : ਸਾਹਿਤ ਕਲਸ਼ ਪਟਿਆਲਾ ਦੇ ਸੰਸਥਾਪਕ ਪ੍ਰਧਾਨ ਅਤੇ ਪ੍ਰਸਿੱਧ ਕਵੀ ਸ਼੍ਰੀ ਸਾਗਰ ਸੂਦ ਨੇ ਐਲਾਨ ਕੀਤਾ ਕਿ ਵਿਸਟਾ ਲੈਂਡ ਦੇ ਸ਼ਿਸ਼ਟਾਚਾਰ ਨਾਲ 1 ਫਰਵਰੀ, 2026 ਨੂੰ ਪਟਿਆਲਾ ਵਿੱਚ ਇੱਕ ਰਾਸ਼ਟਰੀ ਪੱਧਰ ਦੀ ਕਵਿਤਾ ਸੰਮੇਲਨ ਆਯੋਜਿਤ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਪ੍ਰਸਿੱਧ ਹਾਸ ਕਵੀ ਸਰਦਾਰ ਪ੍ਰਤਾਪ ਫੌਜਦਾਰ, ਗੁਰੂਗ੍ਰਾਮ, ਹਰਿਆਣਾ ਤੋਂ ਹਾਸ ਕਵੀ ਸੁੰਦਰ ਕਟਾਰੀਆ, ਜਿਨ੍ਹਾਂ ਨੇ ਇੰਡੀਅਨ ਲਾਫਟਰ ਸ਼ੋਅ ਨਾਲ ਪ੍ਰਸਿੱਧੀ ਪ੍ਰਾਪਤ ਕੀਤੀ ਅਤੇ ਦੇਸ਼ ਦੀ ਸੁਰੀਲੀ ਕਵਿੱਤਰੀ, ਆਗਰਾ ਤੋਂ ਡਾ. ਰੁਚੀ ਚਤੁਰਵੇਦੀ ਸ਼ਾਮਲ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਇਹ ਸਮਾਗਮ ਵੀਰ ਸ਼ੈਲੀ ਦੇ ਪ੍ਰਸਿੱਧ ਕਵੀ ਦਿਨੇਸ਼ ਦੇਵਘਰੀਆ, ਆਪਣੇ ਸਵਰਗੀ ਪਿਤਾ, ਇੱਕ ਪ੍ਰਸਿੱਧ ਥੀਏਟਰ ਸ਼ਖਸੀਅਤ ਅਤੇ ਸਾਹਿਤਕ ਹਸਤੀ, ਸਵਰਗੀ ਰਾਮਜੀਵਨ ਗੁਪਤਾ ਦੀ ਯਾਦ ਵਿੱਚ ਆਯੋਜਿਤ ਕਰ ਰਹੇ ਹਨ। ਇਸ ਪ੍ਰੋਗਰਾਮ ਚੜ੍ਹਦੀਕਲਾ ਟਾਈਮ ਟੀ.ਵੀ. ਦੇ ਚੇਅਰਮੈਨ ਸ੍ਰ. ਜਗਜੀਤ ਸਿੰਘ ਦਰਦੀ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਣਗੇ। ਉਨ੍ਹਾਂ ਦੀ ਯਾਦ ਵਿੱਚ, ਕਲਾ ਅਤੇ ਸਾਹਿਤ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਲਈ ਹਰ ਸਾਲ ਇੱਕ ਨੌਜਵਾਨ ਨੂੰ ਯੁਵਾ ਗੌਰਵ ਸਨਮਾਨ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਸਾਲ, ਇਹ ਪੁਰਸਕਾਰ ਲੁਧਿਆਣਾ ਦੇ ਪ੍ਰਸਿੱਧ ਨੌਜਵਾਨ ਪੰਜਾਬੀ ਹਾਸ ਕਵੀ ਵਰਿੰਦਰ ਜਟਵਾਨੀ ਨੂੰ ਦਿੱਤਾ ਜਾ ਰਿਹਾ ਹੈ। ਵਰਿੰਦਰ ਜਟਵਾਨੀ ਸੋਸ਼ਲ ਮੀਡੀਆ 'ਤੇ ਆਲੂ ਦਾ ਪਰਾਠਾ ਕੇੜਾ ਪੀਜ਼ਾ ਨਾਲ ਕੱਟ ਹੈ ਵਰਗੀਆਂ ਆਪਣੀਆਂ ਕਵਿਤਾਵਾਂ ਲਈ ਮਸ਼ਹੂਰ ਅਤੇ ਪ੍ਰਸਿੱਧ ਹਨ।

ਇਵੈਂਟ ਕੋਆਰਡੀਨੇਟਰ ਦਿਨੇਸ਼ ਦੇਵਘਰੀਆ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਇੱਕ ਮਸ਼ਹੂਰ ਥੀਏਟਰ ਸ਼ਖਸੀਅਤ ਸਨ ਜਿਨ੍ਹਾਂ ਨੇ ਕਈ ਨਾਟਕਾਂ ਵਿੱਚ ਕੰਮ ਕੀਤਾ ਅਤੇ ਨਿਰਦੇਸ਼ਿਤ ਕੀਤਾ। ਕਹਾਣੀਆਂ ਅਤੇ ਨਾਟਕ ਲਿਖਣ ਦੇ ਨਾਲ-ਨਾਲ, ਉਨ੍ਹਾਂ ਦੇ ਥੀਏਟਰ ਰੂਪਾਂਤਰਣਾਂ ਅਤੇ ਮੁਨਸ਼ੀ ਪ੍ਰੇਮਚੰਦ ਦੀਆਂ ਕਹਾਣੀਆਂ, ਜਿਵੇਂ ਕਿ ਪੰਚ ਪਰਮੇਸ਼ਵਰ, ਅਹਿੰਸਾ ਪਰਮੋ ਧਰਮ, ਅਤੇ ਕਫ਼ਨ, ਦੇ ਮੰਚਨ ਨੇ ਉਨ੍ਹਾਂ ਨੂੰ ਇਸ ਖੇਤਰ ਵਿੱਚ ਪ੍ਰਸਿੱਧੀ ਦਿਵਾਈ। ਇਸ ਸਾਲ, ਉਨ੍ਹਾਂ ਦੀ ਯਾਦ ਵਿੱਚ ਆਯੋਜਿਤ ਇਹ ਸਮਾਗਮ ਬਾਰਾਦਰੀ ਦੇ ਪ੍ਰਭਾਤ ਪਰਵਾਨਾ ਹਾਊਸ ਵਿਖੇ ਚੋਣਵੇਂ ਸਾਹਿਤਕ ਅਤੇ ਨਾਟਕ ਪ੍ਰੇਮੀਆਂ ਲਈ ਆਯੋਜਿਤ ਕੀਤਾ ਜਾ ਰਿਹਾ ਹੈ। ਭਵਿੱਖ ਵਿੱਚ, ਅਜਿਹੇ ਸਾਹਿਤਕ ਸਮਾਗਮ ਵੱਡੇ ਪੱਧਰ 'ਤੇ ਆਯੋਜਿਤ ਕੀਤੇ ਜਾਣਗੇ। ਜਦੋਂ ਕਿ ਇਸ ਸਮਾਗਮ ਵਿੱਚ ਅੰਤਰਰਾਸ਼ਟਰੀ ਹਸਤੀਆਂ ਸ਼ਾਮਲ ਹੋਣਗੀਆਂ, ਸ਼ਹਿਰ ਦੀ ਇੱਕ ਨੌਜਵਾਨ ਹਸਤੀ, ਸਰਦਾਰ ਅੰਮ੍ਰਿਤਪਾਲ ਸਿੰਘ ਕਾਫੀ, ਜਿਸਨੇ ਥੋੜ੍ਹੇ ਸਮੇਂ ਵਿੱਚ ਪ੍ਰਸਿੱਧੀ ਪ੍ਰਾਪਤ ਕੀਤੀ ਹੈ, ਵੀ ਕਵਿਤਾ ਸੁਣਾਉਣਗੇ।



ਬੁਢਲਾਡੇ ਤੋਂ ਪੱਤਰਕਾਰ ਜੀਵਨ ਕੁਮਾਰ ਅਤੇ ਕੈਮਰਾ ਮੈਨ ਦਵਿੰਦਰ ਸਿੰਘ ਸੋਢੀ ਨੂੰ ਸਨਮਾਨਤ ਕਰਦੇ ਹੋਏ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ।

*ਭਾਰਤੀ ਸਿੱਖਿਆ ਬੋਰਡ ਦਾ ਮਹੱਤਵਪੂਰਨ ਕਦਮ*

# ਭੀਜਾ ਜਾਂਗਲੀ ਦੇ ਕਬਾਇਲੀ ਖੇਤਰ ਵਿੱਚ ਗਲੋਬਲ ਗੁਰੂਕੁਲ ਲਈ ਨੀਂਹ ਪੱਥਰ ਸਮਾਗਮ

ਹਰਿਦੁਆਰ, 30 ਜਨਵਰੀ (ਚ.ਨ.ਸ.) : ਛੱਤੀਸਗੜ੍ਹ ਦੇ ਬਲੋਦ ਜ਼ਿਲ੍ਹੇ ਦੇ ਗੁਰੂਰ ਵਿਕਾਸ ਬਲਾਕ ਵਿੱਚ ਸਥਿਤ ਦੂਰ-ਦੁਰਾਡੇ ਆਦਿਵਾਸੀ ਪਿੰਡ ਭੀਜਾ ਜਾਂਗਲੀ ਵਿੱਚ ਤਥਾਗਤ ਗਲੋਬਲ ਗੁਰੂਕੁਲ ਲਈ ਨੀਂਹ ਪੱਥਰ ਸਮਾਗਮ ਆਯੋਜਿਤ ਕੀਤਾ ਗਿਆ। ਇਹ ਸਮਾਗਮ ਜਕਵਾਰ ਫਾਊਂਡੇਸ਼ਨ ਅਤੇ ਆਦਿਵਾਸੀ ਵਿਕਾਸ ਲਈ ਤਥਾਗਤ ਟਰੱਸਟ ਦੇ ਸਾਂਝੇ ਸਰਪ੍ਰਸਤੀ ਹੇਠ ਆਯੋਜਿਤ ਕੀਤਾ ਗਿਆ ਸੀ।ਨੀਂਹ ਪੱਥਰ ਸਮਾਗਮ ਦੌਰਾਨ ਭਾਰਤੀ ਸਿੱਖਿਆ ਬੋਰਡ ਦੇ ਚੇਅਰਮੈਨ ਅਤੇ ਸੇਵਾਮੁਕਤ ਆਈਏਐਸ ਅਧਿਕਾਰੀ ਐਨਪੀ ਸਿੰਘ ਅਤੇ ਅਨੁਸੂਚਿਤ ਜਨਜਾਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਜੀਆਰ ਰਾਣਾ, ਬਲੋਦ ਜ਼ਿਲ੍ਹੇ ਦੇ ਗੁਰੂਰ ਵਿਕਾਸ ਬਲਾਕ ਦੇ ਵੱਡੀ ਗਿਣਤੀ ਵਿੱਚ ਆਦਿਵਾਸੀ ਪਿੰਡ ਵਾਸੀ ਮੌਜੂਦ ਸਨ। ਨੀਂਹ ਪੱਥਰ ਸਮਾਗਮ ਤੋਂ ਪਹਿਲਾਂ, ਰਾਜਾ ਰਾਓ ਬਾਬਾ ਅਤੇ ਕਾਂਕਾਲੀਨ ਮਾਤਾ ਨੂੰ ਪ੍ਰਾਰਥਨਾ ਕੀਤੀ ਗਈ। ਇਸ ਤੋਂ ਬਾਅਦ, ਸ਼ਹੀਦ ਵੀਰ ਨਾਰਾਇਣ ਸਿੰਘ ਦੇ ਤੇਲ ਚਿੱਤਰ @ਤੇ ਫੁੱਲਮਾਲਾ ਚੜ੍ਹਾਈ ਗਈ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਐਨਪੀ ਸਿੰਘ ਨੇ ਕਿਹਾ ਕਿ ਇਸ ਗੁਰੂਕੁਲਮ ਦੀ ਸਥਾਪਨਾ ਦਾ ਉਦੇਸ਼ ਸਮਾਜ ਦੇ ਸਭ ਤੋਂ ਹੇਠਲੇ ਪੱਧਰ @ਤੇ ਰਹਿਣ ਵਾਲੇ ਆਦਿਵਾਸੀ ਅਤੇ ਪੇਂਡੂ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਸੀ, ਉਨ੍ਹਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ। ਉਨ੍ਹਾਂ ਕਿਹਾ ਕਿ ਇੱਕ ਵਿਕਸਤ ਭਾਰਤ ਦਾ ਸੁਪਨਾ ਉਦੋਂ ਤੱਕ ਅਧੂਰਾ ਰਹੇਗਾ ਜਦੋਂ ਤੱਕ ਦੂਰ-ਦੁਰਾਡੇ ਪੇਂਡੂ ਖੇਤਰਾਂ ਦੇ ਬੱਚੇ ਸ਼ਹਿਰਾਂ ਦੇ ਮੁਕਾਬਲੇ ਸਿੱਖਿਆ ਪ੍ਰਾਪਤ ਨਹੀਂ ਕਰਦੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਬੇਜਾ ਜੰਗਲੀ ਵਿੱਚ ਸਥਾਪਿਤ ਹੋਣ ਵਾਲਾ ਸਕੂਲ ਵਿਦਿਅਕ ਮਿਆਰਾਂ ਦੇ ਮਾਮਲੇ ਵਿੱਚ ਦਿੱਲੀ ਅਤੇ ਹੋਰ ਵੱਡੇ ਸ਼ਹਿਰਾਂ ਦੇ ਵੱਕਾਰੀ ਸਕੂਲਾਂ ਦੇ ਬਰਾਬਰ ਹੋਵੇਗਾ। ਇੱਥੇ ਬੱਚਿਆਂ ਨੂੰ ਨਾ ਸਿਰਫ਼ ਅਕਾਦਮਿਕ, ਸਗੋਂ ਜੀਵਨ ਮੁੱਲ ਅਤੇ ਸੰਸਕਾਰ (ਸੱਭਿਆਚਾਰ) ਵੀ ਸਿਖਾਇਆ ਜਾਵੇਗਾ। ਮੁਫ਼ਤ ਸਿੱਖਿਆ ਦੇ ਨਾਲ, ਗੁਰੂਕੁਲਮ ਸ਼ਖਸੀਅਤ ਵਿਕਾਸ, ਕਰੀਅਰ ਮਾਰਗਦਰਸ਼ਨ, ਕੇਂਦਰੀ ਬਲਾਂ ਅਤੇ ਫੌਜ ਭਰਤੀ ਲਈ ਤਿਆਰੀ, ਰੁਜ਼ਗਾਰ-ਅਧਾਰਤ ਕੋਰਸ ਅਤੇ ਔਰਤਾਂ ਨੂੰ ਕਾਟੇਜ ਉਦਯੋਗਾਂ ਵਿੱਚ ਸਿਖਲਾਈ ਪ੍ਰਦਾਨ ਕਰੇਗਾ, ਜਿਸ ਨਾਲ ਉਹ ਸਵੈ-ਨਿਰਭਰ ਬਣ ਸਕਣ। ਆਰਥਿਕ ਤੌਰ @ਤੇ ਪਛੜੇ ਪਰ ਹੋਣਹਾਰ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਪੂਰੇ ਮੌਕੇ ਪ੍ਰਦਾਨ ਕੀਤੇ ਜਾਣਗੇ। ਸ਼੍ਰੀ ਸਿੰਘ ਨੇ ਕਿਹਾ ਕਿ ਇਸ ਸਕੂਲ ਦੀ ਉਸਾਰੀ ਫਰਵਰੀ ਵਿੱਚ ਸ਼ੁਰੂ ਹੋ ਜਾਵੇਗੀ। ਉਨ੍ਹਾਂ ਇਹ ਵੀ ਵਾਅਦਾ ਕੀਤਾ ਕਿ ਗੁਰੂਕੁਲਮ ਦਾ ਉਦਘਾਟਨ ਰਾਜਾ ਰਾਓ ਪਠਾਰ ਵਿਖੇ ਰਾਜਾ ਰਾਓ ਪੂਜਨ ਸਮਾਰੋਹ ਦੇ ਨਾਲ ਹੀ ਕੀਤਾ ਜਾਵੇਗਾ।

## ਐਡਵਾਂਸਡ ਮਿਨੀਮਲੀ ਇਨਵੇਸਿਵ ਸਪਾਈਨ ਸਰਜਰੀ ਨੇ 86 ਸਾਲਾ ਉੱਚ-ਜੋਖਮ ਵਾਲੇ ਮਰੀਜ਼ ਦਾ ਕੀਤਾ ਸਫਲਤਾਪੂਰਵਕ ਇਲਾਜ

ਜਲੰਧਰ, 30 ਜਨਵਰੀ (ਚ.ਨ.ਸ.) : ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਪਟਪੜਗੰਜ ਦੇ ਡਾਕਟਰਾਂ ਨੇ ਇੱਕ ਵਾਰ ਫਿਰ ਉੱਚ-ਜੋਖਮ ਵਾਲੇ ਅਤੇ ਬਜ਼ੁਰਗ ਮਰੀਜ਼ਾਂ ਦੇ ਇਲਾਜ ਵਿੱਚ ਆਪਣੀ ਮੁਹਾਰਤ ਸਾਬਤ ਕੀਤੀ ਹੈ, ਜਲੰਧਰ, ਪੰਜਾਬ ਦੇ ਇੱਕ 86 ਸਾਲਾ ਮਰੀਜ਼ ਦਾ ਸਫਲਤਾਪੂਰਵਕ ਇਲਾਜ ਕਰਕੇ। ਮਰੀਜ਼ ਲੰਬੇ ਸਮੇਂ ਤੋਂ ਪਿੱਠ ਦੇ ਦਰਦ, ਸਾਇਟਿਕਾ ਅਤੇ ਗਤੀਸ਼ੀਲਤਾ ਦੇ ਗੰਭੀਰ ਮੁੱਦਿਆਂ ਤੋਂ ਪੀੜਤ ਸੀ। ਉਮਰ ਨਾਲ ਸਬੰਧਤ ਬਿਮਾਰੀਆਂ ਅਤੇ ਪਿਛਲੀਆਂ ਗੁੰਝਲਦਾਰ ਸਰਜਰੀਆਂ ਦੇ ਬਾਵਜੂਦ, ਮਰੀਜ਼ ਐਡਵਾਂਸਡ ਮਿਨੀਮਲੀ ਇਨਵੇਸਿਵ ਸਪਾਈਨ ਸਰਜਰੀ ਤੋਂ ਬਾਅਦ ਪੂਰੀ ਤਰ੍ਹਾਂ ਠੀਕ ਹੋ ਗਿਆ। ਮਰੀਜ਼, ਸ਼੍ਰੀ ਮੁਕੁੰਦ ਗੁਪਤਾ, ਨੂੰ ਕਈ ਸਹਿ-ਰੋਗ ਸਨ, ਜਿਨ੍ਹਾਂ ਵਿੱਚ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਹਾਈ ਕੋਲੈਸਟ੍ਰੋਲ ਸ਼ਾਮਲ ਸਨ। ਉਸਦੇ ਦੋ ਦਿਲ ਦੇ ਸਟੈਂਟ ਵੀ ਸਨ ਅਤੇ ਉਸਨੇ ਪਹਿਲਾਂ ਦਿਲ ਦੀ ਸਰਜਰੀ ਕਰਵਾਈ ਸੀ। ਉਸਦਾ ਪ੍ਰੋਸਟੇਟ ਅਤੇ ਪਿੱਤੇ ਦੀ ਥੈਲੀ ਦੀ ਸਰਜਰੀ ਦਾ ਇਤਿਹਾਸ ਵੀ ਸੀ। ਪਿਛਲੇ ਛੇ ਤੋਂ ਸੱਤ ਸਾਲਾਂ ਤੋਂ, ਉਹ ਪਿੱਠ ਦੇ ਦਰਦ ਅਤੇ ਸਾਇਟਿਕਾ ਤੋਂ ਪੀੜਤ ਸੀ, ਜਿਸ ਵਿੱਚ ਦਰਦ ਜ਼ਿਆਦਾਤਰ ਸੱਜੇ ਪਾਸੇ ਫੈਲਦਾ ਸੀ। ਸਮੇਂ ਦੇ ਨਾਲ, ਉਸਦੀ ਹਾਲਤ ਇਸ ਹੱਦ ਤੱਕ ਵਿਗੜ ਗਈ ਕਿ ਉਹ ਬਿਨਾਂ ਸਹਾਰੇ ਦੇ ਤੁਰਨ ਦੇ ਅਯੋਗ ਹੋ ਗਿਆ, ਉਸਦੇ ਪੈਰ ਕਮਜ਼ੋਰ ਹੋ ਗਏ, ਅਤੇ ਉਹ ਵਾਰ-ਵਾਰ ਡਿੱਗਣ ਲੱਗ ਪਿਆ, ਜਿਸ ਨਾਲ ਉਸਦੀ ਜੀਵਨ ਗੁਣਵੱਤਾ @ਤੇ ਗੰਭੀਰ ਪ੍ਰਭਾਵ ਪਿਆ।



ਮੈਕਸ ਹਸਪਤਾਲ, ਪਟਪੜਗੰਜ ਵਿਖੇ ਇੱਕ ਜਾਂਚ ਦੌਰਾਨ, ਨਿਊਰੋਲੋਜੀਕਲ ਸਮੱਸਿਆਵਾਂ ਦਾ ਪਤਾ ਲੱਗਿਆ।

# ਪੰਜਾਬ ਐਂਡ ਸਿੰਧ ਬੈਂਕ ਵੱਲੋਂ ਜ਼ੋਨਲ ਦਫਤਰ ਮੋਗਾ ਦਾ ਉਦਘਾਟਨ

ਲੁਧਿਆਣਾ/ਮੋਗਾ, 30 ਜਨਵਰੀ (ਚ.ਨ.ਸ.) : ਜਨਤਕ ਖੇਤਰ ਦੀਆਂ ਬੈਂਕਾਂ ਵਿੱਚ ਪ੍ਰਮੁੱਖ ਭੂਮਿਕਾ ਨਿਭਾ ਰਿਹਾ ਪੰਜਾਬ ਐਂਡ ਸਿੰਧ ਬੈਂਕ ਨੇ ਮੋਗਾ ਵਿੱਚ ਨਵਾਂ ਜੋਨਲ ਆਫਿਸ ਖੋਲ੍ਹਿਆ ਜਿਸਦਾ ਉਦਘਾਟਨ ਬੈਂਕ ਦੇ ਐਮ.ਡੀ. ਅਤੇ ਸੀ.ਈ.ਓ. ਸਰੂਪ ਕੁਮਾਰ ਸਾਹਾ ਨੇ ਮਹਾਪ੍ਰਬੰਧਕ ਰਾਜਿੰਦਰ ਕੁਮਾਰ, ਖੇਤਰੀ ਜਨਰਲ ਮੁੱਖੀ ਚਮਨ ਲਾਲ, ਜੋਨਲ ਮੈਨੇਜਰ , ਮੋਗਾ ਪ੍ਰਕਾਸ਼ ਮਿਸ਼ਰਾ ਅਤੇ ਪੰਜਾਬ ਦੇ ਸਾਰੇ ਜੋਨਲ ਮੈਨੇਜਰਾਂ ਅਤੇ ਪਤਵੰਤੇ ਗਾਹਕਾਂ ਦੀ ਹਾਜਰੀ ਵਿੱਚ ਕੀਤਾ, ਇਸ ਤੋਂ ਇਲਾਵਾ ਉਨ੍ਹਾਂ ਨੇ ਬੈਂਕ ਵਲੋਂ ਬਾਘਾ ਪੂਰਣਾ ਵਿਖੇ ਆਯੋਜਿਤ ਐਮ.ਐਸ.ਐਮ.ਈ. ਸਿਖ਼ਰ ਮੇਘਾ ਕੈਂਪੇਨ ਵਿੱਚ ਏਗਰੀਕਲਚਰ ਉਤਪਾਦਾ, ਕੰਬਾਈਨ, ਟ੍ਰੈਕਟਰ, ਸਵੈਸੇਵੀ ਸੰਸਥਾਨ ਦੇ ਉਤਪਾਦਾਂ ਦੇ ਸਟਾਲਾਂ ਨੂੰ ਦੇਖਿਆ ਅਤੇ ਆਪਣੇ ਸੰਬੋਧਨ ਵਿੱਚ ਉਹਨਾਂ ਨੇ ਸਰਕਾਰ ਵਲੋਂ ਦਿੱਤੀ ਜਾ ਰਾਹੀਆਂ ਯੋਜਨਾਵਾਂ ਦੀ ਜਾਣਕਾਰੀ ਦਿੱਤੀ, ਸਰੂਪ ਸਾਹਾ ਬੈਂਕ ਦੀ ਫਾਈਨੇਂਸਲੀ ਗਰੋਥ ਲਈ ਗਾਹਕਾਂ ਦਾ ਧੰਨਵਾਦ ਕੀਤਾ ਅਤੇ ਤੀਸਰੇ ਤਿਮਾਹੀ ਦੇ ਨਤੀਜੇ ਦੱਸਦਿਆਂ ਕਿਹਾ ਕਿ ਬੈਂਕ ਦੀ ਬਿਜ਼ਨੇਸ ਗਰੋਥ 11ਪ੍ਰਤੀਸ਼ਤ ਤੋਂ ਵੱਧ ਹੈ।



# ਮਾਝਾ-ਦੁਆਬਾ
ਆਸ ਪਾਸ

## ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਕਥਾ ਕੀਰਤਨ ਸਮਾਗਮ ਕਰਵਾਇਆ



ਮਜੀਠਾ, 30 ਜਨਵਰੀ (ਅਸ਼ਵਨੀ ਨਈਅਰ): ਗੁਰਦੁਆਰਾ ਬਾਬਾ ਕਾਹਨ ਸਿੰਘ ਮਜੀਠਾ ਵਿਖੇ ਗੁਰਦੁਆਰਾ ਕਮੇਟੀ, ਧੰਨ -ਧੰਨ ਬਾਬਾ ਦੀਪ ਸਿੰਘ ਜੀ ਨਿਸ਼ਕਾਮ ਸੇਵਾ ਸੁਸਾਇਟੀ, ਸਿੱਖ ਸੇਵਕ ਜਥਾ, ਗੁਰਦੁਆਰਾ ਭਗਤ ਰਵਿਦਾਸ ਜੀ ਪ੍ਰਬੰਧਕ ਕਮੇਟੀ ਅਤੇ ਸ਼ਹਿਰ ਦੀਆਂ ਹੋਰ ਸਭਾ ਸੁਸਾਇਟੀਆਂ ਵੱਲੋ ਸੰਗਤਾਂ ਦੇ ਸਹਿਯੋਗ ਨਾਲ ਕਥਾ ਕੀਰਤਨ ਸਮਾਗਮ ਕਰਾਇਆ ਗਿਆ। ਇਸ ਤੋ ਇੱਕ ਦਿਨ ਪਹਿਲਾਂ ਸ਼ਹਿਰ ਵਿਚ ਵਿਸ਼ਾਲ ਪ੍ਰਭਾਤ ਫੇਰੀ ਕੱਢੀ ਗਈ ਜਿਹੜੀ ਕਿ ਸ਼ਹਿਰ ਦੇ ਵੱਖ -ਵੱਖ ਗਲੀਆਂ ਬਜ਼ਾਰਾਂ ਵਿਚੋ ਹੁੰਦੀ ਹੋਈ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਈ। ਸ਼ਾਮ ਵਕਤ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਕਥਾ ਕੀਰਤਨ ਸਮਾਗਮ ਸ਼ੁਰੂ ਹੋਇਆ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਭਾਈ ਪਵਿਤਪਾਲ ਸਿੰਘ ਦੇ ਮਜੀਠਾ ਦੇ ਰਾਗੀ ਜਥੇ ਨੇ ਮਨੋਹਰ ਗੁਰਬਾਣੀ ਕੀਰਤਨ ਦਾ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋ ਬਾਅਦ ਪੰਥ ਦੇ ਮਹਾਨ ਢਾਡੀ ਜਥੇ ਭਾਈ ਨਿਰਮਲ ਸਿੰਘ ਜੇਠੂਵਾਲ ਜੀ ਨੇ ਬਾਬਾ ਦੀਪ ਸਿੰਘ ਜੀ ਦੀ ਜੀਵਨੀ ਦਾ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੇ ਗਰੰਥੀ ਭਾਈ ਮਨਜੀਤ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਹੁਕਮਨਾਮਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਭਾਈ ਸੁਖਪਾਲ ਸਿੰਘ ਵੱਲੋਂ ਨਿਭਾਈ ਗਈ। ਇਸ ਮੌਕੇ ਸੰਗਤਾਂ ਵੱਲੋ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਸੁੰਦਰ ਫੁੱਲਾਂ, ਲਾਈਟਾਂ ਤੇ ਦੀਪਮਾਲਾ ਕਰਕੇ ਸਜਾਇਆ ਗਿਆ ਸੀ। ਸੰਗਤਾਂ ਵੱਲੋ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਖੁਸ਼ੀ ਵਿਚ ਆਤਿਸ਼ਬਾਜੀ ਵੀ ਚਲਾਈ ਗਈ। ਪ੍ਰਬੰਧਕਾਂ ਨੇ ਆਏ ਜਥਿਆਂ ਨੂੰ ਸਨਮਾਨਿਤ ਕੀਤਾ ਅਤੇ ਸੰਗਤਾਂ ਵਾਸਤੇ ਅਤੁੱਟ ਲੰਗਰ ਲਗਾਇਆ ਗਿਆ। ਸਮਾਗਮ ਵਿੱਚ ਇਲਾਕੇ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਕਥਾ ਕੀਰਤਨ ਵਿਚ ਸ਼ਾਮਲ ਹੋ ਕੇ ਲਾਹਾ ਲਿਆ।

## ਸੁਤੰਤਰਤਾ ਸੰਗਰਾਮੀਆਂ ਨੂੰ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਦਿੱਤੀ ਸ਼ਰਧਾਂਜਲੀ



ਅੰਮ੍ਰਿਤਸਰ, 30 ਜਨਵਰੀ (ਬਬਲੂ ਮਹਾਜਨ):ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੇ ਬਲੀਦਾਨ ਦਿਵਸ ਮੌਕੇ ਅੱਜ ਜਲ੍ਹਿਆਂਵਾਲੇ ਬਾਗ ਵਿਖੇ ਮਹਾਤਮਾ ਗਾਂਧੀ ਜੀ ਫੋਟੋ ਅਤੇ ਸ਼ਹੀਦਾਂ ਦੇ ਸਮਾਰਕ 'ਤੇ ਦੇਸ਼ ਤੇ ਕੌਮ ਲਈ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੀ ਯਾਦ ਵਿੱਚ ਅੱਜ ਸਵੇਰੇ 11 ਵਜੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ, ਕਰਮਚਾਰੀਆਂ, ਪੁਲਿਸ ਜਵਾਨਾਂ ਅਤੇ ਆਮ ਜਨਤਾ ਨੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਹੀਦਾਂ ਸ਼ਰਧਾਂਜਲੀ ਭੇਂਟ ਕੀਤੀ। ਇਸ ਦੌਰਾਨ ਪੁਲਿਸ ਜਵਾਨਾਂ ਨੂੰ ਬਿਗਲ ਵਜਾਇਆ ਗਿਆ ਅਤੇ ਦੋ ਮਿੰਟ ਲਈ ਮੋਨ ਧਾਰਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ: ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੀ ਬਦੌਲਤ ਹੀ ਅਸੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਸ਼ਹੀਦ ਕਿਸੇ ਵੀ ਦੇਸ਼ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਉਹ ਸਾਡੀਆਂ ਨਵੀਂਆਂ ਪੀੜੀਆਂ ਲਈ ਹਮੇਸਾ ਹੀ ਪ੍ਰੇਰਨਾਸ੍ਰੋਤ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਨੋਜਵਾਨ ਪੀੜੀ ਨੂੰ ਮਹਾਤਮਾ ਗਾਂਧੀ ਜੀ ਵੱਲੋ ਦਰਸਾਏ ਗਏ ਰਸਤੇ ਤੋ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਸਾਨੂੰ ਆਪਣੀ ਆਜ਼ਾਦੀ ਨੂੰ ਬਰਕਰਾਰ ਰੱਖਣ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਯਤਨ ਕਰਨੇ ਚਾਹੀਦੇ ਹਨ, ਤਾਂ ਜੋ ਸਾਡਾ ਦੇਸ਼ ਦਿਨ ਦੁਗਣੀ ਅਤੇ ਰਾਤ ਚੌਗਣੀ ਤਰੱਕੀ ਕਰਦਾ ਰਹੇ ਅਤੇ ਦੁਨੀਆਂ ਦੇ ਨਕਸ਼ੇ 'ਤੇ ਸਾਡਾ ਦੇਸ਼ ਇੱਕ ਖੁਸ਼ਹਾਲ ਦੇਸ਼ ਵਜੋਂ ਜਾਣਿਆ ਜਾ ਸਕੇ। ਉਹਨਾਂ ਅੱਗੇ ਕਿਹਾ ਕਿ ਦੇਸ਼ ਦੇ ਹਰ ਇੱਕ ਨਾਗਰਿਕ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਅਹਿਮ ਯੋਗਦਾਨ ਜਰੂਰ ਪਾਉਣਾ ਚਾਹੀਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹੀਦ ਸਾਡੇ ਦੇਸ਼ ਦਾ ਅਨਮੁੱਲਾ ਸਰਮਾਇਆ ਹਨ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਜਾ ਸਕਦਾ ਅਤੇ ਪੂਰੇ ਦੇਸ਼ ਨੂੰ ਮਹਾਨ ਸ਼ਹੀਦਾਂ ਉਪਰ ਮਾਣ ਹੈ। ਉਨ੍ਹਾਂ ਕਿਹਾ ਕਿ ਅੱਜ ਜੇਕਰ ਅਸੀਂ ਆਜਾਦ ਮੁਲਕ ਦੀ ਫਿਜਾ ਵਿੱਚ ਸਾਹ ਲੈ ਰਹੇ ਹਾਂ ਤਾਂ ਮਹਾਨ ਸ਼ਹੀਦਾਂ ਦੀ ਸ਼ਹਾਦਤਾਂ ਸਦਕਾ ਹੀ ਸੰਭਵ ਹੋਇਆ ਹੈ। ਇਸ ਮੌਕੇ ਪੁਲਿਸ ਬੈਂਡ ਵੱਲੋਂ ਦੇਸ਼ ਭਗਤੀ ਦੀ ਧੁੰਨ ਵਜਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਇਸ ਮੌਕੇ ਦਫਤਰ ਡਿਪਟੀ ਕਮਿਸ਼ਨਰ ਸੁਪਰਡੰਟ ਸ਼੍ਰੀ ਅਸ਼ਨੀਲ ਕੁਮਾਰ, ਨਾਜ਼ਰ ਸੁਖਵਿੰਦਰ ਸਿੰਘ,ਸ਼੍ਰੀ ਗਿਆਨ ਕੁਮਾਰ, ਸ਼੍ਰੀ ਸੰਨੀ ਕੁਮਾਰ, ਮੈਡਮ ਮਾਲਾ ਚਾਵਲਾ, ਸਹਾਇਕ ਲੋਕ ਸੰਪਰਕ ਅਫਸਰ ਸ੍ਰੀ ਯੋਗੇਸ਼ ਕੁਮਾਰ,ਮੁੱਖ ਪੈਟਰਨ ਦੁਰਗਿਆਨਾ ਮੰਦਰ ਕਮੇਟੀ ਡਾ: ਰਾਕੇਸ਼ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਤੇ ਸੈਲਾਨੀ ਸ਼ਾਮਲ ਹੋਏ। ਹੋਰ ਅਧਿਕਾਰੀਆਂ ਵੱਲੋਂ ਮਹਾਤਮਾ ਗਾਂਧੀ ਜੀ ਦੀ ਫੋਟੋ 'ਤੇ ਫੁੱਲ ਮਲਾਵਾਂ ਵੀ ਅਰਪਿਤ ਕੀਤੀਆਂ ਗਈਆਂ। ਇਸ ਮੌਕੇ ਵੱਡੀ ਗਿਣਤੀ ਦਫਤਰ ਡਿਪਟੀ ਕਮਿਸ਼ਨਰ ਵਿੱਚ ਕੰਮ ਕਰਦੇ ਕਰਮਚਾਰੀ ਵੀ ਹਾਜ਼ਰ ਸਨ।

## ਮਾਤਾ ਕਸ਼ਮੀਰ ਕੌਰ ਦੀ ਆਤਮਿਕ ਸ਼ਾਂਤੀ ਲਈ ਰਖਾਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਚੋਗਾਵਾਂ, 30 ਜਨਵਰੀ (ਸੁਬੇਗ ਸਿੰਘ ਸੋਨਾ): ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਬਹੁਤ ਚਰਚਿਤ ਪਿੰਡ ਚੱਕ ਮਿਸ਼ਰੀ ਖਾਂ ਦੇ ਸੀਨੀਅਰ ਭਾਜਪਾ ਆਗੂ ਗੁਰਵਿੰਦਰ ਸਿੰਘ ਫੌਜੀ, ਜਸਵਿੰਦਰ ਸਿੰਘ ਤੇ ਸਤਨਾਮ ਸਿੰਘ ਦੀ ਸਤਿਕਾਰਯੋਗ ਮਾਤਾ ਕਸ਼ਮੀਰ ਕੌਰ ਦਾ ਬੀਤੇ ਦਿਨੀ ਦੇਹਾਂਤ ਹੋ ਗਿਆ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੇ ਅੰਤਿਮ ਅਰਦਾਸ ਇਤਿਹਾਸਿਕ ਗੁਰਦੁਆਰਾ ਨਾਨਕਸਰ ਸੌੜੀਆਂ ਵਿਖੇ ਹੋਈ। ਇਸ ਮੌਕੇ ਭਾਈ ਅੰਗਰੇਜ ਸਿੰਘ ਰਾਇਪੁਰ ਦੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਅਰਦਾਸ ਗ੍ਰੰਥੀ ਜ਼ੋਰਾਵਰ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ, ਪਰਿਵਾਰ ਦੇ ਨਜ਼ਦੀਕੀਆਂ ਰਿਸ਼ਤੇਦਾਰਾਂ ਅਤੇ ਪਤਵੰਤਿਆਂ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਸ ਮੌਕੇ ਐਡ. ਲਖਵਿੰਦਰ ਸਿੰਘ ਰਿਆੜ, ਉਪ ਪ੍ਰਧਾਨ ਅੰਮ੍ਰਿਤਸਰ ਦਿਹਾਤੀ-1 ਬਲਦੇਵ ਸਿੰਘ ਮਿਆਦੀਆਂ, ਜ਼ਿਲਾ ਦਿਹਾਤੀ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ, ਸਰਪੰਚ ਅੰਗਰੇਜ ਸਿੰਘ ਚੱਕ ਮਿਸ਼ਰੀ ਖਾਂ, ਸਰਪੰਚ ਬਲਬੀਰ ਸਿੰਘ ਮੌੜੇ ਕਲਾਂ, ਸਰਪੰਚ ਜਸਪਾਲ ਸਿੰਘ ਭੀਲੋਵਾਲ ਕੱਚਾ, ਬਾਬਾ ਰਾਜਨ ਸਿੰਘ ਖਾਲਸਾ ਮੌੜੇ ਕਲਾਂ, ਡਾ. ਸਵਰਨਜੀਤ ਸਿੰਘ ਸੌੜੀਆਂ, ਡਾ. ਗੁਰਭੇਜ ਸਿੰਘ ਲੋਪੋਕੇ, ਸਰਪੰਚ ਲਾਲ ਸਿੰਘ , ਤੇ ਰਿਸ਼ਤੇਦਾਰ ਆਦਿ ਹਾਜ਼ਰ ਸਨ।

## 14 ਮਾਰਚ ਨੂੰ ਮਨਾਈ ਜਾਵੇਗੀ ਸ਼ਹੀਦ ਭਾਈ ਤਾਰਾ ਸਿੰਘ ਜੀ ਦੀ ਦੀ 300 ਸਾਲਾ ਸ਼ਹੀਦੀ ਸ਼ਤਾਬਦੀ: ਐਡਵੋਕੇਟ ਧਾਮੀ

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਗਨੀ ਹੇਠ ਧਰਮ ਪ੍ਰਚਾਰ ਕਮੇਟੀ ਅਤੇ ਐਜੂਕੇਸ਼ਨ ਕਮੇਟੀ ਦੀਆਂ ਹੋਈਆਂ ਇਕੱਤਰਤਾਵਾਂ



ਅੰਮ੍ਰਿਤਸਰ, 30 ਜਨਵਰੀ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 'ਚ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ 14 ਮਾਰਚ 2026 ਨੂੰ ਮਨਾਉਣ ਅਤੇ ਅਪ੍ਰੈਲ ਮਹੀਨੇ ਤੋਂ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਲਹਿਰ ਹੋਰ ਪ੍ਰਚੰਡ ਕਰਨ ਸਮੇਤ ਹੋਰ ਮਾਮਲਿਆਂ ਨੂੰ ਵਿਚਾਰਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼ਹੀਦ ਭਾਈ ਤਾਰਾ ਸਿੰਘ ਜੀ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ 14 ਮਾਰਚ 2026 ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ, ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ 11 ਮਾਰਚ ਨੂੰ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 12 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਵੇਗਾ, ਜਿਸ ਮਗਰੋਂ ਲਗਾਤਾਰ ਧਾਰਮਿਕ ਦੀਵਾਨ ਸਜਾਏ ਜਾਣਗੇ। ਐਡਵੋਕੇਟ ਧਾਮੀ ਨੇ ਦੱਸਿਆ ਕਿ ਸ਼ਤਾਬਦੀ ਦਾ ਮੁੱਖ ਸਮਾਗਮ 14 ਮਾਰਚ ਨੂੰ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਅਤੇ ਸਿੱਖ ਕੌਮ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰੀ ਭਰਨਗੀਆਂ। ਉਨ੍ਹਾਂ ਕਿਹਾ ਕਿ ਸ਼ਤਾਬਦੀ ਦਿਹਾੜੇ ਕੌਮ ਨੂੰ ਆਪਣੇ ਇਤਿਹਾਸ ਅਤੇ ਵਿਰਸੇ ਨਾਲ ਜੁੜਨ ਤੇ ਪ੍ਰਚਾਰਨ ਦਾ ਅਹਿਮ ਮੌਕਾ ਹੁੰਦੇ ਹਨ ਅਤੇ ਸੰਗਤਾਂ ਇਨ੍ਹਾਂ ਦਾ ਵੱਧ ਤੋਂ ਵੱਧ ਹਿੱਸਾ ਬਣਨ ਤਾਂ ਕਿ ਕੌਮੀ ਦਿਹਾੜੇ ਯਾਦਗਾਰੀ ਬਣ ਸਕਣ। ਐਡਵੋਕੇਟ ਧਾਮੀ ਨੇ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਦੀ ਅੱਜ ਦੀ ਇਕੱਤਰਤਾ ਵਿਚ ਧਰਮ ਪ੍ਰਚਾਰ ਲਹਿਰ ਨੂੰ ਹੋਰ ਸਰਗਰਮ ਕਰਦਿਆਂ ਅਪ੍ਰੈਲ ਮਹੀਨੇ ਤੋਂ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮਾਂ ਦੀ ਲੜੀ ਹੋਰ ਤੇਜ਼ ਕਰਨ ਦਾ ਵੀ ਫੈਸਲਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਤਹਿਤ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਜਥੇ ਪਿੰਡ-ਪਿੰਡ ਜਾ ਕੇ ਸੰਗਤਾਂ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਿਤ ਕਰਨਗੇ। ਇਸ ਦੌਰਾਨ ਵਿਸ਼ੇਸ਼ ਤੌਰ ਗੁਰਮਤਿ ਸਮਾਗਮ ਵੀ ਆਯੋਜਤ ਕੀਤੇ ਜਾਣਗੇ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਦੀ ਐਜੂਕੇਸ਼ਨ ਕਮੇਟੀ ਦੀ ਹੋਈ ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਵਿਦਿਅਕ ਅਦਾਰਿਆਂ ਨਾਲ ਸਬੰਧਤ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ। ਇਕੱਤਰਤਾਵਾਂ 'ਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸ. ਪ੍ਰਿਤਪਾਲ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤੇਜਿੰਦਰਪਾਲ ਸਿੰਘ ਲਾਡਵਾਂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਵਿਦਿਆ ਇੰਜੀ: ਸੁਖਮਿੰਦਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਡਾ. ਰਜਿੰਦਰ ਕੌਰ, ਇੰਚਾਰਜ ਸ. ਬਲਦੇਵ ਸਿੰਘ ਆਦਿ ਮੌਜੂਦ ਸਨ।



ਵਧੀਆ ਸੇਵਾਵਾਂ ਬਦਲੇ ਇਲੈਕਸ਼ਨ ਕਾਨੂੰਗੋ ਸ੍ਰੀਮਤੀ ਹਰਜੀਤ ਕੌਰ ਨੂੰ ਸਨਮਾਨਿਤ ਕਰਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ, ਡੀ ਸੀ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਕੁਲਦੀਪ ਸਿੰਘ ਧਾਲੀਵਾਲ ਅਤੇ ਹੋਰ

## ਸ਼ਹੀਦ ਭਗਤ ਸਿੰਘ ਸੁਸਾਇਟੀ ਵੱਲੋਂ ਲੋਕ ਸੇਵਾ ਕੇਂਦਰ ਪਾਖਰਪੁਰਾ 'ਚ 23 ਮਾਰਚ ਨੂੰ ਸ਼ਹੀਦੀ ਸਮਾਗਮ



ਮਜੀਠਾ, 30 ਜਨਵਰੀ (ਅਸ਼ਵਨੀ ਨਈਅਰ) :ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਸ਼ਹੀਦ ਭਗਤ ਸਿੰਘ ਮੈਮੋਰੀਅਲ ਸੋਸ਼ਲ ਐਂਡ ਸਪੋਰਟਸ ਵੈਲਫੇਅਰ ਸੋਸਾਇਟੀ (ਰਜਿ.), ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਵਸ ਸੋਸਾਇਟੀ ਦੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ 23 ਮਾਰਚ 2026 ਨੂੰ ਸ਼ਹੀਦ ਭਗਤ ਸਿੰਘ ਲੋਕ ਸੇਵਾ ਕੇਂਦਰ, ਪਾਖਰਪੁਰਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਸਮੇਤ ਹੋਰ ਕੌਮੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕੁਲਵੰਤ ਸਿੰਘ ਰਾਜਾ ਸਾਂਸੀ (ਸਿੰਘ ਫੋਮ ਫੈਕਟਰੀ, ਬਰੈਂਪਟਨ, ਕੈਨੇਡਾ) ਤੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰਸਿੱਧ ਹਾਕੀ ਕੋਚ ਗੁਰਮੀਤ ਸਿੰਘ ਮੀਤਾ ਵੀ ਸ਼ਿਰਕਤ ਕਰਨਗੇ। ਜਿਸ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਗੁਰੂ ਨਾਨਕ ਮਾਡਲ ਸਕੂਲ ਮਜੀਠਾ ਵਿਖੇ ਹੋਈ ਮੀਟਿੰਗ ਦੌਰਾਨ ਸੋਸਾਇਟੀ ਆਗੂਆਂ ਨੇ ਦੱਸਿਆ ਕਿ ਇਹ ਸਮਾਗਮ ਜਾਤ-ਪਾਤ, ਧਰਮ ਜਾਂ ਰਾਜਨੀਤਿਕ ਪਾਰਟੀਆਂ ਤੋਂ ਉਪਰ ਉੱਠ ਕੇ ਸਾਰੇ ਵਰਗਾਂ ਲਈ ਸਮਰਪਿਤ ਹੋਵੇਗਾ। ਸਮਾਗਮ ਦੌਰਾਨ ਕਵੀ ਦਰਬਾਰ, ਵਿਚਾਰ ਗੋਸ਼ਟੀਆਂ ਅਤੇ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਲੇਖਕਾਂ ਅਤੇ ਵਿਚਾਰਕਾਂ ਵੱਲੋਂ ਸ਼ਹੀਦਾਂ ਦੇ ਜੀਵਨ, ਬਲੀਦਾਨ ਅਤੇ ਇਨਕਲਾਬੀ ਵਿਚਾਰਾਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਸੋਸਾਇਟੀ ਆਗੂਆਂ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਸ਼ਹੀਦਾਂ ਦੇ ਆਦਰਸ਼ਾਂ 'ਤੇ ਚਲਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ, "ਜੋ ਕੌਮ ਆਪਣੇ ਸ਼ਹੀਦਾਂ ਨੂੰ ਯਾਦ ਰੱਖਦੀ ਹੈ, ਉਹ ਕਦੇ ਮਿਟਦੀ ਨਹੀਂ।ਸੋਸਾਇਟੀ ਵੱਲੋਂ ਸਮੂਹ ਸਮਾਜਿਕ, ਰਾਜਨੀਤਿਕ ਅਤੇ ਵਿਦਿਆਰਥੀ ਸੰਗਠਨਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਧਾਨ ਮਨਜੀਤ ਸਿੰਘ ਭੋਮਾ, ਜਨਰਲ ਸਕੱਤਰ ਪ੍ਰਿੰਸੀਪਲ ਜੋਗਾ ਸਿੰਘ ਅਠਵਾਲ, ਗੁਲਸ਼ਨ ਕੁਮਾਰ ਬਾਵਾ, ਪ੍ਰੈਸ ਸਕੱਤਰ ਜਗਤਾਰ ਸਿੰਘ ਸਹਿਮੀ, ਕੁਲਦੀਪ ਸਿੰਘ ਕਾਹਲੋਂ, ਡੀਐਸਪੀ (ਰਿਟਾ.) ਅਸ਼ੋਕ ਕੁਮਾਰ ਵਾਈਸ ਚੇਅਰਮੈਨ, ਸਤਨਾਮ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ ਸ੍ਰੀ ਦਰਬਾਰ ਸਾਹਿਬ ਵਿਖੇ ਹੋਈ ਨਤਮਸਤਕ



ਅੰਮ੍ਰਿਤਸਰ, 30 ਜਨਵਰੀ ( ਬਬਲੂ ਮਹਾਜਨ): ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਵੱਲੋਂ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋ ਕੇ ਪੰਜਾਬ ਦੀ ਚੜ੍ਹਦੀ ਕਲਾ, ਪੰਥਕ ਏਕਤਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਅਰਦਾਸ ਦਾ ਮੁੱਖ ਮਕਸਦ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 25 ਫਰਵਰੀ ਨੂੰ ਕੱਢੀ ਜਾਣ ਵਾਲੀ ਵਹੀਰ ਤੋਂ ਪਹਿਲਾਂ ਗੁਰੂ ਘਰ ਵਿੱਚ ਹਾਜ਼ਰੀ ਭਰ ਕੇ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਅਸਥਾਨ ਤੋਂ ਆਸ਼ੀਰਵਾਦ ਪ੍ਰਾਪਤ ਕਰਨਾ ਸੀ, ਤਾਂ ਜੋ ਇਹ ਪੰਥਕ ਅਤੇ ਲੋਕ-ਪੱਖੀ ਮੁਹਿੰਮ ਗੁਰੂ ਸਾਹਿਬਾਨ ਦੀ ਮਿਹਰ ਸਦਕਾ ਸਫਲ ਹੋ ਸਕੇ। ਨਤਮਸਤਕ ਹੋਣ ਉਪਰੰਤ ਭਾਈ ਗੁਰਦਾਸ ਵਿਖੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ, ਸ੍ਰ. ਬਾਬੂ ਸਿੰਘ ਬਰਾੜ ਅਤੇ ਸ੍ਰ. ਕਾਬੁਲ ਸਿੰਘ ਜੀ ਅਗਵਾਈ ਵਿੱਚ ਹੋਈ ਅਹਿਮ ਮੀਟਿੰਗ ਦੌਰਾਨ ਪੰਜਾਬ ਦੀ ਮੌਜੂਦਾ ਸਿਆਸੀ, ਸਮਾਜਿਕ ਅਤੇ ਆਰਥਿਕ ਸਥਿਤੀ 'ਤੇ ਵਿਚਾਰ ਕਰਦਿਆਂ ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਗੰਭੀਰ ਸੰਕਟ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਜਿੱਥੇ ਨੌਜਵਾਨ ਨਸ਼ਿਆਂ ਦੀ ਭੇਟ ਚੜ੍ਹ ਰਹੇ ਹਨ, ਬੇਰੁਜ਼ਗਾਰੀ ਵਧ ਰਹੀ ਹੈ ਅਤੇ ਕਿਸਾਨ ਮਜ਼ਦੂਰ ਆਰਥਿਕ ਤੰਗੀਆਂ ਨਾਲ ਜੂਝ ਰਹੇ ਹਨ। ਮੀਟਿੰਗ ਵਿੱਚ ਨਸ਼ਿਆਂ ਦੀ ਰੋਕਥਾਮ, ਬੇਰੁਜ਼ਗਾਰੀ ਦੇ ਖਾਤਮੇ ਲਈ ਉਦਯੋਗਕ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਅਤੇ ਹੁਨਰ ਵਿਕਾਸ, ਮਹਿੰਗੀ ਤੇ ਨਿੱਜੀਕਰਨ ਵੱਲ ਵਧ ਰਹੀ ਸਿੱਖਿਆ ਪ੍ਰਣਾਲੀ ਅਤੇ ਬੁਨਿਆਦੀ ਢਾਂਚੇ ਦੀ ਕਮੀ ਵਰਗੇ ਮੁੱਦਿਆਂ 'ਤੇ ਚਰਚਾ ਕਰਦਿਆਂ ਇਹ ਫੈਸਲਾ ਕੀਤਾ ਗਿਆ ਕਿ ਜਲਦ ਹੀ ਪਾਰਟੀ ਵੱਲੋਂ ਇੱਕ ਲੋਕਪੱਖੀ ਅਤੇ ਦੂਰਦਰਸ਼ੀ ਵਿਜ਼ਨ ਡਾਕੂਮੈਂਟ ਤਿਆਰ ਕੀਤਾ ਜਾਵੇਗਾ। ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਆਏ ਅਤੇ ਮੀਟਿੰਗ ਵਿੱਚ ਮੁੱਖ ਤੌਰ 'ਤੇ ਸ਼ਾਮਿਲ ਆਗੂਆਂ ਵਿੱਚ ਸ੍ਰ. ਲੱਖਾ ਸਿੰਘ ਸਿਧਾਣਾਂ, ਚਾਚਾ ਪ੍ਰਗਟ ਸਿੰਘ, ਅਜੈਪਾਲ ਸਿੰਘ ਢਿਲੋਂ, ਸਰਬਜੀਤ ਸਿੰਘ ਖ਼ਾਨਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਗੁਰਪ੍ਰੀਤ ਸਿੰਘ ਘਾਂਗਾ, ਭਾਈ ਬਰਜਿੰਦਰ ਸਿੰਘ ਹੁਸੈਨਪੁਰ, ਦਲੇਰ ਸਿੰਘ ਡੋਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਦਲਜੀਤ ਸਿੰਘ ਸੋਢੀ, ਬੀਬੀ ਰਾਜਵਿੰਦਰ ਕੌਰ ਘੜਾਮ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਪ੍ਰਗਟ ਸਿੰਘ ਵਿਰਕ, ਗੁਰਮਿੰਦਰ ਸਿੰਘ ਚਾਵਲਾ, ਜਤਿੰਦਰ ਸਿੰਘ ਮਹਿਤਾ, ਭਾਈ ਦਯਾ ਸਿੰਘ ਰਾਜਾਤਾਲ, ਸ੍ਰ. ਸਵਰਨ ਸਿੰਘ ਗੋਲਡਨ, ਸੁਖਬੀਰ ਸਿੰਘ ਚੀਮਾਂ, ਮਹਿੰਦਰਪਾਲ ਸਿੰਘ ਤੁੰਗ, ਰਣਜੀਤ ਸਿੰਘ ਤਲਵੰਡੀ, ਸ੍ਰ. ਬਲਜੀਤ ਸਿੰਘ ਚਾਟੀਵਿੰਡ, ਨਿਰਵੈਰ ਸਿੰਘ ਖ਼ਾਲਸਾ, ਜੁਗਰਾਜ ਸਿੰਘ ਉਦੋਨੰਗਲ, ਸਰਪੰਚ ਹਰਜਿੰਦਰ ਸਿੰਘ ਜ਼ੀਰਾ, ਗੁਰਮੀਤ ਸਿੰਘ ਮਾਹਲਾ, ਜਗਸੀਰ ਸਿੰਘ ਸ਼ੇਰਗੜ, ਜੁਗਰਾਜ ਸਿੰਘ ਭੰਗਵਾਂ, ਇੰਦਰਜੀਤ ਸਿੰਘ ਫ਼ਤਹਿਗੜ੍ਹ ਚੂੜੀਆਂ, ਗੁਰਜੰਟ ਸਿੰਘ, ਰਮਨਪ੍ਰੀਤ ਸਿੰਘ, ਨਿਤਿਨ ਕੁਮਾਰ, ਹਰਜੀਤ ਸਿੰਘ ਮਾਨਸਾ, ਐਡਵੋਕੇਟ ਗੁਰਜੀਤ ਸਿੰਘ ਕਾਦੀਆਂ, ਹਰਜੀਤ ਸਿੰਘ ਮਾਨਸਾ, ਭਾਈ ਹਰਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਸਾਹਿਬਾਨ ਅਤੇ ਪਾਰਟੀ ਵਰਕਰ ਹਾਜ਼ਰ ਸਨ। ਅੰਤ ਵਿੱਚ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਗੁਰੂ ਸਾਹਿਬਾਨ ਦੀ ਬਖ਼ਸ਼ੀ ਹੋਈ ਸਿੱਖਿਆ ਅਤੇ ਸ਼ਹੀਦੀ ਪਰੰਪਰਾ ਤੋਂ ਪ੍ਰੇਰਿਤ ਹੋ ਕੇ ਬਿਨਾਂ ਕਿਸੇ ਭੇਦਭਾਵ ਦੇ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਹਰ ਮੋਰਚੇ 'ਤੇ ਡੱਟ ਕੇ ਸੰਘਰਸ਼ ਕਰਦਾ ਰਹੇਗਾ।

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮਿਤਸਰ, 30 ਜਨਵਰੀ (ਬਬਲੂ ਮਹਾਜਨ) :ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ 21 ਜਨਵਰੀ ਤੋਂ 27 ਜਨਵਰੀ ਤੱਕ ਗ੍ਰ. ਸਤਿਸੰਗ ਸਭਾ ਬਜ਼ਾਰ ਲੋਹਾਰਾ ਚੌਂਕ ਲਛਮਣਸਰ ਵਿਖੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ , 21 ਤੋਂ 27 ਜਨਵਰੀ ਤੱਕ ਕਰਵਾਏ ਸਮਾਗਮ ਦਾ ਸ਼ੁਕਰਾਨਾ ਕਰਦੇ ਹੋਏ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ ਸਮਾਗਮ ਦੀ ਆਰੰਭਤਾ ਸ੍ਰੀ ਜਪੁਜੀ ਸਾਹਿਬ, ਚੌਪਈ ਸਾਹਿਬ ਜੀ ਦੇ ਸੰਗਤ ਰੂਪੀ ਪਾਠ ਉਪਰੰਤ ਭਾਈ ਗੁਰਦੀਪ ਸਿੰਘ ਲਾਲਾ ਵੀਰ ਜੀ, ਭਾਈ ਨਰਿੰਦਰ ਸਿੰਘ ਛੇਹਰਟਾ ਤੋਂ ਇਲਾਵਾ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਦੇ ਮੁਖੀ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਨੇ ਕਥਾ ਕੀਰਤਨ ਅੰਮ੍ਰਿਤਮਈ ਬਾਣੀ ਦੀ ਵਰਖਾ ਕਰਦੇ ਹੋਏ ਬਾਬਾ ਦੀਪ ਸਿੰਘ ਜੀ ਦਾ ਵੱਡਮੁੱਲਾ ਇਤਿਹਾਸ ਦੀ ਸਾਂਝ ਸੰਗਤਾਂ ਪਾਉਂਦੇ ਕਿਹਾ ਕਿ ਬਾਬਾ ਦੀਪ ਸਿੰਘ ਜੀ ਜਿੱਥੇ ਯੋਧਿਆਂ ਦੇ ਯੋਧੇ , ਜੋਗੀਆ ਦੇ ਜੋਗੀ ਸਨ, ਉੱਥੇ ਬੇਅੰਤ ਗੁਣਾਂ ਦੇ ਮਾਲਕ ਸਨ, ਕਲਗੀਧਰ ਪਾਤਸ਼ਾਹ ਜੀ ਨੇ ਬਾਬਾ ਦੀਪ ਸਿੰਘ ਜੀ ਨੂੰ ਬੇਅੰਤ ਵਰ ਦਿੱਤੇ ਸਨ। ਭਾਈ ਸਾਹਿਬ ਜੀ ਨੇ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

## ਖ਼ਾਲਸਾ ਕਾਲਜ ਐਜੂਕੇਸ਼ਨ ਵਿਖੇ ਰਾਸ਼ਟਰੀ ਵੋਟਰ ਦਿਵਸ ਮਨਾਇਆ




ਅੰਮ੍ਰਿਤਸਰ,30 ਜਨਵਰੀ ( ਬਬਲੂ ਮਹਾਜਨ): ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਵਿਖੇ ਈ. ਐਲ. ਸੀ ਕਲੱਬ ਦੁਆਰਾ ਰਾਸ਼ਟਰੀ ਵੋਟਰ ਦਿਵਸ ਮਨਾਇਆ ਗਿਆ।ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਦਿਸ਼ਾ—ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਸ: ਅਮਨਪ੍ਰੀਤ ਸਿੰਘ (ਪੀ. ਸੀ. ਐਸ., ਅੰਮ੍ਰਿਤਸਰ ਵੈਸਟ—ਕਮ—ਸਬ ਡਵੀਜ਼ਨਲ ਮੈਜਿਸਟਰੇਟ, ਅੰਮ੍ਰਿਤਸਰ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ 'ਚ ਡਾ: ਕੁਮਾਰ ਅਤੇ ਐਸੋਸੀਏਟ ਪ੍ਰੋਫੈਸਰ ਡਾ. ਗੁਰਜੀਤ ਕੌਰ ਨੇ ਸ: ਅਮਨਪ੍ਰੀਤ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਸਵਾਗਤ ਕੀਤਾ। ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਭਾਰਤ ਇੱਕ ਲੋਕਤੰਤਰੀ ਦੇਸ਼ ਹੈ, ਜਿਸ 'ਚ ਇਸ ਦੇ ਵੋਟਰਾਂ ਦੀ ਪ੍ਰਮੁੱਖ ਭੂਮਿਕਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇੱਕ ਚੰਗਾ ਨੇਤਾ ਚੁਣਨ ਲਈ ਆਪਣੀ ਵੋਟ ਦੀ ਸੁਯੋਗ ਵਰਤੋਂ ਕਰਨ ਲਈ ਪ੍ਰੇਰਿਆ, ਜਿਸ ਨਾਲ ਕਿ ਦੇਸ਼ ਨੂੰ ਹੋਰ ਤਰੱਕੀਆਂ ਦੇ ਰਾਹ 'ਤੇ ਤੋਰਿਆ ਜਾ ਸਕੇ।ਇਸ ਮੌਕੇ ਸ: ਅਮਨਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਵੋਟਰ ਦਿਵਸ ਦੀ ਮਹੱਤਤਾ ਅਤੇ ਇਤਿਹਾਸ ਸਬੰਧੀ ਜਾਣਕਾਰੀ ਦਿੰਦਿਆਂ ਇਲੈਕਸ਼ਨ ਕਮਿਸ਼ਨ ਅਤੇ ਸਵੀਪ ਦੀਆਂ ਕਿਰਿਆਵਾਂ ਬਾਰੇ ਜਾਗਰੂਕ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਮੁਕਾਬਲਿਆਂ ਦੀ ਪ੍ਰੀਖਿਆਵਾਂ ਦੀ ਤਿਆਰੀ ਦੇ ਸਬੰਧ 'ਚ ਨੁਕਤੇ ਵੀ ਸਾਂਝੇ ਕੀਤੇ। ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਉਕਤ ਪ੍ਰੋਗਰਾਮ ਮੌਕੇ ਇਲੈਕਸ਼ਨ ਇੰਚਾਰਜ ਸ. ਸੁਖਜੀਤ ਸਿੰਘ, ਇਲੈਕਸ਼ਨ ਸਟਾਫ 'ਚ ਸ੍ਰੀ ਮੁਕੇਸ਼ ਕੁਮਾਰ, ਸ੍ਰੀ ਰਾਜੇਸ਼ ਕੁਮਾਰ ਪਰਾਸ਼ਰ ਅਤੇ ਸ੍ਰੀ ਤਜਿੰਦਰ ਕੁਮਾਰ, ਨੋਡਲ ਅਫਸਰ, ਸਵੀਪ ਡਾ. ਸੁਨੀਲ ਗੁਪਤਾ, ਸਵੀਪ ਟੀਮ ਮੈਂਬਰ ਸ. ਗੁਰਵਿੰਦਰ ਸਿੰਘ, ਸੈਕਟਰ ਅਫਸਰ ਸ. ਗੁਰਪ੍ਰੀਤਪਾਲ ਸਿੰਘ ਅਤੇ 93—101 ਪਾਰਟ ਦੇ ਬੂਥ ਲੈਵਲ ਅਫ਼ਸਰ ਨੇ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਐਸੋਸੀਏਟ ਪ੍ਰੋਫੈਸਰ ਡਾ. ਗੁਰਜੀਤ ਕੌਰ ਅਤੇ ਅਸਿਸਟੈਂਟ ਪ੍ਰੋਫੈਸਰ ਸ੍ਰੀਮਤੀ ਅੰਜੂ ਸ਼ਰਮਾ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਰਾਸ਼ਟਰੀ ਵੋਟਰ ਦਿਵਸ ਦੇ ਸਬੰਧ 'ਚ ਆਪਣੀ ਵੋਟ ਪਾਉਣ ਦੇ ਹੱਕ ਦੀ ਸਹੀ ਵਰਤੋਂ ਕਰਨ ਦੀ ਸਹੁੰ ਚੁੱਕੀ।ਇਸ ਪ੍ਰੋਗਰਾਮ ਦੌਰਾਨ ਡਾ. ਕੁਮਾਰ ਨੇ ਡਾ. ਗੁਰਜੀਤ ਕੌਰ ਨਾਲ ਮਿਲ ਕੇ ਸ: ਅਮਨਪ੍ਰੀਤ ਸਿੰਘ ਨੂੰ ਯਾਦਗਾਰੀ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ।ਇਸ ਪ੍ਰੋਗਰਾਮ 'ਚ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਵੱਡੇ ਸੁਧਾਰਾਂ ਦੀ ਬਦੌਲਤ ਸਰਕਾਰੀ ਸਕੂਲ ਬਣੇ ਸੂਬੇ ਦੀ ਸ਼ਾਨ : ਐਮ.ਐਲ.ਏ. ਜੀਵਨਜੋਤ ਕੌਰ



ਅੰਮ੍ਰਿਤਸਰ, 30 ਜਨਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ): ਸਿੱਖਿਆ ਵਿਭਾਗ ਪੰਜਾਬ ਵੱਲੋਂ ਨਵੇਂ ਸੈਸ਼ਨ ਲਈ ਸ਼ੁਰੂ ਹੋਈ ਦਾਖ਼ਲਾ ਮੁਹਿੰਮ' ਦੇ ਤੀਸਰੇ ਦਿਨ ਅੱਜ ਵੱਖ-ਵੱਖ ਖੇਤਰਾਂ 'ਚ ਜਾਣ ਵਾਲੀ ਜਾਗਰੂਕਤਾ ਵੈਨ ਨੂੰ ਅੰਮ੍ਰਿਤਸਰ ਦੇ ਹਲਕਾ ਪੂਰਬੀ ਤੋਂ ਐਮ.ਐਲ.ਏ. ਜੀਵਨਜੋਤ ਕੌਰ ਵੱਲੋਂ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ, ਜਿਸ ਦਾ ਵੱਖ-ਵੱਖ ਸਰਕਾਰੀ ਸਕੂਲਾਂ ਅੰਦਰ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਕੰਵਲਜੀਤ ਸਿੰਘ,ਰਾਜੇਸ਼ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਇੰਦੂ ਮੰਗੋਤਰਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਸਿੱਖਿਆ ਅਫ਼ਸਰ ਗੁਰਦੇਵ ਸਿੰਘ,ਯਸ਼ਪਾਲ ਤੇ ਬਲਜੀਤ ਸਿੰਘ ਦੀ ਅਗਵਾਈ ਹੇਠ ਸ਼ਰੀਫਪੁਰਾ ਸਕੂਲ ਚ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਐਮ.ਐਲ.ਏ. ਜੀਵਨਜੋਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਸਰਪ੍ਰਸਤੀ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਬੇਮਿਸਾਲ ਸੁਧਾਰਾਂ ਦੀ ਬਦੌਲਤ ਅੱਜ ਪੰਜਾਬ ਦੇ ਸਰਕਾਰੀ ਸਕੂਲ ਸੂਬੇ ਦੀ ਸ਼ਾਨ ਬਣ ਰਹੇ ਹਨ। ਉਨ੍ਹਾਂ ਮਾਪਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਆਪਣੇ ਬੱਚੇ ਦਾਖਲ ਕਰਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਅਸੀਂ ਵੇਖੀਏ ਤਾਂ ਲਗਭਗ 90 ਫ਼ੀਸਦੀ ਉੱਚ ਅਹੁਦਿਆਂ ਤੇ ਬਿਰਾਜਮਾਨ ਅਧਿਕਾਰੀ ਅਤੇ ਅਧਿਆਪਕ ਸਰਕਾਰੀ ਸਕੂਲਾਂ ਤੋਂ ਹੀ ਪੜ੍ਹੇ ਹੋਏ ਹਨ। ਇਸ ਮੌਕੇ ਉਪਰੋਕਤ ਤੋਂ ਮੁੱਖ ਅਧਿਆਪਕ ਰੋਹਿਤ ਦੇਵ, ਡੀ.ਆਰ.ਸੀ.ਵਿਜੇ ਕੁਮਾਰ,ਮਨੀਸ਼ ਕੁਮਾਰ ਮੇਘ,ਸੰਦੀਪ ਸਿਆਲ,ਰਜਿੰਦਰ ਸਿੰਘ,ਮੀਡੀਆ ਕੋਆਰਡੀਨੇਟਰ ਪਰਮਿੰਦਰ ਸੰਧੂ,ਮੀਡੀਆ ਇੰਚਾਰਜ ਮਨਪ੍ਰੀਤ ਸੰਧੂ,ਬਲਜੀਤ ਸਿੰਘ ਮੱਲੀ,ਸੀ.ਐੱਚ.ਟੀ. ਹਰਬਖਸ਼ ਸਿੰਘ, ਹਰਮਿੰਦਰ ਸਿੰਘ,ਦਲਜੀਤ ਸਿੰਘ,ਤਜਿੰਦਰਜੀਤ ਕੌਰ ਗਿੱਲ, ਕੁਲਵਿੰਦਰ ਕੌਰ,ਅਰਵਿੰਦਰ ਕੁਮਾਰ,ਸ਼ਿਖਾ ਸੈਣੀ,ਬਲਜਿੰਦਰ ਸਿੰਘ,ਪੰਕਜ ਕੋਛੜ ਆਦਿ ਵੀ ਮੌਜੂਦ ਸਨ।

## ਡਾ. ਗੁਪਤਾ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਛਡਾਓ ਵਾਕ ਨੂੰ ਭਾਰੀ ਸਮਰਥਨ ਮਿਲਿਆ

ਅੰਮ੍ਰਿਤਸਰ, 30 ਜਨਵਰੀ(ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪਿੰਡਾਂ ਦੇ ਚੌਂਕੀਦਾਰਾਂ ਦੀ ਨਿਗਰਾਨੀ ਹੇਠ, ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਵੱਲੋਂ ਅੰਮ੍ਰਿਤਸਰ ਕੇਂਦਰੀ ਹਲਕੇ ਵਿੱਚ ਆਯੋਜਿਤ ਕੀਤੀ ਗਈ ਵਾਕ ਨੂੰ ਭਾਰੀ ਸਮਰਥਨ ਮਿਲਿਆ। ਵਿਧਾਇਕ ਡਾ. ਗੁਪਤਾ ਨੇ ਨਸ਼ਿਆਂ ਵਿਰੁੱਧ ਜੰਗ 2.0 ਮੁਹਿੰਮ ਦੇ ਹਿੱਸੇ ਵਜੋਂ ਲੋਹਗੜ੍ਹ ਅਤੇ ਅਨਗੜ੍ਹ ਖੇਤਰਾਂ ਵਿੱਚ ਜਾਗਰੂਕਤਾ ਫੈਲਾਈ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਾਕ ਨਸ਼ਿਆਂ ਦੀ ਦੁਰਵਰਤੋਂ ਨੂੰ ਕਾਫ਼ੀ ਹੱਦ ਤੱਕ ਰੋਕਣ ਅਤੇ ਖ਼ਤਮ ਕਰਨ ਲਈ ਆਯੋਜਿਤ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਨੇ ਨਸ਼ਿਆਂ ਵਿਰੁੱਧ ਜੰਗ ਵਰਗੀ ਮੁਹਿੰਮ ਵੀ ਚਲਾਈ ਹੈ, ਜਿਸ ਵਿੱਚ ਰੋਜ਼ਾਨਾ ਵੱਡੀ ਮਾਤਰਾ ਵਿੱਚ ਹੈਰੋਇਨ ਜ਼ਬਤ ਕੀਤੀ ਜਾਂਦੀ ਹੈ ਅਤੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਉਦੇਸ਼ ਸੂਬੇ ਨੂੰ ਨਸ਼ਾ ਮੁਕਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨਸ਼ਿਆਂ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਲਾਗੂ ਕਰ ਰਹੀ ਹੈ, ਅਤੇ ਕਿਸੇ ਵੀ ਨਸ਼ਾ ਤਸਕਰੀ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਲਈ ਇੱਕ ਨਸ਼ਾ ਮੁਕਤੀ ਟੂਰ ਵੀ ਆਯੋਜਿਤ ਕੀਤਾ ਜਾ ਰਿਹਾ ਹੈ।ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਕਾਰਨ ਲੋਕ ਰਵਾਇਤੀ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਹਰ ਰੋਜ਼ ਸ਼ਾਮਲ ਹੋ ਰਹੇ ਹਨ।

# ਗੈਂਗਸਟਰਾਂ ਦਾ ਕੀਤਾ ਜਾਵੇਗਾ ਪੂਰੀ ਤਰ੍ਹਾਂ ਖਾਤਮਾ-ਸੋਨੀਆ ਮਾਨ



ਅੰਮ੍ਰਿਤਸਰ 30 ਜਨਵਰੀ ( ਬਬਲੂ ਮਹਾਜਨ) :ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਦੂਜੇ ਪੜਾਅ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਇਸੇ ਹੀ ਮੁਹਿੰਮ ਤਹਿਤ ਸੂਬੇ ਭਰ ਵਿਚ ਲੋਕਾਂ ਨੂੰ ਜਾਗਰੂਕ ਕਰਨ ਲਈ ਨਸ਼ਾ ਮੁਕਤੀ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਇਸ ਸਬੰਧੀ ਹਲਕਾ ਕੇਂਦਰੀ ਦੇ ਇਲਾਕੇ ਲੋਹਗੜ੍ਹ ਚੌਕ ਵਿਚ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਦੇ ਹੋਏ ਨਸ਼ਾ ਮੁਕਤੀ ਮੋਰਚਾ ਮਾਝਾ ਜੋਨ ਇੰਚਾਰਜ ਮੈਡਮ ਸੋਨੀਆ ਮਾਨ ਅਤੇ ਦੀਕਸ਼ਿਤ ਧਵਨ (ਜਿਲਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਅੰਮ੍ਰਿਤਸਰ ਸਹਿਰੀ) ਵਲੋ ਵਿਸ਼ਾਲ ਪਦ ਯਾਤਰਾ ਕੀਤੀ ਗਈ। ਨਸ਼ਾ ਮੁਕਤੀ ਯਾਤਰਾ ਨੂੰ ਸੰਬੋਧਨ ਕਰਦੇ ਹੋਏ ਮੈਡਮ ਸੋਨੀਆਂ ਮਾਨ ਨੇ ਕਿਹਾ ਕਿ ਸੂਬੇ ਵਿਚੋ ਗੈਗਸਟਰਾਂ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾਵੇਗਾ ਅਤੇ ਮੁੜ ਤੋ ਪੰਜਾਬ ਨੂੰ ਰੰਗਲਾ ਪੰਜਾਬ ਬਣਾਇਆ ਜਾਵੇਗਾ। ਉਨਾਂ ਕਿਹਾ ਕਿ ਸਾਡੀ ਸਰਕਾਰ ਨਸਿਆਂ ਅਤੇ ਭ੍ਰਿਸਟਾਚਾਰ ਪ੍ਰਤੀ ਪੂਰੀ ਤਰ੍ਹਾਂ ਜੀਰੋ ਟੋਲਰੈਂਸ ਨੀਤੀ ਤੇ ਕੰਮ ਕਰ ਰਹੀ ਹੈ ਅਤੇ ਕਿਸੇ ਵੀ ਅਪਰਾਧੀ ਵਿਅਕਤੀ ਨੂੰ ਬਖ਼ਸਿਆ ਨਹੀ ਜਾਵੇਗਾ। ਇਸ ਯਾਤਰਾ ਦੌਰਾਨ ਮੈਡਮ ਮਾਨ ਨੇ ਲੋਕਾਂ ਨੂੰ ਘਰ ਘਰ ਜਾ ਕੇ ਦੁਕਾਨ ਦੁਕਾਨਾ ਜਾ ਕੇ ਨਸ਼ੇ ਦੇ ਵਿਰੁੱਧ ਲਾਮਬੰਦ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਦੇ ਉਪਰਾਲੇ ਨੂੰ ਵੱਧ ਚੜ ਕੇ ਸਹਿਯੋਗ ਦਿਓ ਤਾਂ ਕਿ ਨਸ਼ੇ ਨੂੰ ਪੂਰਾ ਜੜੋ ਖਤਮ ਕੀਤਾ ਜਾ ਸਕੇ।ਇਸ ਮੌਕੇ ਨਸ਼ਾ ਮੁਕਤੀ ਯਾਤਰਾ ਵਿਚ ਹਾਜ਼ਰ ਲੋਕਾਂ ਨੇ ਪ੍ਰਣ ਲਿਆ ਕਿ ਉਹ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਮਾਨ ਸਰਕਾਰ ਦਾ ਭਰਪੂਰ ਸਹਿਯੋਗ ਦੇਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਨਸ਼ਾ ਮੁਕਤੀ ਮੋਰਚੇ ਜੈ ਕੁਸ਼ ਬੁੱਟਰ, ਰਾਜੇਸ਼ ਹਾਂਡਾ, ਹਨੀ ਨਾਹਰ, ਮੋਨੀਕਾ ਲਾਂਬਾ, ਮਨਜੀਤ ਸਿੰਘ ਫੌਜੀ, ਕੁਲਵੰਤ ਸਿੰਘ ਵਡਾਲੀ, ਸਾਹਿਬ ਸਿੰਘ ਗਿੱਲ, ਰਾਹੁਲ ਸੇਠ ਅਤੇ ਸਮੁੱਚੇ ਵਰਕਰ ਸਾਹਿਬਾਨ ਹਾਜ਼ਰ ਸਨ

# ਯੁਵਾ ਮਿੱਤਰ ਸਕੀਮ ਦੇ ਸੱਤਵੇਂ ਦਿਨ ਵਲੰਟੀਅਰਾਂ ਨੂੰ ਵੰਡੇ ਪ੍ਰਮਾਣ ਪੱਤਰ



ਅੰਮ੍ਰਿਤਸਰ 30 ਜਨਵਰੀ(ਬਬਲੂ ਮਹਾਜਨ)ਕੇਂਦਰ ਸਰਕਾਰ ਦੀ ਪ੍ਰਮੁੱਖ ਯੁਵਾ ਮਿੱਤਰ ਸਕੀਮ ਅਧੀਨ ਆਯੋਜਿਤ ਸੱਤ ਦਿਨਾਂ ਦੀ ਗਹਿਰੀ ਆਪਦਾ ਪ੍ਰਬੰਧਨ ਟ੍ਰੇਨਿੰਗ ਬੜੇ ਹੀ ਸੁਚੱਜੇ, ਗੰਭੀਰ ਅਤੇ ਸਨਮਾਨਜਨਕ ਢੰਗ ਨਾਲ ਸਫਲ ਸਮਾਪਨ ਹੋਇਆ। ਸਮਾਪਤੀ ਦਿਵਸ ਦੌਰਾਨ ਟ੍ਰੇਨਿੰਗ ਦੀ ਸਮੁੱਚੀ ਸਮੀਖਿਆ, ਵਲੰਟੀਅਰਾਂ ਵੱਲੋਂ ਫੀਡਬੈਕ ਅਤੇ ਪ੍ਰਮਾਣ ਪੱਤਰ ਵੰਡ ਸਮਾਰੋਹ ਕਰਵਾਇਆ ਗਿਆ।ਇਹ ਟ੍ਰੇਨਿੰਗ ਪ੍ਰੋਗਰਾਮ ਯੂਥ ਅਫ਼ਸਰ ਸ਼੍ਰੀ ਅਜੈ ਕੁਮਾਰ ਦੀ ਮਹੱਤਵਪੂਰਨ ਰਹਿਨੁਮਾਈ ਅਤੇ ਸਹਿਯੋਗ ਨਾਲ ਯੋਜਨਾਬੱਧ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਗਿਆ, ਜਿਸ ਨਾਲ ਪ੍ਰੋਗਰਾਮ ਦੀ ਸੁਚਾਰੂ ਤਰੀਕੇ ਨਾਲ ਕਾਰਗੁਜ਼ਾਰੀ ਸੰਭਵ ਹੋ ਸਕੀ। ਇਸਦੇ ਨਾਲ ਹੀ ਡਾ. ਅਸ਼ੀਸ਼ ਅਰੋੜਾ, ਡਾਇਰੈਕਟਰ, ਆਈ. ਕੇ. ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਦਿੱਤੀ ਗਈ ਦਿਸ਼ਾ-ਨਿਰਦੇਸ਼ ਅਤੇ ਪ੍ਰੇਰਣਾ ਨੇ ਟ੍ਰੇਨਿੰਗ ਦੀ ਪ੍ਰਭਾਵਸ਼ੀਲਤਾ ਨੂੰ ਹੋਰ ਮਜ਼ਬੂਤ ਕੀਤਾ।ਸਮਾਪਤੀ ਸਮਾਰੋਹ ਨੂੰ ਡੀ.ਆਰ.ਓ. ਨਵਕੀਰਤ ਸਿੰਘ, ਸ਼੍ਰੀ ਸੌਰਵ ਸ਼ਰਮਾ (ਡਿਪਟੀ ਰਜਿਸਟਰਾਰ), ਡਾ. ਵਿਕਰਮਜੀਤ ਸਿੰਘ, ਸ਼੍ਰੀ ਮਨਜੀਤ ਸਿੰਘ ਅਤੇ ਪਾਰਸ ਧਵਨ ਵੱਲੋਂ ਮਿਲੇ ਸਹਿਯੋਗ ਅਤੇ ਹਾਜ਼ਰੀ ਨਾਲ ਵਿਸ਼ੇਸ਼ ਮਰਿਆਦਾ ਪ੍ਰਾਪਤ ਹੋਈ, ਜਿਸ ਨਾਲ ਵਲੰਟੀਅਰਾਂ ਵਿੱਚ ਨਵਾਂ ਉਤਸ਼ਾਹ ਅਤੇ ਪ੍ਰੇਰਣਾ ਜਾਗੀਡਾ. ਹਰਕਿਰਨਦੀਪ ਕੌਰ, ਪ੍ਰੋਗਰਾਮ ਅਫ਼ਸਰ, ਐਨ.ਐੱਸ.ਐੱਸ. ਯੂਨਿਟ-9, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਵੱਲੋਂ ਸਾਰੀ ਟ੍ਰੇਨਿੰਗ ਦੌਰਾਨ ਦਿੱਤੀ ਗਈ ਲਗਾਤਾਰ ਮਾਰਗਦਰਸ਼ਨ ਅਤੇ ਪ੍ਰਭਾਵਸ਼ਾਲੀ ਸਮਨਵਯ ਕਾਰਨ ਵਲੰਟੀਅਰਾਂ ਦੀ ਭਾਗੀਦਾਰੀ, ਅਨੁਸ਼ਾਸਨ ਅਤੇ ਉਤਸ਼ਾਹ ਕਾਬਿਲ-ਏ-ਤਾਰੀਫ਼ ਰਹੇ।ਸਮਾਪਤੀ ਸੈਸ਼ਨ ਦੌਰਾਨ ਵਲੰਟੀਅਰਾਂ ਨੇ ਪਿਛਲੇ ਸੱਤ ਦਿਨਾਂ ਦੀ ਟ੍ਰੇਨਿੰਗ ਸੰਬੰਧੀ ਆਪਣੇ ਅਨੁਭਵ ਅਤੇ ਫੀਡਬੈਕ ਸਾਂਝੇ ਕੀਤੇ। ਉਨ੍ਹਾਂ ਨੇ ਖਾਸ ਤੌਰ 'ਤੇ ਬੇਹੋਸ਼ ਪੀੜਤ ਦੀ ਸੰਭਾਲ, ਪ੍ਰਾਥਮਿਕ ਚਿਕਿਤਸਾ ਅਤੇ ਪ੍ਰਯੋਗਿਕ ਆਪਦਾ ਪ੍ਰਬੰਧਨ ਅਭਿਆਸਾਂ ਨੂੰ ਬਹੁਤ ਹੀ ਲਾਭਦਾਇਕ ਅਤੇ ਜੀਵਨ-ਰੱਖਿਆ ਵਾਲਾ ਦੱਸਿਆ। ਵਲੰਟੀਅਰਾਂ ਅਨੁਸਾਰ, ਇਸ ਟ੍ਰੇਨਿੰਗ ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਐਮਰਜੈਂਸੀ ਹਾਲਾਤਾਂ ਵਿੱਚ ਸਹੀ ਅਤੇ ਤੁਰੰਤ ਫੈਸਲੇ ਲੈਣ ਦੀ ਸਮਰੱਥਾ ਵਿੱਚ ਵੱਡਾ ਸੁਧਾਰ ਆਇਆ।ਇਸ ਮੌਕੇ 'ਤੇ ਟ੍ਰੇਨਿੰਗ ਵਿੱਚ ਭਾਗ ਲੈਣ ਵਾਲੇ ਸਾਰੇ ਵਲੰਟੀਅਰਾਂ ਨੂੰ ਉਨ੍ਹਾਂ ਦੀ ਨਿਸ਼ਠਾ ਅਤੇ ਸਰਗਰਮ ਭਾਗੀਦਾਰੀ ਦੇ ਸਨਮਾਨ ਵਜੋਂ ਪ੍ਰਮਾਣ ਪੱਤਰ (ਸਰਟੀਫਿਕੇਟ) ਪ੍ਰਦਾਨ ਕੀਤੇ ਗਏ।ਇਸ ਪ੍ਰੋਗਰਾਮ ਦੀ ਸਫਲਤਾ ਵਿੱਚ ਐਮ.ਜੀ.ਐਸ.ਆਈ.ਪੀ.ਏ. ਦੇ ਤਜਰਬੇਕਾਰ ਇੰਸਟ੍ਰਕਟਰਾਂ ਦਾ ਯੋਗਦਾਨ ਬਹੁਤ ਹੀ ਸਰਾਹਣਯੋਗ ਰਿਹਾ।ਸੁਨੀਲ ਕੁਮਾਰ ਵੱਲੋਂ ਆਪਣੇ ਮੈਦਾਨੀ ਤਜਰਬੇ ਦੇ ਆਧਾਰ 'ਤੇ ਦਿੱਤੀ ਗਈ ਟ੍ਰੇਨਿੰਗ ਨੇ ਵਲੰਟੀਅਰਾਂ ਨੂੰ ਤਕਨੀਕੀ ਗਿਆਨ ਅਤੇ ਵਿਹਾਰਕ ਸਮਝ ਨਾਲ ਲੈਸ ਕੀਤਾ।ਸ਼ੁਭਮ ਵਰਮਾ ਵੱਲੋਂ ਪ੍ਰਾਥਮਿਕ ਚਿਕਿਤਸਾ ਅਤੇ ਜੀਵਨ-ਰੱਖਿਆ ਤਕਨੀਕਾਂ ਬਾਰੇ ਦਿੱਤੀ ਗਈ ਪ੍ਰਭਾਵਸ਼ਾਲੀ ਟ੍ਰੇਨਿੰਗ ਨੇ ਵਲੰਟੀਅਰਾਂ ਨੂੰ ਐਮਰਜੈਂਸੀ ਹਾਲਾਤਾਂ ਵਿੱਚ ਤੁਰੰਤ ਕਾਰਵਾਈ ਕਰਨ ਯੋਗ ਬਣਾਇਆ।ਇਸਦੇ ਨਾਲ ਹੀ ਸਲੋਨੀ ਸ਼ਰਮਾ, ਸ਼ਾਇਨਾ ਕੌਰ ਅਤੇ ਅੰਜਨਾ ਸ਼ਰਮਾ ਵੱਲੋਂ ਕਰਵਾਏ ਗਏ ਲਗਾਤਾਰ ਪ੍ਰਯੋਗਿਕ ਅਤੇ ਸ਼ਾਰੀਰਕ ਅਭਿਆਸਾਂ ਨੇ ਵਲੰਟੀਅਰਾਂ ਦੀ ਸਹਿਨਸ਼ੀਲਤਾ, ਟੀਮ ਵਰਕ ਅਤੇ ਕੁੱਲ ਮਿਲਾਕੇ ਸ਼ਾਰੀਰਕ ਤਿਆਰੀ ਨੂੰ ਮਜ਼ਬੂਤ ਕੀਤਾ।ਅਧਿਕਾਰੀਆਂ ਦੇ ਅਨੁਸਾਰ, ਯੁਵਾ ਮਿੱਤਰ ਟ੍ਰੇਨਿੰਗ ਪ੍ਰੋਗਰਾਮ ਨੇ ਨੌਜਵਾਨਾਂ ਵਿੱਚ ਸੇਵਾ ਭਾਵਨਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ ਪੈਦਾ ਕੀਤੀ ਹੈ, ਜੋ ਉਨ੍ਹਾਂ ਨੂੰ ਆਪਦਾ ਅਤੇ ਐਮਰਜੈਂਸੀ ਸਥਿਤੀਆਂ ਦੌਰਾਨ ਸੁਚੱਜੇ ਅਤੇ ਜ਼ਿੰਮੇਵਾਰ ਢੰਗ ਨਾਲ ਕਾਰਵਾਈ ਕਰਨ ਲਈ ਤਿਆਰ ਕਰਦੀ ਹੈ।

# ਪੁਲਿਸ ਨੇ ਲੋੜੀਂਦੇ ਵਿਅਕਤੀ ਨੂੰ ਪਰਿਕਰਮਾ ਵਿਚੋਂ ਕੀਤਾ ਗ੍ਰਿਫ਼ਤਾਰ

ਅੰਮ੍ਰਿਤਸਰ: 30 ਜਨਵਰੀ (ਬਬਲੂ ਮਹਾਜਨ)ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਦੀਆਂ ਪਰਿਕਰਮਾ ਵਿਚ ਤਰਨਤਾਰਨ ਪੁਲਿਸ ਵੱਲੋਂ 2 ਨੌਜਵਾਨਾਂ ਦਾ ਪਿੱਛਾ ਕਰਕੇ ਗ੍ਰਿਫਤਾਰ ਕਰਨਾ ਉਸ ਸਮੇਂ ਮਹਿੰਗਾ ਸਾਬਤ ਹੋਇਆ ਜਦੋਂ ਸ਼੍ਰੋਮਣੀ ਕਮੇਟੀ ਨੇ ਇਸ ਕਾਰਵਾਈ ਦੇ ਰੋਸ ਵਿਚ ਸਿਵਲ ਵਿਚ ਦੋ ਪੁਲਿਸ ਮੁਲਾਜ਼ਮਾਂ ਨੂੰ ਹੀ ਬੰਦੀ ਬਣਾ ਲਿਆ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕਾਂ ਨੇ ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਦੀਆਂ ਪਰਿਕਰਮਾ ਵਿਚ ਪੁਲਿਸ ਦੀ ਇਸ ਕਾਰਵਾਈ 'ਤੇ ਭਾਰੀ ਰੋਸ ਜਾਹਿਰ ਕੀਤਾ। ਮਾਮਲਾ ਉੱਚ ਅਧਿਕਾਰੀਆਂ ਤੱਕ ਪਹੁੰਚ ਗਿਆ। ਸ਼੍ਰੋਮਣੀ ਕਮੇਟੀ ਨੇ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਇਸ ਤਰਾਂ ਦੀ ਕਾਰਵਾਈ ਕਰਨ ਤੋਂ ਪਹਿਲਾਂ ਭਰੋਸੇ ਵਿਚ ਲੈਣ ਲਈ ਕਿਹਾ ਕਿਉਂਕਿ ਇਹ ਮਾਮਲਾ ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਦੀ ਮਰਿਆਦਾ ਨਾਲ ਜੁੜਿਆ ਹੋਇਆ ਹੈ। ਜਦੋਂ ਐਸਜੀਪੀਸੀ ਨੂੰ ਇਸ ਹਰਕਤ ਬਾਰੇ ਪਤਾ ਲੱਗਾ ਤਾਂ ਟਾਸਕ ਫੋਰਸ ਨੇ ਸਿਵਲ ਵਰਦੀ ਵਿਚ ਉਥੇ ਮੌਜੂਦ ਪੁਲਿਸ ਮੁਲਾਜ਼ਮਾਂ ਨੂੰ ਬੰਧਕ ਬਣਾ ਲਿਆ ਅਤੇ ਪਰਿਕਰਮਾ ਦੇ 50 ਨੰਬਰ ਕਮਰੇ ਵਿਚ ਲੈ ਗਏ। ਸੂਚਨਾ ਮਿਲਣ ਤੇ ਏਡੀਸੀਪੀ ਹਰਪਾਲ ਸਿੰਘ ਮੌਕੇ ਤੇ ਪਹੁੰਚੇ ਅਤੇ ਐਸਜੀਪੀਸੀ ਅਧਿਕਾਰੀਆਂ ਨਾਲ ਗੱਲ ਕਰਨ ਤੋਂ ਬਾਅਦ ਇਨ੍ਹਾਂ ਦੀ ਰਿਹਾਈ ਯਕੀਨੀ ਬਣਾਈ। ਜਾਣਕਾਰੀ ਅਨੁਸਾਰ ਤਰਨਤਾਰਨ ਪੁਲਿਸ ਦਾ ਸੀਆਈਏ ਸਟਾਫ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਸ੍ਰੀ ਹਰਿਮੰਦਿਰ ਸਾਹਿਬ ਪਹੁੰਚਿਆ ਸੀ। ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਮੁਲਜ਼ਮ ਪੁਲਿਸ ਤੋਂ ਬਚਣ ਲਈ ਪਰਿਕਰਮਾ ਵਿਚ ਲੁਕੇ ਹੋਏ ਹਨ। ਤਰਨਤਾਰਨ ਪੁਲਿਸ ਦੇ ਮੁਲਾਜ਼ਮਾਂ ਨੇ ਅੰਮ੍ਰਿਤਸਰ ਕਮਿਸ਼ਨਰੇਟ, ਗਲਿਆਰਾ ਪੁਲਿਸ ਜਾਂ ਫਿਰ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕਾਂ ਨਾਲ ਕਿਸੇ ਤਰਾਂ ਦਾ ਸੰਪਰਕ ਨਹੀਂ ਸੀ ਕੀਤਾ, ਜਿਸ ਕਾਰਨ ਇਹ ਸਬ ਕੁਝ ਵਾਪਰਿਆ।

# ਭਾਈ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਰੁਕਵਾਉਣ ਲਈ ਬਾਦਲ ਨੇ ਡਾ ਮਨਮੋਹਨ ਸਿੰਘ ਤਕ ਵੀ ਪਹੁੰਚ ਕੀਤੀ ਸੀ

ਅੰਮ੍ਰਿਤਸਰ, 30 ਜਨਵਰੀ (ਬਬਲੂ ਮਹਾਜਨ)ਰਾਅ ਦੇ ਸਾਬਕਾ ਮੁਖੀ ਸ੍ਰੀ ਏ ਐਸ ਦੁਲੱਟ ਨੇ ਇੰਕਸ਼ਾਫ ਕੀਤਾ ਹੈ ਕਿ ਸਾਬਕਾ ਮੁਖ ਮੰਤਰੀ ਪੰਜਾਬ ਸ੍ ਪ੍ਰਕਾਸ਼ ਸਿੰਘ ਬਾਦਲ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਫਾਸੀ ਤੋ ਬਚਾਉਣ ਲਈ ਯਤਨਸ਼ੀਲ ਰਹੇ। ਇਕ ਨਿਜੀ ਚੈਨਲ ਨੂੰ ਦਿੱਤੇ ਇੰਟਰਵਿਊ ਵਿਚ ਸ੍ਰੀ ਦੁਲੱਟ ਨੇ ਕਿਹਾ ਕਿ ਭਾਈ ਰਾਜੋਆਣਾ ਦੀ ਫਾਸੀ ਦੀ ਸਜਾ ਰੁਕਵਾਉਣ ਲਈ ਸ੍ ਪ੍ਰਕਾਸ਼ ਸਿੰਘ ਬਾਦਲ ਨੇ ਤਤਕਾਲੀ ਪ੍ਰਧਾਨ ਮੰਤਰੀ ਡਾ ਮਨਮੋਹਨ ਸਿੰਘ ਤਕ ਵੀ ਪਹੁੰਚ ਕੀਤੀ ਸੀ। ਉਨਾਂ ਕਿਹਾ ਕਿ ਉਹ ਡਾ ਮਨਮੋਹਨ ਸਿੰਘ ਨਾਲ ਮੁਲਾਕਾਤ ਕਰਨ ਲਈ ਉਨਾਂ ਦੀ ਰਿਹਾਇਸ਼ ਤੇ ਗਏ ਸਨ ਜਿਥੇ ਉਨਾਂ ਤੋ ਪਹਿਲਾਂ ਸ੍ ਪ੍ਰਕਾਸ਼ ਸਿੰਘ ਬਾਦਲ ਵੀ ਪਹੁੰਚੇ ਹੋਏ ਸਨ।ਸ੍ ਬਾਦਲ ਖ਼ਾਸ ਤੌਰ ਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਸੀ ਦੀ ਸਜਾ ਰੁਕਵਾਉਣ ਲਈ ਪ੍ਰਧਾਨ ਮੰਤਰੀ ਦੀ ਰਿਹਾਇਸ਼ ਤੇ ਗਏ ਹੋਏ ਸਨ। ਡਾ ਮਨਮੋਹਨ ਸਿੰਘ ਤੇ ਸ੍ ਬਾਦਲ ਦੀ ਮੁਲਾਕਾਤ ਤੋ ਬਾਅਦ ਮੈ ਡਾ ਮਨਮੋਹਨ ਸਿੰਘ ਨੂੰ ਮਿਲਿਆ ਤੇ ਪੰਜਾਬ ਦੇ ਹਲਾਤਾਂ ਬਾਰੇ ਗਲ ਕਰਦਿਆਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਫਾਸੀ ਨਹੀ ਦਿੱਤੀ ਜਾਣੀ ਚਾਹੀਦੀ।ਸ੍ਰੀ ਦੁਲੱਟ ਨੇ ਕਿਹਾ ਕਿ ਮੇਰੇ ਮੂੰਹੋ ਇਹ ਸੁਣਦੇ ਸਾਰ ਹੀ ਡਾ ਮਨਮੋਹਨ ਸਿੰਘ ਨੇ ਕਿਹਾ ਕਿ ਸ੍ ਪ੍ਰਕਾਸ਼ ਸਿੰਘ ਬਾਦਲ ਵੀ ਇਹ ਹੀ ਕਹਿਣ ਆਏ ਸਨ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਫਾਸੀ ਨਹੀ ਹੋਣੀ ਚਾਹੀਦੀ। ਸ੍ਰੀ ਦੁਲੱਟ ਨੇ ਕਿਹਾ ਕਿ ਸ੍ ਪ੍ਰਕਾਸ਼ ਸਿੰਘ ਬਾਦਲ ਇਕ ਸਮਝਦਾਰ ਆਗੂ ਸਨ।

# ਏਡੀਸੀ ਪੂਜਾ ਸਿਆਲ ਗਰੇਵਾਲ ਦੀ ਅਗਵਾਈ ਹੇਠ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ



ਫ਼ਤਹਿਗੜ੍ਹ ਸਾਹਿਬ, 30 ਜਨਵਰੀ: (ਹਰਪ੍ਰੀਤ ਕੌਰ ਟਿਵਾਣਾ)ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੀ ਯਾਦ ਵਿੱਚ ਮਨਾਏ ਜਾਂਦੇ ਬਲਿਦਾਨ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਅਗਵਾਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਜਾ ਸਿਆਲ ਗਰੇਵਾਲ ਵੱਲੋਂ ਕੀਤੀ ਗਈ।ਇਸ ਮੌਕੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ 2 ਮਿੰਟ ਦਾ ਮੌਨ ਧਾਰ ਕੇ ਦੇਸ਼ ਦੇ ਮਹਾਨ ਸ਼ਹੀਦਾਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ।ਏਡੀਸੀ ਪੂਜਾ ਸਿਆਲ ਗਰੇਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਸਾਨੂੰ ਉਨ੍ਹਾਂ ਮਹਾਨ ਸੂਰਬੀਰਾਂ ਦੀ ਯਾਦ ਦਿਵਾਉਂਦਾ ਹੈ, ਜਿਨ੍ਹਾਂ ਦੀ ਬਦੌਲਤ ਅਸੀਂ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡਾ ਫ਼ਰਜ਼ ਬਣਦਾ ਹੈ ਕਿ ਅਸੀਂ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲੀਏ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਆਪਣਾ ਯੋਗਦਾਨ ਪਾਈਏ।ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਦੇਸ਼ ਦੇ ਇਤਿਹਾਸ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ ਤਾਂ ਜੋ ਇੱਕ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।ਇਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਸਟਾਫ਼ ਮੈਂਬਰ ਹਾਜ਼ਰ ਸਨ।

# ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਬਣਾਏ ਜਾਣਗੇ ਜ਼ਿਲ੍ਹਾ ਪੱਧਰੀ ਕੋਰ ਗਰੁੱਪ-ਡਾ. ਜਿਤੇਂਦਰ ਸਿੰਘ ਸ਼ੰਟੀ,

ਮੋਗਾ, 30 ਜਨਵਰੀ,(ਗੁਰਦੇਵ ਖੁਰਾਣਾ/ ਹਰਜੀਤ ਛਾਬੜਾ) : ਪੰਜਾਬ ਸਟੇਟ ਅਤੇ ਚੰਡੀਗੜ ਮਨੁੱਖੀ ਅਧਿਕਾਰ ਕਮਿਸ਼ਨ, ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਵਚਨਬੱਧ ਹੈ। ਕਮਿਸ਼ਨ ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ ਐਨ.ਜੀ.ਓਜ., ਸੀਨੀਅਰ ਸਿਟੀਜਨਾਂ, ਵਕੀਲਾਂ, ਡਾਕਟਰਾਂ, ਵਿਦਿਆਰਥੀਆਂ, ਵਪਾਰੀਆਂ ਆਦਿ ਨੂੰ ਵਿਸ਼ੇਸ਼ ਤੌਰ ਤੇ ਮਿਲ ਕੇ ਉਹਨਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਸੁਚੇਤ ਕਰ ਰਿਹਾ ਹੈ। ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖਾਂ ਦੇ ਅਧਿਕਾਰਾਂ ਦੀ ਰੱਖਿਆ ਨੂੰ ਮਜਬੂਤੀ ਦੇਣ ਲਈ ਨਵੀਆਂ ਐਡਵਾਈਜਰੀਆਂ ਜਾਰੀ ਕੀਤੀਆਂ ਗਈਆਂ ਹਨ। ਐਡਵਾਈਜਰੀ ਤਹਿਤ ਕੋਈ ਵੀ ਹਸਪਤਾਲ ਕਿਸੇ ਵੀ ਮਰੀਜ ਜਾਂ ਮ੍ਰਿਤਕ ਦੇਹ ਨੂੰ ਬੰਧਕ ਬਣਾ ਕੇ ਨਹੀਂ ਰੱਖ ਸਕਦਾ ਜੇਕਰ ਉਹ ਅਜਿਹਾ ਕਰਦਾ ਹੈ ਤਾਂ ਉਸ ਉੱਪਰ ਐਫ.ਆਈ.ਆਰ. ਦਰਜ ਕੀਤੀ ਜਾਵੇਗੀ। ਹਰ ਹਸਪਤਾਲ ਵਿੱਚ ਮੋਰਚਰੀ, ਐਂਬੂਲੈਂਸ ਵੀ ਹੋਣਾ ਬਹੁਤ ਜਰੂਰੀ ਹੈ। ਸਫਾਈ ਕਰਮਚਾਰੀਆਂ ਦੇ ਠੇਕੇਦਾਰਾਂ ਜਾਂ ਫਰਮਾਂ ਵੱਲੋਂ ਸਫਾਈ ਕਰਮਚਾਰੀਆਂ ਲਈ ਹਰੇਕ ਸੁਰੱਖਿਆ ਉਪਕਰਨ ਦੇਣੇ ਅਤੇ ਉਹਨਾਂ ਦਾ ਬੀਮਾ ਕਰਵਾਉਣਾ ਲਾਜਮੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਰਾਜ ਅਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਿਤੇਂਦਰ ਸਿੰਘ ਸ਼ੰਟੀ (ਪਦਮ ਸ਼੍ਰੀ ਪੁਰਸਕਾਰ ਜੇਤੂ) ਨੇ ਮੋਗਾ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਮੀਟਿੰਗ ਹਾਲ ਵਿੱਚ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੀਟਿੰਗ ਵਿੱਚ ਡਿਪਟੀ ਕਮਿਸ਼ਰ ਮੋਗਾ ਸ਼੍ਰੀ ਸਾਗਰ ਸੇਤੀਆ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍. ਜਗਵਿੰਦਰਜੀਤ ਸਿੰਘ ਗਰੇਵਾਲ,ਐਸ.ਡੀ.ਐਮ. ਮੋਗਾ ਮਨਜੀਤ ਸਿੰਘ ਰਾਜਲਾ, ਐਸ.ਡੀ.ਐਮ. ਸਾਰੰਗਪ੍ਰੀਤ ਸਿੰਘ ਔਜਲਾ, ਸਹਾਇਕ ਕਮਿਸ਼ਨਰ (ਜ) ਹਿਤੇਸ਼ਵੀਰ ਗੁਪਤਾ, ਮੁੱਖ ਮੰਤਰੀ ਫੀਲਡ ਅਫ਼ਸਰ ਗਗਨਦੀਪ ਸਿੰਘ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ, ਵਪਾਰੀ ਆਦਿ ਹਾਜਰ ਸਨ।ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਿਤੇਂਦਰ ਸਿੰਘ ਸ਼ੰਟੀ ਨੇ ਦੱਸਿਆ ਕਿ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ (ਪੀ ਐਚ ਆਰ ਸੀ) ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ 15 ਮੈਂਬਰਾਂ ਦਾ ਕੋਰ ਗਰੁੱਪ ਤਿਆਰ ਕੀਤਾ ਜਾਵੇਗਾ, ਜੋ ਮਨੁੱਖੀ ਅਧਿਕਾਰਾਂ ਦੀ ਉਲੰਘਣਾ 'ਤੇ ਨਿਗਰਾਨੀ ਰੱਖਣ ਦੇ ਨਾਲ-ਨਾਲ ਜ਼ਿਲ੍ਹਾ ਪੱਧਰ 'ਤੇ ਛੋਟੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਕਮਿਸ਼ਨ ਦੀ ਸਹਾਇਤਾ ਕਰੇਗਾ। ਜਿਨ੍ਹਾਂ ਵਿੱਚ ਮਨੁੱਖੀ ਅਧਿਕਾਰ ਕਾਰਕੁਨ, ਵਕੀਲ ਅਤੇ ਹੋਰ ਮਾਹਰ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਕੋਰ ਗਰੁੱਪ ਦੇ ਮੈਂਬਰਾਂ ਲਈ ਅਰਜ਼ੀ ਦੇਣ ਦੀ ਆਖ਼ਰੀ ਮਿਤੀ 4 ਫਰਵਰੀ ਹੈ ਅਤੇ ਯੋਗਤਾ ਸਮੇਤ ਅਰਜ਼ੀ ਫਾਰਮ ਪੀ ਐਚ ਆਰ ਸੀ ਦੀ ਵੈੱਬਸਾਈਟ 'ਤੇ ਉਪਲਬਧ ਹੈ। ਉਨ੍ਹਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਦਰਜ ਕਰਨ ਲਈ ਵਟਸਐਪ ਹੈਲਪਲਾਈਨ ਨੰਬਰ 9855475547 ਜਾਰੀ ਕਰਨ ਦੀ ਜਾਣਕਾਰੀ ਵੀ ਦਿੱਤੀਸਿਹਤ ਖੇਤਰ ਨਾਲ ਸਬੰਧਿਤ ਮਨੁੱਖੀ ਅਧਿਕਾਰਾਂ ਬਾਰੇ ਗੱਲ ਕਰਦਿਆਂ ਡਾ. ਸ਼ੰਟੀ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਹਸਪਤਾਲ ਵੱਲੋਂ ਇਲਾਜ ਦੀ ਫੀਸ ਬਕਾਇਆ ਹੋਣ ਦੇ ਆਧਾਰ 'ਤੇ ਮ੍ਰਿਤਕ ਦੀ ਲਾਸ਼, ਪਰਿਵਾਰ ਨੂੰ ਦੇਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਜੋ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀਆਂ ਹਦਾਇਤਾਂ ਦੇ ਉਲਟ ਹੈ।

# ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਸਵਰਾਜ ਮਾਜਦਾ ਭੇਟ



ਅੰਮ੍ਰਿਤਸਰ 30 ਜਨਵਰੀ (ਗੁਰਦਿਆਲਾ ਸਿੰਘ) :ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਗੁਰੂ ਘਰ ਦੇ ਸ਼ਰਧਾਲੂ ਅਮਰੀਕਾ ਨਿਵਾਸੀ ਸ. ਬਲਵੰਤ ਸਿੰਘ ਅਤੇ ਪਰਿਵਾਰ ਵੱਲੋਂ ਸਵਰਾਜ ਮਾਜਦਾ ਟਰੱਕ ਭੇਟ ਕਰਕੇ ਗੁਰੂ ਘਰ ਪ੍ਰਤੀ ਸ਼ਰਧਾ ਪ੍ਰਗਟਾਈ ਗਈ। ਸਵਰਾਜ ਮਾਜਦਾ ਟਰੱਕ ਦੀਆਂ ਚਾਬੀਆਂ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਹੁਦੇਦਾਰਾਂ ਤੇ ਅਧਿਕਾਰੀਆਂ ਦੀ ਮੌਜੂਦਗੀ 'ਚ ਪ੍ਰਾਪਤ ਕੀਤੀਆਂ। ਇਸ ਮੌਕੇ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਸੰਗਤਾਂ ਨਤਮਸਤਕ ਹੁੰਦੀਆਂ ਹਨ ਅਤੇ ਗੁਰੂ ਘਰ ਦੀਆਂ ਸੇਵਾਵਾਂ ਵਿਚ ਹਿੱਸਾ ਪਾਉਂਦੀਆਂ ਹਨ।ਗੁਰੂ ਘਰ ਦੇ ਸ਼ਰਧਾਲੂ ਸ. ਬਲਵੰਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਪਹਿਲਾਂ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕਈ ਸੇਵਾਵਾਂ ਵਿਚ ਵੱਡਾ ਹਿੱਸਾ ਪਾਇਆ ਗਿਆ ਹੈ।ਅੱਜ ਵੀ ਇਸ ਸੇਵਕ ਪਰਿਵਾਰ ਨੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਇਕ ਸਵਰਾਜ ਮਾਜਦਾ ਟਰੱਕ ਭੇਟ ਕੀਤਾ ਹੈ। ਐਡਵੋਕੇਟ ਧਾਮੀ ਨੇ ਸ. ਬਲਵੰਤ ਸਿੰਘ ਅਤੇ ਉਨ੍ਹਾਂ ਦੇ ਸਮੁੱਚੇ ਪਰਿਵਾਰ ਦਾ ਸ਼੍ਰੋਮਣੀ ਕਮੇਟੀ ਧੰਨਵਾਦ ਕਰਦਿਆਂ ਗੁਰੂ ਸਾਹਿਬ ਅੱਗੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸ. ਰਣਜੀਤ ਸਿੰਘ ਜਲੰਧਰ ਆਦਿ ਹਾਜ਼ਰ ਸਨ।

# ਸੰਮਨ ਜਾਰੀ ਹੋਣ ਤੋਂ ਬਾਅਦ ਸ਼੍ਰੋਮਣੀ ਕਮੇਟੀ ਮੁਲਾਜਮ ਸਿਟ ਅੱਗੇ ਹੋਏ ਪੇਸ਼



ਅੰਮ੍ਰਿਤਸਰ, 30 (ਬਬਲੂ ਮਹਾਜਨ)ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਸ਼ੁੱਕਰਵਾਰ ਦੁਪਹਿਰ ਨੂੰ ਛੇ ਸ਼੍ਰੋਮਣੀ ਕਮੇਟੀ ਮੁਲਾਜਮ ਵਿਸ਼ੇਸ਼ ਜਾਂਚ ਟੀਮ ਅੱਗੇ ਪੇਸ਼ ਹੋਏ। ਟੀਮ ਨੇ ਕੁਝ ਦਿਨ ਪਹਿਲਾਂ ਇਨ੍ਹਾਂ ਨੂੰ ਪੇਸ਼ ਹੋਣ ਲਈ ਕਿਹਾ ਸੀ। ਸਿਟ ਅਧਿਕਾਰੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਜਾਂਚ ਵਿਚ ਪੂਰਾ ਸਹਿਯੋਗ ਕੀਤਾ ਹੈ। ਪੇਸ਼ ਹੋਏ ਛੇ ਵਿਅਕਤੀਆਂ ਦੇ ਬਿਆਨ ਦਰਜ ਕਰ ਲਏ ਗਏ ਹਨ। ਐਸਜੀਪੀਸੀ ਦੇ ਸੁਪਰਡੈਂਟ ਮਲਕੀਤ ਸਿੰਘ, ਸਿਮਰਨਜੀਤ ਸਿੰਘ, ਪੰਜਾਬ ਸਿੰਘ, ਹਰਪ੍ਰੀਤ ਸਿੰਘ ਅਤੇ ਜੋਗਾ ਸਿੰਘ ਸਮੇਤ ਛੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਐਸਆਈਟੀ ਦੇ ਚੇਅਰਮੈਨ ਏਆਈਜੀ ਜਗਤਪ੍ਰੀਤ ਸਿੰਘ ਨੇ ਨੋਟਿਸ ਜਾਰੀ ਕਰਕੇ ਪੇਸ਼ ਹੋਣ ਲਈ ਕਿਹਾ ਸੀ। ਸ਼ੁੱਕਰਵਾਰ ਦੁਪਹਿਰ ਨੂੰ ਵਕੀਲ ਅਮਰਬੀਰ ਸਿੰਘ ਸਿਆਲੀ ਦੇ ਨਾਲ ਛੇ ਕਰਮਚਾਰੀ ਐਸਆਈਟੀ ਦੇ ਸਾਹਮਣੇ ਪੇਸ਼ ਹੋਏ। ਉਨ੍ਹਾਂ ਨੇ ਅਧਿਕਾਰੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ। ਮਾਮਲੇ ਵਿਚ 16 ਵਿਅਕਤੀਆਂ ਦੇ ਖਿਲਾਫ ਐਫਆਈਆਰ ਦਰਜ ਹੋਣ ਤੋਂ ਬਾਅਦ ਸੀਏ ਐਸਐਸ ਕੋਹਲੀ ਅਤੇ ਕੰਵਲਜੀਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਸੀ ਅਤੇ ਇਹਨਾਂ ਨੂੰ 2 ਵਾਰ ਰਿਮਾਂਡ ਤੋਂ ਬਾਅਦ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ। ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਉਪਰੋਕਤ ਮਾਮਲੇ ਵਿਚ ਬਣਾਈ ਡਾ. ਈਸ਼ਰ ਸਿੰਘ ਜਾਂਚ ਕਮੇਟੀ ਦੀ ਰਿਪੋਰਟ ਵਿਚ ਛੇ ਵਿਅਕਤੀਆਂ ਦੇ ਬਿਆਨ ਵੀ ਦਰਜ ਕੀਤੇ ਗਏ ਸਨ। ਪੇਸ਼ ਹੋਏ ਅਧਿਕਾਰੀ ਮਲਕੀਤ ਸਿੰਘ ਨੇ ਕਿਹਾ ਕਿ ਉਹ ਸੰਮਨ ਮਿਲਣ ਤੇ ਐਸਆਈਟੀ ਦੇ ਸਾਹਮਣੇ ਪੇਸ਼ ਹੋਏ ਅਤੇ ਪੁਲਿਸ ਨਾਲ ਸਹਿਯੋਗ ਕੀਤਾ।

# ਡੋਰ-ਟੂ-ਡੋਰ ਕਚਰਾ ਇਕੱਠਾ ਕਰਨ ਸਬੰਧੀ ਕਮਿਸ਼ਨਰ ਵੱਲੋਂ ਮੀਟਿੰਗ

ਅੰਮ੍ਰਿਤਸਰ, 30 ਜਨਵਰੀ (ਗੁਰਦਿਆਲ ਸਿੰਘ)ਮਾਣਯੋਗ ਕਮਿਸ਼ਨਰ, ਨਗਰ ਨਿਗਮ ਅੰਮ੍ਰਿਤਸਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਨਿਰਦੇਸ਼ਾਂ ਅਨੁਸਾਰ ਅੱਜ 30 ਜਨਵਰੀ 2026 ਨੂੰ ਸ਼ਹਿਰ ਵਿੱਚ ਡੋਰ-ਟੂ-ਡੋਰ ਕਚਰਾ ਇਕੱਠਾ ਕਰਨ ਦਾ ਕੰਮ ਕਰ ਰਹੀ ਏਜੰਸੀ ਆਰਆਰਆਰ ਕੰਪਨੀ ਨਾਲ ਇਕ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਅਧਿਅਕਸ਼ਤਾ ਸ਼੍ਰੀ ਸੁਰਿੰਦਰ ਸਿੰਘ, ਐਡੀਸ਼ਨਲ ਕਮਿਸ਼ਨਰ, ਨਗਰ ਨਿਗਮ ਅੰਮ੍ਰਿਤਸਰ ਵੱਲੋਂ ਕੀਤੀ ਗਈ।ਮੀਟਿੰਗ ਵਿੱਚ ਪੀਐਮਆਈਡੀਸੀ ਦੀ ਨੁਮਾਇੰਦਾ ਮਿਸ ਕਾਵਿਆ, ਆਰਆਰਆਰ ਕੰਪਨੀ ਦੇ ਅਧਿਕਾਰੀ ਅਤੇ ਨਗਰ ਨਿਗਮ ਅੰਮ੍ਰਿਤਸਰ ਦੇ ਸੀਨੀਅਰ ਅਧਿਕਾਰੀ ਐਮਓਐਚ ਡਾ. ਕਿਰਨ, ਡਾ. ਯੋਗੇਸ਼ ਅਰੋੜਾ, ਡਾ. ਰਾਮਾ, ਸੀਐਸਓ ਸ਼੍ਰੀ ਮਲਕੀਤ ਸਿੰਘ ਅਤੇ ਸਾਰੇ ਸੀਐਸਆਈ ਹਾਜ਼ਰ ਰਹੇ। ਮੀਟਿੰਗ ਦਾ ਮਕਸਦ ਕਚਰਾ ਇਕੱਠਾ ਕਰਨ ਦੇ ਚੱਲ ਰਹੇ ਕੰਮ ਦੀ ਸਮੀਖਿਆ ਕਰਨਾ, ਠੇਕੇ ਦੀਆਂ ਸ਼ਰਤਾਂ ਅਤੇ ਠੋਸ ਕਚਰਾ ਪ੍ਰਬੰਧਨ ਨਿਯਮਾਂ ਦੀ ਪਾਲਣਾ ਦਾ ਮੁਲਾਂਕਣ ਕਰਨਾ ਅਤੇ ਸੇਵਾਵਾਂ ਨੂੰ ਹੋਰ ਸੁਧਾਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨਾ ਸੀ।ਮੀਟਿੰਗ ਦੌਰਾਨ ਐਡੀਸ਼ਨਲ ਕਮਿਸ਼ਨਰ ਵੱਲੋਂ ਜ਼ੋਨ-ਵਾਰ ਕਚਰਾ ਇਕੱਠਾ ਕਰਨ ਦੇ ਕੰਮ ਦੀ ਸਮੀਖਿਆ ਕੀਤੀ ਗਈ ਅਤੇ ਵਪਾਰਕ ਖੇਤਰਾਂ—ਜਿਵੇਂ ਮਾਰਕੀਟਾਂ, ਦੁਕਾਨਾਂ, ਹੋਟਲਾਂ, ਰੈਸਟੋਰੈਂਟ ਅਤੇ ਬਲਕ ਵੇਸਟ ਜਨਰੇਟਰਾਂ—ਵਿੱਚ ਸੁਧਾਰ ਦੀ ਖਾਸ ਲੋੜ ਉਤੇ ਜ਼ੋਰ ਦਿੱਤਾ ਗਿਆ।ਮੁੱਖ ਫੈਸਲੇ ਅਤੇ ਨਿਰਦੇਸ਼ ਸਾਰੇ ਰਿਹਾਇਸ਼ੀ ਅਤੇ ਵਪਾਰਕ ਖੇਤਰਾਂ ਵਿੱਚ 100% ਡੋਰ-ਟੂ-ਡੋਰ ਕਚਰਾ ਇਕੱਠਾ ਕਰਨ ਨੂੰ ਯਕੀਨੀ ਬਣਾਇਆ ਜਾਵੇ। ਵਪਾਰਕ ਖੇਤਰਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਕਚਰਾ ਚੁੱਕਣ ਦੀ ਫ੍ਰਿਕਵੈਂਸੀ ਅਤੇ ਕਵਰੇਜ ਵਧਾਉਣ ਦੇ ਸਖ਼ਤ ਨਿਰਦੇਸ਼ ਦਿੱਤੇ ਗਏ। ਗੀਲੇ ਕਚਰੇ ਦਾ ਸਰੋਤ 'ਤੇ ਪ੍ਰਬੰਧਨ ਯਕੀਨੀ ਬਣਾਇਆ ਜਾਵੇ ਅਤੇ ਬਲਕ ਵੇਸਟ ਜਨਰੇਟਰਾਂ ਨੂੰ ਨਿਯਮਾਂ ਅਨੁਸਾਰ ਕਾਰਵਾਈ ਕਰਨ ਲਈ ਕਿਹਾ ਜਾਵੇ। ਵਪਾਰਕ ਇਕਾਈਆਂ ਤੋਂ ਨਕਦ ਵਿੱਚ ਕੋਈ ਵੀ ਯੂਜ਼ਰ ਚਾਰਜ ਨਹੀਂ ਲਿਆ ਜਾਵੇਗਾ; ਸਿਰਫ਼ ਮਨਜ਼ੂਰਸ਼ੁਦਾ ਤਰੀਕਿਆਂ ਨਾਲ ਹੀ ਵਸੂਲੀ ਕੀਤੀ ਜਾਵੇ। ਵਪਾਰਕ ਖੇਤਰਾਂ ਲਈ ਵੱਖਰੇ ਵਾਹਨ ਅਤੇ ਢੁੱਕਵੀਂ ਰੂਟ ਯੋਜਨਾ ਬਣਾਉਣ ਦੇ ਨਿਰਦੇਸ਼। ਸਾਰੇ ਕਚਰਾ ਇਕੱਠਾ ਕਰਨ ਵਾਲੇ ਵਾਹਨਾਂ 'ਤੇ ਵਾਰਡ ਨੰਬਰ ਅਤੇ ਆਨ-ਕਾਲ ਵਾਹਨ ਦੀ ਜਾਣਕਾਰੀ ਦਰਸਾਉਣਾ ਲਾਜ਼ਮੀ ਕੀਤਾ ਗਿਆ। ਵਾਹਨਾਂ ਦੀ ਟਾਈਮਿੰਗ ਅਤੇ ਤਾਇਨਾਤੀ ਜ਼ੋਨ-ਵਾਰ ਸੁਧਾਰਨ ਦੇ ਨਿਰਦੇਸ਼। ਨਿਗਰਾਨੀ ਅਤੇ ਲੋਕ ਫੀਡਬੈਕ ਲਈ ਕਿਊਆਰ ਕੋਡ ਪ੍ਰਣਾਲੀ ਲਾਗੂ ਕੀਤੀ ਜਾਵੇਗੀ। ਲੋੜੀਂਦੇ ਸਥਾਨਾਂ 'ਤੇ ਬਿਜਲੀ ਕਨੈਕਸ਼ਨ, ਸੰਭਾਵਨਾ ਅਤੇ ਮਨਜ਼ੂਰੀ ਦੇ ਅਧੀਨ, ਪ੍ਰਦਾਨ ਕਰਨ 'ਤੇ ਵਿਚਾਰ ਕੀਤਾ ਗਿਆ। ਆਰਆਰਆਰ ਕੰਪਨੀ ਨੂੰ ਸੋਮਵਾਰ ਤੱਕ ਵਾਰਡ-ਵਾਰ ਵਿਸਥਾਰਤ ਕਾਰਜ ਯੋਜਨਾ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ। ਬਿਲਿੰਗ ਅਤੇ ਸਮਨਵਯ ਲਈ ਇੱਕ ਸਮਰਪਿਤ ਨੋਡਲ ਅਧਿਕਾਰੀ ਨਿਯੁਕਤ ਕਰਨ ਦੇ ਹੁਕਮ ਦਿੱਤੇ ਗਏ।ਐਡੀਸ਼ਨਲ ਕਮਿਸ਼ਨਰ ਨੇ ਸਪਸ਼ਟ ਕੀਤਾ ਕਿ ਕੰਮ ਦੀ ਸਖ਼ਤ ਨਿਗਰਾਨੀ ਕੀਤੀ ਜਾਵੇਗੀ ਅਤੇ ਠੇਕੇ ਦੀਆਂ ਸ਼ਰਤਾਂ ਦੀ ਉਲੰਘਣਾ ਹੋਣ 'ਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ਹਿਰ ਦੀ ਸਫ਼ਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ ਗਈ ਅਤੇ ਨਾਗਰਿਕਾਂ, ਖ਼ਾਸ ਕਰਕੇ ਵਪਾਰਕ ਇਕਾਈਆਂ ਨੂੰ ਸਫ਼ਾਈ ਬਣਾਈ ਰੱਖਣ ਅਤੇ ਕਚਰੇ ਦੀ ਛੰਟਾਈ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ।

# ਵਿਧਾਇਕ ਰਾਏ ਨੇ ਸਿਹਤ ਬੀਮਾ ਯੋਜਨਾ ਦੇ ਕਾਰਡ ਦੀਆਂ ਸਲਿੱਪਾਂ ਵੰਡੀਆਂ

ਫਤਿਹਗੜ੍ਹ ਸਾਹਿਬ 30 ਜਨਵਰੀ (ਨਰਿੰਦਰ ਸਿੰਘ) ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਨਗਰ ਕੌਂਸਲ ਸਰਹਿੰਦ ਦੇ ਅਧੀਨ ਵੱਖ-ਵੱਖ ਵਾਰਡਾਂ ਦੇ ਵਿੱਚ 10 ਲੱਖ ਦੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੇ ਲਈ ਸਲੀਪਾਂ ਵੰਡੀਆਂ ਗਈਆਂ। ਜਿਸ ਕਾਰਨ ਆਮ ਲੋਕਾਂ ਦੇ ਵਿੱਚ ਬਹੁਤ ਜਿਆਦਾ ਉਤਸਾਹ ਦੇਖਣ ਨੂੰ ਮਿਲਿਆ। ਲੋਕੀ ਆਪ ਮੁਹਾਰੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸਲਾਘਾ ਕਰਦੇ ਸਨ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਜੀ ਦੇ ਧੰਨਵਾਦੀ ਹਾਂ, ਜਿਨਾਂ ਨੇ ਸੂਬੇ ਦੇ ਵਿੱਚ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਦਾ ਲਾਭ ਮੁਹੱਈਆ ਕਰਵਾਇਆ ਹੈ। ਇਸ ਸਕੀਮ ਦੇ ਆਉਣ ਨਾਲ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਜਿਸ ਦੇ ਵਿੱਚ 10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਦਿੱਤਾ ਜਾ ਰਹੀ ਹੈ। ਉਹਨਾਂ ਕਿਹਾ ਕਿ ਹੁਣ ਸੂਬੇ ਦਾ ਕੋਈ ਵਿਅਕਤੀ ਇਲਾਜ ਪੱਖੋਂ ਬਿਮਾਰੀ ਦਾ ਸ਼ਿਕਾਰ ਨਹੀਂ ਹੋਵੇਗਾ, ਕਿਉਂਕਿ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਦੀ ਬਾਂਹ ਫੜੀ ਹੈ। ਉਹਨਾਂ ਕਿਹਾ ਕਿ ਵਿਰੋਧੀ ਪਾਰਟੀਆਂ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਪ੍ਰਤੀ ਕੂੜ ਪ੍ਰਚਾਰ ਕਰ ਰਹੀਆਂ ਹਨ, ਲੋਕਾਂ ਨੂੰ ਉਹਨਾਂ ਦੀਆਂ ਗੱਲਾਂ ਵੱਲ ਧਿਆਨ ਦੇਣ ਦੀ ਲੋੜ ਨਹੀਂ। ਆਮ ਆਦਮੀ ਪਾਰਟੀ ਵੱਲੋਂ ਜਿਹੜੀ ਵੀ ਸਹੂਲਤ ਹੁਣ ਤੱਕ ਦਿੱਤੀ ਗਈ ਹੈ, ਉਹ ਨਿਰੰਤਰ ਲੋਕਾਂ ਨੂੰ ਮੁਹੱਈਆ ਕਰਵਾਈ ਜਾ ਰਹੀ ਹੈ। ਜਿਸ ਤਰ੍ਹਾਂ ਪ੍ਰਤੀ ਮਹੀਨਾ 300 ਯੂਨਿਟ ਬਿਜਲੀ ਮੁਫਤ ਮੁਹੱਈਆ ਕਰਵਾਈ ਗਈ, ਬੱਸ ਸਫਰ ਮੁਫਤ ਮੁਹੱਈਆ ਕਰਵਾਇਆ ਗਿਆ, ਆਮ ਆਦਮੀ ਕਲੀਨਿਕ ਖੋਲ ਕੇ ਦਵਾਈਆਂ ਅਤੇ ਖੂਨ ਦੇ ਟੈਸਟ ਮੁਫਤ ਮੁਹੱਈਆ ਕਰਵਾਏ ਗਏ। ਇਸੇ ਤਰ੍ਹਾਂ 10 ਲੱਖ ਰੁਪਏ ਦੀ ਸਿਹਤ ਯੋਜਨਾ ਸ਼ੁਰੂ ਕਰਕੇ ਹਰ ਪਰਿਵਾਰ ਨੂੰ ਇਸ ਦਾ ਲਾਭ ਦਿੱਤਾ ਜਾਵੇਗਾ। ਇਸ ਸਕੀਮ ਦਾ ਲਾਭ ਲੈਣ ਦੇ ਲਈ ਹਰ ਵਿਅਕਤੀ ਨੂੰ ਆਧਾਰ ਕਾਰਡ ਅਤੇ ਵੋਟਰ ਕਾਰਡ ਦੀ ਲੋੜ ਪਵੇਗੀ। ਆਪ ਦੀਆਂ ਯੂਥ ਟੀਮਾਂ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਦੇ ਵਿੱਚ ਕੈਂਪ ਲਗਾ ਕੇ ਉਕਤ ਸਲਿਪਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਉਸ ਤੋਂ ਉਪਰੰਤ ਸੀਐਸਸੀ ਸੈਂਟਰ ਜਾ ਕੇ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦਾ ਕਾਰਡ ਬਣਾਇਆ ਜਾ ਸਕੇਗਾ। ਜਦੋਂ ਕਾਰਡ ਬਣ ਜਾਵੇਗਾ ਉਸ ਤੋਂ ਤੁਰੰਤ ਹੀ ਸਕੀਮ ਦਾ ਲਾਭ ਲਿਆ ਜਾ ਸਕੇਗਾ। ਇਸ ਮੌਕੇ ਪਹੁੰਚੇ ਸ਼ਹਿਰ ਵਾਸੀਆਂ ਨੇ ਵਿਧਾਇਕ ਰਾਏ ਦਾ ਉਹ ਕਿਤਾ ਸਕੀਮ ਦੇ ਲਈ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਨੀ ਚੋਪੜਾ, ਆਪ ਦੇ ਯੂਥ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ, ਕੁਲਵਿੰਦਰ ਸਿੰਘ ਡੇਰਾ, ਨਿੱਜੀ ਸਕੱਤਰ ਮਾਨਵ ਟਿਵਾਣਾ, ਜੋਨੀ ਤਲਾਣੀਆਂ, ਬੰਟੀ ਸੈਣੀ ਆਦਿ ਵੀ ਹਾਜ਼ਰ ਸਨ।

# ਕਾਂਗਰਸ ਨੇ ਸੱਤਾ ਲਈ ਪੰਜਾਬ ਨੂੰ ਅੱਗ ਵਿੱਚ ਝੋਕਿਆ : ਧਾਲੀਵਾਲ



ਅੰਮ੍ਰਿਤਸਰ, 30 ਜਨਵਰੀ (ਗੁਰਦਿਆਲ ਸਿੰਘ) :ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਹਲਕਾ ਅਜਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸਾਬਕਾ ਮੁੱਖ ਮੰਤਰੀ ਰਜਿੰਦਰ ਕੌਰ ਭੱਠਲ ਦੇ ਬੰਬ ਧਮਾਕਿਆਂ ਵਾਲੇ ਬਿਆਨ ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕਾਂਗਰਸ ਨੇ ਆਪਣੀ ਸੱਤਾ ਲਈ ਪੰਜਾਬ ਨੂੰ ਤਬਾਹ ਕਰਨ ਵਾਸਤੇ ਵੱਡੀਆਂ-ਵੱਡੀਆਂ ਸਾਜ਼ਿਸ਼ਾਂ ਕੀਤੀਆਂ। ਧਾਲੀਵਾਲ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਆਪ ਉਸ ਕਾਲੇ ਦੌਰ ਦੇ ਪੀੜਤ ਹਨ ਅਤੇ ਉਨ੍ਹਾਂ ਦੇ ਪਰਿਵਾਰ ਦੇ 3 ਜੀਅ ਅਤੇ ਪਿੰਡ ਜਗਦੇਵ ਕਲਾਂ ਦੇ 25 ਬੰਦੇ ਅੱਤਵਾਦ ਦੀ ਅੱਗ ਵਿੱਚ ਸ਼ਹੀਦ ਹੋਏ।ਵਿਧਾਇਕ ਧਾਲੀਵਾਲ ਨੇ ਕਿਹਾ ਕਿ 1980 ਵਿੱਚ ਜਦੋਂ ਸਰਦਾਰ ਦਰਬਾਰਾ ਸਿੰਘ ਪੰਜਾਬ ਦੇ ਮੁੱਖ ਮੰਤਰੀ ਸਨ ਅਤੇ ਬੀਬੀ ਭੱਠਲ ਉਨ੍ਹਾਂ ਦੀ ਕੈਬਨਿਟ ਦਾ ਹਿੱਸਾ ਸਨ ਤਾਂ ਉਸ ਸਮੇਂ ਢਿੱਲਵਾਂ ਨੇੜੇ ਪਹਿਲਾ ਵੱਡਾ ਕਾਂਡ ਹੋਇਆ ਜਦੋਂ ਇੱਕ ਬੱਸ ਵਿੱਚੋਂ ਇੱਕ ਫਿਰਕੇ ਦੇ ਲੋਕਾਂ ਨੂੰ ਲਾਹ ਕੇ ਕਤਲ ਕੀਤਾ ਗਿਆ। ਉਸ ਕਾਂਡ ਤੋਂ ਬਾਅਦ ਪਹਿਲੀ ਵਾਰ ਪੰਜਾਬ ਵਿੱਚ ਸੀ.ਆਰ.ਪੀ. ਅਤੇ ਪੈਰਾ ਮਿਲਟਰੀ ਫੋਰਸਾਂ ਦੀ ਐਂਟਰੀ ਹੋਈ ਅਤੇ ਪੰਜਾਬ ਦੇ ਸਿਰ ਤੇ ਕਰਜ਼ਾ ਚੜ੍ਹਨਾ ਸ਼ੁਰੂ ਹੋਇਆ।ਧਾਲੀਵਾਲ ਨੇ ਕਿਹਾ ਕਿ ਡੇਢ ਮਹੀਨਾ ਪਹਿਲਾਂ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਮੰਨਿਆ ਸੀ ਕਿ ਜਦੋਂ ਉਹ ਕਾਂਗਰਸ ਐਮ.ਪੀ. ਸਨ ਤਾਂ ਉਨ੍ਹਾਂ ਨੇ 25 ਮੁੰਡਿਆਂ ਨੂੰ ਸਰੈਂਡਰ ਕਰਾਇਆ ਪਰ ਉਹ ਸਾਰੇ ਮਾਰ ਦਿੱਤੇ ਗਏ। ਧਾਲੀਵਾਲ ਨੇ ਸਵਾਲ ਕੀਤਾ ਕਿ ਉਨ੍ਹਾਂ ਮੁੰਡਿਆਂ ਦੀਆਂ ਲਾਸ਼ਾਂ ਕਿੱਥੇ ਗਈਆਂ ਅਤੇ ਉਨ੍ਹਾਂ ਦੇ ਨਾਂ ਕੀ ਸਨ। ਉਨ੍ਹਾਂ ਕਿਹਾ ਕਿ ਕੈਪਟਨ ਨੂੰ 30 ਸਾਲ ਬਾਅਦ ਚੇਤਾ ਆਇਆ ਅਤੇ ਹੁਣ ਕਹਿੰਦੇ ਹਨ ਕਿ ਕਦੀ-ਕਦੀ ਨੀਂਦ ਨਹੀਂ ਆਉਂਦੀ।ਆਪ ਆਗੂ ਨੇ ਕਿਹਾ ਕਿ 2017 ਦੀਆਂ ਚੋਣਾਂ ਵਿੱਚ ਜਦੋਂ ਆਮ ਆਦਮੀ ਪਾਰਟੀ ਦੇ 100 ਸੀਟਾਂ ਜਿੱਤਣ ਦੀ ਚਰਚਾ ਸੀ ਤਾਂ ਉਸ ਸਮੇਂ ਮੌੜ ਬੰਬ ਧਮਾਕਾ ਹੋਇਆ ਅਤੇ ਕਾਂਗਰਸ ਦੀ ਸਰਕਾਰ ਬਣ ਗਈ। ਉਨ੍ਹਾਂ ਕਿਹਾ ਕਿ ਅੱਜ ਭੱਠਲ ਦੇ ਬਿਆਨ ਤੋਂ ਇਹ ਸਭ ਕੁਝ ਸਾਹਮਣੇ ਆ ਰਿਹਾ ਹੈ।ਧਾਲੀਵਾਲ ਨੇ ਕਿਹਾ ਕਿ ਮੈਡਮ ਭੱਠਲ ਹਮੇਸ਼ਾ ਕਹਿੰਦੀ ਹੈ ਕਿ ਉਹ ਦੇਸ਼ ਭਗਤ ਬਾਬਾ ਹੀਰਾ ਸਿੰਘ ਭੱਠਲ ਦੀ ਬੇਟੀ ਹੈ। ਜੇਕਰ ਉਨ੍ਹਾਂ ਨੂੰ ਪੰਜਾਬ ਨਾਲ ਸੱਚਮੁੱਚ ਪਿਆਰ ਹੈ ਤਾਂ ਉਨ੍ਹਾਂ ਨੂੰ ਉਨ੍ਹਾਂ ਅਫ਼ਸਰਾਂ ਅਤੇ ਨੇਤਾਵਾਂ ਦੇ ਨਾਂ ਦੱਸਣੇ ਚਾਹੀਦੇ ਹਨ ਜੋ ਬੰਬ ਧਮਾਕੇ ਕਰਨ ਦੀਆਂ ਸਲਾਹਾਂ ਦਿੰਦੇ ਸਨ। ਜੇਕਰ ਉਹ ਨਾਂ ਨਹੀਂ ਦੱਸਦੇ ਤਾਂ ਉਹ ਆਪਣੇ ਵੱਡੇ-ਵਡੇਰਿਆਂ ਦੀ ਦੇਸ਼ ਭਗਤੀ ਨੂੰ ਵੀ ਮਿੱਟੀ ਵਿੱਚ ਰੋਲ ਰਹੇ ਹਨ।ਵਿਧਾਇਕ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਇਸ ਬਿਆਨ ਦੀ ਡੂੰਘਾਈ ਨਾਲ ਜਾਂਚ ਕਰਾਈ ਜਾਵੇ। ਉਨ੍ਹਾਂ ਕਿਹਾ ਕਿ ਇਹ ਬਹੁਤ ਗੰਭੀਰ ਮੁੱਦਾ ਹੈ ਕਿਉਂਕਿ ਪੰਜਾਬ ਦੇ ਹਜ਼ਾਰਾਂ ਲੋਕ ਮਰ ਗਏ ਅਤੇ ਕਈ ਅਜੇ ਵੀ ਜੇਲ੍ਹਾਂ ਵਿੱਚ ਬੈਠੇ ਹਨ। ਉਨ੍ਹਾਂ ਕਿਹਾ ਕਿ ਇਹ ਸਾਜ਼ਿਸ਼ਾਂ ਬੇਨਕਾਬ ਹੋਣੀਆਂ ਚਾਹੀਦੀਆਂ ਹਨ।ਧਾਲੀਵਾਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਕਾਂਗਰਸ ਦਾ ਅਸਲੀ ਚਿਹਰਾ ਹੁਣ ਨੰਗਾ ਹੋ ਰਿਹਾ ਹੈ।ਧਾਲੀਵਾਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਕਾਂਗਰਸ ਦਾ ਅਸਲੀ ਚਿਹਰਾ ਹੁਣ ਨੰਗਾ ਹੋ ਰਿਹਾ ਹੈ।

# ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਸਾਲਾਨਾ ਸਮਾਰੋਹ ਸ਼ਾਨੋ-ਸ਼ੌਕਤ ਨਾਲ ਮਨਾਇਆ

ਬਾਬਾ ਬਕਾਲਾ ਸਾਹਿਬ:-(ਬਲਰਾਜ ਸਿੰਘ ਰਾਜਾ) : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਪਾਵਨ ਧਰਤੀ ਬਾਬਾ ਬਕਾਲਾ ਸਾਹਿਬ ਵਿਖੇ,ਜਥੇਦਾਰ ਬਾਬਾ ਜੋਗਾ ਸਿੰਘ ਜੀ, ਬਾਬਾ ਪਾਲਾ ਜੀ ਵੱਲੋਂ ਬਾਬਾ ਤਰਸੇਮ ਸਿੰਘ ਭਰਥ ਜੀ ਮਹਾਂਪੁਰਖਾਂ ਦੀ ਓਟ-ਆਸਰੇ ਚੱਲ ਰਹੇ ਅਦਾਰੇ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਸਾਹਿਬ ਵੱਲੋਂ ਆਪਣੇ ਸਿੱਖਿਆ ਦੇ ਖੇਤਰ ਵਿੱਚ 23 ਸਫਲ ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਸਾਲਾਨਾ ਸਮਾਰੋਹ ਬੜੀ ਹੀ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਦਸਮੇਸ਼ ਪਬਲਿਕ ਸਕੂਲ ਵਿੱਚ 23ਵੇਂ ਸਾਲ ਦਾ ਸਾਲਾਨਾ ਸਮਾਰੋਹ ਮਨਾਇਆ ਗਿਆ, ਜਿਸ ਵਿੱਚ ਪੰਜਾਬੀਅਤ ਅਤੇ ਪੰਜਾਬ ਨੂੰ ਸਮਰਪਿਤ ਕਾਰਜਕ੍ਰਮ ਪੇਸ਼ ਕੀਤੇ ਗਏ। ਇਸ ਮੌਕੇ 'ਤੇ ਪੰਜਾਬੀ ਸਭਿਆਚਾਰ 'ਤੇ ਆਧਾਰਿਤ ਪ੍ਰਦਰਸ਼ਨੀ ਅਤੇ ਪੰਜਾਬੀ ਸਾਹਿਤ ਦੀ ਪੁਸਤਕ ਮੇਲਾ ਵੀ ਲਗਾਇਆ ਗਿਆ। ਬੱਚਿਆਂ ਅਤੇ ਮਾਤਾ-ਪਿਤਾ ਨੂੰ ਆਪਣੀ ਪੰਜਾਬੀ ਮਾਂ-ਬੋਲੀ ਅਤੇ ਵਿਰਾਸਤ ਨਾਲ ਜੋੜਨ ਲਈ ਸਾਲਾਨਾ ਸਮਾਰੋਹ ਦਾ ਥੀਮ ਵਿਰਾਸਤ-ਏ-ਪੰਜਾਬ ਰੱਖਿਆ ਗਿਆ। ਇਸ ਸਮਾਰੋਹ ਰਾਹੀਂ ਆਪਣੇ ਸਿੱਖ ਧਰਮ ਦੇ ਇਤਿਹਾਸ ਬਾਰੇ ਜਾਗਰੂਕ ਕੀਤਾ ਗਿਆ ਅਤੇ ਉਸ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ।ਇਸ ਸਾਲ ਦੇ ਸਮਾਰੋਹ ਦੀ ਖਾਸ ਵਿਸ਼ੇਸ਼ਤਾ ਵਿਰਾਸਤ ਏ ਪੰਜਾਬ ਥੀਮ ਰਹੀ, ਜਿਸ ਨੇ ਹਾਜ਼ਰ ਸਾਰੇ ਮਹਿਮਾਨਾਂ ਅਤੇ ਦਰਸ਼ਕਾਂ ਨੂੰ ਪੰਜਾਬ ਦੇ ਪੁਰਾਤਨ ਵਿਰਸੇ ਨਾਲ ਜੋੜ ਕੇ ਰੱਖ ਦਿੱਤਾ। ਸਕੂਲ ਕੈਂਪਸ ਵਿੱਚ ਪੰਜਾਬੀ ਸਭਿਆਚਾਰ ਨੂੰ ਦਰਸਾਉਂਦੀ ਪੁਰਾਣੀਆਂ ਵਰਤੋਂ ਦੀਆਂ ਵਸਤੂਆਂ ਦੀ ਵਿਸ਼ੇਸ਼ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਪੁਰਾਤਨ ਘਰੇਲੂ ਬਰਤਨ ਅਤੇ ਵਿਰਸੇ ਨਾਲ ਸੰਬੰਧਿਤ ਕਈ ਮਹੱਤਵਪੂਰਨ ਚੀਜ਼ਾਂ ਸ਼ਾਮਲ ਸਨ। ਇਸ ਦੇ ਨਾਲ ਹੀ ਮਹਿਮਾਨਾਂ ਲਈ ਰਵਾਇਤੀ ਪੰਜਾਬੀ ਢੰਗ ਨਾਲ ਖਾਣ-ਪੀਣ ਦਾ ਵੀ ਪ੍ਰਬੰਧ ਕੀਤਾ ਗਿਆ। ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਪੰਜਾਬੀ ਸਭਿਆਚਾਰ ਅਧਾਰਿਤ ਮਨਮੋਹਕ ਪੇਸ਼ਕਾਰੀਆਂ ਕੀਤੀਆਂ ਗਈਆਂ। ਲੋਕ-ਨਾਚ, ਲੋਕ-ਗੀਤ, ਨਾਟਕ ਅਤੇ ਦ੍ਰਿਸ਼ਾਂ ਰਾਹੀਂ ਪੰਜਾਬ ਦੇ ਇਤਿਹਾਸ, ਕੁਰਬਾਨੀਆਂ ਅਤੇ ਸਮਾਜਿਕ ਬਦਲਾਵਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ, ਜਿਸ ਨਾਲ ਦਰਸ਼ਕ ਭਾਵੁਕ ਹੋ ਗਏ ਅਤੇ ਤਾਲੀਆਂ ਦੀ ਗੂੰਜ ਨਾਲ ਪੂਰਾ ਪ੍ਰੰਗਣ ਗੂੰਜ ਉੱਠਿਆ।ਸਮਾਰੋਹ ਦੀ ਅਸਲ ਰੂਹ ਵਿਸ਼ੇਸ਼ ਤੌਰ 'ਤੇ ਪ੍ਰਿੰਸੀਪਲ ਮੈਡਮ ਹਰਵਿੰਦਰ ਕੌਰ ਜੀ ਦੀ ਯੋਗ ਰਹਿਨੁਮਾਈ ਰਹੀ, ਜਿਨ੍ਹਾਂ ਦੀ ਸੋਚ ਅਤੇ ਮਿਹਨਤ ਸਦਕਾ ਵਿਰਾਸਤ ਏ ਪੰਜਾਬ ਇਕ ਵਿਲੱਖਣ ਅਤੇ ਸੋਚ ਉਤਸ਼ਾਹਕ ਪੇਸ਼ਕਾਰੀ ਵਜੋਂ ਸਾਹਮਣੇ ਆਈ। ਪੂਰਾ ਸਮਾਰੋਹ ਥੀਮ ਅਧਾਰਿਤ ਰਿਹਾ, ਜਿਸ ਵਿੱਚ ਪ੍ਰਭਾਤ ਫੇਰੀ ਤੋਂ ਸ਼ੁਰੂ ਕਰਕੇ ਮੁਗਲਾਂ ਅਤੇ ਅੰਗਰੇਜ਼ਾਂ ਵੱਲੋਂ ਪੰਜਾਬ 'ਤੇ ਕੀਤੇ ਗਏ ਜ਼ੁਲਮਾਂ ਨੂੰ ਲੜੀਵਾਰ ਤਰੀਕੇ ਨਾਲ ਦਰਸਾਇਆ ਗਿਆ। ਇਸ ਤੋਂ ਬਾਅਦ ਅਜੋਕੇ ਪੰਜਾਬ ਦੀ ਸਥਿਤੀ, ਵਿਦੇਸ਼ ਪ੍ਰਵਾਸ ਖਾਸ ਕਰਕੇ ਕੈਨੇਡਾ ਜਾਣ ਦੀ ਦੌੜ, 95*"♥ ਦਾ ਦਬਾਅ, ਵਿਆਹਾਂ ਵਿੱਚ ਆ ਰਹੀਆਂ ਤਬਦੀਲੀਆਂ, ਬਜ਼ੁਰਗਾਂ ਦੀ ਇਕੱਲਾਪਨ ਦੀ ਤ੍ਰਾਸਦੀ ਅਤੇ ਆਖ਼ਰ ਵਿੱਚ ਆਪਣੇ ਮਾਂ-ਬੋਲੀ ਅਤੇ ਮਾਂ-ਧਰਤੀ ਪੰਜਾਬ ਵੱਲ ਵਾਪਸੀ ਦਾ ਸੰਦੇਸ਼ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਹੁਣ ਦਸ਼ਮੇਸ਼ ਸਕੂਲ ਤੋਂ ਬਾਹਰ ਜਾਣ ਦੀ ਥਾਂ, ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ 99" / •55 / 19555 ਵਰਗੇ ਕੋਰਸਾਂ ਦੀ ਲੀਡ ਫਾਊਂਡੇਸ਼ਨ ਇਸੇ ਸੈਸ਼ਨ ਤੋਂ ਸਕੂਲ ਦੇ ਸਮੇ ਵਿਚ ਹੀ ਤਿਆਰੀ ਸ਼ੁਰੂ ਕੀਤੀ ਜਾ ਰਹੀ ਅਤੇ ◆ਇਸਦਾ ਉਦਘਾਟਨ ਸ ਦਲਬੀਰ ਸਿੰਘ ਟੌਂਗ ਵਲੋਂ ਕਰਵਾਇਆ ਗਿਆ ਇਸਦੇ ਨਾਲ ਹੀ ਏਅਰ ਕੰਡੀਸ਼ਨਡ (13) ਕੈਂਪਸ ਦੀ ਸੁਵਿਧਾ ਵੀ ਸ਼ੁਰੂ ਹੈ ਜੋ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਉੱਚ ਸਤਰ ਦੀ ਸਿੱਖਿਆ ਪ੍ਰਦਾਨ ਕਰਨ ਵਿੱਚ ਸਹਾਇਕ ਸਾਬਤ ਹੋਵੇਗੀ।ਇਸ ਮੌਕੇ ਮੁੱਖ ਮਹਿਮਾਨ ਵਜੋਂ ਵਿਧਾਇਕ ਸਰਦਾਰ ਦਲਬੀਰ ਸਿੰਘ ਟੌਂਗ,ਡੀ.ਐਸ.ਪੀ. ਸਰ ਅਰੁਣ ਸ਼ਰਮਾ ਜੀ,ਤਹਿਸੀਲਦਾਰ ਮੈਡਮ ਰੌਬਨਜੀਤ ਕੌਰ,ਨਾਇਬ ਤਹਿਸੀਲਦਾਰ ਮੈਡਮ ਮਨੀ ਮਹਾਜਨ ਜੀ,ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਤੋਂ ਇਲਾਵਾ ਮੈਨੇਜਰ ਸਰਦਾਰ ਗੁਰਪ੍ਰੀਤ ਸਿੰਘ ਜੀ (ਨੌਵੀਂ ਪਾਤਸ਼ਾਹੀ ਗੁਰਦੁਆਰਾ ਬਾਬਾ ਬਕਾਲਾ ਸਾਹਿਬ), ਸਮੂਹ ਪਤਵੰਤੇ ਸੱਜਣ, ਸਮਾਜਸੇਵੀ ਬਾਬਾ ਦਯਾ ਸਿੰਘ ਜੀ, ਵੱਖ-ਵੱਖ ਸਮਾਪਰਦਾਵਾਂ ਦੇ ਮਹਾਂਪੁਰਖ, ਸੁਰਜਨ ਸਿੰਘ ਸੋਨੂੰ ਜੀ, ਜੋਗਬੀਰ ਸਿੰਘ, ਰਣਧੀਰ ਸਿੰਘ ਸਰਪੰਚ, ਮੰਨਣ ਜੀ (ਮੀਡੀਆ ਇੰਚਾਰਜ), ਕਰਮਜੀਤ ਸਿੰਘ ਕੰਮਾਂ ਸਰਪੰਚ, ਪ੍ਰੈਸ ਰਾਕੇਸ਼ ਜੀ , ਪ੍ਰੈਸ ਰਾਜਾ ,ਪ੍ਰੈਸ ਬਲਵਿੰਦਰ ਸਿੰਘ ਜੀ , ਸ ਦਿਲਬਾਗ ਸਿੰਘ ਭੁੱਲਰ , ਸ ਗੁਰਮੇਜ ਸਿੰਘ , ਵਿਸ਼ੇਸ਼ ਰਾਜਵਿੰਦਰ ਸਿੰਘ ਗੋਲਡਨ ਜੀ (ਕਿਸਾਨ ਯੂਨੀਅਨ ਮੁਖੀ - ਇੰਡੀਆ ਲੈਵਲ), ਸ . ਸੁਰਜੀਤ ਸਿੰਘ ਕੰਗ , ਸ ਸਲਿੰਦਰਜੀਤ ਸਿੰਘ ਰਾਜਨ , ਪ੍ਰਿੰਸੀਪਲ ਮੈਡਮ ਮਨਜੀਤ ਕੌਰ ਵਾਲਿਆਂ , ਮੈਡਮ ਮਨਜੀਤ ਕੌਰ ਪੱਡਾ ,ਸ ਤੇਜਵਿੰਦਰ ਸਿੰਘ ,ਸ ਗੁਰਸੇਵਕ ਸਿੰਘ , ਸਰਦਾਰ ਕੁਲਵੰਤ ਸਿੰਘ ਜੀ (ਬਿਰਲਾ ਓਪਨ ਸਕੂਲ),ਸ . ਮਨਵਿੰਦਰ ਸਿੰਘ ,ਸ . ਬੀਰ ਇੰਦਰ ਸਿੰਘ ਪੰਨੂ ਪ੍ਰਿੰਸੀਪਲ ਡਾਇਰੈਕਟਰ ,ਸ ਹਰਚਰਨ ਸਿੰਘ ਪ੍ਰਿੰਸੀਪਲ ,ਡਾਇਰੈਕਟਰ ,ਸ .ਨਿਰਮੱਲ ਸਿੰਘ ਸਮੂਹ ਮਾਪੇ, ਵਿਦਿਆਰਥੀ ਅਤੇ ਦਸ਼ਮੇਸ਼ ਸਕੂਲ ਦਾ ਸਮੂਹ ਸਟਾਫ ਵੱਡੀ ਗਿਣਤੀ ਵਿੱਚ ਹਾਜ਼ਰ ਰਿਹਾ।

# ਸੱਤ ਰੋਜਾ ਐਨ.ਐਸ.ਐਸ. ਕੈਂਪ ਦੀ ਸ਼ੁਰੂਆਤ

ਫਤਿਹਗੜ੍ਹ ਸਾਹਿਬ, 30 ਜਨਵਰੀ (ਹਰਪ੍ਰੀਤ ਕੌਰ ਟਿਵਾਣਾ)ਪੰਜਾਬ ਕਾਲਜ ਆਫ਼ ਕਾਮਰਸ ਐਂਡ ਐਗਰੀਕਲਚਰ ਪਿੰਡ ਸਰਕੱਪੜਾ,ਚੁੰਨੀ ਕਲਾਂ, ਫਤਿਹਗੜ੍ਹ ਸਾਹਿਬ ਵਿਖੇ ਅੱਜ ਤੋਂ ਸੱਤ ਰੋਜਾ ਦਿਨ-ਰਾਤ ਐਨ.ਐਸ.ਐਸ. ਕੈਂਪ ਦੀ ਸ਼ੁਰੂਆਤ ਹੋਈ। ਜਿਸ ਵਿਚ ਕਾਲਜ ਦੇ 50 ਰੈਗੂਲਰ ਅਤੇ 50 ਸੈਲਫ ਫਾਈਨਾਂਸ ਐਨ.ਐਸ.ਐਸ ਵਲੰਟੀਅਰਾਂ ਨੇ ਭਾਗ ਲਿਆ। ਕੈਂਪ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਅਤੇ ਐੱਨ.ਐੱਸ.ਐੱਸ ਪ੍ਰੋਗਰਾਮ ਅਫਸਰ ਅਸਿਸਟੈਂਟ ਪ੍ਰੋਫੈਸਰ ਗੁਰਵਿੰਦਰ ਸਿੰਘ ਅਤੇ ਸੁਖਦੀਪ ਕੌਰ ਅਤੇ ਅੱਜ ਦੇ ਮਹਿਮਾਨ ਚੇਅਰਮੈਨ ਸ. ਨਿਰਮਲ ਸਿੰਘ ਵੱਲੋਂ ਸ਼ਮਾ ਰੌਸ਼ਨ ਕਰ ਕੇ ਕੀਤੀ ਗਈ। ਇਸ ਮੌਕੇ ਪੰਜਾਬ ਗਰੁੱਪ ਆਫ ਕਾਲਜਸ ਦੇ ਚੇਅਰਮੈਨ ਸਰਦਾਰ ਨਿਰਮਲ ਸਿੰਘ ਨੇ ਵਿਦਿਆਰਥੀਆਂ ਨੂੰ ਵਿਦਿਆ ਦੇ ਨਾਲ ਨਾਲ ਸਮਾਜ ਸੇਵਾ ਦੀ ਅਹਿਮੀਅਤ ਬਾਰੇ ਵੀ ਚਾਨਣਾ ਪਾਇਆ। ਕਾਲਜ ਦੇ ਪ੍ਰਿੰਸੀਪਲ ਡਾ.ਸੁਮਨਦੀਪ ਕੌਰ ਵੱਲੋਂ ਵੀ ਵਲੰਟੀਅਰਾਂ ਨੂੰ ਐੱਨ.ਐੱਸ.ਐੱਸ ਬਾਰੇ ਪ੍ਰੇਰੀਤ ਕਰਦੇ ਹੋਏ ਕੈਂਪ ਵਿੱਚ ਵਧ-ਚੜ੍ਹ ਕੇ ਸੇਵਾ ਭਾਵਨਾ ਨਾਲ ਕੰਮ ਕਰਨ ਦੀ ਹੱਲਾ-ਸ਼ੇਰੀ ਦਿੱਤੀ। ਪ੍ਰੋਗਰਾਮ ਅਫਸਰ ਗੁਰਵਿੰਦਰ ਸਿੰਘ ਐੱਨ.ਐੱਸ.ਐੱਸ ਦੇ ਮਾਟੋ (ਮੈਂ ਨਹੀਂ ਤੂੰ) ਬਾਰੇ ਵੀ ਜਾਣੂ ਕਰਵਾਇਆ ਅਤੇ ਐੱਨ.ਐੱਸ.ਐੱਸ. ਦੀ ਸੌਂਹ ਵੀ ਚੁਕਵਾਈ ਗਈ। ਸ਼ਾਮ ਨੂੰ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਜਿਸ ਵਿਚ ਸਾਨੀਆ ਬੀ.ਸੀ.ਏ. ਕਲਾਸ ਦੀ ਵਿਦਿਆਰਥਣ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਾਲਜ ਸਟਾਫ ਵੱਲੋਂ ਵੀ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਗਈ।

# ਪੁਲਿਸ ਨੇ ਰੇਲਵੇ ਸਟੇਸ਼ਨ 'ਤੇ ਚਲਾਈ ਤਲਾਸ਼ੀ ਮੁਹਿੰਮ

ਬਠਿੰਡਾ, 30 ਜਨਵਰੀ (ਦੀਪਕ ਸ਼ਰਮਾ): ਜ਼ਿਲ੍ਹੇ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਦੇ ਮਕਸਦ ਨਾਲ ਬਠਿੰਡਾ ਪੁਲਿਸ ਵੱਲੋਂ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ। ਇਹ ਅਭਿਆਨ ਸ਼ਹਿਰਡ ਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਕਿਸੇ ਵੀ ਅਣਚਾਹੀ ਘਟਨਾ ਨੂੰ ਰੋਕਣ ਲਈ ਕੀਤਾ ਗਿਆ। ਐਸਪੀ ਸਿਟੀ ਨਰਿੰਦਰ ਸਿੰਘ ਦੀ ਅਗਵਾਈ ਹੇਠ ਚਲਾਏ ਗਏ ਇਸ ਅਭਿਆਨ ਵਿੱਚ ਵੱਖ-ਵੱਖ ਥਾਣਿਆਂ ਦੇ ਐਸਐਚਓ ਅਤੇ ਡੀਐਸਪੀ ਵੀ ਸ਼ਾਮਲ ਰਹੇ। ਐਸਪੀ ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਅਭਿਆਨ ਦੌਰਾਨ ਰੇਲਵੇ ਸਟੇਸ਼ਨ ਪਰਿਸਰ ਵਿੱਚ ਆਉਣ-ਜਾਣ ਵਾਲੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ। ਇਸ ਤੋਂ ਇਲਾਵਾ ਸਟੇਸ਼ਨ ਦੇ ਆਲੇ-ਦੁਆਲੇ ਮੌਜੂਦ ਹੋਟਲਾਂ ਅਤੇ ਹੋਰ ਵਪਾਰਕ ਸਥਾਨਾਂ ਦੀ ਵੀ ਜਾਂਚ ਕੀਤੀ ਗਈ। ਉਨ੍ਹਾਂ ਕਿਹਾ ਕਿ ਕਈ ਵਾਰ ਸ਼ਰਾਰਤੀ ਤੱਤ ਅਣਚਾਹੀ ਘਟਨਾ ਨੂੰ ਅੰਜਾਮ ਦੇ ਸਕਦੇ ਹਨ, ਜਿਸ ਕਰਕੇ ਇਸ ਤਰ੍ਹਾਂ ਦੀ ਵਿਸ਼ੇਸ਼ ਚੈਕਿੰਗ ਜ਼ਰੂਰੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਅਭਿਆਨ ਦਾ ਮਕਸਦ ਸਿਰਫ਼ ਸੁਰੱਖਿਆ ਯਕੀਨੀ ਬਣਾਉਣਾ ਹੀ ਨਹੀਂ, ਸਗੋਂ ਲੋਕਾਂ ਵਿੱਚ ਸੁਰੱਖਿਆ ਪ੍ਰਤੀ



ਜਾਗਰੂਕਤਾ ਵਧਾਉਣਾ ਵੀ ਹੈ। ਐਸਪੀ ਸਿਟੀ ਨੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਕੋਈ ਵੀ ਸ਼ੱਕੀ ਗਤੀਵਿਧੀ ਨਜ਼ਰ ਆਏ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਆਮ ਨਾਗਰਿਕਾਂ ਦਾ ਸਹਿਯੋਗ ਕਾਨੂੰਨ-ਵਿਵਸਥਾ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਐਸਪੀ ਨੇ ਇਹ ਵੀ ਸਪਸ਼ਟ ਕੀਤਾ ਕਿ ਅਭਿਆਨ ਦੌਰਾਨ ਕੋਈ ਵੀ ਵਿਅਕਤੀ-ਚਾਹੇ ਯਾਤਰੀ ਹੋਵੇ ਜਾਂ ਹੋਟਲ ਵਪਾਰੀ ਅਸੁਰੱਖਿਅਤ ਮਹਿਸੂਸ ਨਾ ਕਰੇ। ਚੈਕਿੰਗ ਪੂਰੀ ਤਰ੍ਹਾਂ ਜਨਤਕ ਸੁਰੱਖਿਆ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਅਭਿਆਨ ਸਮੇਂ-ਸਮੇਂ 'ਤੇ ਪੂਰੇ ਸ਼ਹਿਰ ਵਿੱਚ ਜਾਰੀ ਰਹਿਣਗੇ ਤਾਂ ਜੋ ਕਿਸੇ ਵੀ ਸ਼ਰਾਰਤੀ ਗਤੀਵਿਧੀ ਨੂੰ ਸਮੇਂ ਸਿਰ ਰੋਕਿਆ ਜਾ ਸਕੇ। ਇਸ ਅਭਿਆਨ ਰਾਹੀਂ ਬਠਿੰਡਾ ਪੁਲਿਸ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਸ਼ਹਿਰ ਵਿੱਚ ਸੁਰੱਖਿਆ ਸਭ ਤੋਂ ਉੱਚੀ ਤਰਜੀਹ ਹੈ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਪੁਲਿਸ ਪੂਰੀ ਤਰ੍ਹਾਂ ਸਾਵਧਾਨ ਹੈ। ਪੁਲਿਸ ਨੇ ਸਾਰੇ ਨਾਗਰਿਕਾਂ ਤੋਂ ਸਹਿਯੋਗ ਕਰਨ ਅਤੇ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਇਸ ਵਿਸ਼ੇਸ਼ ਸਰਚ ਅਭਿਆਨ ਨਾਲ ਰੇਲਵੇ ਸਟੇਸ਼ਨ ਅਤੇ ਆਸ-ਪਾਸ ਦੇ ਖੇਤਰਾਂ ਦੀ ਸੁਰੱਖਿਆ ਹੋਰ ਮਜ਼ਬੂਤ ਹੋਈ ਹੈ ਤੇ ਸ਼ਹਿਰਵਾਸੀਆਂ ਵਿੱਚ ਸੁਰੱਖਿਆ ਪ੍ਰਤੀ ਭਰੋਸਾ ਵਧਿਆ ਹੈ।

# ਯੂਥ ਕਲੱਬ ਪਾਲਿਸੀ-2025 ਤਹਿਤ ਹੋਵੇਗੀ ਯੂਥ ਕਲੱਬਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ

## ਗ਼ੈਰ-ਸਰਗਰਮ ਕਲੱਬਾਂ ਦੀ ਹੋਵੇਗੀ ਮਾਨਤਾ ਰੱਦ : ਡੀ.ਸੀ.

ਸੰਗਰੂਰ, 30 ਜਨਵਰੀ (ਹਰਕੰਵਲ ਸਿੰਘ ਹੈਪੀ): ਪੰਜਾਬ ਸਰਕਾਰ ਯੁਵਕ ਸੇਵਾਵਾਂ, ਵਿਭਾਗ ਪੰਜਾਬ ਵੱਲੋਂ ਪ੍ਰਵਾਨਗੀ ਉਪਰੰਤ ਯੂਥ ਕਲੱਬ ਪਾਲਿਸੀ 2025 ਦੀ ਨੋਟੀਫੀਕੇਸ਼ਨ ਜਾਰੀ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਹੁਲ ਚਾਬਾ, ਡਿਪਟੀ ਕਮਿਸ਼ਨਰ ਸੰਗਰੂਰ ਨੇ ਦੱਸਿਆ ਕਿ ਯੂਥ ਕਲੱਬ ਐਫੀਲੀਏਸ਼ਨ ਪਾਲਿਸੀ 2025 ਤਹਿਤ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੂਥ ਕਲੱਬਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਕੇ ਗੈਰ ਸਰਗਰਮ ਯੂਥ ਕਲੱਬਾਂ ਨੂੰ ਰੱਦ ਕਰਨ ਦਾ ਫੈਸਲਾ ਮਿਤੀ 21 ਜਨਵਰੀ ਦੇ ਅਖਬਾਰਾਂ ਵਿੱਚ ਦਿੱਤੇ ਗਏ ਪਬਲਿਕ ਨੋਟਿਸ ਰਾਂਹੀ ਲਿਆ ਗਿਆ ਹੈ।

ਉਹਨਾਂ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਨੂੰ ਹਦਾਇਤ ਕੀਤੀ ਕਿ ਉਹ ਜ਼ਿਲ੍ਹਾ ਸੰਗਰੂਰ ਦੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ (ਯੂਥ ਹੋਸਟਲ) ਦੇ ਦਫਤਰ ਵਿੱਚ ਪਹੁੰਚ ਕੇ ਪੰਜਾਬ ਸਰਕਾਰ ਵੱਲੋਂ ਨੋਟਿਸ ਦੀ ਪਾਲਣਾ ਹਿੱਤ 45 ਦਿਨ ਦੇ ਅੰਦਰ-ਅੰਦਰ ਆਪਣੇ ਕਲੱਬ ਦੀ ਪਿਛਲੇ ਤਿੰਨ ਸਾਲਾਂ (2023-24, 2024-25 ਤੇ 2025-26) ਦੀ ਕਾਰਗੁਜ਼ਾਰੀ ਦਾ ਵੇਰਵਾ ਸਬੂਤਾਂ ਸਮੇਤ ਮੁਹੱਈਆ ਕਰਵਾਉਣ।ਨਵੀ ਯੂਥ ਪਾਲਿਸੀ ਤਹਿਤ ਕਲੱਬਾਂ ਵੱਲੋਂ ਕਾਰਗੁਜ਼ਾਰੀ ਰਿਪੋਰਟ ਨਿਰਧਾਰਿਤ ਸਮੇਂ ਅੰਦਰ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ। ਅਰੁਣ ਕੁਮਾਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਨੇ ਦੱਸਿਆ ਕਿ ਇਸ ਮੌਕੇ ਵਿਭਾਗ ਨਾਲ 730 ਯੁਵਕ ਸੇਵਾਵਾਂ ਕਲੱਬ ਐਫੀਲੀਏਟਿਡ ਹਨ ਅਤੇ ਇਹਨਾਂ ਵਿੱਚੋਂ ਬਹੁਤੇ ਕਲੱਬਾਂ ਦੀ ਕਾਰਗੁਜ਼ਾਰੀ ਸੰਤੋਖਜਨਕ ਨਹੀਂ ਹੈ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਸਜਾਇਆ



ਧੂਰੀ, 30 ਜਨਵਰੀ (ਰਾਜੇਸ਼ਵਰ ਪਿੰਟੂ): ਸ੍ਰੀ ਗੁਰੂ ਰਵਿਦਾਸ ਸਭਾ ਧੂਰੀ ਪਿੰਡ ਵੱਲੋਂ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼ਹਿਰ ਦੀਆਂ ਵੱਖ-ਵੱਖ ਗੁਰੂ ਘਰਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ, ਜੋ ਧੂਰੀ ਪਿੰਡ ਤੋਂ ਸ਼ੁਰੂ ਹੋ ਕੇ ਐੱਸ. ਡੀ ਸਕੂਲ ਰੋਡ, ਭਲਵਾਨ ਵਾਲਾ ਅੱਡਾ, ਪੰਚਾਇਤੀ ਗੁਰਦੁਆਰਾ, ਰੇਲਵੇ ਰੋਡ, ਸਦਰ ਬਜਾਰ, ਕੱਕੜਵਾਲ ਚੌਂਕ, ਸੰਗਰੂਰ ਬਾਈਪਾਸ ਰੋਡ, ਸਿਨੇਮਾ ਰੋਡ ਤੋਂ ਕ੍ਰਾਂਤੀ ਚੌਂਕ ਹੁੰਦਾ ਹੋਇਆ ਵਾਪਸ ਗੁਰੂ ਘਰ ਵਿਖੇ ਸੰਪਨ ਹੋਇਆ।

ਨਗਰ ਕੀਰਤਨ ਦਾ ਥਾਂ-ਥਾਂ ਸੰਗਤਾਂ ਵੱਲੋਂ ਭਰਵਾਂ ਤੇ ਨਿੱਘਾ ਸਵਾਗਤ ਕਰਦਿਆਂ ਲੰਗਰ ਲਗਾਏ ਗਏ। ਨਗਰ ਕੀਰਤਨ ਦੌਰਾਨ ਰਾਘੀ ਸਿੰਘਾਂ ਅਤੇ ਢਾਡੀ ਸਿੰਘਾਂ ਨੇ ਗੁਰ ਇਤਿਹਾਸ ਦਾ ਵਰਨਣ ਕੀਤਾ। ਇਸ ਮੌਕੇ ਜੰਗ ਸਿੰਘ, ਬਲਵਿੰਦਰ ਸਿੰਘ ਕਾਲਾ, ਧਰਮਪਾਲ ਪਾਲੀ, ਜਗਜੀਤ ਸਿੰਘ ਤੇ ਗੁਰਪਾਲ ਸਿੰਘ ਆਦਿ ਵੀ ਹਾਜਰ ਸਨ।

# ਬਾਜ਼ਾਰਾਂ 'ਚ ਨੀਵੀਆਂ ਤੇ ਨੰਗੀਆਂ ਬਿਜਲੀ ਦੀਆਂ ਤਾਰਾਂ ਕਾਰਨ ਲੋਕਾਂ 'ਚ ਡਰ ਦਾ ਮਾਹੌਲ

ਬੁਢਲਾਡਾ, 30 ਜਨਵਰੀ (ਜੀਵਨ ਕੁਮਾਰ): ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਬਿਜਲੀ ਦੀਆਂ ਤਾਰਾਂ ਨੀਵੀਆਂ ਅਤੇ ਕਈ ਥਾਵਾਂ ਤੋਂ ਨੰਗੀਆਂ ਹੋਣ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਤੰਗ ਗਲੀਆਂ ਅਤੇ ਭੀੜਭਾੜ ਵਾਲੇ ਇਲਾਕਿਆਂ ਵਿੱਚ ਇਹ ਤਾਰਾਂ ਵੱਡੇ ਹਾਦਸੇ ਨੂੰ ਸੱਦਾ ਦੇ ਰਹੀਆਂ ਹਨ। ਰਾਹਗੀਰਾਂ ਤੇ ਖਾਸ ਕਰਕੇ ਦੁਕਾਨਦਾਰਾਂ ਲਈ ਇਹ ਤਾਰਾਂ ਜਾਨਲੇਵਾ ਸਾਬਤ ਹੋ ਸਕਦੀਆਂ ਹਨ। ਹਲਕੀ ਵਰਖਾ ਜਾਂ ਤੇਜ਼ ਹਵਾਵਾਂ ਦੌਰਾਨ ਬਿਜਲੀ ਦੀਆਂ ਤਾਰਾਂ ਇਕ-ਦੂਜੇ ਨਾਲ ਟਕਰਾ ਕੇ ਚਿੰਗਾਰੀਆਂ ਵੀ ਛੱਡਦਿਆ ਹਨ, ਜਿਸ ਨਾਲ ਅੱਗ ਲੱਗਣ ਦਾ ਵੀ ਖ਼ਤਰਾ ਬਣਿਆ ਰਹਿੰਦਾ ਹੈ।

ਸਥਾਨਕ ਲੋਕਾਂ ਨੇ ਬਿਜਲੀ ਵਿਭਾਗ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਤਾਰਾਂ ਨੂੰ ਤੁਰੰਤ ਠੀਕ ਕੀਤਾ ਜਾਵੇ ਜਾਂ ਅੰਡਰਗ੍ਰਾਊਂਡ ਕੀਤਾ ਜਾਵੇ, ਤਾਂ ਜੋ ਕਿਸੇ ਅਣਹੋਣੀ ਤੋਂ ਬਚਿਆ ਜਾ ਸਕੇ। ਲੋਕਾਂ ਦਾ ਕਹਿਣਾ ਹੈ ਕਿ ਜੇ ਸਮੇਂ ਸਿਰ ਕਾਰਵਾਈ ਨਾ ਹੋਈ ਤਾਂ ਵੱਡਾ ਹਾਦਸਾ ਵਾਪਰ ਸਕਦਾ ਹੈ।

# ਫ਼ਤਿਹ ਗਰੁੱਪ ਵਿਖੇ ਨੈਤਿਕ ਕਦਰਾਂ-ਕੀਮਤਾਂ ਤੇ ਸਿੱਖਿਆ ਵਿਸ਼ੇ ਸਬੰਧੀ ਸੈਮੀਨਾਰ ਲਗਾਇਆ

ਰਾਮਪੁਰਾ ਫੂਲ, 30 ਜਨਵਰੀ (ਮਨਪ੍ਰੀਤ ਮਿੰਟੂ): ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਦੇ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਹਿਜ ਪਾਠ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਤਨਾਮ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਅਜੋਕੀ ਨੌਜਵਾਨੀ ਦਾ ਪੂਰਨ ਸਿੱਖਿਅਤ ਹੋਣਾ ਸਮੇਂ ਦੀ ਵੱਡੀ ਲੋੜ ਹੈ ਕਿਉਂਕਿ ਸਿੱਖਿਆ ਜੀਵਨ ਜਾਂਚ ਦਾ ਉਹ ਸਾਧਨ ਹੈ ਜੋ ਮਨੁੱਖੀ ਸਖ਼ਸ਼ੀਅਤ ਵਿੱਚ ਨਿਖਾਰ ਲਿਆਉਂਦੀ ਹੈ। ਭਾਈ ਸਤਨਾਮ ਸਿੰਘ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਦੇ ਨੌਜਵਾਨ ਸੋਸ਼ਲ ਮੀਡੀਆ ਵਿੱਚ ਜ਼ਿਆਦਾ ਜਕੜੇ ਜਾ ਰਹੇ ਹਨ ਅਤੇ ਚੰਗੀ ਸਿੱਖਿਆ ਦੀ ਘਾਟ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦੇ ਜਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਸਾਂਝੇ ਪਰਿਵਾਰਾਂ ਦੇ ਟੁੱਟਣ ਨਾਲ ਨੌਜਵਾਨੀ ਇਕੱਲੇਪਣ ਦਾ ਸ਼ਿਕਾਰ ਹੋ ਰਹੀ ਹੈ ਅਤੇ ਕਿਰਤ ਕਰਨ ਦਾ ਫਲਸਫਾ ਵੀ ਵਿਸਰਦਾ ਜਾ ਰਿਹਾ ਹੈ। ਇਸ ਲਈ ਹਰੇਕ ਵਿਅਕਤੀ ਲਈ ਗੁਰਬਾਣੀ ਪੜ੍ਹਨਾ, ਸੁਣਨਾ ਅਤੇ ਜੀਵਨ ਵਿੱਚ ਅਮਲ ਕਰਨਾ ਅਤਿ ਜ਼ਰੂਰੀ ਬਣ ਗਿਆ ਹੈ। ਇਸ ਮੌਕੇ ਉਨ੍ਹਾਂ ਮਹਾਨ ਸਖ਼ਸ਼ੀਅਤਾਂ ਡਾ. ਸਾਹਿਬ ਸਿੰਘ, ਡਾ. ਦਲਜੀਤ ਸਿੰਘ ਅਤੇ ਭਗਤ ਪੂਰਨ ਸਿੰਘ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ ਤੇ ਵਿਦਿਆਰਥੀਆਂ ਨੂੰ ਗੁਰਮਤਿ ਸਾਹਿਤ ਵੀ ਵੰਡਿਆ। ਸਮਾਗਮ ਦੌਰਾਨ ਪ੍ਰਿੰਸੀਪਲ ਬਘੇਲ ਸਿੰਘ ਵੱਲੋਂ ਮੁੱਖ ਮਹਿਮਾਨ ਨੂੰ ਜੀ ਆਇਆ ਆਖਿਆ ਅਤੇ ਸਨਮਾਨਿਤ ਕੀਤਾ। ਵਿਦਿਆਰਥੀਆਂ ਨੇ ਇਸ ਮੌਕੇ ਪ੍ਰਣ ਕੀਤਾ ਕਿ ਉਹ ਕਿਰਤ ਕਰਨਗੇ, ਉੱਚੀ ਪੜ੍ਹਾਈ ਕਰਨਗੇ ਅਤੇ ਇੱਕ ਚੰਗੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣਗੇ।

ਸੰਸਥਾ ਚੇਅਰਮੈਨ ਐਸ.ਐਸ. ਚੱਠਾ ਨੇ ਕਿਹਾ ਕਿ ਸੰਸਥਾ ਵੱਲੋਂ ਅਜਿਹੇ ਸੈਮੀਨਾਰ ਕਰਵਾਉਣ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਨੈਤਿਕ ਮੁੱਲਾਂ, ਕਿਰਤ ਤੇ ਸਮਾਜ ਸੇਵਾ ਵੱਲ ਪ੍ਰੇਰਿਤ ਕਰਨਾ ਹੈ। ਇਸ ਮੌਕੇ ਐਜੂਕੇਸ਼ਨ ਵਿਭਾਗ ਦੀ ਮੁਖੀ ਪ੍ਰੋਫੈਸਰ ਸੰਦੀਪ ਕੌਰ, ਆਰਟਸ ਤੇ ਸੋਸ਼ਲ ਐਕਟੀਵਿਟੀ ਮੁਖੀ ਕੁਮਾਰੀ ਸੈਲਜਾ, ਪ੍ਰੋਫੈਸਰ ਜਸਪ੍ਰੀਤ ਕੌਰ, ਗੌਬਿਨ ਮੰਗਲਾ ਤੇ ਵਰਿੰਦਰ ਕੌਰ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਏ.ਡੀ.ਸੀ. ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦਾ ਨਿਰੀਖਣ

ਧੂਰੀ, 30 ਜਨਵਰੀ (ਰਾਜੇਸ਼ਵਰ ਪਿੰਟੂ): ਵਧੀਕ ਡਿਪਟੀ ਕਮਿਸ਼ਨਰ ਅੰਕੁਰ ਮਹਿੰਦਰੂ ਵੱਲੋਂ ਸ਼ਹਿਰ ਧੂਰੀ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਨਿਰੀਖਣ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਚੱਲ ਰਹੇ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਕਰਨਾ ਤੇ ਲੋਕ-ਹਿਤ ਨਾਲ ਜੁੜੀਆਂ ਸਹੂਲਤਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣਾ ਸੀ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸਭ ਤੋਂ ਪਹਿਲਾਂ ਧੂਰੀ ਸਿਵਲ ਹਸਪਤਾਲ ਦੀ ਨਵੀਂ ਤਿਆਰ ਹੋ ਚੁੱਕੀ ਇਮਾਰਤ ਦਾ ਦੌਰਾ ਕੀਤਾ ਗਿਆ। ਉਨ੍ਹਾਂ ਨੇ ਹਸਪਤਾਲ ਵਿੱਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਤੇ ਡਾਕਟਰੀ ਤੇ ਪੈਰਾਮੈਡੀਕਲ ਸਟਾਫ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ



ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਬਿਹਤਰ ਤੇ ਸਮੇਂ ਸਿਰ ਸੇਵਾਵਾਂ ਮੁਹੱਈਆ ਕਰਵਾਉਣ 'ਚ ਕੋਈ ਕਮੀ ਨਾ ਰਹਿ ਜਾਵੇ।

ਉਪਰੰਤ ਮਹਿੰਦਰੂ ਵੱਲੋਂ ਸ਼ਹਿਰ ਦੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਵੀ ਨਿਰੀਖਣ ਕੀਤਾ ਗਿਆ। ਉਨ੍ਹਾਂ ਨੇ ਟਰੀਟਮੈਂਟ ਪਲਾਂਟ ਵਿੱਚ ਲੱਗੀਆਂ ਮਸ਼ੀਨਾਂ ਦੀ ਕਾਰਗੁਜ਼ਾਰੀ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਸਫਾਈ ਅਤੇ ਰੱਖ-ਰਖਾਵ ਦੇ ਕੰਮਾਂ ਨੂੰ ਹੋਰ ਸੁਚੱਜੇ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ। ਬਾਗੜੀਆਂ ਚੌਂਕ ਵਿਖੇ ਕੂੜੇ ਦੀ ਰੀਸਾਈਕਲਿੰਗ ਪ੍ਰਕਿਰਿਆ ਸਬੰਧੀ ਵੀ ਚੈਕਿੰਗ ਕੀਤੀ ਗਈ ਅਤੇ ਸਫਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਦੇ ਹਲਕੇ ਧੂਰੀ ਵਿੱਚ ਕਈ ਮਹੱਤਵਪੂਰਨ ਵਿਕਾਸ ਪ੍ਰਾਜੈਕਟ ਚੱਲ ਰਹੇ ਹਨ ਅਤੇ ਸ਼ਹਿਰ ਦੇ ਸਰਵਪੱਖੀ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਸਬ ਡਵੀਜ਼ਨ ਧੂਰੀ ਦੇ ਸਮੂਹ ਅਧਿਕਾਰੀਆਂ ਨੂੰ ਤਨਦੇਹੀ, ਇਮਾਨਦਾਰੀ ਅਤੇ ਲੋਕ-ਹਿਤ ਨੂੰ ਪਹਿਲ ਦਿੰਦਿਆਂ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਇਸ ਦੌਰੇ ਦੌਰਾਨ ਉਨ੍ਹਾਂ ਨਾਲ ਉਪ ਮੰਡਲ ਮੈਜਿਸਟਰੇਟ ਧੂਰੀ ਰਿਸ਼ਭ ਬਾਂਸਲ, ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਧੂਰੀ ਗੁਰਿੰਦਰ ਸਿੰਘ, ਸਾਬਕਾ ਪ੍ਰਧਾਨ ਨਗਰ ਕੌਂਸਲ ਧੂਰੀ ਸੰਦੀਪ ਤਾਇਲ, ਐਕਸੀਅਨ ਮੰਡੀ ਬੋਰਡ ਸੰਗਰੂਰ ਸਮੇਤ ਹੋਰ ਸਬੰਧਤ ਅਧਿਕਾਰੀ ਵੀ ਮੌਜੂਦ ਸਨ।

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਰੱਸਾਕਸੀ 'ਚ ਮਾਰੀਆਂ ਮੱਲਾਂ

ਭਗਤਾ ਭਾਈ ਕਾ, 30 ਜਨਵਰੀ (ਸਵਰਨ ਸਿੰਘ ਭਗਤਾ): ਮਿਠੇਵਾਲ (ਮਲੇਰਕੋਟਲਾ) ਵਿਖੇ ਗੁਰਮਤਿ ਵਿ ਦਿ ਆ ਲਿ ਆ ਕਲੱਬ ਦੇ ਸਹਿਯੋਗ ਨਾਲ ਰੱਸਾਕਸੀ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਖਾਲਸਾ ਕਾਲਜ ਭਗਤਾ ਭਾਈਕਾ ਦੀ ਟੀਮ ਨੇ ਪਹਿਲਾਂ ਸਥਾਨ ਹਾਸਿਲ ਕੀਤਾ ।ਇਸ ਖੇਡ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ। ਮੁਕਾਬਲਿਆਂ ਦੌਰਾਨ ਵੱਖ-ਵੱਖ ਟੀਮਾਂ ਨੇ ਪੂਰੇ ਜੋਸ਼ ਅਤੇ ਟੀਮ ਵਰਕ ਨਾਲ ਭਾਗ ਲਿਆ। ਆਯੋਜਕਾਂ ਵੱਲੋਂ ਜੇਤੂ ਟੀਮਾਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ ਅਤੇ ਖਿਡਾਰੀਆਂ ਦੀ ਕਾਬਲੀਅਤ ਦੀ ਪ੍ਰਸ਼ੰਸਾ ਕੀਤੀ ਗਈ।ਖਿਡਾਰੀਆਂ ਦੇ ਕਾਲਜ ਪਹੁੰਚਣ ਤੇ ਕਾਲਜ ਪ੍ਰਿੰਸੀਪਲ ਡਾ ਸਤਿੰਦਰ ਕੌਰ ਮਾਨ ਵੱਲੋਂ ਫਿਜ਼ੀਕਲ ਵਿਭਾਗ ਦੇ ਮੁਖੀ ਪ੍ਰੋ ਸੁਸ਼ਮਾ ਰਾਣੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਖਿਡਾਰੀਆਂ ਨੂੰ ਇਸੇ ਤਰ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਨਾਮਣਾ ਖੱਟ ਸਕਣ ਤੇ ਮਾਪਿਆਂ ਦਾ ਹੌਂਸਲਾ ਵਧਾਇਆ ਜਾ ਸਕੇ।



# ਸਕੂਲ 'ਚ ਪਲਾਸਟਿਕ ਤੋਂ ਹੋਣ ਵਾਲੇ ਨੁਕਸਾਨ ਤੋਂ ਕੀਤਾ ਜਾਗਰੂਕ





ਮੂਨਕ, 30 ਜਨਵਰੀ (ਸਮਸ਼ੇਰ ਸਿੰਘ): ਪੰਜਾਬ ਰਾਜ ਕੌਂਸਲ ਫੋਰ ਸਾਇੰਸ ਟੈਕਨੋਲਜੀ ਤੇ ਵਾਤਾਵਰਨ ਜੰਗਲ ਤੇ ਜਲਵਾਯੂ ਮੰਤਰਾਲਾ ਭਾਰਤ ਸਰਕਾਰ ਸੰਸਥਾਵਾਂ ਵੱਲੋਂ ਵਾਤਾਵਰਨ ਸਿੱਖਿਆ ਪ੍ਰੋਗਰਾਮ ਤਹਿਤ ਕਰਵਾਈਆਂ ਜਾ ਰਹੀ ਗਤੀਵਿਧੀਆਂ ਨੂੰ ਸਰਕਾਰੀ ਹਾਈ ਸਕੂਲ ਮਕਰੋੜ ਸਾਹਿਬ, ਮੂਨਕ ਸੰਗਰੂਰ ਵਿਖੇ ਜ਼ਿਲ੍ਹਾ ਸਿਖਿਆ ਅਫਸਰ ਸੰਗਰੂਰ ਤਰਵਿੰਦਰ ਕੌਰ ਤੇ ਉਪ ਜਿਲਾ ਸਿੱਖਿਆ ਅਫਸਰ ਮਨਜੀਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਬੱਚਿਆਂ ਨੂੰ ਵਾਤਾਵਰਣ ਸਬੰਧੀ ਤੇ ਪਲਾਸਟਿਕ ਦੇ ਹੋਣ ਵਾਲੇ ਨੁਕਸਾਨ ਬਾਰੇ ਜਾਣੂੰ ਕਰਵਾਇਆ ਗਿਆ।

ਇਸ ਮੌਕੇ ਬੱਚਿਆਂ ਨੂੰ ਸਿੰਗਲ ਯੂਜ ਪਲਾਸਟਿਕ ਦੀ ਵਰਤੋਂ ਨੂੰ ਘੱਟ ਕਰਨ ਸਬੰਧੀ ਪ੍ਰੋਤਸਾਹਿਤ ਕੀਤਾ ਗਿਆ ਤੇ ਪਲਾਸਟਿਕ ਬੈਗ ਦੀ ਜਗ੍ਹਾ ਤੇ ਕੱਪੜੇ ਦੇ ਬਣੇ ਹੋਏ ਬੈਗ ਵਰਤਣ ਦੀ ਸਲਾਹ ਦਿੱਤੀ ਗਈ। ਇਸ ਮੌਕੇ ਸਕੂਲ ਮੁਖੀ ਅਮਨਪ੍ਰੀਤ ਕੌਰ, ਐਸਐਮਸੀ ਪ੍ਰਧਾਨ ਸੁਖਵਿੰਦਰ ਕੌਰ ਤੇ ਅਧਿਆਪਕ ਸਾਹਿਬਾਨ ਮੌਜੂਦ ਸਨ।

# ਪੁਲਿਸ ਵੱਲੋਂ ਲੁੱਟ-ਖੋਹ ਦੀ ਵਾਰਦਾਤ 'ਚ ਸ਼ਾਮਲ ਤਿੰਨ ਮੁਲਜ਼ਮ ਕਾਬੂ

ਮਲੋਟ, 30 ਜਨਵਰੀ (ਅਮਨਦੀਪ ਸਿੰਘ ਮਹਿਰਾ): ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਤਹਿਤ ਥਾਣਾ ਸਿਟੀ ਮਲੋਟ ਪੁਲਿਸ ਨੇ ਲੁੱਟ ਖੋਹ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਤਿੰਨ ਆਰੋਪੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਵੱਲੋਂ ਇਹ ਕਾਰਵਾਈ ਸ਼ਹਿਰ ਵਿੱਚ ਭਾਂਡੇ ਕਲੀ ਕਰਨ ਲਈ ਫੇਰੀ ਲਾਉਣ ਵਾਲੇ ਇੱਕ ਵਿਅਕਤੀ ਦੀ ਸ਼ਿਕਾਇਤ 'ਤੇ ਅਮਲ ਵਿੱਚ ਲਿਆਂਦੀ ਗਈ। ਜਾਣਕਾਰੀ ਦਿੰਦਿਆਂ ਪੁਲਿਸ ਨੇ ਦੱਸਿਆ ਕਿ ਸ਼ਿਕਾਇਤਕਰਤਾ ਓਮ ਪ੍ਰਕਾਸ਼ ਪੁੱਤਰ ਕ੍ਰਿਸ਼ਨ ਚੰਦ, ਵਾਸੀ ਪਿੰਡ ਖਾਈ, ਜ਼ਿਲ੍ਹਾ ਸਰਸਾ ਨੇ ਆਪਣੇ ਬਿਆਨਾਂ ਵਿੱਚ ਕਿਹਾ ਕਿ ਉਹ ਗਲੀਆਂ ਵਿੱਚ ਫੇਰੀ ਲਾ ਕੇ ਭਾਂਡੇ ਕਲੀ ਕਰਨ ਦਾ ਕੰਮ ਕਰਦਾ ਹੈ ਅਤੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਘੁੰਮ ਫਿਰ ਕੇ ਆਪਣੀ ਰੋਜ਼ੀ ਕਮਾਉਂਦਾ ਹੈ। ਪਿਛਲੇ ਕੁਝ ਦਿਨਾਂ ਤੋਂ ਉਹ ਮਲੋਟ ਸ਼ਹਿਰ ਵਿੱਚ ਭਾਂਡੇ ਕਲੀ ਕਰਨ ਦੇ ਕੰਮ ਲਈ ਆਇਆ ਹੋਇਆ ਸੀ ਤੇ ਰਾਤ ਸਮੇਂ ਸੋਨੂੰ ਢਾਬਾ, ਬਠਿੰਡਾ ਚੌਂਕ ਮਲੋਟ ਵਿਖੇ ਰੁਕਦਾ ਸੀ। ਸ਼ਿਕਾਇਤਕਰਤਾ ਅਨੁਸਾਰ 29.01.2026 ਨੂੰ ਦੁਪਹਿਰ ਕਰੀਬ 3.00 ਵਜੇ, ਜਦੋਂ ਉਹ ਆਪਣੇ ਮੋਟਰਸਾਈਕਲ ਮਾਰਕਾ ਪਲਟੀਨਾ ਨੰ. HR-09B-8228, ਰੰਗ ਕਾਲਾ 'ਤੇ ਸਵਾਰ ਹੋ ਕੇ ਕੰਮ ਦੇ ਸਬੰਧ ਵਿੱਚ ਪਿੰਡ ਰੱਥੜੀਆਂ ਵੱਲ ਜਾ ਰਿਹਾ ਸੀ, ਤਾਂ ਫੋਕਲ ਪੁਆਇੰਟ ਦਾਨੇਵਾਲਾ ਲਿੰਕ ਰੋਡ ਵੱਲ ਮੁੜਦੇ ਸਮੇਂ ਉੱਥੇ ਪਹਿਲਾਂ ਤੋਂ ਹੀ ਖੜ੍ਹੇ ਤਿੰਨ ਮੋਨੇ ਨੌਜਵਾਨਾਂ ਨੇ ਉਸਨੂੰ ਰੋਕ ਲਿਆ। ਉਨ੍ਹਾਂ ਕੋਲ ਇੱਕ ਮੋਟਰਸਾਈਕਲ ਮਾਰਕਾ ਹੀਰੋ ਸਪਲੈਂਡਰ, ਰੰਗ ਸਿਲਵਰ, ਬਿਨਾਂ ਨੰਬਰੀ ਸੀ। ਆਰੋਪੀਆਂ ਨੇ ਧੱਕੇ ਨਾਲ ਉਸ ਦੇ ਕੋਟ ਦੀ ਸੱਜੀ ਜੇਬ ਵਿੱਚੋਂ ਮੋਬਾਈਲ ਫ਼ੋਨ ਮਾਰਕਾ Redmi, ਰੰਗ ਸਿਲਵਰ (ਸਿਮ ਨੰਬਰ 95015-73433), ਆਧਾਰ ਕਾਰਡ ਅਤੇ ਕੁੜਤੇ ਦੀ ਸਾਹਮਣੀ ਜੇਬ ਵਿੱਚੋਂ 1000 ਰੁਪਏ ਭਾਰਤੀ ਕਰੰਸੀ ਖੋਹ ਲਈ ਅਤੇ ਮੌਕੇ ਤੋਂ ਫਰਾਰ ਹੋ ਗਏ। ਇਸ ਸਬੰਧ ਵਿੱਚ ਥਾਣਾ ਸਿਟੀ ਮਲੋਟ ਵਿਖੇ ਮੁਕੱਦਮਾ ਦਰਜ ਕਰਕੇ ਤੁਰੰਤ ਕਾਰਵਾਈ ਕਰਦੇ ਹੋਏ ਪੁਲਿਸ ਨੇ ਤਿੰਨੋਂ ਆਰੋਪੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਫੜੇ ਗਏ ਆਰੋਪੀਆਂ ਤੋਂ ਪੁੱਛਗਿੱਛ ਜਾਰੀ ਹੈ ਅਤੇ ਮਾਮਲੇ ਦੀ ਅਗਲੀ ਜਾਂਚ ਕੀਤੀ ਜਾ ਰਹੀ ਹੈ।

# ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 20 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਕਾਬੂ

ਲੰਬੀ/ਮਲੋਟ, 30 ਜਨਵਰੀ (ਅਮਨਦੀਪ ਸਿੰਘ ਮਹਿਰਾ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਦੇ ਤਹਿਤ ਥਾਣਾ ਲੰਬੀ ਪੁਲਿਸ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ। ਥਾਣਾ ਲੰਬੀ ਦੇ ਜਾਣਕਾਰੀ ਅਨੁਸਾਰ ਥਾਣਾ ਲੰਬੀ ਦੇ ਏਐਸਆਈ ਗੁਰਮੀਤ ਸਿੰਘ ਸਮੇਤ ਸਾਥੀ ਕਰਮਚਾਰੀਆਂ ਵੱਲੋਂ ਗਸ਼ਤ ਅਤੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੌਰਾਨ ਇੱਕ ਨੌਜਵਾਨ ਨੂੰ 20 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਪੰਜਾਵਾ ਤੋਂ ਲਿੰਕ ਰੋਡ ਰਾਹੀਂ ਪਿੰਡ ਖਿਉਵਾਲੀ ਵੱਲ ਜਾ ਰਹੀ ਸੀ। ਜਦੋਂ ਪੁਲਿਸ ਪਾਰਟੀ ਪਿੰਡ ਪੰਜਾਵਾ ਤੋਂ ਲਗਭਗ 200 ਮੀਟਰ ਅੱਗੇ ਪਿੰਡ ਖਿਉਵਾਲੀ ਨੂੰ ਜਾਣ ਵਾਲੀ ਲਿੰਕ ਰੋਡ 'ਤੇ ਮੋੜ ਦੇ ਨਜ਼ਦੀਕ ਪੁੱਜੀ ਤਾਂ ਪਿੰਡ ਖਿਉਵਾਲੀ ਵੱਲੋਂ ਇੱਕ ਮੋਨਾ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਪੁਲਿਸ ਦੀ ਗੱਡੀ ਨੂੰ ਦੇਖ ਕੇ ਨੌਜਵਾਨ ਇਕਦਮ ਘਬਰਾ ਗਿਆ ਤੇ ਆਪਣੇ ਸੱਜੇ ਪਾਸੇ ਖੇਤਾਂ ਵੱਲ ਮੁੜਨ ਲੱਗਾ। ਇਸ ਦੌਰਾਨ ਉਸ ਨੇ ਆਪਣੇ ਪਹਿਨੇ ਹੋਏ ਕੋਟ ਦੀ ਸੱਜੀ ਜੇਬ ਵਿੱਚੋਂ ਇੱਕ ਕਾਲਾ ਲਿਫਾਫਾ ਜਮੀਨ 'ਤੇ ਸੁੱਟ ਦਿੱਤਾ ਤੇ ਅੱਗੇ ਨੂੰ ਤੁਰ ਪਿਆ। ਸ਼ੱਕ ਹੋਣ 'ਤੇ ਏਐਸਆਈ ਗੁਰਮੀਤ ਸਿੰਘ ਵੱਲੋਂ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਕਤ ਨੌਜਵਾਨ ਨੂੰ ਕਾਬੂ ਕਰ ਲਿਆ ਗਿਆ।

ਪੁੱਛਗਿੱਛ ਦੌਰਾਨ ਨੌਜਵਾਨ ਨੇ ਆਪਣਾ ਨਾਮ ਸਿਮਰਪਾਲ ਸਿੰਘ ਉਰਫ ਸੋਨੂੰ ਜੰਬਰ ਪੁੱਤਰ ਕਲਗਾ ਸਿੰਘ ਪੁੱਤਰ ਫੂਲਾ ਸਿੰਘ ਵਾਸੀ ਪਿੰਡ ਪੰਜਾਵਾ, ਥਾਣਾ ਲੰਬੀ ਦੱਸਿਆ। ਜਮੀਨ 'ਤੇ ਸੁੱਟੇ ਗਏ ਕਾਲੇ ਲਿਫਾਫੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ ਪਾਰਦਰਸ਼ੀ ਮੋਮੀ ਲਿਫਾਫੀ ਵਿੱਚੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਵੱਲੋਂ ਉਕਤ ਨੌਜਵਾਨ ਦੇ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਮੁਕਦਮਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਕਿਸਾਨੀ ਨੂੰ ਬਚਾਉਣ ਲਈ ਐਮ.ਐਸ.ਪੀ. ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਤੇ ਸਮੁੱਚੀ ਕਰਜ਼ਾ ਮੁਕਤੀ ਅਤਿ ਜ਼ਰੂਰੀ : ਡੱਲੇਵਾਲ

ਲਹਿਰਾਗਾਗਾ, 30 ਜਨਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ/ ਗੁਰਦੀਪ ਸਿੰਘ): ਭਾਰਤੀ ਕਿਸਾਨ



ਯੂਨੀਅਨ ਏਕਤਾ ਸਿੱਧੂਪੁਰ ਦੀ ਬਲਾਕ ਲਹਿਰਾ ਦੀ ਮੀਟਿੰਗ ਪਿੰਡ ਜਲੂਰ ਵਿਖੇ ਬਾਬਾ ਬੁੱਢਾ ਜੀ ਦੇ ਸਥਾਨ ਤੇ ਬਲਾਕ ਪ੍ਰਧਾਨ ਭੂਰਾ ਸਿੰਘ ਸਲੇਮਗੜ੍ਹ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ , ਜ਼ਿਲ੍ਹਾ ਕਨਵੀਨਰ ਗੁਰਬਖਸ਼ੀਸ਼ ਸਿੰਘ ਬਾਲਦ ਕਲਾਂ, ਜਨਰਲ ਸਕੱਤਰ ਰਣ ਸਿੰਘ ਚੱਠਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ । ਮੀਟਿੰਗ ਨੂੰ ਸੰਬੋਧਨ ਕਰਦਿਆਂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਫਸਲਾਂ ਦੇ ਪੂਰੇ ਭਾਅ ਨਾ ਮਿਲਣ ਤੇ ਸਮੇਂ ਸਮੇਂ ਤੇ ਪੈਂਦੀਆਂ ਕੁਦਰਤੀ ਮਾਰਾਂ ਕਰਕੇ ਕਿਸਾਨ ਦਿਨੋ ਦਿਨ ਕਰਜਈ ਹੁੰਦਾ ਜਾ ਰਿਹਾ ਹੈ ਜਿਸ ਦੇ ਚਲਦਿਆਂ ਦੇਸ਼ ਅੰਦਰ ਕਿਸਾਨਾਂ ਵੱਲੋਂ ਖੁਦਕੁਸ਼ੀਆਂ ਕਰਨ ਦਾ ਸਿਲਸਿਲਾ ਦਿਨੋ ਦਿਨ ਵੱਧਦਾ ਜਾ ਰਿਹਾ ਹੈ। ਡੱਲੇਵਾਲ ਨੇ ਕਿਹਾ ਕਿ ਦੇਸ਼ ਦੀ ਕਿਸਾਨੀ ਨੂੰ ਬਚਾਉਣ ਲਈ ਹੋਰਨਾਂ ਮੰਗਾਂ ਦੇ ਨਾਲ ਨਾਲ ਐਮਐਸਪੀ ਗਰੰਟੀ ਕਾਨੂੰਨ ਬਣਾਉਣਾ, ਸੁਮਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨਾ ਅਤੇ ਸਮੁੱਚੀ ਕਰਜਾ ਮੁਕਤੀ ਅਤੀ ਜ਼ਰੂਰੀ ਹੈ ਜਿਸ ਦੇ ਲਈ ਵੱਡਾ ਹੰਭਲਾ ਮਾਰਨ ਦੀ ਲੋੜ ਹੈ। ਡੱਲੇਵਾਲ ਨੇ ਕਿਹਾ ਕਿ ਕਿਸਾਨੀ ਮੰਗਾਂ ਲਈ ਦੇਸ਼ ਦੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਐਸਕੇਐਮ ਗੈਰ ਸਿਆਸੀ ਵੱਲੋਂ ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਜਾਗਰੂਕਤਾ ਯਾਤਰਾ ਕੱਢੀ ਜਾ ਰਹੀ ਹੈ ਜਿਸ ਦੀ ਸ਼ੁਰੂਆਤ 7 ਫਰਵਰੀ ਨੂੰ ਤਾਮਿਲਨਾਡੂ ਵਿਖੇ ਵੱਡੀ ਕਿਸਾਨ ਮਹਾ ਪੰਚਾਇਤ ਕਰਕੇ ਕੀਤੀ ਜਾਵੇਗੀ ਅਤੇ ਯਾਤਰਾ ਦਾ ਸਮਾਪਨ 19 ਮਾਰਚ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿਖੇ ਕੀਤਾ ਜਾਵੇਗਾ ਤੇ ਉਸ ਦਿਨ ਲੱਖਾਂ ਕਿਸਾਨਾਂ ਦੇ ਦਸਤਖ਼ਤਾਂ ਵਾਲਾ ਮੈਮੋਰੈਂਡਮ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਸੌਂਪਿਆ ਜਾਵੇਗਾ।

ਇਸ ਮੌਕੇ ਕੇ ਜਗਜੀਤ ਸਿੰਘ ਡੱਲੇਵਾਲ ਵੱਲੋਂ ਪ੍ਰਧਾਨ ਮੰਤਰੀ ਨੂੰ ਸੌਂਪੇ ਜਾਣ ਵਾਲੇ ਮੈਮੋਰੰਡਮ ਦੀਆਂ ਕਾਪੀਆਂ ਪਿੰਡਾਂ ਚੋਂ ਵੱਡੀ ਗਿਣਤੀ ਕਿਸਾਨਾਂ ਦੇ ਦਸਤਖਤ ਕਰਵਾਉਣ ਲਈ ਪਿੰਡ ਇਕਾਈਆਂ ਦੇ ਆਗੂਆਂ ਨੂੰ ਸੌਂਪਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਫਿਰੋਜ਼ਪੁਰ ਦੇ ਕਨਵੀਨਰ ਰਣਜੀਤ ਸਿੰਘ ਮਮਦੋਟ, ਰਾਮਫਲ ਸਿੰਘ ਜਲੂਰ, ਜਤਿੰਦਰ ਸਿੰਘ ਜਲੂਰ, ਕੇਵਲ ਸਿੰਘ ਜਵੰਧਾ, ਜਸਵੰਤ ਸਿੰਘ ਛਾਹੜ , ਰਿੰਕੂ ਮੂਣਕ, ਨਿਰਭੈ ਕੱਲਰ ਭੈਣੀ, ਮਨਿੰਦਰ ਦਲਾਲ, ਗੁਰਦੀਪ ਜਲੂਰ, ਹਰਬੰਸ ਕਾਲਬੰਜਾਰਾ, ਬਲਕਾਰ ਲਹਿਲ ਖੁਰਦ, ਸੁਨੀਲ ਰਾਮਗੜ੍ਹ, ਗੁਰਚਰਨ ਲਹਿਲ ਕਲਾਂ, ਮਿੱਠੂ ਭੂਟਾਲ ਕਲਾਂ, ਸੁਖਵਿੰਦਰ ਦੇਹਲਾ, ਦੀਪ ਰਾਏਧਰਾਣਾ, ਮਿੰਟੂ ਡੂਡੀਆ, ਅਵਤਾਰ ਰਾਮਪੁਰਾ, ਕਾਕਾ ਸਲੇਮਗੜ੍ਹ, ਮੇਜਰ ਸੁਰਜਣ ਭੈਣੀ, ਸ਼ੰਮੀ ਖਾਈ, ਮਨਜੀਤ ਖਾਈ, ਮੱਖਣ ਗਾਗਾ, ਸੁਖਦੇਵ ਖੋਖਰ, ਗੁਰਜੋਤ ਆਲਮਪੁਰ, ਜਸਵਿੰਦਰ ਡਸਕਾ, ਬਲਵੀਰ ਰੋੜੇਵਾਲਾ, ਕ੍ਰਿਸ਼ਨ ਨੰਗਲਾ ਤੋਂ ਇਲਾਵਾ ਵਿੱਚ ਪਿੰਡ ਇਕਾਈਆਂ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਬਣ ਰਹੇ ਕਾਰਡਾਂ ਦਾ ਚੇਅਰਮੈਨ ਜਤਿੰਦਰ ਭੱਲਾ ਨੇ ਲਿਆ ਜਾਇਜ਼ਾ

ਭਗਤਾ ਭਾਈ ਕਾ, 30 ਜਨਵਰੀ (ਸਵਰਨ ਸਿੰਘ ਭਗਤਾ): ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਬਿਹਤਰ ਤੇ ਮੁਫ਼ਤ



ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਯੋਜਨਾ ਅਧੀਨ ਬਣ ਰਹੇ ਸਿਹਤ ਬੀਮਾ ਕਾਰਡਾਂ ਦੇ ਕੰਮ ਦਾ ਜਾਇਜ਼ਾ ਲੈਣ ਲਈ ਜਤਿੰਦਰ ਭੱਲਾ ਨੇ ਸਥਾਨਕ ਕੇਂਦਰਾਂ ਦਾ ਦੌਰਾ ਕੀਤਾ ਅਤੇ ਉਥੇ ਚੱਲ ਰਹੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਭੱਲਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਗਰੀਬ, ਮੱਧ ਵਰਗ ਅਤੇ ਲੋੜਵੰਦ ਪਰਿਵਾਰਾਂ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਸਿਹਤ ਬੀਮਾ ਕਾਰਡ ਬਣਵਾਉਣ ਲਈ ਲੋਕ ਸਵੇਰ ਤੋਂ ਹੀ ਕੇਂਦਰਾਂ 'ਤੇ ਪਹੁੰਚ ਰਹੇ ਹਨ ਅਤੇ ਹਰ ਵਰਗ ਦੇ ਨਾਗਰਿਕ ਇਸ ਯੋਜਨਾ ਦਾ ਲਾਭ ਲੈਣ ਲਈ ਉਤਸੁਕ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਹੁਣ ਕਿਸੇ ਨੂੰ ਵੀ ਮਹਿੰਗੇ ਇਲਾਜ ਦੀ ਚਿੰਤਾ ਨਹੀਂ ਰਹੇਗੀ। ਭੱਲਾ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਮੁਹੱਈਆ ਕਰਵਾਇਆ ਜਾਵੇਗਾ। ਇਸ ਵਿੱਚ ਵੱਡੀਆਂ ਸਰਜਰੀਆਂ, ਗੰਭੀਰ ਬਿਮਾਰੀਆਂ ਦਾ ਇਲਾਜ, ਦਵਾਈਆਂ ਅਤੇ ਹਸਪਤਾਲ ਵਿੱਚ ਦਾਖ਼ਲੇ ਨਾਲ ਸਬੰਧਤ ਸਹੂਲਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਪੈਸਿਆਂ ਦੀ ਕਮੀ ਕਾਰਨ ਇਲਾਜ ਤੋਂ ਵਾਂਝਾਂ ਨਾ ਰਹੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ, ਤੇਜ਼ ਤੇ ਸੁਚਾਰੂ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਨਾਲ ਹੀ ਉਨ੍ਹਾਂ ਕੈਂਪਾਂ ਵਿੱਚ ਮੌਜੂਦ ਸਹੂਲਤਾਂ, ਬੈਠਣ ਦੀ ਵਿਵਸਥਾ ਅਤੇ ਜਾਣਕਾਰੀ ਦੇ ਪ੍ਰਬੰਧਾਂ 'ਤੇ ਵੀ ਸੰਤੋਸ਼ ਜ਼ਾਹਰ ਕੀਤਾ।

ਭੱਲਾ ਨੇ ਕਿਹਾ ਕਿ ਅੰਦਾਜ਼ੇ ਮੁਤਾਬਕ ਲੱਖਾਂ ਲੋਕ ਇਸ ਯੋਜਨਾ ਦਾ ਲਾਭ ਲੈਣਗੇ, ਜਿਸ ਨਾਲ ਪੰਜਾਬ ਦੀ ਸਿਹਤ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਆਪਣੇ ਸਿਹਤ ਬੀਮਾ ਕਾਰਡ ਜ਼ਰੂਰ ਬਣਵਾਉਣ ਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਪੂਰਾ ਲਾਭ ਲੈਣ। ਇਸ ਮੌਕੇ ਭੁਪਿੰਦਰ ਸਿੰਘ ਸਾਬਕਾ ਸਰਪੰਚ ਆਦਮਪੁਰਾ, ਮਨਪ੍ਰੀਤ ਸਿੰਘ ਬਰਾੜ, ਜਰਨੈਲ ਸਿੰਘ ਆਪ ਆਗੂ, ਪ੍ਰਿਥੀਪਾਲ ਸਿੰਘ, ਰਣਜੀਤ ਸਿੰਘ ਪੰਚ, ਦਰਸ਼ਨ ਸਿੰਘ ਪੰਚ, ਬ੍ਰਿਜਪਾਲ ਸਿੰਘ ਪੰਚ, ਕੁਲਦੀਪ ਸਿੰਘ ਪੰਚ, ਮਨਪ੍ਰੀਤ ਸਿੰਘ ਸੀਐਸ ਸੈਂਟਰ ਅਤੇ ਕੁਲਦੀਪ ਸਿੰਘ ਸਾਬਕਾ ਕਲੱਬ ਪ੍ਰਧਾਨ ਆਦਿ ਹਾਜ਼ਰ ਸਨ।

# ਪਰਮਿੰਦਰ ਸਿੰਘ ਢੀਂਡਸਾ ਦਾ ਡਾ. ਹੁਸ਼ਿਆਰ ਸਿੰਘ ਦੇ ਘਰ ਪਹੁੰਚਣ 'ਤੇ ਭਰਵਾਂ ਸਵਾਗਤ



ਕੌਹਰੀਆਂ, 30 ਜਨਵਰੀ (ਅਵਤਾਰ ਸਿੰਘ ਜਟਾਣਾ): ਪੰਜਾਬ ਦੇ ਸਾਬਕਾ ਖ਼ਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਪਿਛਲੇ ਦਿਨੀ ਨਜ਼ਦੀਕੀ ਪਿੰਡ ਭਾਈ ਕੀ ਪਿਸ਼ੌਰ ਵਿਖੇ ਡਾ. ਹੁਸ਼ਿਆਰ ਸਿੰਘ ਦੇ ਘਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਘਰ ਪਹੁੰਚਣ 'ਤੇ ਡਾ. ਹੁਸ਼ਿਆਰ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਪਰਮਿੰਦਰ ਸਿੰਘ ਢੀਂਡਸਾ ਦਾ ਫੁੱਲਾਂ ਦੇ ਗੁਲਦਸਤੇ ਤੇ ਸਿਰੋਪਾਓ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਢੀਂਡਸਾ ਨੇ ਡਾਕਟਰ ਹੁਸ਼ਿਆਰ ਸਿੰਘ ਦੇ ਪਰਿਵਾਰ ਤੇ ਪਿੰਡ ਦੇ ਪਤਵੰਤੇ ਸੱਜਣਾਂ ਨਾਲ ਮੁਲਾਕਾਤ ਕੀਤੀ। ਬੈਠਕ ਦੌਰਾਨ ਇਲਾਕੇ ਦੀਆਂ ਮੁਸ਼ਕਿਲਾਂ, ਪਿੰਡ ਦੇ ਵਿਕਾਸ ਕਾਰਜਾਂ ਤੇ ਮੌਜੂਦਾ ਸਿਆਸੀ ਹਾਲਾਤਾਂ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ"ਪਿੰਡਾਂ ਦਾ ਸਰਵਪੱਖੀ ਵਿਕਾਸ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਹੀ ਸਾਡਾ ਅਸਲ ਉਦੇਸ਼ ਹੈ।" ਡਾ. ਹੁਸ਼ਿਆਰ ਸਿੰਘ ਨੇ ਸਰਦਾਰ ਢੀਂਡਸਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਇਲਾਕੇ ਦੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੁੰਦੇ ਰਹਿੰਦੇ ਹਨ, ਜਿਸ ਕਾਰਨ ਲੋਕਾਂ ਦੇ ਮਨਾਂ ਵਿੱਚ ਉਨ੍ਹਾਂ ਪ੍ਰਤੀ ਬਹੁਤ ਸਤਿਕਾਰ ਹੈ।ਇਸ ਮੌਕੇ ਛੱਜੂ ਸਿੰਘ ਧਾਲੀਵਾਲ, ਗੁਲਜਾਰ ਸਿੰਘ ਜਵੰਧਾ, ਨਿਰੰਜਨ ਸਿੰਘ ਸਾਬਕਾ ਸਰਪੰਚ, ਲਖਵਿੰਦਰ ਸਿੰਘ,ਹਾਕਮ ਸਿੰਘ, ਡਾ.ਗੁਰਦੀਪ ਸਿੰਘ, ਕੁਲਦੀਪ ਸਿੰਘ ਖੰਗੂੜਾ, ਬਲਵੀਰ ਸਿੰਘ ਮੈਂਬਰ, ਸੋਨੀ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

# ਸ਼ਹਿਰ 'ਚ ਥਾਂ-ਥਾਂ ਕੂੜੇ ਦੇ ਢੇਰ ਕਾਰਨ ਬਿਮਾਰੀਆਂ ਫੈਲਣ ਦਾ ਡਰ, ਪ੍ਰਸ਼ਾਸਨ ਪਿਆ ਸੁੱਤਾ, ਲੋਕ ਪ੍ਰੇਸ਼ਾਨ

ਬੁਢਲਾਡਾ, 30 ਜਨਵਰੀ (ਜੀਵਨ ਕੁਮਾਰ): ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਥਾਂ-ਥਾਂ ਲੱਗੇ ਕੂੜੇ ਦੇ ਵੱਡੇ ਢੇਰ ਹੁਣ ਵੱਡੀ ਸਮੱਸਿਆ ਬਣਦੇ ਜਾ ਰਹੇ ਹਨ।



ਗੰਦਗੀ ਦੇ ਇਨ੍ਹਾਂ ਅੰਬਾਰਾਂ ਕਾਰਨ ਇਲਾਕੇ ਵਿੱਚ ਭਿਆਨਕ ਬਦਬੂ, ਮੱਛਰ, ਮੱਖੀਆਂ ਅਤੇ ਗੰਦਗੀ ਫੈਲ ਰਹੀ ਹੈ ।ਜਿਸ ਨਾਲ ਲੋਕਾਂ ਨੂੰ ਬਿਮਾਰੀਆਂ ਲੱਗਣ ਦਾ ਡਰ ਸਤਾ ਰਿਹਾ ਹੈ।ਸ਼ਹਿਰ ਦੇ ਬਾਜ਼ਾਰਾਂ, ਗਲੀਆਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਕਈ ਦਿਨਾਂ ਤੋਂ ਕੂੜਾ ਨਾ ਚੁੱਕੇ ਜਾਣ ਕਾਰਨ ਹਾਲਾਤ ਹੋਰ ਵੀ ਗੰਭੀਰ ਬਣਦੇ ਜਾ ਰਹੇ ਹਨ। ਬੱਚੇ, ਬੁਜ਼ੁਰਗ ਅਤੇ ਮਰੀਜ਼ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਗੰਦਗੀ ਕਾਰਨ ਡੇਂਗੂ, ਮਲੇਰੀਆ, ਚਮੜੀ ਦੀਆਂ ਬਿਮਾਰੀਆਂ ਅਤੇ ਹੋਰ ਇਨਫੈਕਸ਼ਨ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਸਥਾਨਕ ਨਿਵਾਸੀਆਂ ਨੇ ਦੋਸ਼ ਲਗਾਇਆ ਹੈ ਕਿ ਪ੍ਰਸ਼ਾਸਨ ਪੂਰੀ ਤਰ੍ਹਾਂ ਸੁੱਤਾ ਪਿਆ ਹੈ ਤੇ ਸਫ਼ਾਈ ਪ੍ਰਬੰਧਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਕਈ ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਵੀ ਕੋਈ ਠੋਸ ਕਾਰਵਾਈ ਨਹੀਂ ਹੋਈ।

ਸ਼ਹਿਰ ਵਿੱਚ ਕੂੜੇ-ਕਰਕਟ ਦੇ ਢੇਰ ਬਣਨਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਨਗਰ ਕੌਂਸਲ ਵੱਲੋਂ ਸਫ਼ਾਈ ਕਰਮਚਾਰੀਆਂ ਨੂੰ ਤੁਰੰਤ ਸਫ਼ਾਈ ਅਭਿਆਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਬਹੁਤ ਜਲਦੀ ਸ਼ਹਿਰ ਦੇ ਸਾਰੇ ਇਲਾਕਿਆਂ ਵਿੱਚੋਂ ਗੰਦਗੀ ਦੇ ਢੇਰ ਹਟਾਏ ਜਾਣਗੇ। ਲੋਕਾਂ ਨੂੰ ਵੀ ਅਪੀਲ ਹੈ ਕਿ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਸੁੱਟਣ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ, ਤਾਂ ਜੋ ਸ਼ਹਿਰ ਨੂੰ ਸਾਫ਼-ਸੁਥਰਾ ਬਣਾਇਆ ਜਾ ਸਕੇ।' ਸਫ਼ਾਈ ਕਰਮਚਾਰੀਆਂ ਦੀ ਨਿਗਰਾਨੀ ਵਧਾਈ ਜਾਵੇ ਗੰਦਗੀ ਫੈਲਾਉਣ ਵਾਲੀਆਂ ਥਾਵਾਂ ਦੀ ਤੁਰੰਤ ਸਫ਼ਾਈ ਕੀਤੀ ਜਾਵੇ ਪ੍ਰਸ਼ਾਸਨ ਜ਼ਮੀਨੀ ਪੱਧਰ 'ਤੇ ਕਾਰਵਾਈ ਕਰੇ, ਨਾ ਕਿ ਸਿਰਫ਼ ਦਫ਼ਤਰਾਂ ਤੱਕ ਸੀਮਤ ਰਹੇ ਜੇਕਰ ਸਮੇਂ 'ਤੇ ਧਿਆਨ ਨਾ ਦਿੱਤਾ ਗਿਆ ਤਾਂ ਇਹ ਸਮੱਸਿਆ ਭਵਿੱਖ ਵਿੱਚ ਵੱਡੀ ਸਿਹਤ ਸੰਕਟ ਬਣ ਸਕਦੀ ਹੈ।

# ਐਸ.ਡੀ.ਐਮ. ਨੇ ਅਵਾਰਾ ਢੱਠੇ ਫੜਵਾ ਕੇ ਝਨੇੜੀ ਗਊਸ਼ਾਲਾ ਪਹੁੰਚਾਏ



ਲਹਿਰਾਗਾਗਾ, 30 ਜਨਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਸਥਾਨਕ ਸ਼ਹਿਰ ਵਿੱਚ ਅਵਾਰਾ ਢੱਠਿਆਂ ਤੇ ਗਊਆਂ ਦੀ ਵਧ ਰਹੀ ਸੰਖਿਆ ਦੇ ਕਾਰਨ ਹੁੰਦੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਐਸਡੀਐਮ ਲਹਿਰਾ ਰਾਕੇਸ਼ ਪ੍ਰਕਾਸ਼ ਗਰਗ ਨੇ ਉਪਰਾਲਾ ਕਰਦਿਆਂ ਇਨਾ ਢੱਠਿਆਂ ਨੂੰ ਝਨੇੜੀ ਗਊਸ਼ਾਲਾ ਵਿਖੇ ਛੱਡਣ ਲਈ ਮੁਹਿੰਮ ਚਲਾਈ। ਜਿਸ ਦੇ ਤਹਿਤ ਅੱਜ ਅਵਾਰਾ ਢੱਠਿਆਂ ਨੂੰ ਫੜ ਕੇ ਝਨੇੜੀ ਗਊਸ਼ਾਲਾ ਛੱਡਿਆ ਗਿਆ। ਆਉਂਦੇ ਦਿਨਾਂ ਵਿੱਚ ਹੋਰ ਵੀ ਢੱਠਿਆ ਨੂੰ ਇਸ ਗਊਸ਼ਾਲਾ ਅੰਦਰ ਛੱਡਿਆ ਜਾਵੇਗਾ। ਐਸਡੀਐਮ ਗਰਗ ਨੇ ਦੱਸਿਆ ਕਿਹਾ ਕਿ ਜੋ ਅਵਾਰਾ ਗਊਆਂ ਸ਼ਹਿਰ ਵਿੱਚ ਫਿਰਦੀਆਂ ਹਨ ਇਹਨਾਂ ਨੂੰ ਵੀ ਵੱਖ ਵੱਖ ਗਊਸ਼ਾਲਾਵਾਂ ਵਿੱਚ ਛੱਡਣ ਦਾ ਯਤਨ ਕੀਤਾ ਜਾਵੇਗਾ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਸ਼ਹਿਰ ਵਿੱਚ ਬਹੁਤ ਭਾਰੀ ਗਿਣਤੀ ਵਿੱਚ ਅਵਾਰਾ ਢੱਠੇ ਅਤੇ ਗਊਆਂ ਫਿਰਦੇ ਹਨ ਅਤੇ ਬਹੁਤ ਜਿਆਦਾ ਖਰੂਦ ਪਾਉਂਦੇ ਹਨ। ਇਹ ਅਵਾਰਾ ਪਸ਼ੂ ਦੁਰਘਟਨਾਵਾਂ ਦਾ ਸਬੱਬ ਬਣਦੇ ਹਨ। ਕਈ ਵਾਰ ਜਦੋਂ ਇਹ ਢੱਠੇ ਆਪਸ ਦੇ ਵਿੱਚ ਲੜਦੇ ਹਨ ਤਾਂ ਖੂੰਖਾਰ ਰੂਪ ਧਾਰਨ ਕਰ ਲੈਂਦੇ ਹਨ। ਉਸ ਸਮੇਂ ਗੱਡੀਆਂ ਅਤੇ ਦੁਕਾਨਾਂ ਦੇ ਸ਼ਟਰ ਤੋੜਨ ਤੋਂ ਇਲਾਵਾ ਰੇਹੜੀਆਂ ਆਦਿ ਦਾ ਵੀ ਬਹੁਤ ਭਾਰੀ ਨੁਕਸਾਨ ਕਰ ਦਿੰਦੇ ਹਨ। ਕਈ ਵਾਰ ਤਾਂ ਇਹਨਾਂ ਦੀ ਲੜਾਈ ਵਿੱਚ ਆ ਕੇ ਕਈ ਲੋਕ ਜਖਮੀ ਵੀ ਹੋਏ ਹਨ ਜਿਨਾਂ ਨੂੰ ਬਾਹਰ ਹਸਪਤਾਲਾਂ ਵਿੱਚ ਦਾਖਲ ਕਰਵਾਉਣਾ ਪਿਆ। ਸਥਾਨਕ ਸ਼ਹਿਰ ਨਿਵਾਸੀ ਐਸਡੀਐਮ ਲਹਿਰਾ ਦੀ ਗੱਲੋਂ ਤਰੀਫ ਕਰਦੇ ਹਨ ਕਿ ਇਨਾਂ ਨੇ ਆਉਣ ਸਾਰ ਹਲਕੇ ਦੇ ਕਈ ਸਰਕਾਰੀ ਦਫਤਰਾਂ ਵਿੱਚ ਜਿੱਥੇ ਹਾਜ਼ਰੀ ਯਕੀਨੀ ਬਣਾ ਦਿੱਤੀ ਹੈ ਉੱਥੇ ਹੀ ਦਫਤਰੀ ਕੰਮ ਕਾਜ ਵਿੱਚ ਵੀ ਭਾਰੀ ਸੁਧਾਰ ਦੇਖਣ ਨੂੰ ਮਿਲਿਆ ਹੈ। ਦੂਜੇ ਪਾਸੇ ਐਸਡੀਐਮ ਰਕੇਸ਼ ਪ੍ਰਕਾਸ਼ ਗਰਗ ਨੇ ਕਿਹਾ ਕਿ ਹਲਕੇ ਦੀ ਦਸ਼ਾ ਅਤੇ ਦਿਸ਼ਾ ਸੁਧਾਰਨ ਲਈ ਸਾਡੇ ਵੱਲੋਂ ਅੱਗੇ ਵੀ ਉਪਰਾਲੇ ਜਾਰੀ ਰਹਿਣਗੇ।

# 10 ਲੱਖ ਦਾ ਮੁਫ਼ਤ ਇਲਾਜ ਪੰਜਾਬ ਸਰਕਾਰ ਦਾ ਇਤਿਹਾਸਕ ਫ਼ੈਸਲਾ : ਅਨਵਰ ਭਸੌੜ

ਧੂਰੀ, 30 ਜਨਵਰੀ (ਰਾਜੇਸ਼ਵਰ ਪਿੰਟੂ): ਧੂਰੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਵਕਫ਼ ਬੋਰਡ ਦੇ ਮੈਂਬਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਅਨਵਰ ਭਸੌੜ ਨੇ ਮਾਨ ਸਰਕਾਰ ਦੇ ਇੱਕ ਅਹਿਮ ਫੈਸਲੇ ਦੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬਾ ਵਾਸੀਆਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਇੱਕ ਬੇਮਿਸਾਲ ਪ ਹਿ ਲ ਕ ਦ ਮੀ ਕੀਤੀ ਹੈ। ਆਜ਼ਾਦੀ ਦੇ ਲੰਮੇ ਅਰਸੇ ਬਾਅਦ ਪੂਰੇ ਭਾਰਤ ਵਿੱਚ ਪੰਜਾਬ ਅਜਿਹਾ ਪਹਿਲਾ ਸੂਬਾ ਬਣਿਆ ਹੈ, ਜਿੱਥੇ ਹਰ ਵਰਗ ਦੇ ਨਾਗਰਿਕ ਨੂੰ ਸਿਹਤ ਬੀਮੇ ਦੇ ਘੇਰੇ ਵਿੱਚ ਲਿਆਂਦਾ ਗਿਆ ਹੈ। ਡਾ. ਭਸੌੜ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦੇ ਲਾਗੂ ਹੋਣ ਨਾਲ ਹੁਣ ਪੰਜਾਬ ਦੇ ਹਰ ਪਰਿਵਾਰ ਨੂੰ ਸਾਲਾਨਾ ₹10 ਲੱਖ ਤੱਕ ਦਾ ਮੁਫ਼ਤ ਇਲਾਜ ਕਰਵਾਉਣ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਦਾ ਨਤੀਜਾ ਹੈ। ਇਸ ਉਪਰਾਲੇ ਸਦਕਾ ਹੁਣ ਸੂਬੇ ਦੇ ਲੋਕਾਂ ਨੂੰ ਗੰਭੀਰ ਬਿਮਾਰੀਆਂ ਦੇ ਇਲਾਜ ਲਈ ਆਪਣੀ ਜਮ੍ਹਾ ਪੂੰਜੀ ਖ਼ਰਚਣ ਜਾਂ ਕਰਜ਼ਾ ਲੈਣ ਦੀ ਲੋੜ ਨਹੀਂ ਪਵੇਗੀ।



ਆਪਣੀ ਗੱਲ ਨੂੰ ਜਾਰੀ ਰੱਖਦਿਆਂ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਹਤ ਸੁਰੱਖਿਆ ਨੂੰ ਹਰ ਨਾਗਰਿਕ ਦਾ ਮੁੱਢਲਾ ਹੱਕ ਬਣਾ ਦਿੱਤਾ ਹੈ। ਪਹਿਲਾਂ ਮਹਿੰਗਾ ਇਲਾਜ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੁੰਦਾ ਸੀ, ਪਰ ਹੁਣ ਸਰਕਾਰ ਦੀ ਇਸ ਸਾਰਥਕ ਕੋਸ਼ਿਸ਼ ਨਾਲ ਵੱਡੇ ਹਸਪਤਾਲਾਂ ਵਿੱਚ ਵੀ ਮੁਫ਼ਤ ਇਲਾਜ ਸੰਭਵ ਹੋਵੇਗਾ। ਡਾ. ਭਸੌੜ ਅਨੁਸਾਰ, ਅਜਿਹੇ ਲੋਕ-ਪੱਖੀ ਫੈਸਲੇ ਪੰਜਾਬ ਨੂੰ ਮੁੜ ਖੁਸ਼ਹਾਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ ਤੇ ਆਮ ਜਨਤਾ ਦੀ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਗੇ।

# "ਬੇਟੀ ਬਚਾਓ ਬੇਟੀ ਪੜ੍ਹਾਓ" ਸਕੀਮ ਅਧੀਨ "ਧੀ ਅਣਮੁੱਲੀ ਦਾਤ" ਦਿਵਸ ਮਨਾਇਆ



ਬਾਜਾਖਾਨਾ, 30 ਜਨਵਰੀ (ਅਵਤਾਰ ਸਿੰਘ ਮੱਲਾ): ਬੀਤੇ ਦਿਨੀ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਅਧੀਨ "ਧੀ ਅਣਮੁੱਲੀ ਦਾਤ ਦਿਵਸ ਮਨਾਇਆ ਗਿਆ। ਰਤਨਦੀਪ ਕੌਰ ਸੰਧੂ ਜਿਲ੍ਹਾ ਪ੍ਰੋਗਰਾਮ ਅਫਸਰ ਫਰੀਦਕੋਟ ਦੇ ਉਪਰਾਲੇ ਸਦਕਾ ਬੇਟੀ ਬਚਾਓ ਬੇਟੀ ਪੜ੍ਹਾਓ ਦੇ ਬੈਨਰ ਹੇਠ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਅਧੀਨ ਇੱਕ ਵਿਸ਼ੇਸ਼ ਪਹਿਲ ਕਦਮੀਂ ਕੀਤੀ ਗਈ। ਇਸ ਤਹਿਤ ਸਰਕਲ ਬਾਜਾਖਾਨਾ ਵਿਖੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਅਰਵਿੰਦਰ ਸਿੰਘ ਭੱਟੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਰਜਿੰਦਰ ਕੌਰ ਸਰਕਲ ਸੁਪਰਵਾਈਜ਼ਰ ਵੱਲੋ ਨਵ-ਜੰਮੀਆਂ ਬੱਚੀਆਂ ਲਈ ਧੀ ਅਣਮੁੱਲੀ ਦਾਤ ਰਾਹੀ ਬੱਚੀਆ ਦੇ ਜਨਮ ਦਾ ਜਸ਼ਨ ਪੈਰਾਂ ਦੇ ਨਿਸ਼ਾਨ ਲੈ ਕੇ ਛਪਵਾਏ ਗਏ ਤੇ ਲੈਮੀਨੇਸ਼ਨ ਕਰਕੇ ਨਵਜੰਮੀਆਂ ਬੱਚੀਆਂ ਦੇ ਮਾਪਿਆਂ ਨੂੰ ਤੋਹਫ਼ੇ ਵਜੋਂ ਦਿੱਤੇ ਗਏ ਤੇ ਨਵਜੰਮੀਆਂ ਬੱਚੀਆਂ ਨੂੰ ਬੇਬੀ ਕੰਬਲ ਤੇ ਬੇਬੀ ਸੂਟ ਤੇ ਮਿਠਾਈਆਂ ਵੰਡ ਕੇ ਧੀ ਅਣਮੁੱਲੀ ਦਾਤ ਦਿਵਸ ਮਨਾਇਆ ਗਿਆ।

ਇਸ ਪ੍ਰੋਗਰਾਮ ਵਿੱਚ ਸਰਪੰਚ ਜਗਸੀਰ ਸਿੰਘ ਸੀਰਾ ਬਰਾੜ, ਸਰਪੰਚ ਬੱਬੂ ਸਿੰਘ, ਸਰਪੰਚ ਰੇਸ਼ਮ ਸਿੰਘ ਨੰਬਰਦਾਰ ਤੋਂ ਇਲਾਵਾ ਪੰਚ ਤੇ ਸਰਕਲ ਦੇ ਵਰਕਰ 'ਤੇ ਹੈਲਪਰ ਹਾਜ਼ਰ ਸਨ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦਾ ਸ਼ਾਨਦਾਰ ਸਵਾਗਤ



ਬਰਨਾਲਾ, 30 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਗੁਰਦੁਆਰਾ ਭਗਤ ਰਵਿਦਾਸ ਜੀ ਸਿੰਘ ਸਭਾ ਨੇੜੇ ਦੋ ਦਰਵਾਜੇ ਦੀ ਪ੍ਰਬੰਧਕ ਕਮੇਟੀ ਵੱਲੋਂ 14ਵੀਂ ਸਦੀ ਦੇ ਅਵਤਾਰ, ਭਗਤੀ ਲਹਿਰ ਦੇ ਮੋਢੀ, ਬ੍ਰਹਮ ਗਿਆਨੀ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਮਹਾਨ ਨਗਰ ਕੀਰਤਨ ਦਾ ਕ੍ਰਿਸ਼ਨਾ ਗਲੀ ਕੇ ਸੀ ਰੋਡ ਬਰਨਾਲਾ ਦੇ ਵਾਸੀਆਂ ਵੱਲੋਂ ਗੁਰੂ ਰਵਿਦਾਸ ਸੇਵਾ ਸੋਸਾਇਟੀ ਬਰਨਾਲਾ ਦੇ ਪ੍ਰਧਾਨ ਗੁਰਮੀਤ ਸਿੰਘ ਅਤੇ ਸਰਪ੍ਰਸਤ ਗੁਰਦੇਵ ਸਿੰਘ ਨਿੱਕਾ ਦੀ ਦੇਖ ਰੇਖ 'ਚ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਮੁੱਚੀ ਸੰਗਤ ਨੂੰ ਰਸ ਅਤੇ ਚਾਹ ਛਕਾਈ ਗਈ।ਨਗਰ ਕੀਰਤਨ ਦੇ ਪ੍ਰਬੰਧਕਾਂ ਦਾ ਸਿਰੋਪੇ ਭੇਟ ਕਰਕੇ ਸਨਮਾਨ ਕੀਤਾ ਗਿਆ। ਮਿਤੀ 1 ਫਰਵਰੀ ਨੂੰ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰਦੁਆਰਾ ਰਵਿਦਾਸ ਸਿੰਘ ਸਭਾ ਨੇੜੇ ਦੋ ਦਰਵਾਜ਼ੇ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ, ਜਿੱਥੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਚੈੱਕਅੱਪ ਕੀਤਾ ਜਾਵੇਗਾ। ਨਗਰ ਕੀਰਤਨ ਦੇ ਸਵਾਗਤ ਮੌਕੇ ਸੁਖਵਿੰਦਰ ਸਿੰਘ ਭੰਡਾਰੀ, ਦਰਸ਼ਨ ਸਿੰਘ ਮਹਿਰਾ, ਸੰਜੀਵ ਮਕੈਨਿਕ, ਵਿਕਾਸ ਭੰਡਾਰੀ, ਸੁਰਜੀਤ ਸਿੰਘ, ਅਮਰਜੀਤ ਸਿੰਘ ਬਰੈਂਡ ਟੱਚ ਵਾਲੇ, ਸੰਜੇ ਕਾਕਾ ਡੇਅਰੀ ਵਾਲੇ, ਰਾਮ ਲਾਲ, ਬਲਵੀਰ ਸਿੰਘ, ਸਤਨਾਮ ਸਿੰਘ ਅਤੇ ਹਰਦੀਪ ਸਿੰਘ ਗੋਗਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਦੌਰਾਨ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਣਜੋਧ ਸਿੰਘ, ਮੀਤ ਪ੍ਰਧਾਨ ਜਰਨੈਲ ਸਿੰਘ ਅਤੇ ਖਜ਼ਾਨਚੀ ਗੁਰਮੇਲ ਸਿੰਘ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸਭਨਾਂ ਨੂੰ ਵਧਾਈ ਦਿੱਤੀ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੀਆਂ ਸਭਨਾਂ ਨੂੰ ਲੱਖ-ਲੱਖ ਵਧਾਈਆਂ



ਬਰਨਾਲਾ, 30 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਜਗਤ ਪਿਤਾ ਸ੍ਰੀ ਭਗਤ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਦੀਆਂ ਸਮੂਹ ਭਾਰਤਵਾਸੀਆਂ ਨੂੰ ਲੱਖ ਲੱਖ ਮੁਬਾਰਕਾਂ। ਇਸ ਮੌਕੇ ਸ਼ਹਿਰ ਬਰਨਾਲਾ ਦੀਆਂ ਸਮਾਜ ਸੇਵੀ ਔਰਤਾਂ ਕਰਮਪਾਲ ਕੌਰ ਮਾਛੀਕੇ, ਪ੍ਰਿੰਸੀਪਲ ਨੀਲਮ ਸ਼ਰਮਾ, ਨੀਰਜ ਬਾਲਾ ਦਾਨੀਆ, ਸਪਨਾ ਗਰਗ, ਸੋਮਾ ਭੰਡਾਰੀ ਅਤੇ ਬਬੀਤਾ ਜਿੰਦਲ ਨੇ ਸਾਰਿਆਂ ਨੂੰ ਅਰਜੋਈ ਕਰਦਿਆਂ ਕਿਹਾ ਕਿ ਆਓ ਸਾਰੇ ਰਲ ਮਿਲ ਕੇ ਗੁਰੂ ਰਵਿਦਾਸ ਜੀ ਦੀ ਬਾਣੀ ਨੂੰ ਹਿਰਦੇ ਵਿਚ ਵਸਾਈਏ। ਊਚਨੀਚ ਅਤੇ ਜਾਤਪਾਤ ਦਾ ਖਾਤਮਾ ਕਰਕੇ ਸਾਂਝੀਵਾਲਤਾ ਅਤੇ ਸਮਰਸ ਸਮਾਜ ਦੀ ਸਿਰਜਣਾ 'ਚ ਆਪਣਾ ਯੋਗਦਾਨ ਪਾਈਏ। ਇਸ ਮੌਕੇ ਜਗ੍ਹਾ ਜਗ੍ਹਾ ਸਜਾਏ ਜਾ ਰਹੇ ਨਗਰ ਕੀਰਤਨਾਂ ਦਾ ਸਵਾਗਤ ਕਰਕੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕਰੀਏ।

# ਨਗਰ ਕੌਂਸਲ ਨੇ ਪੁਲਿਸ ਦੇ ਸਹਿਯੋਗ ਨਾਲ ਨਾਜਾਇਜ਼ ਕਬਜ਼ੇ ਹਟਵਾਏ



ਤਪਾ ਮੰਡੀ, 30 ਜਨਵਰੀ (ਰਾਜੂ ਮਹਿਰਾ) : ਸ਼ਹਿਰ 'ਚ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦੇ ਅੱਗੇ ਸਾਮਾਨ ਰੱਖ ਕੇ ਕੀਤੇ ਨਾਜਾਇਜ਼ ਕਬਜ਼ਿਆਂ ਨਾਲ ਆਵਾਜਾਈ ਵਿਚ ਪੈਂਦੇ ਵਿਘਨ ਦੇ ਮੱਦੇਨਜ਼ਰ ਨਗਰ ਕੌਂਸਲ ਤਪਾ ਵੱਲੋਂ ਪੁਲਿਸ ਦੇ ਸਹਿਯੋਗ ਨਾਲ ਨਜਾਇਜ਼ ਕਬਜ਼ੇ ਹਟਵਾਏ ਗਏ। ਦੱਸਣਯੋਗ ਹੈ ਕਿ ਸ਼ਹਿਰ ਦੇ ਅੰਦਰਲੇ ਬੱਸ ਸਟੈਂਡ, ਸਦਰ ਬਾਜ਼ਾਰ, ਬਾਲਮੀਕੀ ਚੌਂਕ, ਸਕੂਲ ਰੋਡ ਆਦਿ ਤੇ ਅਕਸਰ ਜਾਮ ਲੱਗਾ ਰਹਿੰਦਾ ਸੀ। ਸਦਰ ਬਾਜ਼ਾਰ 'ਚ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਕਾਫੀ ਅੱਗੇ ਤੱਕ ਵਧਾਅ ਰੱਖੀਆਂ ਸਨ। ਜਿਸ ਕਾਰਨ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨ ਪੈਂਦਾ ਹੈ ਤੇ ਕਈ ਵਾਰ ਤਾਂ ਹਾਦਸਾ ਹੋਣ ਦੀ ਵੀ ਨੌਬਤ ਆ ਜਾਂਦੀ ਸੀ। ਪੁਲਿਸ ਅਧਿਕਾਰੀ ਸਬ ਇੰਸਪੈਕਟਰ ਸ਼ਰੀਫ਼ ਖ਼ਾਨ ਦੇ ਸਹਿਯੋਗ ਸਦਕਾ ਨਗਰ ਕੌਂਸਲ ਤਪਾ ਦੇ ਕਰਮਚਾਰੀਆਂ ਨੇ ਦੁਕਾਨਦਾਰਾਂ ਦੇ ਰੱਖੇ ਸਾਮਾਨ ਨੂੰ ਚੁਕਵਾ ਕੇ ਤਾੜਨਾ ਕੀਤੀ ਕਿ ਜੇਕਰ ਅੱਗੇ ਤੋਂ ਕੋਈ ਵੀ ਆਪਣਾ ਸਾਮਾਨ ਦੁਕਾਨ ਦੇ ਬਾਹਰ ਰੱਖੇਗਾ ਤਾਂ ਉਸ ਦਾ ਚਲਾਨ ਕੱਟਣ ਦੇ ਨਾਲ-ਨਾਲ ਸਾਮਾਨ ਵੀ ਜ਼ਬਤ ਕਰ ਲਿਆ ਜਾਵੇਗਾ। ਇਸ ਮੌਕੇ ਨਗਰ ਨਗਰ ਕੌਂਸਲ ਦੇ ਮੁਲਾਜ਼ਮਾਂ ਨੇ ਸਦਰ ਬਾਜ਼ਾਰ 'ਚ ਬਾਹਰ ਪਿਆ ਨਜਾਇਜ਼ ਸਮਾਨ ਚੁੱਕ ਕੇ ਟਰਾਲੀ 'ਚ ਸੁੱਟਿਆ। ਇਸ ਮੌਕੇ ਥਾਣਾ ਮੁਖੀ ਸ਼ਰੀਫ਼ ਖ਼ਾਨ, ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਸਹਾਇਕ ਥਾਣੇਦਾਰ ਹਰਵਿੰਦਰ ਪਾਲ ਸਿੰਘ, ਹੌਲਦਾਰ ਗੁਰਜੀਤ ਸਿੰਘ, ਗੁਰਮੇਲ ਸਿੰਘ ਤੋਂ ਇਲਾਵਾ ਨਗਰ ਕੌਂਸਲ ਦੇ ਅਮਨਦੀਪ ਸ਼ਰਮਾ, ਤਰਸੇਮ ਚੰਦ ਖਿੱਲੂ, ਨਰਿੰਦਰ ਕੁਮਾਰ, ਹਰਦੀਪ ਸਿੰਘ ਦੀਪਾ, ਦੀਪ ਆਦਿ ਸਮੂਹ ਨਗਰ ਕੌਂਸਲ ਦੇ ਕਰਮਚਾਰੀ ਮੌਜੂਦ ਸਨ।

# ਸੈਮੀਨਾਰ ਕਰਵਾਉਣ ਸਬੰਧੀ ਤਿਆਰੀ ਮੀਟਿੰਗ



ਸ਼ੇਰਪੁਰ, 30 ਜਨਵਰੀ (ਬਘੇਲ ਸਿੰਘ ਧਾਲੀਵਾਲ) : ਉੱਘੇ ਵਾਤਾਵਰਨ ਪ੍ਰੇਮੀ ਅਤੇ ਕੁਦਰਤ-ਮਾਨਵ ਕੇਂਦਰਿਤ ਲੋਕ ਲਹਿਰ ਦੇ ਸਿਰਕੱਢ ਆਗੂ ਸਵਰਗੀ ਗੁਰਦਿਆਲ ਸ਼ੀਤਲ ਸ਼ੇਰਪੁਰੀ ਜੀ ਦੀ ਛੇਵੀਂ ਬਰਸੀ ਸਮਾਗਮ ਸਮੇਂ ਸਥਾਨਕ ਇਕਾਈ ਵੱਲੋਂ ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਵਿਖੇ ਸੰਦੀਪ ਸਿੰਘ ਗਰੇਵਾਲ ਕਨਵੀਨਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਸਮੇਂ ਵਾਤਾਵਰਣ, ਖੇਤੀ, ਕੁਦਰਤ-ਮਾਨਵ ਰਿਸ਼ਤੇ ਨੂੰ ਬਚਾਉਣ ਹਿਤ ਵਿਚਾਰ ਵਟਾਂਦਰੇ ਹੋਏ। 28 ਫਰਵਰੀ 2026, ਦਿਨ ਸ਼ਨੀਵਾਰ ਨੂੰ ਸਵੇਰੇ 10.30 ਵਜੇ , ਗੁਰਦੁਆਰਾ ਨਾਨਕਸਰ ਸਾਹਿਬ, ਸ਼ੇਰਪੁਰ (ਸੰਗਰੂਰ) ਵਿਖੇ ਹੋਣ ਵਾਲੇ ਬਰਸੀ ਸਮਾਗਮ ਸਮੇਂ ਸੈਮੀਨਾਰ ਦਾ ਵਿਸ਼ਾ ਹੋਵੇਗਾ ਕੁਦਰਤੀ ਸਹਿਕਾਰੀ ਖੇਤੀ: ਜਲਵਾਯੂ ਤਬਦੀਲੀ ਦਾ ਮੁਕਾਬਲਾ ਕਰਨ, ਭੋਜਨ ਸੁਰੱਖਿਆ ਅਤੇ ਕਿਸਾਨ ਭਾਈਚਾਰੇ ਦੀ ਖੁਸ਼ਹਾਲੀ ਦੀ ਗਰੰਟੀ ਕੁਦਰਤੀ ਸਹਿਕਾਰੀ ਖੇਤੀ ਵਿੱਚ ਜਿਸਦੇ ਮੁੱਖ ਬੁਲਾਰੇ ਕੁਦਰਤ-ਮਾਨਵ ਕੇਂਦਰਿਤ ਲੋਕ ਲਹਿਰ ਆਲ ਇੰਡੀਆ ਦੇ ਜਨ. ਸਕੱਤਰ ਸੁਖਦੇਵ ਭੁਪਾਲ ਹੋਣਗੇ। ਇਸ ਸਮੇਂ ਕਾਮਰੇਡ ਹਰਗੋਬਿੰਦ ਸ਼ੇਰਪੁਰ , ਰਣਜੀਤ ਸਿੰਘ ਕਾਲ੍ਹਾ ਬੂਲਾ, ਸੁਖਜੀਤ ਸਿੰਘ ਰਟੋਲ, ਗੁਰਮੇਲ ਸਿੰਘ ਮੇਘ, ਬਹਾਦਰ ਸਿੰਘ ਚੌਧਰੀ, ਮਾ. ਰਣਜੀਤ ਸਿੰਘ ਬੜਿੰਗ, ਬੰਤ ਸਿੰਘ ਰੰਗੀਆਂ, ਮਾ. ਈਸ਼ਰ ਸਿੰਘ ਕੁਠਾਲਾ, ਬਲਦੇਵ ਸਿੰਘ ਘਨੌਰੀ ਖੁਰਦ , ਬਹਾਦਰ ਸਿੰਘ ਢੰਡਾ , ਮਾ. ਦਿਆਲ ਸਿੰਘ, ਮਲਕੀਤ ਸਿੰਘ ਚਹਿਲ ਘਨੌਰੀ ਖੁਰਦ, ਹਰਨੇਕ ਸਿੰਘ ਖੇੜੀ ਚਹਿਲਾਂ ਅਤੇ ਭੋਲਾ ਸਿੰਘ ਸ਼ੇਰਪੁਰ ਮੌਜੂਦ ਸਨ।

# ਬਰਨਾਲਾ ਵਿੱਚ 22 ਨਵਾਂ ਆਂਗਨਵਾੜੀ ਸੈਂਟਰ ਬਣ ਕੇ ਤਿਆਰ : ਡਿਪਟੀ ਕਮਿਸ਼ਨਰ



ਬਰਨਾਲਾ, 30 ਜਨਵਰੀ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਆਈ.ਏ.ਐੱਸ. ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ ਵੱਖ ਵਿਭਾਗਾਂ ਨਾਲ ਮਹੀਨਾਵਾਰ ਮੀਟਿੰਗ ਕਰਕੇ ਵਿਭਾਗਾਂ ਦੀਆਂ ਸਕੀਮਾਂ ਅਤੇ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਨਵੇਂ ਆਂਗਣਵਾੜੀ ਸੈਂਟਰਾਂ ਦੀ ਉਸਾਰੀ ਕੀਤੀ ਜਾ ਰਹੀ ਹੈ ਜਿਸ ਤਹਿਤ ਲੱਖਾਂ ਰੁਪਏ ਦੀ ਲਾਗਤ ਨਾਲ 25 ਸੈਂਟਰਾਂ ਦੀ ਉਸਾਰੀ ਕੀਤੀ ਜਾਣੀ ਸੀ। ਇਸ ਵਿੱਚੋਂ 22 ਸੈਂਟਰਾਂ ਦਾ ਕੰਮ ਮੁਕੰਮਲ ਹੋ ਚੁੱਕਿਆ ਹੈ ਅਤੇ 3 ਦਾ ਕੰਮ ਜਾਰੀ ਹੈ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਗੁਰਜੀਤ ਕੌਰ ਨੇ ਦੱਸਿਆ ਕਿ ਸਪਾਂਸਰਸ਼ਿਪ ਸਕੀਮ ਤਹਿਤ ਜ਼ਿਲ੍ਹੇ ਵਿੱਚ 291 ਬੱਚਿਆਂ ਨੂੰ ਲਾਭ ਦਿੱਤਾ ਜਾ ਰਿਹਾ ਹੈ, ਜਿਸ ਅਧੀਨ ਹਰ ਮਹੀਨੇ 4000 ਰੁਪਏ ਅਨਾਥ ਜਾਂ ਇੱਕ ਮਾਪਿਆਂ ਵਾਲੇ ਬੱਚਿਆਂ ਨੂੰ ਦਿੱਤੇ ਜਾਂਦੇ ਹਨ। ਇਸ ਮੌਕੇ ਉਨ੍ਹਾਂ ਦੱਸਿਆ ਕਿ ਸਖੀ ਵਨ ਸਟਾਪ ਸੈਂਟਰ ਰਾਹੀਂ ਹੁਣ ਤੱਕ 1024 ਪੀੜਤ ਮਹਿਲਾਵਾਂ ਨੂੰ ਵੱਖ ਵੱਖ ਤਰਾਂ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵੱਖ ਵੱਖ ਵਿਕਾਸ ਕਾਰਜਾਂ, ਪੀ ਜੀ ਆਰ ਐੱਸ, ਸਿਹਤ ਸਕੀਮਾਂ, ਕਿਰਤ ਵਿਭਾਗ ਦੀਆਂ ਸਕੀਮਾਂ ਆਦਿ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਕੰਮ ਸਮਾਂਬੱਧ ਤਰੀਕੇ ਨਾਲ ਨੇਪਰੇ ਚੜ੍ਹਾਇਆ ਜਾਵੇ ਅਤੇ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ।

# ਰਾਸ਼ਟਰੀ ਕੁਸ਼ਟ ਨਿਵਾਰਨ ਦਿਵਸ ਮਨਾਇਆ

## ਕੁਸ਼ਟ ਰੋਗ ਇਲਾਜ ਯੋਗ ਹੈ : ਸਿਵਲ ਸਰਜਨ



ਬਰਨਾਲਾ, 30 ਜਨਵਰੀ (ਬਘੇਲ ਸਿੰਘ ਧਾਲੀਵਾਲ): ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਹੁਕਮਾਂ ਅਨੁਸਾਰ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਅਤੇ ਇੰਚਾ. ਸਿਵਲ ਸਰਜਨ ਬਰਨਾਲਾ ਡਾ. ਪ੍ਰਵੇਸ਼ ਕੁਮਾਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਦੀ ਅਗਵਾਈ ਹੇਠ ਕੁਸ਼ਟ ਰੋਗ ਨਿਵਾਰਨ ਦਿਵਸ ਮਨਾਇਆ ਗਿਆ। ਇਸ ਦਾ ਸਮੇਂ ਸਿਰ ਇਲਾਜ ਕਰਵਾਉਣਾ ਚਾਹੀਦਾ ਹੈ। ਸੀਨੀਅਰ ਮੈਡੀਕਲ ਅਫ਼ਸਰ ਬਰਨਾਲਾ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਸਿਵਲ ਹਸਪਤਾਲ ਬਰਨਾਲਾ ਵਿਖੇ ਇਸਦੀ ਜਾਂਚ ਅਤੇ ਇਲਾਜ ਬਿਲਕੁੱਲ ਮੁਫ਼ਤ ਕੀਤਾ ਜਾਂਦਾ ਹੈ। ਇਸ ਦਾ ਸਮੇਂ ਸਿਰ ਇਲਾਜ ਕਰਵਾਉਣਾ ਬਹੁਤ ਜ਼ਰੂਰੀ ਹੈ। ਜ਼ਿਲ੍ਹਾ ਲੈਪਰੋਸੀ ਅਫ਼ਸਰ ਡਾ. ( ਮੇਜ਼.) ਕਾਕੁਲ ਨੇ ਦੱਸਿਆ ਕਿ ਕੁਸ਼ਟ ਰੋਗ ਚਮੜੀ 'ਤੇ ਹਲਕੇ ਲਾਲ, ਚਿੱਟੇ ਜਾਂ ਤਾਂਬੇ ਰੰਗ ਦੇ ਦਾਗ ਜੋ ਕਿ ਸੁੰਨ ਹੋਣਾ ਜਾਂ ਦਾਗ ਵਾਲੀ ਜਗ੍ਹਾ ਤੋਂ ਵਾਲ ਝੜ ਜਾਣ ਤਾਂ ਤੁਰੰਤ ਡਾਕਟਰੀ ਸਲਾਹ ਅਨੁਸਾਰ ਪੂਰਾ ਸਮਾਂ ਇਲਾਜ ਕਰਾਉਣਾ ਚਾਹੀਦਾ ਹੈ। ਕੁਸ਼ਟ ਰੋਗ ਹੋਰ ਸਧਾਰਨ ਰੋਗਾਂ ਵਾਂਗ ਪੂਰੀ ਤਰਾਂ ਇਲਾਜ ਯੋਗ ਹੈ। ਇਸਦਾ ਸਮੇਂ ਸਿਰ ਪਤਾ ਲੱਗਣ 'ਤੇ ਪੂਰਾ ਇਲਾਜ ਕਰਵਾਉਣਾ ਚਾਹੀਦਾ ਹੈ। ਸਮੇਂ ਸਿਰ ਇਲਾਜ ਕਰਵਾਉਣ ਨਾਲ ਅਪੰਗਤਾ ਤੋਂ ਬਚਿਆ ਜਾ ਸਕਦਾ ਹੈ। ਸੁਰਿੰਦਰ ਸਿੰਘ ਵਿਰਕ ਸਿਹਤ ਕਰਮਚਾਰੀ ਅਤੇ ਹਰਮੀਤ ਸਿੰਘ ਸਿਹਤ ਸੁਪਰਵਾਇਜ਼ਰ ਨੇ ਦੱਸਿਆ ਕਿਸੇ ਨੂੰ ਵੀ ਸਿਹਤ ਸਮੱਸਿਆ ਹੋਵੇ ਤਾਂ ਸਿਵਲ ਹਸਪਤਾਲ ਬਰਨਾਲਾ 'ਚ ਮੁਫ਼ਤ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ। ਕੁਸ਼ਟ ਰੋਗੀ ਵੀ ਆਪਣਾ ਇਲਾਜ ਕਰਵਾ ਕੇ ਆਮ ਵਿਆਕਤੀ ਵਾਂਗ ਜਿੰਦਗੀ ਬਤੀਤ ਕਰ ਸਕਦਾ ਹੈ। ਕਿਉਂਕਿ ਡਾਕਟਰੀ ਸਲਾਹ ਅਨੁਸਾਰ ਪੂਰਾ ਇਲਾਜ ਕਰਵਾ ਕੇ ਉਸ ਤੋਂ ਕਿਸੇ ਪ੍ਰਕਾਰ ਦੀ ਲਾਗ ਦੂਸਰੇ ਵਿਆਕਤੀ ਨੂੰ ਲੱਗਣ ਦਾ ਡਰ ਨਹੀਂ ਰਹਿੰਦਾ। ਡਾ.(ਮੇਜ਼.) ਕਾਕੁਲ ਦੀ ਅਗਵਾਈ ਵਿੱਚ ਕੁਸ਼ਟ ਆਸ਼ਰਮ ਵਿਖੇ ਬੂਟ ਵੀ ਵੰਡੇ ਗਏ।

# ਬ੍ਰਿਲੀਐਂਟ ਸਕੂਲ ਦੇ ਵਿੱਚ ਮਿਡਲ ਤੇ ਸੀਨੀਅਰ ਵਿੰਗ ਦੀ ਸਪੋਰਟਸ ਮੀਟ ਕਰਵਾਈ



ਬਰਨਾਲਾ, 30 ਜਨਵਰੀ (ਇਸੇਨ ਕੰਗ) : ਬ੍ਰਿਲੀਐਂਟ ਸਕੂਲ ਪੱਖੋ ਕਲਾਂ ਜੋ ਕਿ ਚੇਅਰਮੈਨ ਸੰਤ ਬਾਬਾ ਚਰਨਪੁਰੀ ਅਤੇ ਐੱਮ .ਡੀ ਮੈਡਮ ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਚੱਲ ਰਿਹਾ ਹੈ ਸਕੂਲ ਦੇ ਵਿੱਚ ਮਿਡਲ ਤੇ ਸੀਨੀਅਰ ਵਿੰਗ ਦੀ ਸਪੋਰਟਸ ਮੀਟ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਪ੍ਰਿੰਸੀਪਲ ਸੁਮਨ ਸ਼ਰਮਾ, ਕੋਆਰਡੀਨੇਟਰ ਨਰਿੰਦਰ ਕੌਰ, ਕਮੇਟੀ ਮੈਂਬਰ ਜੰਟਾ ਸਿੰਘ ਮਾਨ, ਬਲਦੇਵ ਸਿੰਘ ਸਿੱਧੂ,ਨਿਰਮਲ ਸਿੰਘ ਮਾਨ ਸ਼ਾਮਿਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ,ਜੋਤ ਪ੍ਰਚੰਡ ਤੇ ਕਬੂਤਰਾਂ ਦੀ ਓਡਾਨ ਤੋਂ ਹੋਈ। ਸਪੋਰਟਸ ਮੀਟ ਵਿੱਚ ਟਰੈਕ ਈਵੈਂਟ ਤੇ ਫੀਲਡ ਈਵੈਂਟ ਕਰਵਾਏ ਗਏ ਇਸ ਵਿੱਚ 100 ਮੀਟਰ 200 ਮੀਟਰ 600 ਮੀਟਰ ਤੇ ਰਿਲੇਅ ਕਰਵਾਈ ਗਈ । ਸ਼ਾਟ ਪੁੱਟ ਤੇ ਲੰਮੀ ਛਾਲ ਈਵੈਂਟ ਕਰਵਾਏ ਇਹਨਾਂ ਈਵੈਂਟਾ ਵਿੱਚ ਗ੍ਰੀਨ ਹਾਊਸ, ਰੈੱਡ ਹਾਊਸ,ਯੈਲੋ ਹਾਊਸ,ਬਲਿਊ ਹਾਊਸ ਨੇ ਵੱਖ ਵੱਖ ਪੁਜੀਸ਼ਨਾਂ ਹਾਸਲ ਕੀਤੀਆਂ ਮਾਰਚ ਪਾਸਟ ਵਿੱਚ ਬਲਿਊ ਹਾਊਸ ਜੇਤੂ ਰਿਹਾ । ਆਲਓਵਰ ਟਰਾਫੀ ਗ੍ਰੀਨ ਹਾਊਸ ਨੇ ਜਿੱਤੀ ਪ੍ਰਿੰਸਿਪਲ ਸੁਮਨ ਸ਼ਰਮਾ ਤੇ ਮਨੈਜਿੰਗ ਕਮੇਟੀ ਨੇ ਜੇਤੂ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਮੁਰਹਾ ਪੀ.ਟੀ. ਸਕੀਮ ਤਹਿਤ ਝਲੂਰ ਵਿੱਚ ਕਾਫ਼ ਰੈਲੀ ਦੌਰਾਨ ਪਸ਼ੂ ਨਸਲ ਸੁਧਾਰ ਲਈ ਵੱਡੀ ਜਾਗਰੂਕਤਾ



ਬਰਨਾਲਾ, 30 ਜਨਵਰੀ (ਬਘੇਲ ਸਿੰਘ ਧਾਲੀਵਾਲ):ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਬਰਨਾਲਾ ਡਾਕਟਰ ਕਰਮਜੀਤ ਸਿੰਘ ਜੀ ਅਤੇ ਡਾਕਟਰ ਅਮਿਤ ਖੁਰਾਣਾ ਕੋ-ਆਰਡੀਨੇਟਰ ਮੁਰਹਾ ਪੀ ਟੀ ਪ੍ਰੋਜੈਕਟ ਪੰਜਾਬ ਦੇ ਦਿਸ਼ਾ-ਨਿਰਦੇਸਾ ਅਨੁਸਾਰ ਅਤੇ ਸੀਨੀਅਰ ਵੈਟਨਰੀ ਅਫਸਰ ਬਰਨਾਲਾ ਡਾਕਟਰ ਮੁਹੰਮਦ ਸਲੀਮ ਜੀ ਦੀ ਅਗਵਾਈ ਅਤੇ ਡਾਕਟਰ ਸੁਖਹਰਮਨਦੀਪ ਸਿੰਘ ਬਤੌਰ ਜ਼ਿਲ੍ਹਾ ਕੋ-ਆਰਡੀਨੇਟਰ ਪੀ ਟੀ ਮੁਰਹਾ (RGM) ਸਕੀਮ ਬਰਨਾਲਾ ਜੀਆਂ ਦੀ ਦੇਖ-ਰੇਖ ਹੇਠ ਸਿਵਲ ਪਸ਼ੂ ਡਿਸਪੈਸਰੀ ਝਲੂਰ ਵਿਖੇ ਕਾਫ਼ ਰੈਲੀ ਕਰਵਾਈ ਗਈ।ਇਸ ਮੁਕਾਬਲੇ ਵਿੱਚ ਕੁੱਲ 43 ਸਰਕਾਰੀ ਸੀਮਨ ਤੋਂ ਪੈਂਦਾ ਹੋਈਆਂ ਕੱਟੀਆਂ ਨੂੰ ਲੈ ਕੇ ਪਸ਼ੂ ਪਾਲਕਾਂ ਵੀਰਾਂ ਨੇ ਭਾਗ ਲਿਆ ਅਤੇ ਮੁਕਾਬਲੇ ਵਿੱਚ ਸਰਦਾਰ ਅੰਤੂ ਸਿੰਘ ਦੀ ਕੱਟੀ ਨੇ ਪਹਿਲਾਂ, ਸੁਖਵਿੰਦਰ ਸਿੰਘ ਦੀ ਕੱਟੀ ਨੇ ਦੂਸਰਾ ਅਤੇ ਰਾਮ ਸਿੰਘ ਵਾਸੀ ਝਲੂਰ ਦੀ ਕੱਟੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਕਾਫ਼ ਰੈਲੀ ਵਿੱਚ ਪਹੁੰਚੇ ਪਸ਼ੂ ਪਾਲਕਾਂ ਨੂੰ ਸੰਬੋਧਨ ਕਰਦਿਆਂ ਡਾਕਟਰ ਮੁਹੰਮਦ ਸਲੀਮ ਜੀ SVO ਪਸ਼ੂ ਪਾਲਣ ਵਿਭਾਗ ਬਰਨਾਲਾ ਨੇ ਪਸ਼ੂਆਂ ਦੀ ਸਾਂਭ ਸੰਭਾਲ ਅਤੇ ਡੇਅਰੀ ਧੰਦੇ ਤੋਂ ਹੌਣ ਵਾਲੇ ਆਰਥਿਕ ਵਿਕਾਸ ਬਾਰੇ ਜਾਣੂ ਕਰਵਾਇਆ। ਡਾਕਟਰ ਸੁਖਹਰਮਨਦੀਪ ਸਿੰਘ ਜ਼ਿਲ੍ਹਾ ਕੋ-ਆਰਡੀਨੇਟਰ ਨੇ ਪਸ਼ੂਆਂ ਦੀ ਨਸਲ ਸੁਧਾਰ ਬਾਰੇ ਅਤੇ ਪ੍ਰੋਜੈਕਟ ਦੁਆਰਾ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਪਸ਼ੂ ਪਾਲਕਾਂ ਨੂੰ ਜਾਣੂੰ ਕਰਵਾਇਆ। ਇਸ ਮੌਕੇ ਡਾਕਟਰ ਪ੍ਰੀਤ ਮਹਿੰਦਰਪਾਲ ਸਿੰਘ ਢੀਂਡਸਾ ਨੇ ਪਸ਼ੂ ਨੂੰ ਹੌਣ ਵਾਲੀਆਂ ਬਿਮਾਰੀਆਂ ਉਨ੍ਹਾਂ ਦੇ ਰੱਖ ਰੱਖਾਵ ਅਤੇ ਪਸ਼ੂਆਂ ਦੇ ਘਰੇਲੂ ਉਪਚਾਰ ਸੰਬੰਧੀ ਪਸ਼ੂ ਪਾਲਕਾਂ ਨਾਲ ਗੱਲਬਾਤ ਕੀਤੀ ਨਾਲ ਹੀ ਡਾਕਟਰ ਗਗਨਜੋਤ ਸਿੰਘ ਵੈਟਨਰੀ ਅਫਸਰ ਬਰਨਾਲਾ ਨਾਲ ਮਿਲ ਕੇ ਬਤੌਰ ਜੱਜ ਅਹਿਮ ਭੂਮਿਕਾ ਨਿਭਾਈ। ਕਾਫ਼ ਰੈਲੀ ਦਾ ਪੂਰਾ ਪ੍ਰਬੰਧ ਸੁਚੱਜੇ ਢੰਗ ਨਾਲ ਮੁਕੰਮਲ ਸ੍ਰੀ ਰਾਕੇਸ਼ ਕੁਮਾਰ ਜੀ ਵੈਟਨਰੀ ਇੰਸਪੈਕਟਰ ਝਲੂਰ ਨੇ ਕੀਤਾ। ਮੁਰਹਾ ਪੀ ਟੀ ਸਕੀਮ ਵੱਲੋਂ ਆਪਣੀਆਂ ਯੋਗ ਸੇਵਾਵਾਂ ਦੇਣ ਬਦਲੇ ਸ੍ਰੀ ਰਾਕੇਸ਼ ਕੁਮਾਰ ਵੈਟਨਰੀ ਇੰਸਪੈਕਟਰ ਝਲੂਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਨਾਲ ਹੀ ਪਿੰਡ ਦੇ ਅਗਾਂਹਵਧੂ ਪਸ਼ੂ ਪਾਲਕ ਕਿਸਾਨ ਦਾ ਸਨਮਾਨ ਵੀ ਕੀਤਾ ਗਿਆ/ ਕਾਫ਼ ਰੈਲੀ ਮੌਕੇ ਸੁਪਰਵਾਈਜ਼ਰ ਗਮਦੂਰ ਸਿੰਘ, ਸਤਨਾਮ ਸਿੰਘ, ਗੁਰਤੇਜ ਸਿੰਘ ਮਿਲਕ ਰਿਕਾਰਡਰ ਹਰਜਿੰਦਰ ਸਿੰਘ ਲਾਲੀ, ਜਸਪ੍ਰੀਤ ਸਿੰਘ ਸੇਖਾ ਹਾਜ਼ਰ ਰਹੇ।

# ਐਨ.ਆਰ.ਆਈ. ਪਰਮਜੀਤ ਸਿੰਘ ਹੇਅਰ ਪਾਇਲਟ ਨੇ ਕੀਤੀ ਬੂਟਾਂ ਦੀ ਵੰਡ



ਬਰਨਾਲਾ, 30 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਵਾਲਾ ਵਿਖੇ ਹੈੱਡ ਟੀਚਰ ਨਰਿੰਦਰ ਕੁਮਾਰ ਦੇ ਯਤਨਾਂ ਸਦਕਾ ਐਨ.ਆਰ.ਆਈ ਪਰਮਜੀਤ ਸਿੰਘ ਹੇਅਰ ਪਾਇਲਟ ( ਹਾਂਗਕਾਂਗ )ਨੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਬਰਾਂਡਡ ਬੂਟਾਂ ਦੀ ਵੰਡ ਕੀਤੀ, ਜਿਸ ਨਾਲ ਵਿਦਿਆਰਥੀਆਂ ਨੂੰ ਠੰਢ ਤੋਂ ਰਾਹਤ ਮਿਲੀ। ਸਕੂਲ ਮੁਖੀ ਨੇ ਦੱਸਿਆ ਕਿ ਪਿਛਲੇ ਬੂਟ ਸਾਰੇ ਟੁੱਟ ਚੁੱਕੇ ਸਨ, ਜਿਸ ਕਾਰਨ ਵਿਦਿਆਰਥੀਆਂ ਨੂੰ ਬੂਟਾਂ ਦੀ ਸਖ਼ਤ ਜ਼ਰੂਰਤ ਸੀ, ਜੋ ਕਿ ਹੇਅਰ ਵੱਲੋਂ ਪੂਰੀ ਕੀਤੀ ਗਈ। ਇਸ ਮੌਕੇ ਇੱਕ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਨਰਿੰਦਰ ਕੁਮਾਰ ਸਕੂਲ ਮੁਖੀ ਨੇ ਦੱਸਿਆ ਕਿ ਪਰਮਜੀਤ ਸਿੰਘ ਹੇਅਰ ਜੋ ਕਿ ਹਾਗਕਾਂਗ ਵਿੱਚ ਪਾਇਲਟ ਹਨ, ਇੱਕ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਇੱਕ ਛੋਟੇ ਜਿਹੇ ਪਿੰਡ ਅਮਲਾ ਸਿੰਘ ਵਾਲਾ ਤੋਂ ਉੱਠ ਕੇ ਇਹਨਾਂ ਨੇ ਵਿਦੇਸ਼ ਵਿੱਚ ਪਾਇਲਟ ਦਾ ਅਹੁਦਾ ਸੰਭਾਲਿਆ ਹੈ ਅਤੇ ਬਹੁਤ ਚੰਗੀ ਸੇਵਾ ਕਰ ਰਹੇ ਹਨ ।ਪਰਮਜੀਤ ਸਿੰਘ ਹੇਅਰ ਐਨ. ਆਰ .ਆਈ .ਨੇ ਬੋਲਦਿਆਂ ਕਿਹਾ ਕਿ ਮੈਂ ਛੋਟੇ ਹੁੰਦੇ ਹੀ ਜਹਾਜ ਉਡਾਉਂਦਾ ਹੁੰਦਾ ਸੀ ਅਤੇ ਮੇਰਾ ਸੁਪਨਾ ਸੀ ਕੇ ਮੈਂ ਪਾਇਲਟ ਬਣਾ ਜੋ ਕਿ ਮੈਂ 14 ਸਾਲਾਂ ਦੀ ਸ਼ਖਤ ਮਿਹਨਤ ਤੋਂ ਬਾਅਦ ਇਹ ਅਹੁਦਾ ਹਾਸਲ ਕੀਤਾ। ਉਨਾਂ ਬੱਚਿਆਂ ਨੂੰ ਕਿਹਾ ਕਿ ਕੋਈ ਵੀ ਸੁਪਨਾ ਵੱਡਾ ਨਹੀਂ ਹੁੰਦਾ, ਜੇਕਰ ਆਪਾਂ ਸਖਤ ਮਿਹਨਤ ਕਰੀਏ ਤਾਂ ਕੋਈ ਵੀ ਸੁਪਨਾ ਅਧੂਰਾ ਨਹੀਂ ਰਹਿ ਸਕਦਾ। ਇਸ ਮੌਕੇ ਰੇਸ਼ਮ ਸਿੰਘ ਚੇਅਰਮੈਨ, ਹਰਬੰਸ ਸਿੰਘ ਫ਼ੌਜੀ ,ਪ੍ਰਿਆ ਰਾਣੀ ,ਗਗਨਦੀਪ ਸਿੰਘ ,ਲਖਵਿੰਦਰ ਕੌਰ ,ਨੀਲਮ ਰਾਣੀ ,ਬੂਟਾ ਸਿੰਘ ,ਸ਼ਿੰਗਾਰਾ ਸਿੰਘ ,ਯੁਧਵੀਰ ਸਿੰਘ ,ਨਵਜੋਤ ਕੌਰ ਸਮੁੱਚੀ ਸਕੂਲ ਮੈਨੇਜਮੈਂਟ ਕਮੇਟੀ ਹਾਜ਼ਰ ਸੀ।

# ਪੰਜਾਬ ਏਡਜ਼ ਕੰਟਰੋਲ ਮੁਲਾਜ਼ਮਾਂ ਦੀ ਹੜਤਾਲ 15 ਫਰਵਰੀ ਨੂੰ ਸਿਹਤ ਮੰਤਰੀ ਦਾ ਹੋਵੇਗਾ ਘੇਰਾਓ



ਧਨੌਲਾ, 30 ਜਨਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਏਡਜ਼ ਕੰਟਰੋਲ ਇੰਮਪਲਾਈਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਦਿੱਤੇ ਸੱਦੇ ਉੱਪਰ ਪੰਜਾਬ ਭਰ ਦੇ ਕਰਮਚਾਰੀਆਂ ਵੱਲੋਂ ਅੱਜ ਆਪਣੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਮਸਲਿਆਂ ਅਤੇ ਮੰਗਾਂ ਨਾ ਮੰਨਣ ਦੇ ਵਿਰੋਧ ਵਿੱਚ ਦੋ ਘੰਟਿਆਂ ਦੀ ਪੈਨ-ਡਾਊਨ ਹੜਤਾਲ ਕੀਤੀ ਗਈ। ਇਹ ਪੈਨ-ਡਾਊਨ ਹੜਤਾਲ ਪੂਰੀ ਤਰ੍ਹਾਂ ਸ਼ਾਂਤਮਈ, ਅਨੁਸ਼ਾਸਨਬੱਧ ਅਤੇ ਲੋਕਤਾਂਤ੍ਰਿਕ ਢੰਗ ਨਾਲ ਦਫ਼ਤਰੀ ਸਮੇਂ ਦੌਰਾਨ ਕੀਤੀ ਗਈ, ਜਿਸ ਨਾਲ ਕਿਸੇ ਵੀ ਅਹਿਮ ਸੇਵਾ ਵਿੱਚ ਕੋਈ ਰੁਕਾਵਟ ਨਹੀਂ ਆਈ। ਐਸੋਸੀਏਸ਼ਨ ਦੇ ਪ੍ਰਧਾਨ ਜਸਮੇਲ ਸਿੰਘ ਨੇ ਦੱਸਿਆ ਕਿ ਦੋ ਘੰਟਿਆਂ ਦੀ ਪੈਨ-ਡਾਊਨ ਹੜਤਾਲ ਦੇ ਸਮਾਪਤ ਹੋਣ ਉਪਰੰਤ, ਹੈੱਡਕੁਆਰਟਰ ਚੰਡੀਗੜ੍ਹ ਵੱਲੋਂ ਆਪਣੀਆਂ ਜਾਇਜ਼ ਮੰਗਾਂ ਸੰਬੰਧੀ ਇੱਕ ਮੰਗ ਪੱਤਰ ਐਡੀਸ਼ਨਲ ਪ੍ਰੋਜੈਕਟ ਡਾਇਰੈਕਟਰ (ਏਪੀਡੀ) ਨੂੰ ਸੌਂਪਿਆ ਗਿਆ। ਮੰਗ ਪੱਤਰ ਵਿੱਚ ਕਰਮਚਾਰੀਆਂ ਦੇ ਉਹਨਾਂ ਮਸਲਿਆਂ ਅਤੇ ਸੇਵਾ ਸੰਬੰਧੀ ਮੰਗਾਂ ਦਾ ਵੇਰਵਾ ਦਿੱਤਾ ਗਿਆ ਹੈ, ਜੋ ਪਹਿਲਾਂ ਵੀ ਕਈ ਵਾਰ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੇ ਗਏ ਸਨ, ਪਰ ਅਜੇ ਤੱਕ ਹੱਲ ਨਹੀਂ ਹੋ ਸਕੇ। ਇਸੇ ਪ੍ਰਕਾਰ ਪੂਰੇ ਪੰਜਾਬ ਵਿੱਚ ਐੱਸ ਐਮ ਓ/ ਸਿਵਲ ਸਰਜਨ ਨੂੰ ਮੰਗ ਪੱਤਰ ਦਿੱਤੇ ਗਏ ਅਤੇ ਦੋ ਘੰਟੇ ਦੀ ਸੰਕੇਤਕ ਹੜਤਾਲ ਕੀਤੀ ਗਈ। ਕਰਮਚਾਰੀਆਂ ਨੇ ਆਸ ਪ੍ਰਗਟਾਈ ਕਿ ਸਬੰਧਿਤ ਅਧਿਕਾਰੀ ਮੰਗ ਪੱਤਰ ਵਿੱਚ ਸਮੇਂ-ਬੱਧ ਫੈਸਲਾ ਲੈਂਦੇ ਹੋਏ ਜਲਦ ਹੀ ਸਕਾਰਾਤਮਕ ਕਦਮ ਚੁੱਕੇ ਜਾਣ ਅਤੇ ਗੱਲਬਾਤ ਰਾਹੀਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ। ਉਨ੍ਹਾਂ ਨੇ ਇਹ ਵੀ ਸਪਸ਼ਟ ਕੀਤਾ ਕਿ ਪੈਨ-ਡਾਊਨ ਹੜਤਾਲ ਆਖਰੀ ਵਿਕਲਪ ਵਜੋਂ ਕੀਤੀ ਗਈ ਹੈ। ਜੇਕਰ ਮੰਗਾਂ ਨਹੀਂ ਮੰਨਿਆਂ ਗਈਆਂ ਤਾਂ ਮਿਤੀ 15 ਫਰਵਰੀ, 2026 ਨੂੰ ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਪੰਜਾਬ ਡਾ. ਬਲਬੀਰ ਸਿੰਘ ਦੇ ਘਰ ਦੇ ਮੂਹਰੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਪ੍ਰੈੱਸ ਸਕੱਤਰ ਸ਼੍ਰੀ ਮੁਨੀਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਦੌਰਾਨ ਏਡਜ਼ ਕੰਟਰੋਲ ਪ੍ਰੋਗਰਾਮ ਨਾਲ ਜੁੜੇ ਮੁਲਾਜਮਾਂ ਨੂੰ ਸਰਕਾਰ ਵੱਲੋਂ ਖਜਾਨੇ ਵਿੱਚੋਂ 20 ਪ੍ਰਤੀਸ਼ਤ ਵਿੱਤੀ ਵਾਧਾ ਦਿੱਤਾ ਗਿਆ ਸੀ। ਇਸੇ ਤਰਜ਼ 'ਤੇ ਪੰਜਾਬ ਵਿੱਚ ਵੀ ਪਿਛਲੇ ਚਾਰ ਸਾਲਾਂ ਤੋਂ ਇਸ ਵਾਧੇ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਕਈ ਵਾਰ ਮੀਟਿੰਗਾਂ ਕੀਤੀਆਂ ਗਈਆਂ, ਪਰ ਅਜੇ ਤੱਕ ਕਿਸੇ ਵੀ ਤਰ੍ਹਾਂ ਦਾ ਢੁਕਵਾਂ ਹੱਲ ਨਹੀਂ ਨਿਕਲਿਆ।ਇਸ ਸਮੇਂ ਬਰਨਾਲਾ ਜ਼ਿਲ੍ਹੇ ਦੀ ਲੀਡਰਸ਼ਿਪ ਮੌਜੂਦ ਰਹੀ।

# ਅਨੀਮੀਆ ਮੁਕਤ ਭਾਰਤ ਤਹਿਤ ਅਨੀਮੀਆ ਨਾਲ ਸਬੰਧਿਤ ਕਿਤਾਬਾਂ ਵਿਦਿਆਰਥਣਾਂ ਨੂੰ ਵੰਡੀਆਂ



ਬਰਨਾਲਾ, 30 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਡਿਪਟੀ ਕਮਿਸ਼ਨ ਬਰਨਾਲਾ ਹਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਦੇ ਸਕੂਲਾਂ ਵਿੱਚ ਚਲਾਈ ਜਾ ਰਹੀ ਅਨੀਮੀਆ ਮੁਕਤ ਭਾਰਤ ਮੁਹਿੰਮ ਤਹਿਤ ਸਕੂਲ ਮੁਖੀ ਵਿਨਸੀ ਜਿੰਦਲ ਦੀ ਅਗਵਾਈ ਅਧੀਨ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਬਰਨਾਲਾ ਵਿਖੇ ਗਿਆਰਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਅਨੀਮੀਆ ਨਾਲ ਸੰਬੰਧਿਤ ਕਿਤਾਬਾਂ ਵੰਡੀਆਂ ਗਈਆਂ। ਅਧਿਆਪਕ ਪਲਵਿਕਾ ਦੁਆਰਾ ਵਿਦਿਆਰਥੀਆਂ ਨੂੰ ਅਨੀਮੀਆ ਮੁਕਤ ਭਾਰਤ ਮੁਹਿੰਮ ਬਾਰੇ ਦੱਸਿਆ ਗਿਆ, ਤਾਂ ਜੋ ਵਿਦਿਆਰਥੀਆਂ ਵਿੱਚ ਖ਼ੂਨ ਦੀ ਕਮੀ ਨੂੰ ਦੂਰ ਕੀਤਾ ਜਾ ਸਕੇ। ਵਿਦਿਆਰਥੀਆਂ ਨੂੰ ਕਿਤਾਬ ਵਿੱਚ ਆਪਣੇ ਦਿਨ ਦੇ ਵਿੱਚ ਲਏ ਜਾਣ ਵਾਲੇ ਆਹਾਰ ਨੂੰ ਨੋਟ ਕਰਨ ਅਤੇ ਕਿਤਾਬ ਵਿੱਚ ਦਿੱਤੀਆਂ ਖੇਡਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਸਮੇਂ ਸਕੂਲ ਵਿਦਿਆਰਥੀਆਂ ਦੇ ਨਾਲ ਸਕੂਲ ਦੇ ਹੋਰ ਅਧਿਆਪਕ ਵੀ ਹਾਜ਼ਰ ਰਹੇ ਮ

# ਸੜਕ ਸੁਰੱਖਿਆ ਮਹੀਨਾ: ਆਰ.ਟੀ.ਓ. ਬਰਨਾਲਾ ਵੱਲੋਂ ਵਾਹਨਾਂ ਦੀ ਵਿਸ਼ੇਸ਼ ਚੈਕਿੰਗ



ਬਰਨਾਲਾ, 30 ਜਨਵਰੀ ( ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਦੇ ਸਬੰਧ ਵਿੱਚ ਜ਼ਿਲ੍ਹਾ ਬਰਨਾਲਾ ਵਿੱਚ ਚੈਕਿੰਗ ਅਤੇ ਜਾਗਰੂਕਤਾ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਇਸੇ ਤਹਿਤ ਖੇਤਰੀ ਟਰਾਂਸਪੋਰਟ ਅਫ਼ਸਰ (ਆਰ.ਟੀ.ਓ) ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਅਟਵਾਲ, ਪੀ.ਸੀ.ਐਸ. ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਸੜਕਾਂ ਤੇ ਵਾਹਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਖ਼ਾਸ ਤੌਰ 'ਤੇ ਸਕੂਲੀ ਵਾਹਨਾਂ ਦੀ ਸੁਰੱਖਿਆ ਨੂੰ ਮੁੱਖ ਰੱਖਿਆ ਗਿਆ। ਚੈਕਿੰਗ ਦੌਰਾਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ 3 ਸਕੂਲੀ ਬੱਸਾਂ ਦੇ ਚਲਾਨ ਕੱਟੇ ਗਏ। ਇਸ ਮੌਕੇ ਸ੍ਰੀ ਅਟਵਾਲ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਨਾਲ ਕੋਈ ਵੀ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਜੋ ਵੀ ਵਾਹਨ ਨਿਯਮਾਂ ਦੀ ਪਾਲਣਾ ਨਹੀਂ ਕਰੇਗਾ, ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ, ਸੜਕ ਸੁਰੱਖਿਆ ਮਹੀਨੇ ਦੇ ਤਹਿਤ ਸਹਾਇਕ ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਸ੍ਰੀ ਜਸ਼ਨਜੋਤ ਸਿੰਘ ਸਿੱਧੂ ਵੱਲੋਂ ਟਰੱਕ ਯੂਨੀਅਨ ਤਪਾ ਵਿਖੇ ਇੱਕ ਵਿਸ਼ੇਸ਼ ਸੜਕ ਸੁਰੱਖਿਆ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਟਰੱਕ ਡਰਾਈਵਰਾਂ ਅਤੇ ਆਪਰੇਟਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਡਰਾਈਵਰਾਂ ਨੂੰ ਅਪੀਲ ਕੀਤੀ ਕਿ ਉਹ ਵਾਹਨ ਚਲਾਉਂਦੇ ਸਮੇਂ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ, ਨਸ਼ੇ ਦੀ ਹਾਲਤ ਵਿੱਚ ਗੱਡੀ ਨਾ ਚਲਾਉਣ ਅਤੇ ਧੁੰਦ ਦੇ ਮੌਸਮ ਵਿੱਚ ਵਿਸ਼ੇਸ਼ ਸਾਵਧਾਨੀਆਂ ਵਰਤਣ ਤਾਂ ਜੋ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ। ਇਸ ਮੁਹਿੰਮ ਦੌਰਾਨ ਵਿਭਾਗ ਦੇ ਹੋਰ ਕਰਮਚਾਰੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਵਾਹਨ ਚਾਲਕਾਂ ਨੂੰ ਸੜਕੀ ਸੁਰੱਖਿਆ ਸਬੰਧੀ ਪੈਂਫਲੇਟ ਵੀ ਵੰਡੇ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਦਾਨਗੜ੍ਹ ਵਿਖੇ ਵਿਸ਼ਵ ਕੋਹੜ ਰੋਕੂ ਦਿਵਸ ਬਾਰੇ ਜਾਗਰੂਕ ਕੀਤਾ



ਧਨੌਲਾ, 30 ਜਨਵਰੀ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਵਿਸ਼ਵ ਕੋਹੜ ਰੋਕੂ ਬਾਰੇ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਮੈਡਮ ਮਾਲਾ ਗਰਗ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਕੋਹੜ ਇਹ ਕਿਵੇਂ ਹੁੰਦਾ ਹੈ, ਕਿਵੇਂ ਫੈਲਦੀ ਹੈ ਅਤੇ ਕਿਹੜੀ ਲਾਗ ਨਾਲ ਹੁੰਦੀ ਹੈ। ਵਿਸ਼ਵ ਕੋਹੜ ਦਿਵਸ ਹਰ ਸਾਲ ਭਾਰਤ ਵਿਚ ਕੋਹੜ ਰੋਕੂ ਦਿਵਸ 30 ਜਨਵਰੀ ਨੂੰ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਸ਼ਹੀਦੀ ਦਿਵਸ 'ਤੇ ਮਨਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਕੋਹੜ ਇਕ ਅਜਿਹੀ ਬਿਮਾਰੀ ਹੈ, ਜੋ ਇੱਕ ਬਿਮਾਰ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਤੱਕ ਫੈਲਦੀ ਹੈ। ਇਹ ਬਿਮਾਰੀ ਮਾਈਕੋਬੈਕਟੀਰੀਅਮ ਲੈਪਰੀ ਦੀ ਲਾਗ ਕਾਰਨ ਪੈਦਾ ਹੁੰਦੀ ਹੈ। ਇਸ ਬੈਕਟੀਰੀਆ ਦੀ ਖੋਜ ਜੀ.ਏ. ਹੈਨਸਨ ਨੇ 1874 ਵਿਚ ਕੀਤੀ, ਜਿਸ ਕਾਰਨ ਕੋਹੜ ਨੂੰ ਹੈਨਸਨ ਰੋਗ ਵੀ ਕਿਹਾ ਜਾਂਦਾ ਹੈ। ਇਹ ਜੀਵਾਣੂ ਲੱਗਭਗ 5 ਸਾਲ ਤੱਕ ਸਰੀਰ ਵਿਚ ਰਹਿਣ ਤੇ ਬਿਮਾਰੀ ਦਾ ਕਾਰਨ ਬਣਦਾ ਹੈ। ਉਨ੍ਹਾਂ ਦੱਸਿਆ ਕਿ ਆਮ ਤੌਰ 'ਤੇ ਇਹ ਬਿਮਾਰੀ ਚਮੜੀ ਨੂੰ ਪ੍ਰਭਾਵਿਤ ਕਰਦੀ ਹੈ। ਇੱਕ ਕੋਹੜ ਪੀੜਤ ਵਿਅਕਤੀ ਨਾਲ ਲੰਬਾ ਸਮਾਂ ਰਹਿਣ 'ਤੇ ਇਕ ਤੰਦਰੁਸਤ ਵਿਅਕਤੀ ਨੂੰ ਇਹ ਬਿਮਾਰੀ ਹੋ ਜਾਂਦੀ ਹੈ। ਇਸੇ ਲਈ ਥਾਂ-ਥਾਂ 'ਤੇ ਕੁਸ਼ਟ ਆਸ਼ਰਮ ਬਣਾਏ ਗਏ ਹਨ ਤਾਂ ਜੋ ਇਸ ਰੋਗ ਤੋਂ ਪੀੜਤ ਵਿਅਕਤੀਆਂ ਨੂੰ ਅਲੱਗ ਰੱਖ ਕੇ ਇਲਾਜ ਵੀ ਕੀਤਾ ਜਾ ਸਕੇ ਅਤੇ ਹੋਰਾਂ ਨੂੰ ਇਸ ਦੀ ਲਾਗ ਤੋਂ ਵੀ ਬਚਾਇਆ ਜਾ ਸਕੇ। ਇਸ ਦੀ ਲਾਗ ਮੂੰਹ ਜਾਂ ਨੱਕ ਵਿਚੋਂ ਨਿਕਲਣ ਵਾਲੇ ਤੁਪਕਿਆਂ ਰਾਹੀਂ ਹੁੰਦੀ ਹੈ। ਜੇਕਰ ਕੋਹੜ ਦਾ ਇਲਾਜ ਨਾ ਕੀਤਾ ਜਾਵੇ ਤਾਂ ਇਹ ਭਿਆਨਕ ਰੂਪ ਧਾਰਨ ਕਰ ਲੈਂਦੀ ਹੈ ਭਾਵ ਵਿਅਕਤੀ ਦੀ ਚਮੜੀ, ਨਾੜੀ ਟਿਸ਼ੂ ਤੇ ਅੱਖਾਂ ਆਦਿ ਪੂਰੀ ਤਰ੍ਹਾਂ ਤਬਾਹ ਹੋ ਜਾਂਦੀਆਂ ਹਨ। ਇਸ ਮੌਕੇ ਚੇਅਰਮੈਨ ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਇਸ ਦਿਨ ਨੂੰ ਮਨਾਉਣ ਦਾ ਇਕੋ-ਇਕ ਮਕਸਦ ਵਿਦਿਆਰਥੀਆਂ ਨੂੰ ਇਸ ਬਿਮਾਰੀ ਪ੍ਰਤੀ ਜਾਗਰੂਕ ਕਰਨਾ ਹੈ। ਕਹਿੰਦੇ ਹਨ ਕਿ ਇਲਾਜ ਨਾਲੋਂ ਪਰਹੇਜ਼ ਚੰਗਾ। ਇਸ ਲਈ ਇਸ ਦਿਨ ਤੇ ਲੋਕਾਂ ਵਿਚ ਕੋਹੜ ਸੰਬੰਧੀ ਇਲਾਜ ਅਤੇ ਪਰਹੇਜ਼ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਜੇਕਰ ਕਿਸੇ ਵਿਅਕਤੀ ਦੀ ਰੋਗਾਂ ਨਾਲ ਲੜਨ ਦੀ ਤਾਕਤ ਵਧੀਆ ਹੈ, ਉਸਦਾ ਆਲਾ-ਦੁਆਲਾ ਸਾਫ਼ ਹੈ ਤਾਂ ਉਹ ਇਸ ਬਿਮਾਰੀ ਤੋਂ ਬਚ ਸਕਦਾ ਹੈ। ਇਸ ਮੌਕੇ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਜਸਵੀਰ ਕੌਰ ਅਤੇ ਇੰਚਾਰਜ ਅਜਿੰਦਰਪਾਲ ਟਿਵਾਣਾ ਆਦਿ ਹਾਜ਼ਰ ਸਨ।

# ਮਹੰਤ ਪਰਮਾਨੰਦ ਦੀ 27ਵੀਂ ਬਰਸੀ ਨੂੰ ਸਮਰਪਿਤ ਦੋ ਰੋਜ਼ਾ ਧਾਰਮਿਕ ਸਮਾਗਮ 3 ਤੋਂ



ਤਪਾ ਮੰਡੀ, 30 ਜਨਵਰੀ (ਰਾਜੂ ਮਹਿਰਾ) : ਸ੍ਰੀ ਸ੍ਰੀ 1008 ਮਹੰਤ ਪਰਮਾਨੰਦ ਜੀ ਮਹਾਰਾਜ ਦੀ 27ਵੀਂ ਬਰਸੀ ਨੂੰ ਸਮਰਪਿਤ ਦੋ ਰੋਜ਼ਾ ਧਾਰਮਿਕ ਸਮਾਗਮ ਦੇ ਸ਼ੁਭ ਆਰੰਭ ਮਹੰਤ ਗੋਪਾਲ ਦਾਸ ਜੀ ਦੀ ਦੇਖ-ਰੇਖ ਹੇਠ ਅੰਦਰਲਾ ਡੇਰਾ ਵਿਖੇ ਕਰਵਾਏ ਜਾ ਰਹੇ ਹਨ। ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਅੰਦਰਲਾ ਡੇਰਾ ਦੇ ਮਹੰਤ ਗੋਪਾਲ ਦਾਸ ਨੇ ਦੱਸਿਆ ਕਿ ਮਿਤੀ 3 ਫਰਵਰੀ ਦਿਨ ਮੰਗਲਵਾਰ ਨੂੰ ਡੇਰੇ ਵਿਖੇ ਸ੍ਰੀ ਅਖੰਡ ਰਮਾਇਣ ਪਾਠਾਂ ਦੇ ਸ਼ੁਭ ਆਰੰਭ ਕਰਵਾਏ ਜਾਣਗੇ, ਜਿਨ੍ਹਾਂ ਦੇ ਭੋਗ ਮਿਤੀ 4 ਫਰਵਰੀ ਦਿਨ ਬੁੱਧਵਾਰ ਨੂੰ ਪਾਏ ਜਾਣਗੇ। ਉਪਰੰਤ ਪੰਡਿਤ ਸ੍ਰੀ ਮਨੋਹਰ ਲਾਲ ਸ਼ਾਸਤਰੀ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕਰਨਗੇ। ਉਹਨਾਂ ਦੱਸਿਆ ਕਿ ਇਸੇ ਦਿਨ ਹੀ ਦੋ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕੀਤੇ ਜਾਣਗੇ। ਜਿਸ ਸਬੰਧੀ ਸਭ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

# ਪੈਨਸ਼ਨਰ ਐਸੋਸੀਏਸ਼ਨ ਰਜਿ. ਸਰਕਲ ਬਰਨਾਲਾ ਦੀ ਵਰਕਿੰਗ ਕਮੇਟੀ ਦੀ ਮੀਟਿੰਗ



ਬਰਨਾਲਾ, 30 ਜਨਵਰੀ (ਬਘੇਲ ਸਿੰਘ ਧਾਲੀਵਾਲ) : ਸਰਕਲ ਪ੍ਰਧਾਨ ਪਿਆਰਾ ਲਾਲ ਜੀ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿੱਚ ਸਰਕਲ ਸਕੱਤਰ ਸਿੰਦਰ ਧੌਲਾ ਨੇ ਪੈਨਸ਼ਨਰ ਐਸੋਸੀਏਸ਼ਨ ਰਜਿ. ਵੱਲੋਂ ਚੱਲ ਰਹੇ ਪਾਵਰਕੌਮ ਦੇ ਖ਼ਿਲਾਫ਼, ਅਤੇ ਐਸ ਕੇ ਐਮ 'ਚੋਂ ਇਲਾਵਾ ਮੁਲਾਜ਼ਮਾਂ ਪੈਨਸ਼ਨਰਾਂ ਸਾਂਝੇ ਸੰਘਰਸ਼ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਮਿਤੀ 5 ਜਨਵਰੀ 2026 ਨੂੰ ਬਰਨਾਲਾ ਵਿਖੇ ਪੰਜਾਬ ਕਮੇਟੀ ਦੇ ਸੱਦੇ ਉੱਤੇ ਕਨਵੈਨਸ਼ਨ ਕੀਤੀ ਜਾਵੇਗੀ ਅਤੇ ਫ਼ਰਵਰੀ ਦੇ ਅੰਤ ਵਿੱਚ ਸੰਘਰਸ਼ ਨੂੰ ਤੇਜ਼ ਕਰਦੇ ਹੋਏ ਬਿਜਲੀ ਮੰਤਰੀ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ। ਪ੍ਰਧਾਨ ਰੂਪ ਚੰਦ ਤਪਾ, ਜਰਨੈਲ ਸਿੰਘ ਮਲੇਰਕੋਟਲਾ, ਜੱਗਾ ਸਿੰਘ ਧਨੌਲਾ, ਗੋਬਿੰਦ ਕਾਂਤ ਹਰਬੰਸ ਲਾਲ, ਗੌਰੀ ਸ਼ੰਕਰ ਬਹਾਦਰ ਸੰਘੇੜਾ ਨੇ ਦੱਸਿਆ ਕਿ 12 ਫ਼ਰਵਰੀ ਨੂੰ ਹੋ ਰਹੀ ਹੜਤਾਲ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਤਿਆਰ ਰਹਿਣ ਦੀ ਉਮੀਦ ਕੀਤੀ ਗਈ।ਸਰਕਲ ਦੇ ਪ੍ਰਧਾਨ ਸਾਥੀ ਪਿਆਰਾ ਲਾਲ ਜੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੌਰਮਿੰਟ ਪੰਜਾਬ ਦੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਪੰਜਾਬ ਨੂੰ ਆਪਣੀਆ ਮੰਗਾਂ ਸਬੰਧੀ ਮਿਤੀ 13 ਫਰਵਰੀ ਨੂੰ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣਗੇ, ਅਤੇ ਜ਼ਿਲ੍ਹਾ ਪੱਧਰ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਜ਼ਿਲੇ ਸੰਗਰੂਰ ਵਿੱਚ ਧਰਨਾ ਅਤੇ ਮਾਰਚ ਕਰਨਗੇ। ਮੋਹਨ ਸਿੰਘ ਛੰਨਾ, ਗੁਰਚਰਨ ਸਿੰਘ ਬਰਨਾਲਾ, ਰਤਨ ਸਿੰਘ ਮਲੇਰਕੋਟਲਾ ਨੇ ਵਿਸ਼ਵਾਸ ਦਿਵਾਇਆ ਕਿ ਜੋ ਵੀ ਸਟੇਟ ਕਮੇਟੀ ਵੱਲੋਂ ਪਾਵਰਕੌਮ ਜਾ ਪੰਜਾਬ ਅਤੇ ਕੇਂਦਰ ਸਰਕਾਰ ਵੱਲੋ ਲੋਕ ਮਾਰੂ ਨੀਤੀਆਂ ਖਿਲਾਫ ਹਰ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਅੱਜ ਦੀ ਮੀਟਿੰਗ ਵਿੱਚ ਬਿਜਲੀ ਸ਼ੋਧ ਬਿਲ 2025,ਚਾਰੇ ਲੇਬਰ ਕੋਡ ਕਾਨੂੰਨ ਤੋਂ ਇਲਾਵਾ ਸਰਕਾਰੀ, ਪਾਵਰਕੌਮ ਦੀਆਂ ਜ਼ਮੀਨਾਂ ਵੇਚਣ ਆਦਿ,ਮਤੇ ਰਾਹੀਂ ਕਦੇਰ ਅਤੇ ਪੰਜਾਬ ਸਰਕਾਰ ਦੀ ਨਿਖੇਦੀ ਕੀਤੀ ਗਈ। ਅੱਜ ਦੀ ਮੀਟਿੰਗ ਵਿੱਚ, ਅਨਵਾਰ ਅਹਿਮਦ, ਰਾਜਪਤੀ, ਜਗਰਾਜ ਬਜਾਵਾ, ਬਲਦੇਵ ਬਾਜਵਾ ਤਰਸੇਮ ਸਿੰਘ, ਗੁਰਜੰਟ ਧਨੌਲਾ, ਜਗਦੀਸ਼ ਸਿੰਘ, ਰੁਲਦੂ ਸਿੰਘ, ਬਹਾਦਰ ਸੇਖਾ, ਬਲਵੰਤ ਸਿੰਘ ਆਦਿ ਆਗੂ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਭਗਤ ਰਵੀਦਾਸ ਜੀ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਮਿਲੇਗਾ ਵਫਦ

**➢ਸ਼ਤਾਬਦੀ ਵੱਡੇ ਪੱਧਰ 'ਤੇ ਮਨਾਉਣ ਲਈ ਪਟਿਆਲਾ 'ਚ ਹੋਇਆ ਪੰਥਕ ਵਿਚਾਰ-ਵਟਾਂਦਰਾ**



ਭੁਨਰਹੇੜੀ, 30 ਜਨਵਰੀ (ਗੁਰਜੀਤ ਸਿੰਘ ਢੋਟ) : ਸ਼੍ਰੋਮਣੀ ਭਗਤ ਰਵੀਦਾਸ ਜੀ ਦੀ 650ਵੀਂ ਜਨਮ ਸ਼ਤਾਬਦੀ 20 ਫਰਵਰੀ 2027 ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਸਬੰਧੀ ਬਾਰਨ ਐਕਡਮੀ ਪਟਿਆਲਾ ਵਿਖੇ ਹੋਏ ਵਿਸ਼ੇਸ਼ ਪੰਥਕ ਵਿਚਾਰ-ਵਟਾਂਦਰੇ ਦੌਰਾਨ ਮਹੱਤਵਪੂਰਨ ਫੈਸਲਾ ਲਿਆ ਗਿਆ। ਇਸ ਸ਼ਤਾਬਦੀ ਨੂੰ ਸੰਸਾਰ ਪੱਧਰ 'ਤੇ ਮਨਾਉਣ ਲਈ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਇੱਕ ਵਫਦ ਮਿਲੇਗਾ। ਇਹ ਬੈਠਕ ਬਾਬਾ ਮਨਮੋਹਨ ਸਿੰਘ ਬਾਰਨ ਵਾਲਿਆਂ ਦੀ ਸਰਪ੍ਰਸਤੀ ਹੇਠ ਹੋਈ, ਜਿਸ ਦੀ ਸ਼ੁਰੂਆਤ ਚੌਪਈ ਸਾਹਿਬ ਅਤੇ ਮੂਲ ਮੰਤਰ ਦੇ ਪਾਠ ਨਾਲ ਕੀਤੀ ਗਈ। ਇਸ ਮੌਕੇ ਬਾਬਾ ਨਛੱਤਰ ਸਿੰਘ ਕਲਰਭੈਣੀ ਨੇ ਸੰਤ ਸਮਾਜ, ਮਹਾਪੁਰਖਾਂ ਅਤੇ ਸੰਗਤ ਦੇ ਸਹਿਯੋਗ ਨਾਲ 650ਵੀਂ ਜਨਮ ਸ਼ਤਾਬਦੀ ਦੇ ਸਮਾਰੋਹ ਵੱਡੇ ਪੱਧਰ 'ਤੇ ਕਰਵਾਏ ਜਾਣ ਲਈ ਸਹਿਯੋਗ ਮੰਗਿਆ। ਇਸ ਮੌਕੇ ਗਿਆਨੀ ਰਜਿੰਦਰਪਾਲ ਸਿੰਘ ਨਾਭਾ ਨੇ ਕਿਹਾ ਕਿ ਸ਼੍ਰੋਮਣੀ ਭਗਤ ਰਵੀਦਾਸ ਜੀ ਦੇ ਜੀਵਨ ਤੋਂ ਸੇਧ ਲੈਂਦਿਆਂ ਸਮੂਚੇ ਸਮਾਜ ਨੂੰ ਸਾਂਝੇ ਤੌਰ 'ਤੇ, ਸ਼ਤਾਬਦੀ ਮਨਾਉਣ ਦਾ ਸੁਝਾਅ ਦਿੱਤਾ। ਬੀਬੀ ਸੋਹਣਜੀਤ ਕੌਰ ਮਾਤਾ ਗੁਜਰੀ ਭਲਾਈ ਟਰੱਸਟ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਭਗਤ ਰਵੀਦਾਸ ਜੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਬਹੁਤ ਉੱਚ ਸਤਿਕਾਰ ਪ੍ਰਾਪਤ ਹੈ। ਇਸ ਮੌਕੇ ਬਾਬਾ ਮਨਮੋਹਨ ਸਿੰਘ ਬਾਰਨ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੇ ਜਨਮ ਅਸਥਾਨ ਕਾਸ਼ੀ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਨਗਰ ਕੀਰਤਨ ਲਿਆਉਣ ਵਾਸਤੇ ਸੰਤ, ਮਹਾਤਮਾ, ਧਾਰਮਿਕ, ਸਮਾਜਿਕ ਸੰਸਥਾਵਾਂ ਅਤੇ ਸੰਗਤ ਤੋਂ ਸਹਿਯੋਗ ਲਿਆ ਜਾਵੇਗਾ।ਇਸ ਪੰਥਕ ਵਿਚਾਰ-ਵਟਾਂਦਰੇ ਵਿੱਚ ਬਾਬਾ ਬਲਵੀਰ ਸਿੰਘ ਪਿੰਗਲਵਾੜਾ ਆਸ਼ਰਮ ਸਨੌਰ, ਬਾਬਾ ਹਰਬੰਸ ਸਿੰਘ ਜੈਨਪੁਰ, ਬਾਬਾ ਹਰਪਾਲ ਸਿੰਘ ਬਠੋਈ, ਗਿਆਨੀ ਰਜਿੰਦਰਪਾਲ ਸਿੰਘ ਨਾਭਾ, ਬਲਦੇਵ ਸਿੰਘ ਬਠੋਈ, ਸੁਆਮੀ ਰਜੇਸ਼ਵਰ ਨੰਦ ਅੰਬਾਲਾ, ਸੁਖਵੀਰ ਸਿੰਘ ਬਲਵੇੜਾ, ਗੁਰਜੀਤ ਸਿੰਘ ਉਪਲੀ, ਸੁਆਮੀ ਸੁਨੰਦਾ, ਜਗਜੀਤ ਸਿੰਘ ਕਕਰਾਲਾ, ਬਾਬਾ ਲਖਵਿੰਦਰ ਸਿੰਘ ਬਲਵੇੜਾ, ਲਖਵਿੰਦਰ ਸਿੰਘ ਘਮੇੜੀ, ਬਾਬਾ ਬੂਟਾ ਸਿੰਘ, ਤਲਵਿੰਦਰ ਸਿੰਘ ਮੋਹੀ ਅਤੇ ਗੁਰਮੀਤ ਸਿੰਘ ਨਾਭਾ ਆਦਿ ਮੌਜੂਦ ਸਨ।

## ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਰਗ ਲਈ ਲਿਆਈ ਖੁਸ਼ਹਾਲੀ: ਵਿੱਕੀ ਘਨੌਰ



ਘਨੌਰ, 30 ਜਨਵਰੀ (ਰਾਜਿੰਦਰ ਸਿੰਘ ਕੰਬੋਜ): ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਅੱਜ ਸਰਕਾਰ ਦੀਆਂ ਉਪਲੱਬਧੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਹਰ ਵਰਗ ਲਈ ਖੁਸ਼ਹਾਲੀ ਦੀ ਨਵੀਂ ਕਿਰਨ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੰਜਾਬ ਨੂੰ ਮੁੜ ਤੋਂ 'ਰੰਗਲਾ ਪੰਜਾਬ' ਬਣਾਉਣ ਦੇ ਰਾਹ 'ਤੇ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਵਿੱਕੀ ਘਨੌਰ ਨੇ ਵਿਸ਼ੇਸ਼ ਤੌਰ 'ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਹੁਣ 10 ਲੱਖ ਰੁਪਏ ਤੱਕ ਦਾ ਇਲਾਜ ਬਿਲਕੁਲ ਮੁਫ਼ਤ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਐਕਸ ਸਰਵਿਸਮੈਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਫੌਜੀ, ਗੁਰਪ੍ਰੀਤ ਸਿੰਘ ਓਲਾਣਾ, ਪਰਮਿੰਦਰ ਸਿੰਘ ਜੰਡਮਗੋਲੀ, ਮਨਵੀਰ ਸਿੰਘ ਸਰਵਾਰਾ ਅਤੇ ਹਰਪ੍ਰੀਤ ਸਿੰਘ ਹਨੀ ਰਾਮਨਗਰ ਸੈਣੀਆਂ ਸਮੇਤ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

## ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਦੇ ਪਿੰਡਾਂ ਦੀਆਂ ਸੜਕਾਂ ਦੇ ਨਵੀਨੀਕਰਨ ਦੇ ਕਾਰਜਾਂ ਦਾ ਕੀਤਾ ਉਦਘਾਟਨ



ਸਮਾਣਾ, 30 ਜਨਵਰੀ (ਵਿਜੇ ਕੁਮਾਰ/ਜਵੰਦਾ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਦੀ ਲਹਿਰ ਦੌੜ ਰਹੀ ਹੈ। ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਤਰਜ਼ੀਹ ਦਿੰਦਿਆਂ ਹੋਇਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਅਤੇ ਮੁਰੰਮਤ ਦੇ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਹਨ, ਤਾਂ ਜੋ ਪਿੰਡ ਵਾਸੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਵਿਖੇ ਲਗਭਗ 2 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਢਕੜਬਾ ਤੋਂ ਪਹਾੜਪੁਰ ਜਾਣ ਵਾਲੀ 3.50 ਕਿੱਲੋਮੀਟਰ ਲੰਬਾਈ ਵਾਲੀ ਸੜਕ ਬਣਾਉਣ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ, ਜੋ ਲੱਗਭਗ 1.47 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ। ਇਸ ਮੌਕੇ ਬਲਕਾਰ ਸਿੰਘ ਰਾਜਗੜ ਬਲਾਕ ਸੰਮਤੀ ਮੈਂਬਰ, ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਹਰਿੰਦਰ ਸਿੰਘ ਧਬਲਾਨ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਪਰਗਟ ਸਿੰਘ ਸਰਪੰਚ ਢਕੜੱਬਾ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਕਰਮਜੀਤ ਸਿੰਘ ਸਰਪੰਚ ਮਹਿਮਦਪੁਰ, ਮਨਪ੍ਰੀਤ ਸਿੰਘ ਸਰਪੰਚ ਵਜੀਦਪੁਰ, ਰਜਿੰਦਰ ਸਿੰਘ ਸਰਪੰਚ ਚੂਹੜਪੁਰ ਕਲਾਂ, ਜਗਦੀਪ ਸਿੰਘ ਸਰਪੰਚ ਛੰਨਾ, ਜਸਵੰਤ ਸਿੰਘ ਸਰਪੰਚ ਚੂਹੜਪੁਰ ਮਰਾਸੀਆਂ, ਹਰਦੀਪ ਸਿੰਘ ਸ਼ੇਖੂਪੁਰ, ਗੁਲਜਾਰ ਸਿੰਘ ਦੁਘਾਟ, ਭਰਪੂਰ ਸਿੰਘ, ਸੰਦੀਪ ਸਿੰਘ ਸਾਬਕਾ ਸਰਪੰਚ ਮਹਿਮਦਪੁਰ, ਚਰਨਜੀਤ ਸਿੰਘ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਨੰਬਰਦਾਰ ਮਹਿਮਦਪੁਰ, ਮਨਦੀਪ ਸਿੰਘ ਗਿਨੀ ਤਰੋੜਾ ਕਲਾਂ, ਕਰਮਜੀਤ ਸਿੰਘ ਸੋਹੀ, ਹਰਜੀਤ ਸਿੰਘ, ਬਲਜੀਤ ਸਿੰਘ, ਹਰਬੰਸ ਸਿੰਘ, ਬਲਬੀਰ ਸਿੰਘ, ਪ੍ਰੇਮ ਸਿੰਘ ਨੰਬਰਦਾਰ, ਬਲਕਾਰ ਸਿੰਘ, ਨਰੰਗ ਸਿੰਘ, ਹਰੀ ਸਿੰਘ ਧੱਕੜ, ਗੁਰਚਰਨ ਸਿੰਘ ਮੈਂਬਰ, ਭਗਵਾਨ ਸਿੰਘ, ਬਲਬੀਰ ਸਿੰਘ, ਰਾਮ ਸਿੰਘ, ਗੁਰਦੀਪ ਸਿੰਘ ਪੰਚ, ਗੁਰਦੇਵ ਸਿੰਘ ਪੰਚ, ਹਰਮੇਸ਼ ਸਿੰਘ, ਜਸਵਿੰਦਰ ਸਿੰਘ, ਬਲਬੀਰ ਸਿੰਘ ਸਾਬਕਾ ਸਰਪੰਚ, ਰਣਧੀਰ ਸਿੰਘ, ਦਾਰਾ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਉੱਘੇ ਸਮਾਜ ਸੇਵਕ ਪੰਡਤ ਨਰਿੰਦਰ ਕੁਮਾਰ ਕਾਲਾ ਮੂਲੇਪੁਰ ਦਾ ਸਨਮਾਨ



ਦੇਵੀਗੜ੍ਹ, 30 ਜਨਵਰੀ (ਗੁਰਜੀਤ ਸਿੰਘ ਢੋਟ) : ਸਮਾਜ ਸੇਵਾ ਦੇ ਖੇਤਰ ਵਿਚ 60 ਲੋੜਵੰਦ ਕੰਨਿਆਵਾਂ ਦੇ ਵਿਆਹ ਅਤੇ ਕੋਚਿੰਗ ਇੰਸਟੀਚਿਊਟ ਰਾਹੀਂ ਅਨੇਕਾਂ ਲੋੜਵੰਦ ਵਿਦਿਆਰਥੀਆਂ ਨੂੰ ਵਿਦਿਆ ਦੇ ਕੇ ਨੌਕਰੀਆਂ *ਤੇ ਲੱਗਣ ਲਈ ਮਾਰਗ ਦਰਸ਼ਨ ਕਰਨ ਵਾਲੇ ਮੂਲੇਪਰ ਦੇ ਵਸਨੀਕ ਪੰਡਤ ਨਰਿੰਦਰ ਕੁਮਾਰ ਕਾਲਾ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਦਫਤਰ ਪੂੰਜਣ ਮੌਕੇ ਲੋਈ ਅਤੇ ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਫੋਟੋ ਵਾਲੇ ਸਨਮਾਨ ਚਿੰਨ੍ਹ ਨਾਲ ਸਨਮਾਨਤ ਕੀਤਾ। ਇਹ ਸਨਮਾਨ ਮਿਸ਼ਨਰੀ ਆਗੂ ਜਥੇਦਾਰ ਕਰਨ ਸਿੰਘ ਜੌਲੀ, ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਯੂਨੀਅਨ ਆਗੂ ਧਰਮਪਾਲ ਲੋਟ, ਭਾਈ ਜਰਨੈਲ ਸਿੰਘ ਝੰਡੀ, ਗੁਰਪ੍ਰੀਤ ਸਿੰਘ ਲਲੀਨਾ, ਨਸੀਬ ਸਿੰਘ ਝੰਡੀ, ਦੀਪਕ ਕੁਮਾਰ ਤੇ ਰੋਹਿਤ ਕੁਮਾਰ ਸਨੌਰ ਨੇ ਸਾਂਝੇ ਰੂਪ ਵਿਚ ਕੀਤਾ। ਸਨਮਾਨ ਕਰਨ ਉਪਰੰਤ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਪੰਡਤ ਨਰਿੰਦਰ ਕੁਮਾਰ ਨੇ ਵਿਦਿਆ ਦੇ ਦਾਨ ਵਿਚ ਵੱਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਨੇ ਸਰਹੰਦ ਵਿਖੇ ਸਥਿਤ ਆਪਣੇ ਇੰਸਟੀਚਿਊਟ ਵਿਚ ਘੱਟ ਫੀਸਾਂ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਬਿਨ੍ਹਾਂ ਫੀਸ ਤੋਂ ਵੀ ਪੜ੍ਹਾਉਣਾ ਜਾਰੀ ਰੱਖਿਆ ਹੈ। ਇਨ੍ਹਾਂ ਵਿਚੋਂ ਹੀ ਅਨੇਕਾਂ ਵਿਦਿਆਰਥੀ ਸਰਕਾਰੀ ਨੌਕਰੀਆਂ 'ਤੇ ਸਿਲੈਕਟ ਹੋ ਚੁੱਕੇ ਹਨ। ਕੰਨਿਆਵਾਂ ਦੇ ਵਿਆਹ ਮੌਕੇ ਘਰੇਲੂ ਸਮਾਨ ਦੇਣ ਦੇ ਨਾਲ- ਨਾਲ ਮੈਡੀਕਲ ਚੈੱਕ ਅੱਪ ਕੈਂਪ ਅਤੇ ਖ਼ੂਨਦਾਨ ਕੈਂਪ ਲਗਵਾਉਣ ਦਾ ਉਪਰਾਲਾ ਵੀ ਸ਼ਲਾਘਾਯੋਗ ਹੈ।

## ਨੈਸ਼ਨਲ ਟੈਰਿਨ ਬਾਈਕ ਚੈਂਪੀਅਨਸ਼ਿਪ ਲਈ ਪੰਜਾਬ ਟੀਮ ਦੀ ਚੋਣ ਸਬੰਧੀ ਟਰਾਇਲ ਸਫਲਤਾਪੂਰਵਕ ਸੰਪੰਨ



ਪਟਿਆਲਾ, 30 ਜਨਵਰੀ (ਚ.ਨ.ਸ.) : ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਪੰਜਾਬ ਵਿੱਚ ਸਾਈਕਲਿੰਗ ਖੇਡ ਦੇ ਪ੍ਰਬੰਧਨ ਅਤੇ ਵਿਕਾਸ ਲਈ ਬਣਾਈ ਗਈ ਐਡਹਾਕ ਕਮੇਟੀ ਦੀ ਦੇਖ-ਰੇਖ ਅਤੇ ਦਿਸ਼ਾ-ਨਿਰਦੇਸ਼ ਹੇਠ ਨੈਸ਼ਨਲ ਟੈਰਿਨ ਬਾਈਕ (ਐਮ.ਟੀ.ਬੀ.) ਚੈਂਪੀਅਨਸ਼ਿਪ ਲਈ ਪੰਜਾਬ ਦੀ ਟੀਮ ਦੀ ਚੋਣ ਕਰਨ ਵਾਸਤੇ ਟਰਾਇਲ ਜਾਗੋ-ਅਕਾਲ ਅਕੈਡਮੀ ਰੋਡ, ਪਿੰਡ ਕਲਵਾਂ, ਜੋਤੀ ਸਿਟੀ ਨੇੜੇ ਕਰਵਾਏ ਗਏ। ਇਸ ਦੌਰਾਨ ਲੁਧਿਆਣਾ, ਪਟਿਆਲਾ, ਫਤਹਿਗੜ੍ਹ ਸਾਹਿਬ, ਮੋਹਾਲੀ, ਹੁਸ਼ਿਆਰਪੁਰ, ਸੰਗਰੂਰ, ਬਠਿੰਡਾ, ਅੰਮ੍ਰਿਤਸਰ ਸਮੇਤ ਸੂਬੇ ਦੇ ਵੱਖ- ਵੱਖ ਜ਼ਿਲ੍ਹਿਆਂ ਦੇ 74 ਤੋਂ ਵੱਧ ਸਾਈਕਲਿਸਟਾਂ ਨੇ ਹਿੱਸਾ ਲਿਆ।ਇਹ ਜਾਣਕਾਰੀ ਸਾਂਝੀ ਕਰਦਿਆਂ ਸ੍ਰੀ ਸ਼ੈਲੇਂਦਰ ਪਾਠਕ, ਚੇਅਰਮੈਨ, ਐਡ-ਹੌਕ ਕਮੇਟੀ (ਸਾਈਕਲਿੰਗ ਪੰਜਾਬ) ਅਤੇ ਸੰਯੁਕਤ ਸਕੱਤਰ, ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ (ਸੀਐਫਆਈ) ਨੇ ਦੱਸਿਆ ਕਿ ਪ੍ਰੈਜ਼ੀਡੈਂਟ ਕਮਿਸ਼ਨਰ ਪੈਨਲ (ਪੀ.ਸੀ.ਪੀ.) ਡਾ. ਧਰਮਿੰਦਰ ਲਾਂਬਾ ਦੀ ਦੇਖ ਰੇਖ ਵਿੱਚ ਹੋਏ। ਟਰਾਇਲਾਂ ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਵੱਖ -ਵੱਖ ਉਮਰ ਵਰਗਾਂ ਦੇ ਲੜਕੇ ਅਤੇ ਲੜਕੀਆਂ ਦੀ ਵੱਡੀ ਗਿਣਤੀ ਨੇ ਉਤਸ਼ਾਹ ਨਾਲ ਭਾਗ ਲਿਆ। ਟਰਾਇਲਾਂ ਦੌਰਾਨ ਖਿਡਾਰੀਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਟਾਈਮ ਟਰਾਇਲ ਦੇ ਆਧਾਰ 'ਤੇ ਕੀਤਾ ਗਿਆ।ਅੱਜ ਕਰਵਾਏ ਟਰਾਇਲਾਂ ਵਿੱਚ ਮੈਨ ਅਲੀਟ ਵਰਗ ਵਿੱਚ ਲੁਧਿਆਣਾ ਦੇ ਮੁਹੰਮਦ ਨਸੀਰੂ ਨੇ ਪਹਿਲਾ ਸਥਾਨ, ਮੈਨ ਅੰਡਰ 23 ਵਿੱਚ ਪਹਿਲਾ ਸਥਾਨ ਪਟਿਆਲਾ ਦੇ ਯੁਵਰਾਜ ਸਿੰਘ, ਲੁਧਿਆਣਾ ਦੇ ਅਮਿਤ ਸਿੰਘ ਨੇ ਦੂਜਾ ਅਤੇ ਅੰਮ੍ਰਿਤਸਰ ਦੇ ਜਸਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਮੈਨ ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਲੁਧਿਆਣਾ ਦੇ ਸੋਹੇਲ ਅਹਿਮਦ, ਦੂਜਾ ਸਥਾਨ ਮੋਹਾਲੀ ਦੇ ਅਭੈ ਪਰਤਾਪ ਸਿੰਘ ਅਤੇ ਤੀਜਾ ਸਥਾਨ ਪਟਿਆਲਾ ਦੇ ਕਰਮਨਪ੍ਰੀਤ ਸਿੰਘ ਨੇ ਹਾਸਲ ਕੀਤਾ।ਮਹਿਲਾ ਅਲੀਟ ਵਿੱਚ ਮੋਹਾਲੀ ਦੀ ਦਮਨਦੀਪ ਕੌਰ ਅਤੇ ਦੂਜਾ ਸਥਾਨ ਅੰਮ੍ਰਿਤਸਰ ਦੀ ਮਨਰੋਜ਼ਦੀਪ ਕੌਰ ਪੰਨੂ ਨੇ ਦੂਜਾ ਸਥਾਨ ਹਾਸਲ ਕੀਤਾ। ਵਿਮੈਨ ਜੂਨੀਅਰ ਵਰਗ ਵਿੱਚ ਲੁਧਿਆਣਾ ਦੀ ਅੰਕਿਤਾ ਨੇ ਪਹਿਲਾ ਅਤੇ ਲੁਧਿਆਣਾ ਦੀ ਬਲਪ੍ਰੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।ਯੂਥ ਬੋਆਇਜ਼ ਵਰਗ ਵਿੱਚ ਅੰਮ੍ਰਿਤਸਰ ਦੇ ਵਿਸ਼ਵਜੀਤ ਸਿੰਘ ਪੰਨੂ ਨੇ ਪਹਿਲਾ, ਲੁਧਿਆਣਾ ਦੇ ਪ੍ਰੀਆਂਸ਼ੂ ਮੌਰਿਆ ਨੇ ਦੂਜਾ ਅਤੇ ਸੰਗਰੂਰ ਦੇ ਪ੍ਰਭਜੋਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਸਬ ਜੂਨੀਅਰ ਲੜਕੇ ਵਰਗ ਵਿੱਚ ਪਟਿਆਲਾ ਦੇ ਏਕਮਜੀਤ ਸਿੰਘ ਸ਼ਾਹੀ ਨੇ ਪਹਿਲਾ, ਪਟਿਆਲਾ ਦੇ ਗੁਰਤਰਨ ਸਿੰਘ ਨੇ ਦੂਜਾ ਅਤੇ ਬਠਿੰਡਾ ਦੇ ਸੁਮੇਰ ਨੇ ਤੀਜਾ ਸਥਾਨ ਹਾਸਲ ਕੀਤਾ।ਸਬ ਜੂਨੀਅਰ ਲੜਕੀਆਂ ਉਮਰ ਵਰਗ ਵਿੱਚ ਲੁਧਿਆਣਾ ਦੀ ਅਨਸ਼ਿਕਾ ਨੇ ਪਹਿਲਾ, ਲੁਧਿਆਣਾ ਦੀ ਪ੍ਰੀਤੀ ਨੇ ਦੂਜਾ ਅਤੇ ਲੁਧਿਆਣਾ ਦੀ ਹੀ ਨੇਹਾ ਕੁਮਾਰੀ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਐਡਹਾਕ ਕਮੇਟੀ ਦੇ ਮੈਂਬਰ ਮਨੀਸ਼ ਸਾਹਨੀ, ਤਕਨੀਕੀ ਅਧਿਕਾਰੀ ਰਾਜਵਿੰਦਰ ਕੌਰ, ਸ਼ਰੇਨੂ, ਸੰਦੀਪ ਕੌਰ, ਭੁਪਿੰਦਰ ਸਿੰਘ ਸਮੇਤ ਸਾਰੇ ਜ਼ਿਲ੍ਹਿਆਂ ਦੇ ਖਿਡਾਰੀ, ਕੋਚ ਸਾਹਿਬਾਨ, ਖਿਡਾਰੀਆਂ ਦੇ ਮਾਤਾ ਪਿਤਾ ਅਤੇ ਦਰਸ਼ਕ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਪਬਲਿਕ ਕਾਲਜ 'ਚ ਐਨ.ਸੀ.ਸੀ. ਕੈਡਿਟਸ ਲਈ ਇੱਕ ਰੋਜ਼ਾ ਸਿਖਲਾਈ ਵਰਕਸ਼ਾਪ



ਸਮਾਣਾ, 30 ਜਨਵਰੀ (ਵਿਜੇ ਕੁਮਾਰ) : ਪਬਲਿਕ ਕਾਲਜ, ਸਮਾਣਾ ਵਿਖੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ 5 ਪੰਜਾਬ ਬਟਾਲੀਅਨ ਪਟਿਆਲਾ ਵੱਲੋਂ ਐਨ.ਸੀ.ਸੀ. ਕੈਡਿਟਸ ਦੀਆਂ ਪ੍ਰੀਖਿਆਵਾਂ ਬੀ ਅਤੇ ਸੀ ਦੀ ਤਿਆਰੀ ਲਈ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦੌਰਾਨ ਪਬਲਿਕ ਕਾਲਜ, ਸਮਾਣਾ, ਕੀਰਤੀ ਕਾਲਜ, ਨਿਆਲ-ਪਾਤੜਾਂ ਅਤੇ ਯੂਨੀਵਰਸਲ ਕਾਲਜ, ਪਾਤੜਾਂ ਦੇ ਤਕਰੀਬਨ 70 ਕੈਡਿਟਸ ਨੇ ਭਾਗ ਲਿਆ। ਸੂਬੇਦਾਰ ਮੇਜਰ ਹਰਵਿੰਦਰ ਸਿੰਘ, ਸੂਬੇਦਾਰ ਮੋਹਿਤ, ਜੇ.ਸੀ.ਓ. ਵਿਨੋਦ ਕੁਮਾਰ, ਹਵਲਦਾਰ ਜਸਵਿੰਦਰ ਸਿੰਘ ਅਤੇ ਸੂਰਜ ਕੁਮਾਰ ਨੇ ਕੈਡਿਟਸ ਨੂੰ ਮੈਪ ਰੀਡਿੰਗ, ਡਰਿੱਲ ਟੈਸਟ, ਫੀਲਡ ਕਰਾਫਟ, ਬੈਟਲ ਕਰਾਫਟ ਅਤੇ ਹਥਿਆਰਾਂ ਨੂੰ ਖੋਲਣਾ, ਜੋੜਨਾ ਅਤੇ ਚਲਾਉਣਾ ਆਦਿ ਦੀ ਸਿਖਲਾਈ ਦਿੱਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਸਿਖਲਾਈ ਦਾ ਮੁੱਖ ਉਦੇਸ਼ ਕੈਡਿਟਸ ਨੂੰ ਫੌਜੀ ਹੁਨਰ, ਅਨੁਸ਼ਾਸਨ ਅਤੇ ਐਨ.ਸੀ.ਸੀ ਦਾ ਪੇਪਰ ਬੀ ਅਤੇ ਸੀ ਸਰਟੀਫਿਕੇਟ ਪ੍ਰਾਪਤ ਕਰਨ ਲਈ ਯੋਗ ਬਣਾਉਣਾ ਹੈ। ਉਨ੍ਹਾਂ ਇਸ ਮੌਕੇ ਵਰਕਸ਼ਾਪ ਦਾ ਸਫਲਤਾ ਪੂਰਵਕ ਆਯੋਜਨ ਕਰਨ ਲਈ ਕਾਲਜ ਦੇ ਐਨ.ਸੀ.ਸੀ. ਅਫਸਰ ਲੈਫਟੀਨੈਂਟ ਡਾ. ਅਨਿਲ ਕੁਮਾਰ ਨੂੰ ਵਧਾਈ ਦਿੱਤੀ।

## ਰੋਟਰੀ ਕਲੱਬ ਵੱਲੋਂ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਤਹਿਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ



ਸਮਾਣਾ, 30 ਜਨਵਰੀ (ਵਿਜੇ ਕੁਮਾਰ) : ਰੋਟਰੀ ਕਲੱਬ ਸਮਾਣਾ ਵੱਲੋਂ ਰੋਟਰੀ ਕਲੱਬ ਪ੍ਰਧਾਨ ਅਰੁਣ ਬਾਂਸਲ, ਪ੍ਰੋਜੈਕਟ ਚੇਅਰਮੈਨ ਆਸ਼ੀਸ਼ ਬਾਂਸਲ, ਸਕੱਤਰ ਸੁਮਿਤ ਗੋਇਲ ਅਤੇ ਕੈਸ਼ੀਅਰ ਗੌਰਵ ਜਿੰਦਲ ਦੀ ਅਗਵਾਈ ਹੇਠ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੇ ਤਹਿਤ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਜੈਕਟ ਮਾਣਯੋਗ ਐਸ.ਐਸ.ਪੀ. ਪਟਿਆਲਾ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਹਾਜ਼ਰੀ ਵਿੱਚ ਨੇਪਰੇ ਚੜ੍ਹਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਆਮ ਨਾਗਰਿਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਹੈਲਮੇਟ ਅਤੇ ਰਿਫਲੈਕਟਰ ਵੀ ਵੰਡੇ ਗਏ।ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਤਾਂ ਜੋ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਪ੍ਰਧਾਨ ਅਰੁਣ ਬਾਂਸਲ ਨੇ ਕਿਹਾ ਕਿ ਸੜਕ ਸੁਰੱਖਿਆ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਹਰ ਨਾਗਰਿਕ ਦੀ ਸਮੂਹਿਕ ਜ਼ਿੰਮੇਵਾਰੀ ਹੈ। ਗਵਰਨਰ ਇਲੈਕਟ ਸੀ.ਏ.ਅਮਿਤ ਸਿੰਗਲਾ ਨੇ ਕਿਹਾ ਕਿ ਰੋਟਰੀ ਸੰਸਥਾ ਹਮੇਸ਼ਾ ਸਮਾਜ ਸੇਵਾ ਵਿੱਚ ਮੋਹਰੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਜਾਰੀ ਰਹਿਣਗੇ। ਟ੍ਰੈਫਿਕ ਇੰਚਾਰਜ ਝਿਰਮਲ ਸਿੰਘ ਉਨ੍ਹਾਂ ਲੋਕਾਂ ਨੂੰ ਨਿਯਮਾਂ ਦੀ ਪਾਲਣਾ ਲਈ ਪ੍ਰੇਰਿਤ ਕੀਤਾ ਅਤੇ ਰੋਟਰੀ ਕਲੱਬ ਦੀ ਇਸ ਪਹਿਲ ਕਦਮੀ ਦੀ ਸ਼ਲਾਘਾ ਕੀਤੀ।ਇਸ ਸਮੇਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਵਿਧਾਇਕ ਜੌੜਾਮਾਜਰਾ ਦੇ ਪੁੱਤਰ ਗੁਰਵਿੰਦਰ ਸਿੰਘ, ਟ੍ਰੈਫਿਕ ਅਧਿਕਾਰੀ ਜਸਪਾਲ ਸਿੰਘ ਤੋਂ ਇਲਾਵਾ ਕ੍ਰਿਸ਼ਨ ਬਾਂਸਲ, ਯਸ਼ ਗਰਗ, ਜੀ.ਸੀ. ਗੋਇਲ, ਮਨੋਜ ਬਾਂਸਲ, ਅਜੇ ਗਰਗ, ਡਾ: ਮਨੀਸ਼ ਗੁਪਤਾ, ਨਰੇਸ਼ ਮਿੱਤਲ, ਡਾ: ਓਮ ਅਰੋੜਾ, ਰਾਜੀਵ ਗੋਇਲ, ਸਤੀਸ਼ ਸਿੰਗਲਾ, ਵਨੀਤ ਗੁਪਤਾ ਮੋਂਟੀ, ਰਮਨ ਗੁਪਤਾ, ਗਗਨ ਗੁਪਤਾ ਅਤੇ ਹੋਰ ਪੁਲਿਸ ਅਧਿਕਾਰੀ ਹਾਜ਼ਰ ਸਨ।

## ਗੁਰਦੁਆਰਾ ਸ੍ਰੀ ਰੋੜੀ ਸਾਹਿਬ ਚਹਿਲ ਵਿਖੇ ਦਸਵੀਂ ਦਾ ਪਵਿੱਤਰ ਦਿਹਾੜਾ ਮਨਾਇਆ



ਭਾਦਸੋਂ, 30 ਜਨਵਰੀ (ਭਰਪੂਰ ਸਿੰਘ ਮੱਟਰਾਂ) : ਇਲਾਕੇ ਦੇ ਸਮੂਹ ਟਰਾਂਸਪੋਰਟਰਾਂ ਵੱਲੋਂ ਆਪਣੇ ਕਾਰੋਬਾਰ ਦੀ ਚੜ੍ਹਦੀਕਲਾ ਅਤੇ ਪਰਿਵਾਰਾਂ ਦੀ ਸੁੱਖ ਸ਼ਾਂਤੀ ਲਈ ਗੁਰਦੁਆਰਾ ਸ੍ਰੀ ਰੋੜੀ ਸਾਹਿਬ ਟਰੱਸਟ ਚਹਿਲ ਵਿਖੇ ਹਰ ਸਾਲ ਦੀ ਤਰ੍ਹਾਂ ਦਸਵੀਂ ਦਾ ਦਿਹਾੜਾ ਮਨਾਇਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਤੋਂ ਬਾਅਦ ਹੈੱਡ ਗ੍ਰੰਥੀ ਭਾਈ ਦਵਿੰਦਰ ਸਿੰਘ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਉਪਰੰਤ ਕਾਰੋਬਾਰ ਦੀ ਚੜ੍ਹਦੀਕਲਾ ਅਤੇ ਪਰਿਵਾਰਾਂ ਦੀ ਸੁੱਖ ਸ਼ਾਂਤੀ ਲਈ ਅਰਦਾਸਾਂ ਹੋਈਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਰਣਧੀਰ ਸਿੰਘ ਢੀਂਡਸਾ ਨੇ ਸਮੂਹ ਟਰਾਂਸਪੋਰਟਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਇਸ ਦਿਹਾੜੇ ਮੌਕੇ ਸਵੇਰ ਤੋਂ ਲੈ ਕੇ ਦੇਰ ਰਾਤ ਤੱਕ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਂਦਾ ਹੈ। ਇਸ ਮੌਕੇ ਵੱਡੀ ਗਿਣਤੀ ਪੀ.ਆਰ.ਟੀ.ਸੀ, ਪੰਜਾਬ ਰੋਡਵੇਜ਼, ਸੀ.ਟੀ.ਯੂ ਚੰਡੀਗੜ੍ਹ ਅਤੇ ਸਮੂਹ ਬੱਸਾਂ, ਟਰੱਕਾਂ ਦੇ ਟਰਾਂਸਪੋਰਟਰਜ, ਮਾਲਕ ਅਤੇ ਸਟਾਫ ਹਾਜ਼ਰ ਸੀ।

## ਅਮਰਜੀਤ ਕੌਂਕੇ ਦੀ ਕਾਵਿ-ਪੁਸਤਕ 'ਇਸ ਧਰਤੀ 'ਤੇ ਰਹਿੰਦਿਆਂ' 'ਤੇ ਗੋਸ਼ਟੀ



ਪਟਿਆਲਾ, 30 ਜਨਵਰੀ (ਚ.ਨ.ਸ.) : ਬਾਬਾ ਗੁਰਪ੍ਰੀਤ ਦਾਸ ਸਾਂਝਾ ਸਾਹਿਤਕ ਮੰਚ, ਪਟਿਆਲਾ ਅਤੇ ਸਾਹਿਤ ਅਕਾਦਮੀ, ਪਟਿਆਲਾ ਵੱਲੋਂ ਅਮਰਜੀਤ ਲਾਇਬਰੇਰੀ, ਭਾਦਸੋਂ ਰੋਡ, ਪਟਿਆਲਾ ਵਿਖੇ ਅਮਰਜੀਤ ਕੌਂਕੇ ਦੀ ਨਵ-ਪ੍ਰਕਾਸ਼ਤ ਕਾਵਿ-ਪੁਸਤਕ 'ਇਸ ਧਰਤੀ 'ਤੇ ਰਹਿੰਦਿਆਂ' ਤੇ ਭਾਵਪੂਰਤ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੇ ਪ੍ਰਧਾਨਗੀ ਮੰਡਲ ਵਿੱਚ ਸ਼ਾਇਰ ਦਰਸ਼ਨ ਬੁੱਟਰ, ਡਾ. ਮੋਹਨ ਤਿਆਗੀ ਅਤੇ ਪ੍ਰਸਿੱਧ ਕਹਾਣੀਕਾਰ ਕਿਰਪਾਲ ਕਜ਼ਾਕ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਕਰਦਿਆਂ ਨੌਜਵਾਨ ਆਲੋਚਕ ਡਾ. ਅਮਰਜੀਤ ਸਿੰਘ ਨੇ ਆਏ ਹੋਏ ਸਾਹਿਤਕਾਰਾਂ ਨੂੰ ਸਵਾਗਤੀ ਸ਼ਬਦ ਆਖਦਿਆਂ ਸੁਰਜੀਤ ਪਾਤਰ ਤੋਂ ਬਾਅਦ ਦੀ ਕਵਿਤਾ ਦੀ ਗੱਲ ਕਰਦਿਆਂ ਅਮਰਜੀਤ ਕੌਂਕੇ ਦੀ ਕਵਿਤਾ ਦੇ ਪ੍ਰਸੰਗ ਵਿੱਚ ਮੁੱਲਵਾਨ ਟਿੱਪਣੀਆਂ ਕੀਤੀਆਂ। ਪ੍ਰੋਗਰਾਮ ਦੇ ਮੁੱਖ ਵਕਤਾ ਡਾ. ਅਰਵਿੰਦਰ ਕੌਰ ਕਾਕੜਾ ਨੇ ਅਮਰਜੀਤ ਕੌਂਕੇ ਦੀ ਕਵਿਤਾ ਦੇ ਬਾਰੇ ਬੋਲਦਿਆਂ ਕਿਹਾ ਕਿ ਇਹ ਕਵਿਤਾ ਮਨੁੱਖ ਦੇ ਅੰਦਰ ਅਤੇ ਬਾਹਰ ਚਲਦੇ ਯੁੱਧਾਂ ਦੀ ਗਾਥਾ ਦਾ ਬਿਆਨ ਕਰਦੀ ਹੈ। ਹਰਪ੍ਰੀਤ ਕੌਰ ਸੰਧੂ ਨੇ ਕਿਹਾ ਕਿ ਇਹ ਕਵਿਤਾ ਕੇਵਲ ਮਨੁੱਖਾਂ ਦੀ ਹੀ ਨਹੀਂ ਸਗੋਂ ਬੇਜ਼ੁਬਾਨ ਜਾਨਵਰਾਂ ਦੇ ਦਰਦ ਦੀ ਵੀ ਬਾਤ ਪਾਉਂਦੀ ਹੈ। ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸ਼ਾਇਰ ਦਰਸ਼ਨ ਬੁੱਟਰ ਨੇ ਅਮਰਜੀਤ ਕੌਂਕੇ ਦੇ ਕਾਵਿ-ਸਫ਼ਰ ਦੀ ਨਿਰੰਤਰਤਾ ਅਤੇ ਇਸ ਕਵਿਤਾ ਵਿਚਲੀ ਸਮਾਜਿਕਤਾ ਦੀ ਗੱਲ ਕਰਦਿਆਂ ਕਿਹਾ ਕਿ ਅਮਰਜੀਤ ਕੌਂਕੇ ਆਪਣੀ ਕਵਿਤਾ ਦੇ ਸ਼ਿਲਪ ਅਤੇ ਵਸਤੂ ਬਾਰੇ ਬਹੁਤ ਸੁਚੇਤ ਹੈ। ਇਸ ਸਮਾਗਮ ਦਾ ਮੰਚ ਸੰਚਾਲਨ ਕਰਦਿਆਂ ਨਵਦੀਪ ਮੁੰਡੀ ਨੇ ਵੀ ਇਸ ਪੁਸਤਕ ਬਾਰੇ ਸੰਖੇਪ ਟਿੱਪਣੀਆਂ ਕੀਤੀਆਂ।

## ਮਾਤਾ ਗਿਆਸੀਆ ਪ੍ਰਬੰਧਕ ਕਮੇਟੀ ਵੱਲੋਂ ਮਹੀਨਾਵਾਰ ਮੀਟਿੰਗ



ਭੁਨਰਹੇੜੀ, 30 ਜਨਵਰੀ (ਗੁਰਜੀਤ ਸਿੰਘ ਢੋਟ): ਪਿੰਡ ਭੁੰਨਰਹੇੜੀ ਵਿਖੇ ਮਾਤਾ ਗਿਆਸੀਆ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਪ੍ਰਧਾਨ ਰਾਜ ਕੁਮਾਰ ਰਾਜੂ ਦੀ ਪ੍ਰਧਾਨਗੀ ਹੇਠ ਮਹੀਨਾਵਾਰ ਮੀਟਿੰਗ ਕੀਤੀ ਹੋਈ। ਇਸ ਮੀਟਿੰਗ ਦੌਰਾਨ ਕਮੇਟੀ ਦੇ ਮੈਂਬਰਾਂ ਵੱਲੋਂ ਮੰਦਰ ਦੇ ਵੱਖ-ਵੱਖ ਕਾਰਜਾਂ ਨੂੰ ਲੈ ਕੇ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ। ਇਸ ਮੀਟਿੰਗ ਦੌਰਾਨ ਪ੍ਰਧਾਨ ਰਾਜ ਕੁਮਾਰ ਰਾਜੂ, ਸੁਰਿੰਦਰ ਸ਼ਰਮਾ, ਡਿੰਪਲ ਸ਼ਰਮਾ, ਪਰਮਜੀਤ ਸਿੰਘ, ਰਜਿੰਦਰ ਕੁਮਾਰ, ਕਾਕਾ ਸਿੰਘ, ਲਖਵਿੰਦਰ ਸਿੰਘ, ਮੁਕੇਸ਼ ਕੁਮਾਰ, ਬੰਟੀ ਸ਼ਰਮਾ, ਜੀਵਨ ਸ਼ਰਮਾ, ਲਾਲਾ ਜੀ ਪਟਿਆਲਾ ਅਤੇ ਕਮੇਟੀ ਮੈਂਬਰਾਂ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ ਜਿਨਾਂ ਵਿੱਚ ਗੁਰਜਿੰਦਰ ਸਿੰਘ ਸੈਕਟਰੀ, ਰਾਜਵਿੰਦਰ ਸਿੰਘ ਕਾਲਾ ਕੈਂਥ, ਜੱਸੀ, ਪੱਪੂ, ਸੁਖਵਿੰਦਰ ਸਿੰਘ, ਤੇ ਸੁਖਚੈਨ ਸਿੰਘ ਆਦਿ ਹਾਜ਼ਰ ਸਨ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 30 ਜਨਵਰੀ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਰਾਹੁਲ ਕੁਮਾਰ ਵਾਸੀ ਪਿੰਡ ਧਨੋਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਤੇਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪੁਰਾਣਾ ਬੱਸ ਸਟੈਂਡ ਪਟਿਆਲਾ ਮੌਜੂਦ ਸੀ, ਜੋ ਰਾਜਪੁਰਾ ਕਲੋਨੀ ਪਟਿਆਲਾ ਦੇ ਪਾਰਕ ਵਿੱਚ ਉਕਤ ਦੋਸ਼ੀ ਨਸ਼ੇ ਦੀ ਹਾਲਤ ਵਿੱਚ ਬੈਠਾ ਦਿਖਾਈ ਦਿੱਤਾ, ਜਿਸਨੂੰ ਕਾਬੂ ਕਰਨ ਪਰ ਉਸਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ।

## ਪੁਲਿਸ ਕਾਰਵਾਈ ਤੋਂ ਤੰਗ ਆ ਕੇ ਨੌਜਵਾਨ ਵੱਲੋਂ ਆਤਮਹੱਤਿਆ



ਸਮਾਣਾ, 30 ਜਨਵਰੀ (ਵਿਜੇ ਕੁਮਾਰ) : ਪਿੰਡ ਬੰਮਣਾ ਵਿਖੇ ਬੁੱਧਵਾਰ ਦੀ ਰਾਤ ਨੂੰ ਪੁਲਸ ਕਾਰਵਾਈ ਤੋਂ ਤੰਗ ਆ ਕੇ ਇੱਕ ਨੌਜਵਾਨ ਵੱਲੋਂ ਖੁਦਕਸ਼ੀ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਗਾਜੇਵਾਸ ਪੁਲਿਸ ਨੇ ਘਟਨਾ ਵਾਲੀ ਥਾਂ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ, ਤੇ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦਾ ਗਿਆ। ਜਾਣਕਾਰੀ ਦਿੰਦਿਆਂ ਸਦਰ ਥਾਣਾ ਮੁਖੀ ਅੱਜ ਕੁਮਾਰ ਪਰੋਚਾ ਨੇ ਦੱਸਿਆ ਕਿ ਮ੍ਰਿਤਕ ਲਵਪ੍ਰੀਤ ਸਿੰਘ (25) ਦੇ ਪਿਤਾ ਜਗਸੀਰ ਸਿੰਘ ਵਾਸੀ ਪਿੰਡ ਬੰਮਣਾ ਵੱਲੋਂ ਦਿੱਤੀ ਸ਼ਿਕਾਇਤ ਅਨੁਸਾਰ ਉਸ ਦਾ ਪੁੱਤਰ ਕੁਝ ਦਿਨ ਪਹਿਲਾਂ ਜ਼ਮਾਨਤ 'ਤੇ ਜੇਲ੍ਹ ਤੋਂ ਆਇਆ ਸੀ, ਤੇ ਉਸ ਨੂੰ ਕੋਈ ਪੁਲਿਸ ਵਾਲਾ ਨਾਜਾਇਜ਼ ਤੌਰ 'ਤੇ ਤੰਗ ਪਰੇਸ਼ਾਨ ਕਰ ਰਿਹਾ ਸੀ, ਜਿਸ ਤੋਂ ਦੁਖੀ ਹੋ ਕੇ ਉਸ ਨੇ ਬੁੱਧਵਾਰ ਰਾਤ ਨੂੰ ਕਮਰੇ ਵਿੱਚ ਫਾਹਾ ਲੈ ਕੇ ਆਤਮਹੱਤਿਆ ਕਰ ਲਈ। ਉਹਨਾਂ ਅੱਗੇ ਪੁਲਿਸ ਮੁਲਾਜ਼ਮ 'ਤੇ ਦੋਸ਼ ਲਗਾਉਂਦਿਆਂ ਦੱਸਿਆ ਕਿ ਉਸ ਦਾ ਲੜਕਾ ਨਾ ਤਾਂ ਨਸ਼ਾ ਕਰਦਾ ਸੀ ਅਤੇ ਨਾ ਹੀ ਵੇਚਦਾ ਸੀ, ਪਰ ਨਾਮਾਲੂਮ ਪੁਲਸ ਕਰਮਚਾਰੀ ਉਸ 'ਤੇ ਨਸ਼ੇ ਦਾ ਨਾਜਾਇਜ਼ ਪਰਚਾ ਪਾਉਣ ਦੀਆਂ ਧਮਕੀਆਂ ਦੇ ਕੇ ਉਸ ਨੂੰ ਲਗਾਤਾਰ ਤੰਗ ਪ੍ਰੇਸ਼ਾਨ ਕਰ ਰਿਹਾ ਸੀ। ਇਸ ਸਬੰਧੀ ਡੀ.ਐਸ.ਪੀ. ਫਤਿਹ ਸਿੰਘ ਬਰਾੜ ਨੇ ਗੱਲ ਕਰਨ 'ਤੇ ਦੱਸਿਆ ਕਿ ਮ੍ਰਿਤਕ ਖਿਲਾਫ ਪਹਿਲਾਂ ਵੀ ਨਸ਼ਾ ਵਿਰੋਧੀ ਐਕਟ ਤਹਿਤ ਮਾਮਲੇ ਦਰਜ ਹਨ, ਜੋ ਪਰਿਵਾਰਿਕ ਮੈਂਬਰ ਵੱਲੋਂ ਨਾਮਾਲੂਮ ਪੁਲਸ ਮੁਲਾਜ਼ਮ ਖਿਲਾਫ ਦਰਖਾਸਤ ਦਿੱਤੀ ਗਈ ਹੈ। ਨਾ ਮਾਲੂਮ ਪੁਲਸ ਮੁਲਾਜ਼ਮ ਖਿਲਾਫ ਮਾਮਲਾ ਦਰਜ ਕਰ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀ ਅਨੁਸਾਰ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਹਵਾਲੇ ਕੀਤੀ ਜਾ ਰਹੀ ਹੈ। ਮ੍ਰਿਤਕ ਅਜੇ ਕੁਆਰਾ ਸੀ।

## ਬਲਾਕ ਸੰਮਤੀ ਮੈਂਬਰ ਹਰਵਿੰਦਰ ਸਿੰਘ ਦੇ ਗ੍ਰਹਿ ਵਿਖੇ ਪਹੁੰਚਣ 'ਤੇ ਸੁਖਬੀਰ ਸਿੰਘ ਬਾਦਲ ਦਾ ਸਵਾਗਤ



ਨਾਭਾ, 30 ਜਨਵਰੀ (ਬਲਜਿੰਦਰ ਮਾਨ) : ਅਕਾਲੀ ਦਲ ਦੀ ਸਰਕਾਰ ਬਣਨ 'ਤੇ ਡੇਅਰੀ ਉਤਪਾਦ ਨੂੰ ਉਤਸ਼ਾਹਤ ਕੀਤਾ ਜਾਵੇਗਾ, ਤਾਂ ਜੋ ਨੌਜਵਾਨੀ ਨੂੰ ਸਹਾਇਕ ਧੰਦਿਆਂ ਨਾਲ ਜੋੜਿਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਹਲਕਾ ਦਿਹਾਤੀ ਪਟਿਆਲਾ ਬਲਾਕ ਸੰਮਤੀ ਜੋਨ ਰੋਹਟਾ ਤੋਂ ਜੇਤੂ ਬਲਾਕ ਸੰਮਤੀ ਮੈਂਬਰ ਹਰਵਿੰਦਰ ਸਿੰਘ ਰੋਹਟੀ ਮੋੜਾ ਦੇ ਗ੍ਰਹਿ ਵਿਖੇ ਸ਼ਿਰਕਤ ਸਮੇਂ ਵਰਕਰਾਂ ਨੂੰ ਹੌਂਸਲਾ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਦਲ ਨੇ ਹਮੇਸ਼ਾ ਆਪਣੇ ਵਰਕਰਾਂ ਦਾ ਮਾਨ ਸਨਮਾਨ ਬਰਕਰਾਰ ਰੱਖਿਆ ਹੈ। ਉਨ੍ਹਾਂ ਇਸ ਮੌਕੇ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਤੇ ਹਰਵਿੰਦਰ ਸਿੰਘ ਨੂੰ ਜਿੱਤ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਤੇਜ ਸਿੰਘ ਕੌਲ, ਬੂੱਧੂ ਸਿੰਘ ਰੋਹਟੀ ਖਾਸ, ਹੁਸਿਆਰ ਸਿੰਘ,ਪਰਮਿੰਦਰ ਸਿੰਘ ਸੇਖੋਂ,ਗੁਰਮੀਤ ਸਿੰਘ ਸੇਖੋਂ, ਜਥੇਦਾਰ ਸਰਬਜੀਤ ਸਿੰਘ ਰੋਹਟਾ,ਮੇਜਰ ਸਿੰਘ ਮੌਜੂਦ ਸਨ।

## ਕਾਮਰੇਡ ਰਮੇਸ਼ ਸਿੰਘ ਆਜ਼ਾਦ ਨਾਲ ਪ੍ਰਨੀਤ ਕੌਰ ਤੇ ਹੋਰ ਵੱਖ-ਵੱਖ ਆਗੂਆਂ ਨੇ ਕੀਤਾ ਦੁੱਖ ਸਾਂਝਾ



ਦੇਵੀਗੜ੍ਹ, 30 ਜਨਵਰੀ (ਗੁਰਜੀਤ ਸਿੰਘ ਢੋਟ) : ਸਮਾਜ ਵਿੱਚ ਮਾਂ ਦੀ ਜਗ੍ਹਾ ਕੋਈ ਨਹੀਂ ਲੈ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਸਾਂਸਦ ਮਹਾਰਾਣੀ ਪਰਨੀਤ ਕੌਰ ਵੱਲੋਂ ਕੁਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਕਾਮਰੇਡ ਰਮੇਸ਼ ਸਿੰਘ ਆਜ਼ਾਦ ਦੇ ਪੂਜਨੀਕ ਮਾਤਾ ਹਰਬੰਸ ਕੌਰ ਦੀ ਮੌਤ 'ਤੇ ਦੁੱਖ ਪ੍ਰਗਟ ਕਰਨ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਕਾਮਰੇਡ ਰਮੇਸ਼ ਸਿੰਘ ਆਜ਼ਾਦ ਆਪਣੀ ਮਾਤਾ ਵੱਲੋਂ ਮਿਲੀ ਸਿਖਿਆ ਦੇ ਕਦਮਾਂ 'ਤੇ ਚਲਦੇ ਹੋਏ ਸਮਾਜ ਵਿੱਚ ਸਮਾਜ ਭਲਾਈ ਦੇ ਕੰਮ ਕਰ ਰਹੇ ਹਨ ਅਤੇ ਇਹ ਗੁੜਤੀ ਉਨ੍ਹਾਂ ਨੂੰ ਉਹਨਾਂ ਦੀ ਮਾਤਾ ਤੋਂ ਮਿਲੀ ਹੈ, ਜੋ ਕਿ ਇੱਕ ਨੇਕ ਦਿਲ ਅਤੇ ਗਰੀਬਾਂ ਦੇ ਮਸੀਹਾ ਕਹੇ ਜਾਂਦੇ ਸਨ। ਕਾਮਰੇਡ ਰਮੇਸ਼ ਸਿੰਘ ਆਜ਼ਾਦ ਦੇ ਪੂਜਨੀਕ ਮਾਤਾ ਹਰਬੰਸ ਕੌਰ ਦੀ ਮੌਤ 'ਤੇ ਦੁੱਖ ਪ੍ਰਗਟ ਕਰਨ ਲਈ ਉਹਨਾਂ ਨਾਲ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ ਦੇਵੀਗੜ੍ਹ, ਪਰਮਿੰਦਰ ਸਿੰਘ ਕਾਮਰੇਡ ਪਟਿਆਲਾ, ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਸਿੰਘ ਜੋਸ਼ਨ, ਰਾਜਾ ਧੰਜੂ, ਪ੍ਰੇਮ ਸਿੰਘ ਸਾਬਕਾ ਸਰਪੰਚ ਸਵਾਈ ਸਿੰਘ ਵਾਲਾ, ਕਾਮਰੇਡ ਦਲਬੀਰ ਸਿੰਘ ਕਾਠਗੜ੍ਹ ਤੋਂ ਇਲਾਵਾ ਹੋਰ ਵੀ ਇਲਾਕੇ ਦੀਆਂ ਸ਼ਖ਼ਸ਼ੀਅਤਾਂ ਅਤੇ ਆਗੂਆਂ ਵੱਲੋਂ ਉਨਾਂ ਨਾਲ ਦੁੱਖ ਸਾਂਝਾ ਕੀਤਾ ਗਿਆ।ਮਾਤਾ ਹਰਬੰਸ ਕੌਰ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਅਤੇ ਅੰਤਿਮ ਅਰਦਾਸ 1 ਫਰਵਰੀ ਨੂੰ ਗੁਰਦੁਆਰਾ ਸਾਹਿਬ ਮੋਤੀ ਬਾਗ ਪਟਿਆਲਾ ਵਿਖੇ 12 ਤੋਂ 1 ਵਜੇ ਹੋਵੇਗੀ।

## ਨਿਰਮਲ ਸਿੰਘ ਭੱਟੀਆਂ ਵੱਲੋਂ ਮੀਹਾ ਸਿੰਘ ਨੰਬਰਦਾਰ ਨੂੰ ਸ਼ਰਧਾਂਜਲੀ ਭੇਟ



ਦੇਵੀਗੜ੍ਹ, 30 ਜਨਵਰੀ (ਗੁਰਜੀਤ ਸਿੰਘ ਢੋਟ) : ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆ ਵੱਲੋਂ ਸ. ਪਰਗਟ ਸਿੰਘ ਐਡਵੋਕੇਟ ਦੇ ਪਿਤਾ ਸਵਰਗਵਾਸੀ ਸ. ਮੀਹਾ ਸਿੰਘ ਜਵੰਦਾ ਨੰਬਰਦਾਰ ਪਿੰਡ ਦੁੱਧਣਸਾਧਾ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਨਿਰਮਲ ਸਿੰਘ ਭੱਟੀਆ ਨੇ ਉਨ੍ਹਾਂ ਦੀ ਅੰਤਿਮ ਅਰਦਾਸ ਸਮਾਗਮ ਵਿੱਚ ਸ਼ਿਰਕਤ ਕਰਦੇ ਹੋਏ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਨਿਰਮਲ ਸਿੰਘ ਭੱਟੀਆ ਨੇ ਕਿਹਾ ਕਿ ਸਵਰਗਵਾਸੀ ਸ. ਮੀਹਾ ਸਿੰਘ ਜਵੰਦਾ ਇੱਕ ਨੇਕ, ਸਮਾਜਸੇਵੀ ਅਤੇ ਇਮਾਨਦਾਰ ਸ਼ਖ਼ਸੀਅਤ ਦੇ ਮਾਲਕ ਸਨ,ਉਨ੍ਹਾਂ ਦੇ ਜਾਣ ਨਾਲ ਇਲਾਕੇ ਨਿਵਾਸੀਆਂ ਨੂੰ ਵੱਡਾ ਘੱਟਾ ਪਿਆ ਜੋ ਕਿ ਕਦੇ ਵੀ ਪੂਰਾ ਨਹੀਂ ਹੋ ਸਕਦਾ ਹੈ। ਉਨ੍ਹਾਂ ਨੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਸ ਭਾਰੀ ਦੁੱਖ ਨੂੰ ਸਹਿਣ ਦੀ ਤਾਕਤ ਪ੍ਰਦਾਨ ਕਰਨ।

## ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਸਫ਼ਲਤਾਪੂਰਵਕ ਸੰਪੰਨ



ਪਟਿਆਲਾ, 30 ਜਨਵਰੀ (ਚ.ਨ.ਸ.) :ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਵਿਖੇ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਦੀ ਯੋਗ ਰਹਿਨੁਮਾਈ ਹੇਠ ਲਗਾਇਆ ਗਿਆ ਸੱਤ ਰੋਜ਼ਾ ਰਾਸ਼ਟਰੀ ਸੇਵਾ ਯੋਜਨਾ ਕੈਂਪ ਯਾਦਗਾਰੀ ਪੈੜਾਂ ਛੱਡਦਾ ਸਮਾਪਤ ਹੋ ਗਿਆ। ਇਸ ਕੈਂਪ ਦੌਰਾਨ ਵਲੰਟੀਅਰਾਂ ਵਿੱਚ ਸਮਾਜ ਸੇਵਾ ਅਤੇ ਜਾਗਰੂਕਤਾ ਦੀ ਭਾਵਨਾ ਭਰਨ ਲਈ ਕਈ ਅਹਿਮ ਗਤੀਵਿਧੀਆਂ ਕਰਵਾਈਆਂ ਗਈਆਂ।ਕੈਂਪ ਦੇ ਆਖਰੀ ਦਿਨ ਲਾਇਨਜ਼ ਕਲੱਬ ਪਟਿਆਲਾ (ਸੈਂਟਰਲ) ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਨੇਕ ਕਾਰਜ ਵਿੱਚ ਰਜਿੰਦਰਾ ਹਸਪਤਾਲ ਪਟਿਆਲਾ ਦੀ ਮੈਡੀਕਲ ਟੀਮ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਕਾਲਜ ਦੇ ਰੈੱਡ ਰਿਬਨ ਕਲੱਬ ਨੇ ਵੀ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਸੇਵਾਮੁਕਤ ਪ੍ਰਿੰਸੀਪਲ ਪ੍ਰੋ. ਰਾਮ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਵਲੰਟੀਅਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ।ਪ੍ਰਮੁੱਖ ਹਾਈਲਾਈਟਸ, ਵਲੰਟੀਅਰਾਂ ਵੱਲੋਂ ਕੁੱਲ 15 ਯੂਨਿਟ ਖ਼ੂਨ ਦਾਨ ਕੀਤਾ ਗਿਆ। ਕੈਂਪ ਦਾ ਸੰਚਾਲਨ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰਾਂ ਪ੍ਰੋ. ਰਤਨ ਸਿੰਘ, ਪ੍ਰੋ. ਸਤਿੰਦਰ ਕੌਰ ਅਤੇ ਡਾ. ਹਰਸਿਮਰਨ ਕੌਰ ਵੱਲੋਂ ਕੀਤਾ ਗਿਆ। ਕੈਂਪ ਦੇ ਅੰਤ ਵਿੱਚ ਇੱਕ ਵਿਦਾਇਗੀ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਵਲੰਟੀਅਰਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਡਾ. ਕੁਸੁਮ ਲਤਾ ਨੇ ਐਨ.ਐਸ.ਐਸ. ਟੀਮ ਅਤੇ ਵਲੰਟੀਅਰਾਂ ਨੂੰ ਕੈਂਪ ਦੀ ਸਫ਼ਲਤਾ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਨਿਖਾਰਦੇ ਹਨ ਅਤੇ ਉਨ੍ਹਾਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦੇ ਹਨ।



# ਪਟਿਆਲਾ-ਆਸ/ਪਾਸ



## ਜੌੜਾਮਾਜਰਾ ਨੇ ਆਲਮਪੁਰ ਵਿਖੇ 40 ਲੱਖ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ



ਸਮਾਣਾ, 30 ਜਨਵਰੀ (ਵਿਜੇ ਕੁਮਾਰ/ਸੁਖਜਿੰਦਰ/ਜਵੰਦਾ/ਅਮਿਤ) : ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਗਏ ਉਪਰਾਲੇ ਸਫ਼ਲ ਹੋਏ ਹਨ। ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅੱਜ ਪਿੰਡ ਆਲਮਪੁਰ ਵਿਖੇ ਦੋ ਏਕੜ ਵਿੱਚ 40 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਅਤੇ ਸਮਾਣਾ ਸ਼ਹਿਰ ਵਿੱਚ ਬੰਮਣਾ ਪੱਤੀ ਸੜਕ 'ਤੇ ਮਲਕਾਣਾ ਪੱਤੀ ਵਿਖੇ ਕਰੀਬ 55 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆ ਸੜਕਾਂ ਦਾ ਨੀਂਹ ਪੱਥਰ ਰੱਖਣ ਮੌਕੇ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ। ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਖੇਡ ਸਟੇਡੀਅਮ ਅਤੇ ਸੜਕਾਂ ਬਣਾਉਣ ਦੇ ਕੰਮ ਟੱਕ ਲਗਾ ਕੇ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ, ਪਾਰਸ ਸ਼ਰਮਾ, ਗੋਪਾਲ ਕ੍ਰਿਸ਼ਨ, ਸੁਨੈਨਾ ਮਿੱਤਲ, ਮੱਖਣ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ ਚੀਮਾ, ਸਰਪੰਚ ਸੁਰਿੰਦਰ ਸਿੰਘ, ਕੁਲਜੀਤ ਸਿੰਘ ਸਰਪੰਚ ਰੰਧਾਵਾ, ਕਲੱਬ ਪ੍ਰਧਾਨ ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਬਲਵੰਤ ਸਿੰਘ, ਗੁਰਬਖਸ ਸਿੰਘ, ਤੇਜਾ ਸਿੰਘ, ਫੂਲਾ ਸਿੰਘ, ਹਰਮੇਸ ਸ਼ਰਮਾ, ਮੀਕਾ, ਸੰਜੇ ਸਾਹਨੀ, ਵਿਕਾਸ ਵਰਮਾ, ਦੀਪਕ ਵਧਵਾ, ਰਵੀ ਰੰਧਾਵਾ, ਅਮਿਤ ਧਾਲੀਵਾਲ, ਰਾਜ ਕੁਮਾਰ, ਸ਼ੰਕਰ ਜਿੰਦਲ, ਰਾਜੂ ਛਾਬੜਾ, ਸੋਮਨਾਥ, ਜੇਈ ਸ਼ੈਰੀ ਬਾਂਸਲ, ਸੰਜੇ ਸਿੰਗਲਾ, ਸੰਜੇ ਕੁਮਾਰ, ਅੰਗਰੇਜ ਸਿੰਘ ਤੇ ਰਵੀ ਸ਼ਰਮਾ ਆਦਿ ਹਾਜ਼ਰ ਸਨ।

## ਅਣਪਛਾਤੇ ਵਾਹਨ ਦੀ ਟੱਕਰ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ

ਸਮਾਣਾ, 30 ਜਨਵਰੀ (ਵਿਜੇ ਕੁਮਾਰ): ਮੂਨਕ ਰੋਡ 'ਤੇ ਇੱਕ ਤੇਜ਼




ਰਫ਼ਤਾਰ ਅਣਪਛਾਤੇ ਵਾਹਨ ਦੀ ਟੱਕਰ ਕਾਰਨ ਮੋਟਰਸਾਈਕਲ ਸਵਾਰ ਬਜ਼ੁਰਗ ਵਿਅਕਤੀ ਦੀ ਮੌਤ ਹੋ ਗਈ। ਮ੍ਰਿਤਕ ਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ ਹੈ।ਮਾਮਲੇ ਦੇ ਜਾਂਚ ਅਧਿਕਾਰੀ ਪਾਤੜਾਂ ਪੁਲਿਸ ਦੇ ਏ.ਐਸ.ਆਈ. ਤੇਜਾ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਾਬੁਲ ਸਿੰਘ (71) ਦੇਪੁੱਤਰ ਗਗਨਦੀਪ ਸਿੰਘ (ਨਿਵਾਸੀ ਪਿੰਡ ਨੂਰਪੁਰ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਬੀਤੇ ਦਿਨ ਸਵੇਰੇ 11 ਵਜੇ ਉਸ ਦਾ ਪਿਤਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੂਨਕ ਰੋਡ 'ਤੇ ਪਿੰਡ ਮੌਲਵੀਵਾਲਾ ਦੇ ਬੱਸ ਅੱਡੇ ਨੇੜੇ ਜਾ ਰਿਹਾ ਸੀ।ਇਸ ਦੌਰਾਨ ਇੱਕ ਤੇਜ਼ ਰਫ਼ਤਾਰ ਅਣਪਛਾਤੇ ਵਾਹਨ ਚਾਲਕ ਨੇ ਲਾਪਰਵਾਹੀ ਨਾਲ ਆਪਣਾ ਵਾਹਨ ਉਸ ਦੇ ਮੋਟਰਸਾਈਕਲ ਵਿੱਚ ਮਾਰ ਦਿੱਤਾ।ਇਸ ਹਾਦਸੇ ਵਿੱਚ ਉਸ ਦੇ ਪਿਤਾ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਚਾਲਕ ਵਾਹਨ ਸਮੇਤ ਫ਼ਰਾਰ ਹੋ ਗਿਆ।ਪੁਲਿਸ ਅਧਿਕਾਰੀ ਅਨੁਸਾਰ ਅਣਪਛਾਤੇ ਵਾਹਨ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਡੀ.ਸੀ. ਵੱਲੋਂ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਪ੍ਰੋਜੈਕਟਾਂ ਦਾ ਜਾਇਜ਼ਾ

ਪਟਿਆਲਾ, 30 ਜਨਵਰੀ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਪਟਿਆਲਾ ਦੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਪ੍ਰਾਜੈਕਟਾਂ ਦਾ ਜਾਇਜ਼ਾ ਲੈਣ ਲਈ ਮੰਦਰ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਮੰਦਰ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ, ਡਾ. ਰਾਜ ਕੁਮਾਰ ਗੁਪਤਾ ਤੇ ਏ.ਡੀ.ਸੀ. (ਜ) ਸਿਮਰਪ੍ਰੀਤ ਕੌਰ ਸਮੇਤ ਲੋਕ ਨਿਰਮਾਣ, ਡਰੇਨੇਜ, ਨਗਰ ਨਿਗਮ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਮੰਦਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਰੰਭ ਕਰਵਾਏ ਗਏ ਵਿਕਾਸ ਪ੍ਰਾਜੈਕਟਾਂ ਦੇ ਕੰਮਾਂ ਦੀ ਸਮੀਖਿਆ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਖ਼ੁਦ



ਇਨ੍ਹਾਂ ਕੰਮਾਂ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮੰਦਰ ਦਾ ਕੰਮ ਹੋਣ ਕਰਕੇ ਸਾਰੇ ਅਧਿਕਾਰੀ ਇਸ ਕੰਮ ਨੂੰ ਸੇਵਾ ਮੰਨਕੇ ਪੂਰੀ ਤਰ੍ਹਾਂ ਸਮਰਪਿਤ ਭਾਵਨਾ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹਨ ਅਤੇ ਸਾਰੇ ਕੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਿਥੇ ਗਏ ਸਮੇਂ ਮੁਤਾਬਕ ਇੱਕ ਸਾਲ ਦੇ ਅੰਦਰ-ਅੰਦਰ ਪੂਰੇ ਕਰ ਲਏ ਜਾਣਗੇ। ਵਰਜੀਤ ਵਾਲੀਆ ਨੇ ਇਸ ਮੌਕੇ ਸ੍ਰੀ ਕਾਲੀ ਮਾਤਾ ਮੰਦਰ ਨੂੰ ਨਵਾਂ ਰੂਪ ਦੇਣ ਸਮੇਤ ਮੰਦਰ ਦੇ ਸਰੋਵਰ ਸਾਫ਼ ਨਹਿਰੀ ਪਾਣੀ ਦੀ ਸਪਲਾਈ, ਸੀਵਰੇਜ਼ ਤੇ ਡਰੇਨੇਜ ਸਰੋਵਰ ਦੇ ਆਲੇ-ਦੁਆਲੇ ਬਣਨ ਵਾਲੇ ਨਵੇਂ ਰਸਤੇ ਲਈ ਆਰ.ਸੀ.ਸੀ. ਦੇ ਕੰਮ, ਪ੍ਰਵੇਸ਼ ਦੁਆਰ ਅਤੇ ਸਰੋਵਰ ਦਾ ਨਿਰਮਾਣ, 6 ਬਿਲਡਿੰਗ ਬਲਾਕ ਸਮੇਤ ਚੱਲ ਰਹੇ ਆਮ ਆਦਮੀ ਕਲੀਨਿਕ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਲਗਾਤਾਰ ਬੈਠਕਾਂ ਤੇ ਦੌਰੇ ਕੀਤੇ ਜਾਣਗੇ।

### ਪੰਜਾਬ ਯੂਥ ਕਾਂਗਰਸ ਚੋਣਾਂ

## ਹਲਕਾ ਘਨੌਰ ਤੋਂ ਹਰਪ੍ਰੀਤ ਸਿੰਘ ਹੈਰੀ ਨੇ ਠੋਕੀ ਦਾਅਵੇਦਾਰੀ, ਨੌਜਵਾਨਾਂ ਨੂੰ ਵੋਟ ਪਾਉਣ ਦੀ ਕੀਤੀ ਅਪੀਲ



ਘਨੌਰ, 30 ਜਨਵਰੀ (ਰਾਜਿੰਦਰ ਸਿੰਘ ਕੰਬੋਜ) : ਪੰਜਾਬ ਯੂਥ ਕਾਂਗਰਸ ਦੀਆਂ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸੇ ਤਹਿਤ ਹਲਕਾ ਘਨੌਰ ਤੋਂ ਯੂਥ ਕਾਂਗਰਸ ਦੇ ਆਗੂ ਹਰਪ੍ਰੀਤ ਸਿੰਘ (ਹੈਰੀ ਹਾਸ਼ਮਪੁਰ) ਨੇ ਆਪਣੀ ਟੀਮ ਸਮੇਤ ਚੋਣ ਮੈਦਾਨ ਵਿੱਚ ਉਤਰਨ ਦਾ ਐਲਾਨ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਪ੍ਰੀਤ ਸਿੰਘ ਹੈਰੀ ਹਾਸ਼ਮਪੁਰ ਨੇ ਕਿਹਾ ਕਿ ਉਹ ਇੱਕ ਆਮ ਪਰਿਵਾਰ ਨਾਲ ਸਬੰਧ ਰੱਖਦੇ ਹਨ ਅਤੇ ਕਾਂਗਰਸ ਪਾਰਟੀ ਨੇ ਉਨ੍ਹਾਂ ਨੂੰ ਨੌਜਵਾਨਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਸਟੇਟ ਪੱਧਰ ਤੋਂ ਗਗਨਦੀਪ ਸਿੰਘ ਜਲਾਲਪੁਰ (ਜੋਲੀ) ਚੋਣ ਲੜ ਰਹੇ ਹਨ, ਜਦਕਿ ਵਿਧਾਨ ਸਭਾ ਹਲਕਾ ਘਨੌਰ ਤੋਂ ਉਹ ਖੁਦ ਚੋਣ ਮੈਦਾਨ ਵਿੱਚ ਹਨ। ਇਸ ਤੋਂ ਇਲਾਵਾ ਬਲਾਕ ਘਨੌਰ ਤੋਂ ਕੁਲਦੀਪ ਬਦੇਸ਼ਾ ਅਤੇ ਬਲਾਕ ਖੇੜੀ ਗੰਡਿਆਂ ਤੋਂ ਬੱਗਾ ਸਿੰਘ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ।ਹਰਪ੍ਰੀਤ ਹੈਰੀ ਨੇ 18 ਤੋਂ 35 ਸਾਲ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ 3 ਫਰਵਰੀ ਤੋਂ 3 ਮਾਰਚ ਤੱਕ ਹੋਣ ਵਾਲੀ ਵੋਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ।ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਸੰਮਤੀ ਮੈਂਬਰ ਅਮਰੀਕ ਸਿੰਘ, ਧਰਮਪਾਲ ਤੂਰ ਸਾਬਕਾ ਜਿਲਾ ਪ੍ਰੀਸ਼ਦ ਮੈਂਬਰ , ਕੁਲਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ ਘੱਗਰ ਸਰਾਏ, ਗੁਰਚਰਨ ਸਿੰਘ( ਕਾਲੂ )ਖੈਰਪੁਰ ਸੇਖਾਂ, ਡਾ. ਜਗਵਿੰਦਰ ਸਿੰਘ ਚੈਹਿਲ, ਜਸਵਿੰਦਰ ਸਿੰਘ ਪੰਚਾਇਤ ਮੈਂਬਰ,ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ, ਜਿਨ੍ਹਾਂ ਨੇ ਨੌਜਵਾਨਾਂ ਨੂੰ ਹੈਰੀ ਹਾਸਮਪੁਰ ਦੇ ਪੱਖ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਹਰਪ੍ਰੀਤ ਸਿੰਘ ਹੈਰੀ ਹਾਸ਼ਮਪੁਰ, ਧਰਮਪਾਲ ਤੂਰ, ਅਮਰੀਕ ਸਿੰਘ ਬਲਾਕ ਸੰਮਤੀ ਮੈਂਬਰ ਖੈਰਪੁਰ ਸੇਖਾਂ, ਕੁਲਵਿੰਦਰ ਸਿੰਘ, ਗੁਰਚਰਨ ਸਿੰਘ (ਕਾਲੂ)ਖੈ ਰਪੁਰ ਸੇਖਾਂ, ਡਾ. ਜਗਵਿੰਦਰ ਸਿੰਘ ਚੈਹਿਲ, ਜਸਵਿੰਦਰ ਸਿੰਘ, ਮਲਕੀਤ ਸਿੰਘ , ਰੋਬਨਦੀਪ ਸਿੰਘ ਹਾਜ਼ਰ ਸਨ।

## ਕੰਬੋਜ਼ ਭਲਾਈ ਬੋਰਡ ਦੇ ਡਾਇਰੈਕਟਰ ਤੇ ਬੀ.ਸੀ. ਵਿੰਗ ਦੇ ਸਟੇਟ ਸੈਕਟਰੀ ਕੁਲਦੀਪ ਸਿੰਘ ਥਿੰਦ ਦਾ ਸਨਮਾਨ

ਪਾਤੜਾਂ, 30 ਜਨਵਰੀ (ਹਰਮਿੰਦਰ ਕਰਤਾਰਪੁਰ): ਕੰਬੋਜ ਭਲਾਈ ਬੋਰਡ ਦੇ ਡਾਇਰੈਕਟਰ ਅਤੇ ਆਮ ਆਦਮੀ ਪਾਰਟੀ ਬੀਸੀ ਵਿੰਗ ਪੰਜਾਬ ਦੇ ਸਟੇਟ ਸੈਕਟਰੀ ਕੁਲਦੀਪ ਸਿੰਘ ਥਿੰਦ ਦਾ ਅੱਜ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ 'ਚ ਕੰਬੋਜ ਭਾਈਚਾਰੇ ਦੇ ਆਗੂ ਸਰਪੰਚ ਗੁਰਮੀਤ ਸਿੰਘ ਪੜਤਾ ਅਤੇ ਮਨਜੀਤ ਸਿੰਘ ਲਾਡੀ ਜੌੜੇਮਾਜਰਾ ਵੱਲੋਂ ਸਨਮਾਨ ਕੀਤਾ ਗਿਆ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਕੁਲਦੀਪ ਸਿੰਘ ਥਿੰਦ ਵੱਲੋਂ ਆਮ ਆਦਮੀ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ



ਸਖਤ ਮਿਹਨਤ ਕੀਤੀ ਜਾ ਰਹੀ ਹੈ। ਕੁਲਦੀਪ ਸਿੰਘ ਥਿੰਦ ਨੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਅਤੇ ਸਰਕਾਰ ਵੱਲੋਂ ਦਿੱਤੇ ਗਏ ਮਾਣ ਸਤਿਕਾਰ ਲਈ ਸਦਾ ਰਿਣੀ ਰਹਿਣਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਬਲਜਿੰਦਰ ਸਿੰਘ ਜੋਗੇਵਾਲ, ਤਰਲੋਚਨ ਸਿੰਘ ਜੈਖਰ, ਸੁਰਿੰਦਰ ਸਿੰਘ ਛਿੰਦਾ ਜੈਖਰ, ਸਰਪੰਚ ਗੁਰਜੀਤ ਸਿੰਘ ਜੈਕਰ, ਗੁਰਪ੍ਰੀਤ ਸਿੰਘ ਗੋਪੀ ਆਦਿ ਪ੍ਰਮੁੱਖ ਤੌਰ 'ਤੇ ਹਜ਼ਾਰ ਸਨ।

## ਬਲਾਤਕਾਰ ਦੇ ਮਾਮਲੇ 'ਚ ਸਜ਼ਾ

ਪਟਿਆਲਾ, 30 ਜਨਵਰੀ (ਵਿਨੋਦ ਸ਼ਰਮਾ) : ਅਦਾਲਤ ਨੇ ਬਲਾਤਕਾਰ ਦੇ ਮਾਮਲੇ ਵਿੱਚ




ਦੋਸ਼ੀ ਜਸਪਾਲ ਸਿੰਘ ਵਾਸੀ ਪਟਿਆਲਾ ਨੂੰ ਪੋਕਸੋ ਐਕਟ (1) ਵਿਚ ਦਸ ਸਾਲ ਦੀ ਸਜ਼ਾ ਸੁਣਾਈ ਹੈ। ਇਸੇ ਤਰ੍ਹਾਂ ਪੁਲਿਸ ਨੇ ਉਸ ਦੇ ਖਿਲਾਫ ਸਾਲ 2023 ਵਿਚ ਥਾਣਾ ਭਾਦਸੋਂ ਵਿਖੇ ਮਾਮਲਾ ਦਰਜ ਕੀਤਾ ਸੀ।

## ਸ਼ਰਾਬ ਦੇ ਮਾਮਲੇ 'ਚ ਦੋ ਸਾਲ ਦੀ ਸਜ਼ਾ

ਪਟਿਆਲਾ, 30 ਜਨਵਰੀ (ਵਿਨੋਦ ਸ਼ਰਮਾ) : ਸ਼ਰਾਬ ਦੇ ਮਾਮਲੇ ਵਿੱਚ ਅਦਾਲਤ ਨੇ ਇੱਕ ਵਿਅਕਤੀ ਹਰਦੀਪ ਕੁਮਾਰ ਨੂੰ ਦੋ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਦੋ ਲੱਖ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਉਸ ਤੋਂ ਭਾਰੀ ਮਾਤਰਾ ਵਿੱਚ ਸ਼ਰਾਬ ਬ੍ਰਾਮਦ ਕਰਕੇ ਥਾਣਾ ਲਹੌਰੀ ਗੇਟ ਵਿਖੇ ਮਾਮਲਾ ਦਰਜ ਕੀਤਾ ਸੀ।

## ਗੈਂਗਸਟਰਵਾਦ ਖ਼ਤਮ ਕਰਨ ਲਈ ਆਪ੍ਰੇਸ਼ਨ ਪ੍ਰਹਾਰ ਹੀ ਇਕਲੌਤਾ ਹੱਲ: ਐਡ.ਅਮਨ ਗਰਗ



ਪਟਿਆਲਾ, 30 ਜਨਵਰੀ (ਰੁਪਾਣਾ): ਸੀਨੀਅਰ ਹਿੰਦੂ ਨੇਤਾ ਅਤੇ ਆਲ ਇੰਡੀਆ ਐਂਟੀ ਟੈਰਰਿਸਟ ਫਰੰਟ ਦੇ ਰਾਸ਼ਟਰੀ ਪ੍ਰਮੁੱਖ ਅਮਨ ਗਰਗ ਸੂਲਰ ਨੇ ਪੰਜਾਬ ਵਿੱਚ ਬਣੇ ਗੰਭੀਰ ਅਤੇ ਚਿੰਤਾਜਨਕ ਕਾਨੂੰਨ-ਵਿਵਸਥਾ ਦੇ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਫਰੰਟ ਦੇ ਅਹੁਦੇਦਾਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਪੰਜਾਬ ਪ੍ਰਧਾਨ ਓਂਕਾਰ ਸ਼ਰਮਾ, ਪੰਜਾਬ ਮਹਿਲਾ ਵਿੰਗ ਦੀ ਚੇਅਰਪਰਸਨ ਮਿਸ ਸੀਮਾ ਭਾਰਗਵ, ਚੇਅਰਮੈਨ ਨੇਮ ਚੰਦ ਨਿੰਮਾ, ਸੀਨੀਅਰ ਮੀਤ ਪ੍ਰਧਾਨ ਇੰਜੀਨੀਅਰ ਅੰਕੁਸ਼ ਜਿੰਦਲ, ਮਾਲਵਾ ਜੋਨ ਪ੍ਰਧਾਨ ਪਰਮਿੰਦਰ ਸਿੰਘ, ਮੀਡੀਆ ਐਡਵਾਈਜ਼ਰ ਅਸ਼ੋਕ ਕੁਮਾਰ, ਜੀਵਨ ਸਿੰਘ ਅਤੇ ਹੋਰ ਅਹੁਦੇਦਾਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ।ਮੀਟਿੰਗ ਦੌਰਾਨ ਅਮਨ ਗਰਗ ਸੂਲਰ ਨੇ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਤੋਂ ਪੰਜਾਬ ਵਿੱਚ ਸ਼ਾਇਦ ਹੀ ਕੋਈ ਦਿਨ ਅਜਿਹਾ ਹੁੰਦਾ ਹੋਵੇ ਜਦੋਂ ਗੈਂਗਸਟਰਾਂ ਵੱਲੋਂ ਕਤਲ ਦੀ ਕੋਈ ਵਾਰਦਾਤ ਨਾ ਹੋਈ ਹੋਵੇ। ਹਾਲ ਹੀ ਵਿੱਚ ਸੂਬੇ ਵਿੱਚ ਹੋਏ ਦੋ ਵੱਡੇ ਕਤਲ—ਡੇਰਾ ਬਾਬਾ ਨਾਨਕ ਅਤੇ ਮੋਹਾਲੀ ਅਦਾਲਤ ਦੇ ਬਾਹਰ ਗੁਰਵਿੰਦਰ ਸਿੰਘ ਦੇ ਕਤਲ—ਦੀ ਜ਼ਿੰਮੇਵਾਰੀ ਪੰਜਾਬ ਦੇ ਬੇਹੱਦ ਲੋੜੀਂਦੇ ਗੈਂਗਸਟਰ ਗੋਲਡੀ ਬਰਾੜ, ਰੋਹਿਤ ਗੋਦਾਰਾ ਅਤੇ ਵਿੱਕੀ ਭਲਵਾਨ ਵੱਲੋਂ ਲੈਣ ਨਾਲ ਪੰਜਾਬ ਦੀ ਫ਼ਿਜ਼ਾ ਵਿੱਚ ਇੱਕ ਵਾਰ ਫਿਰ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਡੋਨੀ ਬੱਲ ਅਤੇ ਲੱਕੀ ਪਟਿਆਲ ਵਰਗੇ ਬਦਨਾਮ ਗੈਂਗਸਟਰ ਪੰਜਾਬ ਵਿੱਚ ਰੋਜ਼ਾਨਾ ਕਤਲ ਕਰਵਾ ਕੇ ਸੋਸ਼ਲ ਮੀਡੀਆ ਰਾਹੀਂ ਜ਼ਿੰਮੇਵਾਰੀ ਕਬੂਲ ਕਰਦੇ ਹਨ, ਤਾਂ ਜੋ ਅਪਰਾਧ ਦੀ ਦੁਨੀਆ ਵਿੱਚ ਆਪਣਾ ਨਾਮ ਚਮਕਾਇਆ ਜਾ ਸਕੇ। ਅੰਤ ਵਿੱਚ ਗਰਗ ਸੂਲਰ ਨੇ ਵਿਸ਼ਵਾਸ ਜਤਾਇਆ ਕਿ ਪੰਜਾਬ ਪੁਲਿਸ ਦੀ ਨੀਅਤ ਅਤੇ ਨੀਤੀ 'ਤੇ ਕੋਈ ਸ਼ੱਕ ਨਹੀਂ ਹੈ ਅਤੇ ਆਪਰੇਸ਼ਨ ਪਰਹਾਰ ਪੰਜਾਬ ਵਿੱਚੋਂ ਗੈਂਗਸਟਰਵਾਦ ਨੂੰ ਮੁਕੰਮਲ ਤੌਰ 'ਤੇ ਖ਼ਤਮ ਕਰਨ ਵਿੱਚ ਵਰਦਾਨ ਸਾਬਤ ਹੋਵੇਗਾ।

## ਸ਼ਹਿਰ ਦੀ ਸਾਫ਼-ਸਫ਼ਾਈ ਨੂੰ ਲੈ ਕੇ ਮੇਅਰ ਸਖ਼ਤ

ਪਟਿਆਲਾ, 30 ਜਨਵਰੀ (ਰੁਪਾਣਾ) : ਅੱਜ ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵੱਲੋਂ ਸ਼ਹਿਰ ਵਿੱਚ ਸਾਫ਼-ਸਫ਼ਾਈ ਦੀ ਸਥਿਤੀ ਨੂੰ ਹੋਰ ਬਿਹਤਰ ਬਣਾਉਣ ਦੇ ਮਕਸਦ ਨਾਲ ਹੈਲਥ ਬ੍ਰਾਂਚ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੈਨੇਟਰੀ ਇੰਸਪੈਕਟਰਾਂ , ਸਫ਼ਾਈ ਕਰਮਚਾਰੀਆਂ, ਮਸ਼ੀਨਰੀ ਅਤੇ ਮੈਨ ਪਾਵਰ ਨਾਲ ਸੰਬੰਧਿਤ ਮੁੱਦਿਆਂ ਦੇ ਬਾਰੇ ਵਿਸ਼ੇਸ਼ ਤੌਰ ਤੇ ਗੱਲਬਾਤ ਕੀਤੀ ਗਈ । ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਦੇ ਹਰ ਇਕ ਇਲਾਕੇ ਵਿੱਚ ਸਾਫ਼-ਸਫ਼ਾਈ ਯਕੀਨੀ ਬਣਾਉਣਾ ਨਗਰ ਨਿਗਮ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਨੇ ਸਪਸ਼ਟ ਹਦਾਇਤਾਂ ਦਿੰਦਿਆਂ ਕਿਹਾ ਕਿ ਸ਼ਹਿਰ ਵਿੱਚ ਜਿੱਥੇ ਵੀ ਕੂੜੇ ਦੇ ਪੁਆਇੰਟ ਬਣੇ ਹੋਏ ਹਨ, ਉੱਥੋਂ ਸਾਰਾ ਕੂੜਾ ਸਮੇਂ ਸਿਰ ਚੱਕਿਆ ਜਾਵੇ ਤਾਂ ਜੋ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਮੇਅਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਫ਼ਾਈ ਸਟਾਫ਼ ਵੱਲੋਂ ਦੱਸੀਆਂ ਗਈਆਂ ਦਿੱਕਤਾ ਜਿਵੇਂ ਕਿ ਮਸ਼ੀਨਰੀ ਦੀ ਘਾਟ, ਮੈਨ ਪਾਵਰ ਦੀ ਕਮੀ ਜਾਂ ਹੋਰ ਪ੍ਰਸ਼ਾਸਕੀ ਸਮੱਸਿਆਵਾਂ ਨੂੰ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ ਹੈ, ਤਾਂ ਜੋ ਸਫ਼ਾਈ ਕਾਰਜ ਵਿੱਚ ਕੋਈ ਰੁਕਾਵਟ ਨਾ ਆਵੇ। ਇਸ ਨਾਲ ਸਫ਼ਾਈ ਦੇ ਕੰਮ ਦੀ ਗੁਣਵੱਤਾ ਬਣੀ ਰਹੇਗੀ ਅਤੇ ਕਿਸੇ ਵੀ ਤਰ੍ਹਾਂ ਦਾ ਕੰਪਰੋਮਾਈਜ਼ ਨਹੀਂ ਹੋਵੇਗਾ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼, ਸੁਥਰਾ ਅਤੇ ਸਿਹਤਮੰਦ ਬਣਾਉਣ ਲਈ ਨਗਰ ਨਿਗਮ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸਾਫ਼-ਸਫ਼ਾਈ ਪ੍ਰਬੰਧਾਂ ਦੀ ਲਗਾਤਾਰ ਸਮੀਖਿਆ ਕੀਤੀ ਜਾਂਦੀ ਰਹੇਗੀ।

## ਸਾਈਕਲਿੰਗ ਤੋਂ ਬਾਅਦ ਹੁਣ ਦੌੜ 'ਚ ਤੇਜ਼ੀ ਨਾਲ ਆਪਣਾ ਨਾਮ ਬਣਾ ਰਿਹੈ ਕੰਵਰ ਗਿੱਲ

ਪਟਿਆਲਾ, 30 ਜਨਵਰੀ (ਚ.ਨ.ਸ.) : ਸਾਈਕਲਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਆਪਣੀ ਪਹਿਚਾਨ ਬਣਾਉਣ ਵਾਲੇ ਐਂਡਿਊਰੈਂਸ ਐਥਲੀਟ ਕੰਵਰ ਗਿੱਲ ਹੁਣ ਦੌੜ ਦੀ ਦੁਨੀਆਂ ਵਿੱਚ ਵੀ ਤੇਜ਼ੀ ਨਾਲ ਆਪਣਾ ਨਾਮ ਬਣਾ ਰਹੇ ਹਨ। ਕੰਵਰ ਗਿੱਲ ਦਾ ਅਗਲਾ ਵੱਡਾ




ਟਾਰਗੇਟ ਹੈ ਪ੍ਰਤਿਸ਼ਠਿਤ ਇੰਟਰਨੈਸ਼ਨਲ ਪ੍ਰੋਕੈਮ ਸਲੈਮ, ਜੋ ਵੱਖ-ਵੱਖ ਸ਼ਹਿਰਾਂ ਵਿੱਚ ਹੋਣ ਵਾਲੀਆਂ ਮੁੱਖ ਦੌੜਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਨਾਲ ਮਿਲਦਾ ਹੈ।ਪ੍ਰੋਕੈਮ ਸਲੈਮ ਹਾਸਲ ਕਰਨ ਲਈ ਦੌੜਾਕ ਨੂੰ ਚਾਰ ਮਹੱਤਵਪੂਰਨ ਦੌੜਾਂ ਪੂਰੀਆਂ ਕਰਨੀ ਹੁੰਦੀਆਂ ਹਨ।ਕੰਵਰ ਗਿੱਲ ਨੇ ਕਿਹਾ ਕਿ ਸਾਈਕਲਿੰਗ ਤੋਂ ਰਨਿੰਗ ਵੱਲ ਆਉਣਾ ਮੇਰੇ ਲਈ ਇੱਕ ਨਵਾਂ ਚੈਲੇਂਜ ਸੀ, ਪਰ ਇਹ ਸਫਰ ਬਹੁਤ ਪ੍ਰੇਰਨਾਦਾਇਕ ਰਿਹਾ ਹੈ। ਹੁਣ ਮੇਰਾ ਸਾਰਾ ਧਿਆਨ ਬੈਂਗਲੂਰੁ ਦੀ 10 ਕਿਮੀ ਦੌੜ 'ਤੇ ਹੈ, ਤਾਂ ਜੋ ਮੈਂ ਪ੍ਰੋਕੈਮ ਸਲੈਮ ਪੂਰਾ ਕਰ ਸਕਾਂ।ਉਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਉਪਲੱਬਧੀਆਂ ਹੋਰ ਖਿਡਾਰੀਆਂ ਲਈ ਪ੍ਰੇਰਨਾ ਬਣ ਰਹੀਆਂ ਹਨ।

## ਕਤਲ ਦੇ ਮਾਮਲੇ 'ਚ ਉਮਰ ਕੈਦ

ਪਟਿਆਲਾ, 30 ਜਨਵਰੀ (ਵਿਨੋਦ ਸ਼ਰਮਾ) : ਕਤਲ ਦੇ ਮਾਮਲੇ ਵਿੱਚ ਅਦਾਲਤ ਨੇ ਇੱਕ ਵਿਅਕਤੀ ਖੂਬਲਾਲ ਵਾਸੀ ਯੂਪੀ ਹਾਲ ਵਾਸੀ ਬੋਲੜ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਪੰਜ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਉਸ ਦੇ ਖਿਲਾਫ ਸ਼ਿਕਾਇਤਕਰਤਾ ਗੁਰਦੀਪ ਸਿੰਘ ਦੀ ਸ਼ਿਕਾਇਤ 'ਤੇ ਧਾਰਾ 302 ਆਈਪੀਸੀ ਦੇ ਤਹਿਤ ਥਾਣਾ ਸਨੌਰ ਵਿਖੇ ਮਾਮਲਾ ਦਰਜ ਕੀਤਾ ਸੀ।

## ਰਵਿੰਦਰ ਸਿੰਘ ਗਿੰਨੀ ਢਿੱਲੋਂ ਦੇ ਘਰ ਪੁੱਜੇ ਅਸ਼ਵਨੀ ਸ਼ਰਮਾ

ਪਟਿਆਲਾ, 30 ਜਨਵਰੀ (ਰੁਪਾਣਾ) : ਭਾਰਤੀ ਜਨਤਾ ਪਾਰਟੀ



ਦੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ 1 ਫਰਵਰੀ ਦਾ ਪੰਜਾਬ ਦੌਰਾ ਪੰਜਾਬ ਪ੍ਰਤੀ ਉਹਨਾਂ ਦੀ ਸੰਜੀਦਗੀ ਦਾ ਸੂਚਕ ਹੈ।ਇੱਥੇ ਭਾਜਪਾ ਦੇ ਘਾਗ ਆਗੂ ਰਵਿੰਦਰ ਸਿੰਘ ਗਿੰਨੀ ਢਿੱਲੋਂ ਦੇ ਗ੍ਰਹਿ ਵਿਖੇ ਪਹੁੰਚੇ ਅਸ਼ਵਨੀ ਸ਼ਰਮਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮੇਸ਼ਾ ਹੀ ਪੰਜਾਬ ਦੀ ਭਲਾਈ, ਵਿਕਾਸ ਤੇ ਤਰੱਕੀ ਵਾਸਤੇ ਵਚਨਬੱਧ ਹਨ। ਉਹਨਾਂ ਨੇ ਇਸ ਮੌਕੇ ਰਵਿੰਦਰ ਸਿੰਘ ਗਿੰਨੀ ਢਿੱਲੋਂ ਨਾਲ ਉਹਨਾਂ ਦੇ ਮਾਤਾ ਜੀ ਦੇ ਅਕਾਲ ਚਲਾਣੇ 'ਤੇ ਦੁੱਖ ਵੀ ਸਾਂਝਾ ਕੀਤਾ ਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ ਅਤੇ ਵਿਛੜੀ ਰੂਹ ਨੂੰ ਪਰਮਾਤਮਾ ਦੇ ਚਰਨਾਂ ਵਿਚ ਨਿਵਾਸ ਬਖਸ਼ਿਸ਼ ਕਰਨ।

## ਯੂਥ ਕਾਂਗਰਸ ਚੋਣਾਂ : ਨਵੇਂ ਚਿਹਰਿਆਂ ਨੂੰ ਮੈਦਾਨ 'ਚ ਉਤਾਰ ਕੇ ਕਾਂਗਰਸ ਨੇ ਮਜ਼ਬੂਤੀ ਵੱਲ ਵਧਾਏ ਕਦਮ : ਲਾਡਾ, ਸੰਧੂ

ਘਨੌਰ, 30 ਜਨਵਰੀ (ਰਾਜਿੰਦਰ ਸਿੰਘ ਕੰਬੋਜ): ਪੰਜਾਬ ਯੂਥ ਕਾਂਗਰਸ ਦੀਆਂ ਆਗਾਮੀ ਚੋਣਾਂ ਨੂੰ ਲੈ ਕੇ ਹਲਕਾ ਘਨੌਰ ਦੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪਾਰਟੀ ਹਾਈਕਮਾਂਡ ਵੱਲੋਂ ਇਸ ਵਾਰ ਨਿਰਪੱਖ ਅਤੇ ਚੰਗੀ ਸੋਚ ਵਾਲੇ ਬਿਲਕੁਲ ਨਵੇਂ ਚਿਹਰਿਆਂ ਨੂੰ ਅੱਗੇ ਲਿਆਉਣ ਦੇ ਫੈਸਲੇ ਨੇ ਨੌਜਵਾਨ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜਾ ਦਿੱਤੀ ਹੈ।ਸੇਵਾਦਾਰ ਹਲਕਾ ਘਨੌਰ ਹਰਦੀਪ ਸਿੰਘ ਲਾਡਾ, ਗੁਰਪ੍ਰੀਤ ਸਿੰਘ ਸੰਧੂ ਨਰੜੂ ਅਤੇ ਹੋਰ ਸੀਨੀਅਰ ਆਗੂਆਂ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਂਗਰਸ ਪਾਰਟੀ ਨੂੰ ਮਜ਼ਬੂਤੀ ਦੇਣ ਲਈ ਨਵੇਂ ਚਿਹਰਿਆਂ ਨੂੰ ਉਮੀਦਵਾਰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਸੋਚ ਮੁਤਾਬਕ ਦੇਸ਼ ਨੂੰ ਤਰੱਕੀ ਦੀਆਂ ਨਵੀਆਂ ਉਪਲਬਧੀਆਂ



ਤੱਕ ਲਿਜਾਣ ਲਈ ਨੌਜਵਾਨਾਂ ਦੀ ਰਾਜਨੀਤੀ ਵਿੱਚ ਸਰਗਰਮ ਸ਼ਮੂਲੀਅਤ ਲਾਜ਼ਮੀ ਹੈ। ਇਸ ਲੜੀ ਤਹਿਤ ਘਨੌਰ ਅਸੈਂਬਲੀ ਹਲਕੇ ਲਈ ਨੌਜਵਾਨ ਆਗੂ ਹਿੰਮਤ ਸਿੰਘ, ਬਲਾਕ ਘਨੌਰ ਤੋਂ ਸਿਮਰਨਦੀਪ ਸਿੰਘ, ਬਲਾਕ ਖੇੜੀ ਗੰਡਿਆਂ ਤੋਂ ਜਸਕਰਨ ਸਿੰਘ ਭੰਗੂ (ਕੋਲੇ ਮਾਜਰਾ) ਅਤੇ ਜ਼ਿਲ੍ਹਾ ਸੈਕਟਰੀ ਦੇ ਅਹੁਦੇ ਲਈ ਅਮਨਪ੍ਰੀਤ ਸਿੰਘ ਭੰਗੂ ਨੂੰ ਉਮੀਦਵਾਰ ਨਾਮਜ਼ਦ ਕੀਤਾ ਗਿਆ ਹੈ। ਉਹਨਾਂ ਹਲਕਾ ਘਨੌਰ ਦੇ ਸਮੂਹ ਨੌਜਵਾਨ ਆਗੂਆਂ ਨੂੰ ਅਪੀਲ ਕੀਤੀ ਕਿ ਯੂਥ ਕਾਂਗਰਸ ਦੇ ਵਿੱਚ ਨਵੇਂ ਚਿਹਰੇ ਅੱਗੇ ਆ ਰਹੇ ਹਨ ਉਨ੍ਹਾਂ ਦੀ ਵੱਧ ਤੋਂ ਵੱਧ ਵੋਟਾਂ ਪਾ ਕੇ ਮਦਦ ਕੀਤੀ ਜਾਵੇ। ਇਸ ਮੌਕੇ ਪਰਵਿੰਦਰ ਸਿੰਘ ਲਾਲੀ, ਬਲਜੀਤ ਸਿੰਘ ਗਿੱਲ (ਸਾਬਕਾ ਚੇਅਰਮੈਨ), ਸੰਜੀਵ ਸੰਜੂ (ਹਾਸਮਪੁਰ / ਕਬੂਲਪੁਰ) ਅਤੇ ਅਮਰਿੰਦਰ ਸਿੰਘ ਬਿੱਟੂ ਸੰਧਾਰਸੀ ਨੇ ਸਾਂਝੇ ਤੌਰ 'ਤੇ ਅਪੀਲ ਕੀਤੀ ਕਿ ਪਾਰਟੀ ਦੀ ਮਜ਼ਬੂਤੀ ਲਈ ਇਨ੍ਹਾਂ ਨੌਜਵਾਨ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਬਣਾਇਆ ਜਾਵੇ।

## ਹਰ ਪੂਰਨਮਾਸ਼ੀ ਨੂੰ ਹਰ ਰੋਗ ਤੇ ਅੱਖਾਂ ਦਾ ਫ੍ਰੀ ਚੈਕਅੱਪ ਕੈਂਪ ਲੱਗੇਗਾ : ਬਾਬਾ ਗੁਰਪ੍ਰੀਤ ਦਾਸ



ਦੇਵੀਗੜ੍ਹ, 30 ਜਨਵਰੀ (ਗੁਰਜੀਤ ਸਿੰਘ ਢੋਟ) : ਦਰਬਾਰ ਬਾਬਾ ਸ਼੍ਰੀ ਚੰਦ ਜੀ ਮਹਾਰਾਜ ਪਿੰਡ ਮੋਹਲਗੜ੍ਹ ਜ਼ਿਲ੍ਹਾ ਪਟਿਆਲਾ ਵਿਖੇ ਹਰ ਪੂਰਨਮਾਸ਼ੀ ਨੂੰ ਦਰਬਾਰ ਬਾਬਾ ਸ੍ਰੀ ਚੰਦ ਜੀ ਮਹਾਰਾਜ ਵਿਖੇ ਸਰਬ ਧਰਮ ਸੇਵਾ ਸੁਸਾਇਟੀ ਪਿੰਡ ਮੋਹਲਗੜ੍ਹ ਜ਼ਿਲ੍ਹਾ ਪਟਿਆਲਾ ਵੱਲੋਂ ਅੱਖਾਂ ਦਾ ਫਰੀ ਚੈੱਕ ਅਪ ਅਤੇ ਫਰੀ ਮੈਡੀਕਲ ਕੈਂਪ ਲੱਗਿਆ ਕਰੇਗਾ ਅਤੇ ਮਰੀਜ਼ਾਂ ਨੂੰ ਫਰੀ ਦਵਾਈਆਂ ਦਿੱਤੀਆਂ ਜਾਇਆ ਕਰਨਗੀਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੰਤ ਬਾਬਾ ਗੁਰਪ੍ਰੀਤ ਦਾਸ ਜੀ ਉਦਾਸੀਨ ਮੋਹਲਗੜ੍ਹ ਵਾਲਿਆਂ ਵੱਲੋਂ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਰਬ ਧਰਮ ਸੇਵਾ ਸੋਸਾਇਟੀ ਵੱਲੋਂ ਹਰ ਪੂਰਨਮਾਸ਼ੀ ਨੂੰ ਸੰਜੀਵਨੀ ਹਸਪਤਾਲ ਪਿਹੋਵਾ ਦੇ ਮਾਹਿਰ ਡਾਕਟਰ ਵਰਿੰਦਰ ਔਜਲਾ ਦੀ ਰਹਿਨੁਮਾਈ ਹੇਠ ਹਰੇਕ ਰੋਗ ਅਤੇ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਫਰੀ ਕੈਂਪ ਲਗਾਇਆ ਜਾਇਆ ਕਰੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਸੁਸਾਇਟੀ ਦੇ ਮੈਂਬਰ ਗੁਰਮੀਤ ਸਿੰਘ ਅਜਨਾਲਾ ਖੁਰਦ, ਸੁਖਵਿੰਦਰ ਸਿੰਘ ਕਵਰਤਨ, ਡਾਕਟਰ ਸੁਮੀਤ ਬੜੌਲਾ ਆਦਿ ਹਾਜ਼ਰ ਸਨ।

## ਬਲੀਦਾਨ ਦਿਵਸ: ਸ਼ਰਧਾਂਜਲੀ ਸਮਾਰੋਹ ਮੌਕੇ ਦੋ ਮਿੰਟ ਦਾ ਮੌਨ ਧਾਰ ਕੇ ਦੇਸ਼ ਦੇ ਸੁਤੰਤਰਤਾ ਸੰਗਰਾਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ

### ➢ਸ਼ਹੀਦਾਂ ਦੇ ਦਿੱਤੇ ਸੰਕਲਪ ਨੂੰ ਪੂਰਾ ਕਰਨ ਲਈ ਹਰ ਨਾਗਰਿਕ ਆਪਣਾ ਯੋਗਦਾਨ ਪਾਵੇ : ਵਰਜੀਤ ਵਾਲੀਆ

ਪਟਿਆਲਾ, 30 ਜਨਵਰੀ (ਰੁਪਾਣਾ) : ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬਲੀਦਾਨ ਦਿਵਸ ਮੌਕੇ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਆਪਣਾ ਬਲੀਦਾਨ ਦੇਣ ਵਾਲੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਅੱਜ ਇੱਥੇ ਮਾਲ ਰੋਡ 'ਤੇ ਰਜਿੰਦਰਾ ਲੇਕ ਵਿਖੇ ਸਥਿਤ ਮਹਾਤਮਾ ਗਾਂਧੀ ਦੇ ਸਮਾਰਕ 'ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਸ਼ਰਧਾਂਜਲੀ ਸਮਾਰੋਹ ਹੋਇਆ। ਇਸ ਮੌਕੇ ਪਟਿਆਲਾ ਪੁਲਿਸ ਦੀ ਹਥਿਆਰਬੰਦ ਟੁਕੜੀ ਨੇ ਹਥਿਆਰ ਉਲਟੇ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਦੋ ਮਿੰਟ ਦਾ ਮੌਨ ਰੱਖਿਆ ਗਿਆ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਮਹਾਤਮਾ ਗਾਂਧੀ ਦੇ ਸਮਾਰਕ 'ਤੇ ਫੁੱਲ ਮਾਲਾਵਾਂ ਚੜ੍ਹਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਰੋਹ ਮੌਕੇ ਐਸ.ਡੀ.ਐਮ ਪਟਿਆਲਾ ਹਰਜੋਤ ਕੌਰ ਮਾਵੀ, ਮੁੱਖ ਮੰਤਰੀ ਫ਼ੀਲਡ ਅਫ਼ਸਰ ਸਤੀਸ਼ ਚੰਦਰ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ। ਵਰਜੀਤ ਵਾਲੀਆ ਨੇ ਦੱਸਿਆ ਕਿ 30 ਜਨਵਰੀ 1948 ਨੂੰ ਮਹਾਤਮਾ ਗਾਂਧੀ ਜੀ ਦੀ ਹੱਤਿਆ ਹੋਈ ਸੀ, ਇਸ ਲਈ ਇਸ ਦਿਨ ਨੂੰ ਬਲਿਦਾਨ ਦਿਵਸ ਵਜੋਂ ਮਨਾਇਆ ਜਾਂਦਾ ਹੈ ਅਤੇ ਇਹ ਦਿਨ ਗਾਂਧੀ ਜੀ ਦੇ ਸੱਚ, ਅਹਿੰਸਾ, ਸ਼ਾਂਤੀ ਅਤੇ ਭਰਾਤਰਤਾ ਦੇ ਸਿਧਾਂਤਾਂ ਨੂੰ ਯਾਦ ਕਰਨ ਲਈ ਸਮਰਪਿਤ ਹੈ। ਡਿਪਟੀ



ਕਮਿਸ਼ਨਰ ਨੇ ਕਿਹਾ ਕਿ ਬਲਿਦਾਨ ਦਿਵਸ ਗਾਂਧੀ ਜੀ ਦੇ ਸਹਿਣਸ਼ੀਲਤਾ, ਸ਼ਾਂਤੀ, ਸੱਚਾਈ ਅਤੇ ਨੈਤਿਕ ਹਿੰਮਤ ਵਾਲੇ ਸਿਧਾਂਤਾਂ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਦੇਸ਼ ਦੇ ਇਤਿਹਾਸ, ਆਜ਼ਾਦੀ ਸੰਘਰਸ਼ ਅਤੇ ਸ਼ਹੀਦਾਂ ਦੀ ਕੁਰਬਾਨੀ ਬਾਰੇ ਜਾਣਨ ਲਈ ਉਤਸ਼ਾਹਿਤ ਕਰਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਲਿਦਾਨ ਦਿਵਸ ਸਾਡੇ ਦੇਸ਼ ਦੇ ਹਰੇਕ ਸ਼ਹੀਦ ਦੀ ਕੁਰਬਾਨੀ ਨੂੰ ਸਮਰਪਿਤ ਹੈ, ਚਾਹੇ ਉਹ ਆਜ਼ਾਦੀ ਦੀ ਲੜਾਈ ਦੇ ਨਾਇਕ ਸਨ ਜਾਂ ਅੱਜ ਵੀ ਦੇਸ਼ ਦੀ ਰੱਖਿਆ ਕਰ ਰਹੇ ਬਹਾਦਰ ਜਵਾਨ, ਕਿਉਂਕਿ ਉਹਨਾਂ ਨੇ ਆਪਣੀਆਂ ਜਾਨਾਂ ਦੇ ਕੇ ਸਾਨੂੰ ਆਜ਼ਾਦੀ, ਸੁਰੱਖਿਆ ਅਤੇ ਸਵੈਭਿਮਾਨ ਦੀ ਜ਼ਿੰਦਗੀ ਦਿੱਤੀ ਹੈ। ਵਰਜੀਤ ਵਾਲੀਆ ਨੇ ਕਿਹਾ ਕਿ ਕਿ ਇਸ ਦਿਨ ਦੀ ਸੱਚੀ ਮਹੱਤਤਾ ਇਹ ਹੈ ਕਿ ਅਸੀਂ ਸੱਚ, ਨੈਤਿਕਤਾ, ਅਹਿੰਸਾ ਅਤੇ ਏਕਤਾ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਈਏ ਅਤੇ ਅਸੀਂ ਸਭ ਮਿਲ ਕੇ ਇਹ ਵਚਨ ਕਰੀਏ ਕਿ ਅਸੀਂ ਆਪਣੇ ਦੇਸ਼ ਨੂੰ ਸ਼ਾਂਤੀ, ਭਰਾਤਰਤਾ ਅਤੇ ਤਰੱਕੀ ਦੇ ਰਸਤੇ 'ਤੇ ਅੱਗੇ ਵਧਾਉਣ ਵਿੱਚ ਆਪਣਾ ਯੋਗਦਾਨ ਪਾਵਾਂਗੇ।

## ਸੜਕ ਹਾਦਸੇ 'ਚ ਇੱਕ ਦੀ ਮੌਤ, ਦੋ ਜ਼ਖ਼ਮੀ

ਪਟਿਆਲਾ, 30 ਜਨਵਰੀ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਗੁਰਪ੍ਰੀਤ ਸਿੰਘ ਪੁੱਤਰ ਬੰਤ ਸਿੰਘ ਵਾਸੀ ਗਲੀ ਨੰ. 5 ਵਿਰਕ ਕਲੋਨੀ ਪਟਿਆਲਾ ਨੇ ਅਣਪਛਾਤੇ ਵਹੀਕਲ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਭਰਾ ਸਤਨਾਮ ਸਿੰਘ ਮੋਟਰਸਾਇਕਲ 'ਤੇ ਸਵਾਰ ਹੋ ਕੇ ਨਿਆਰਾ ਪੈਟਰੋਲ ਪੰਪ ਸਰਹੰਦ ਬਾਈਪਾਸ ਪਟਿਆਲਾ ਦੇ ਸਾਹਮਣੇ ਜਾ ਰਿਹਾ ਸੀ ਤਾਂ ਕਿਸੇ ਅਣਪਛਾਤੇ ਵਹੀਕਲ ਡਰਾਇਵਰ ਨੇ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਹਿੱਟ ਕਰ ਦਿੱਤਾ, ਜਿਸ ਕਾਰਨ ਉਸ ਦੇ ਭਰਾ ਦੀ ਜੇਰੇ ਇਲਾਜ ਮੌਤ ਹੋ ਗਈ। ਪੁਲਿਸ ਨੇ ਧਾਰਾ 281,106(1), 324(4) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਸਦਰ ਪਟਿਆਲਾ ਪੁਲਿਸ ਕੋਲ ਨੀਲਮ ਪਤਨੀ ਮਹਿੰਦਰ ਲਾਲ ਵਾਸੀ ਭੁਨਰਹੇੜੀ ਨੇ ਕਥਿਤ ਦੋਸ਼ੀ ਕਾਰ ਦੇ ਡਰਾਇਵਰ ਹਰਮਨ ਗਿਰ ਵਾਸੀ ਪਿੰਡ ਦੌਲਤਪੁਰਾ ਫਕੀਰਾ ਜ਼ਿਲ੍ਹਾ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੀ ਸਕੂਟਰੀ ਸਮੇਤ ਆਪਣੇ ਘਰ ਦੇ ਪਾਸ ਖੜ੍ਹੀ ਗੁਆਂਢਣ ਕਨਿਸ਼ਕਾ ਨਾਲ ਗਲਬਾਤ ਕਰ ਰਹੀ ਸੀ ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਦੋਵਾਂ ਦੇ ਸੱਟਾਂ ਲੱਗੀਆਂ। ਪੁਲਿਸ ਨੇ ਧਾਰਾ 281,125, 324(3) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਅਗਰਵਾਲ ਸਮਾਜ ਸਭਾ ਨੇ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਦੀ 161ਵੀਂ ਜਨਮ ਵਰ੍ਹੇਗੰਢ ਮਨਾਈ



ਪਟਿਆਲਾ, 30 ਜਨਵਰੀ (ਚ.ਨ.ਸ.) : ਹਰ ਸਾਲ ਦੀ ਤਰ੍ਹਾਂ, ਅਗਰਵਾਲ ਸਮਾਜ ਸਭਾ ਪਟਿਆਲਾ ਨੇ ਪ੍ਰਧਾਨ ਪਵਨ ਗੋਇਲ ਅਤੇ ਸਕੱਤਰ ਸੋਹਿੰਦਰ ਕਾਂਸਲ ਦੀ ਨਿਗਰਾਨੀ ਹੇਠ ਵੀਰ ਹਕੀਕਤ ਰਾਏ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਵਿਖੇ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਦੀ 161ਵੀਂ ਜਨਮ ਵਰ੍ਹੇਗੰਢ ਮਨਾਈ। ਇਸ ਮੌਕੇ ਪਵਨ ਗੋਇਲ, ਸਮਾਜ ਸੇਵਕ ਸੌਰਭ ਜੈਨ, ਮਹੇਸ਼ ਗਰਗ, ਸੀਏ, ਕੇ ਕੇ ਬਾਂਸਲ, ਡਾ. ਚੇਤਨ ਸਿੰਗਲਾ, ਸਕੂਲ ਪ੍ਰਬੰਧਨ ਦੇ ਵਿੱਤ ਸਕੱਤਰ ਹਰਿੰਦਰ ਗੁਪਤਾ ਅਤੇ ਚਮਨ ਲਾਲ ਗਰਗ ਨੇ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਸਕੂਲ ਦੇ ਬੱਚਿਆਂ ਨੇ ਸਰਸਵਤੀ ਵੰਦਨਾ ਅਤੇ ਦੇਸ਼ ਭਗਤੀ ਦੇ ਗੀਤ ਗਾਏ। ਇਸ ਮੌਕੇ ਬੋਲਦਿਆਂ ਪਵਨ ਗੋਇਲ ਨੇ ਕਿਹਾ ਕਿ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਦੀ ਕੁਰਬਾਨੀ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਦਾ ਜਨਮ 28 ਜਨਵਰੀ, 1865 ਨੂੰ ਪੰਜਾਬ ਦੇ ਜਗਰਾਉਂ ਨੇੜੇ ਢੁੱਡੀਕੇ ਪਿੰਡ ਵਿੱਚ ਹੋਇਆ ਸੀ। ਇਸ ਮੌਕੇ ਅਮਰ ਹਸਪਤਾਲ ਦੇ ਪਲਾਸਟਿਕ ਸਰਜਨ ਡਾ. ਚੇਤਨ ਸਿੰਗਲਾ ਨੇ ਅਗਰ ਭਰਾਵਾਂ ਨੂੰ ਪਲਾਸਟਿਕ ਸਰਜਰੀ ਅਤੇ ਸਿਹਤ ਸੰਭਾਲ ਬਾਰੇ ਜਾਗਰੂਕ ਕੀਤਾ। ਕ੍ਰਾਈਮ ਬ੍ਰਾਂਚ ਪਟਿਆਲਾ ਦੀ ਪੁਲਿਸ ਇੰਸਪੈਕਟਰ ਤਰਨਪ੍ਰੀਤ ਕੌਰ ਨੇ ਸਾਈਬਰ ਕ੍ਰਾਈਮ ਤੋਂ ਬਚਣ ਦੇ ਤਰੀਕੇ ਦੱਸੇ। ਪ੍ਰਿੰਸੀਪਲ ਸਰਲਾ ਭਟਨਾਗਰ ਨੇ ਲਾਲਾ ਲਾਜਪਤ ਰਾਏ ਜੀ ਦੀ ਕੁਰਬਾਨੀ ਨੂੰ ਯਾਦ ਕੀਤਾ।ਸਕੱਤਰ ਸੋਹਿੰਦਰ ਕਾਂਸਲ ਨੇ ਇਸ ਮੌਕੇ 'ਤੇ ਕਿਹਾ ਕਿ ਅਗਰਵਾਲ ਸਮਾਜ ਸਭਾ ਪਟਿਆਲਾ ਦੇ ਕੰਮ ਵਿੱਚ ਸਭ ਤੋਂ ਅੱਗੇ ਰਹੇ ਧਰਮਪਾਲ ਗਰਗ ਨੂੰ ਇਸ ਮੌਕੇ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸੁਰੇਸ਼ ਗਰਗ, ਧਰਿੰਦਰ ਮਿੱਤਲ, ਗਗਨ ਗੋਇਲ, ਹਰਮੇਸ਼ ਸਿੰਗਲਾ, ਹਜਾਰੀਲਾਲ ਗੋਇਲ, ਡਾ. ਸਚਿਨ ਗੋਇਲ, ਡਾ. ਮੁਨੀਸ਼ ਬਾਂਸਲ, ਐਸ.ਕੇ. ਗੋਇਲ, ਕੇਵਲ ਬਾਂਸਲ, ਟੀ.ਐਨ. ਸ਼ਰਮਾ, ਮਹੇਸ਼ ਥਾਪਰ, ਰਾਜੀਵ ਜੈਨ, ਐਨ.ਕੇ. ਸ਼ਰਮਾ, ਕੀਰਤੀ ਸ਼ਰਮਾ, ਰਵਿੰਦਰ ਬਾਂਸਲ, ਰਜਿੰਦਰ ਅਗਰਵਾਲ ਹਾਜ਼ਰ ਸਨ।

## ਮਹਾਂਸ਼ਿਵਰਾਤਰੀ ਦੇ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚਣ ਸਬੰਧੀ ਡੀ.ਸੀ. ਨੂੰ ਸੱਦਾ ਪੱਤਰ ਦਿੱਤਾ



ਪਟਿਆਲਾ, 30 ਜਨਵਰੀ (ਚ.ਨ.ਸ.) : ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਦੇ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਵੱਲੋਂ ਪਵਿੱਤਰ ਤਿਉਹਾਰ ਮਹਾਂਸ਼ਿਵਰਾਤਰੀ ਦੇ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚਣ ਸਬੰਧੀ ਡਿਪਟੀ ਕਮਿਸ਼ਨਰ ਸਾਹਿਬ ਪਟਿਆਲਾ ਨੂੰ ਸੱਦਾ ਪੱਤਰ ਦਿੱਤਾ ਗਿਆ। ਪਟਿਆਲਾ ਦੇ ਨਵੇਂ ਡੀ.ਸੀ. ਵਰਜੀਤ ਵਾਲੀਆ ਜੀ ਦੇ ਆਉਣ 'ਤੇ ਇਨ੍ਹਾਂ ਨੂੰ ਫੁੱਲਾਂ ਦਾ ਬੁੱਕਾ ਅਤੇ ਮਿਠਾ ਮੂੰਹ ਕਰਵਾ ਕੇ ਜੀ ਆਇਆ ਨੂੰ ਕਿਹਾ ਗਿਆ ਅਤੇ ਮਿਤੀ 15—02—2026 ਦਿਨ ਐਤਵਾਰ ਨੂੰ ਮਹਾਂ ਸ਼ਿਵਰਾਤਰੀ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਸਵੇਰੇ 11 ਵਜੇ ਖੀਰ ਪੂੜੇ ਦਾ ਪ੍ਰਸ਼ਾਦ ਸ਼ਿਵ ਜੀ ਨੂੰ ਲਗਵਾਉਣ ਲਈ ਸੱਦਾ ਪੱਤਰ ਦਿੱਤਾ ਗਿਆ, ਜੋ ਕਿ ਡੀ.ਸੀ. ਸਾਹਿਬ ਵੱਲੋਂ ਸੱਦਾ ਪੱਤਰ ਸਵੀਕਾਰ ਕੀਤਾ ਗਿਆ। ਇਸ ਮੌਕੇ ਸੁਧਾਰ ਸਭਾ ਦੇ ਸਰਪ੍ਰਸਤ ਸਤਨਾਮ ਹਸੀਜਾ, ਚੇਅਰਮੈਨ ਰਣਬੀਰ ਸਿੰਘ ਕਾਟੀ, ਵਾਇਸ ਚੇਅਰਮੈਨ ਹਰੀ ਸਿੰਘ, ਕੈਸ਼ੀਅਰ ਪੂਰਨ, ਅਕਾਊਂਟ ਮੈਨੇਜਰ ਰਾਮ ਲਾਲ ਗੋਇਲ, ਦਾਨ ਕੁਲੈਕਟਰ ਕੇਦਾਰ ਗੋਇਲ, ਸੇਵਾਦਾਰ ਰਾਜਾ ਰਾਜ ਕੁਮਾਰ, ਗੁਰਪ੍ਰੀਤ ਸਿੰਘ, ਗੋਲਡੀ ਆਦਿ ਹਾਜ਼ਰ ਸਨ।

## ਦਾਖ਼ਲਾ ਵੈਨ ਦਾ ਬਲਾਕ ਪਟਿਆਲਾ-2 ਵਿਖੇ ਪਹੁੰਚਣ 'ਤੇ ਸਵਾਗਤ

ਪਟਿਆਲਾ, 30 ਜਨਵਰੀ (ਚ.ਨ.ਸ.) : ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਮੁਹਿੰਮ-2026 ਦੀ ਸ਼ੁਰੂਆਤ ਹੋ ਚੁੱਕੀ ਹੈ, ਜਿਸ ਦੇ ਚਲਦਿਆਂ ਜ਼ਿਲ੍ਹਾ ਸਿੱਖਿਆ ਅਧਿਕਾਰੀ (ਐਲੀ. ਸਿੱ.) ਪਟਿਆਲਾ ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਮਨਵਿੰਦਰ ਕੌਰ ਭੁੱਲਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪਟਿਆਲਾ ਨੇ ਵੀ ਦਾਖਲਾ ਮੁਹਿੰਮ ਦੀ ਆਰੰਭਤਾ ਕਰਦੇ ਹੋਏ ਵੱਖ-ਵੱਖ ਬਲਾਕਾਂ ਵਿਚ ਪ੍ਰਚਾਰ ਕਰਨ ਲਈ ਦਾਖਲਾ ਵੈਨ ਰਵਾਨਾ ਕਰ ਦਿੱਤੀ ਹੈ। ਇਸ ਦਾਖਲਾ ਵੈਨ ਦਾ ਬਲਾਕ ਪਟਿਆਲਾ-2 ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ ਕਰਨ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰ. ਪ੍ਰਿਥੀ ਸਿੰਘ ਦੀ ਅਗਵਾਈ ਹੇਠ ਸਮਾਗਮ ਕਰਵਾਇਆ ਗਿਆ। ਜਿੱਥੇ ਮੁੱਖ ਮਹਿਮਾਨ ਵਜੋਂ ਜ਼ਿਲਾ ਸਿੱਖਿਆ ਅਫਸਰ (ਐਲੀ. ਸਿੱ.) ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਮਨਵਿੰਦਰ ਕੌਰ ਭੁੱਲਰ ਨੇ ਸ਼ਿਰਕਤ ਕੀਤੀ, ਜਦ ਕਿ ਵਿਸ਼ੇਸ਼ ਮਹਿਮਾਨ ਵਜੋਂ ਪੀਐਮ ਸ੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ




ਸੈਕੰਡਰੀ ਸਮਾਰਟ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਮੈਡਮ ਵਿਜੈ ਕਪੂਰ ਨੇ ਸ਼ਿਰਕਤ ਕੀਤੀ। ਇਸ ਦੌਰਾਨ ਸੰਬੋਧਨ ਕਰਦਿਆਂ ਜ਼ਿਲ੍ਹਾ ਸਿੱਖਿਆ ਅਫਸਰ (ਐਲੀ. ਸਿੱ.) ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਮਨਵਿੰਦਰ ਕੌਰ ਭੁੱਲਰ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮੁਫ਼ਤ ਪਾਠ ਪੁਸਤਕਾਂ, ਵਰਦੀਆਂ ਅਤੇ ਮਿਡ-ਡੇ ਮੀਲ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰ. ਪ੍ਰਿਥੀ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਦੇ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਵਿਸ਼ਵ-ਪੱਧਰੀ ਸਕੂਲਾਂ ਵਜੋਂ ਵਿਕਸਿਤ ਕੀਤਾ ਗਿਆ ਹੈ। ਇਸ ਮੌਕੇ ਸੀਐਚਟੀ ਪੂਰਨ ਸਿੰਘ, ਸੀਐਚਟੀ ਸੰਦੀਪ ਕੌਰ, ਸੀਐਚਟੀ ਅਮਨਦੀਪ ਕੌਰ, ਸੀਐਚਟੀ ਸਤਵੰਤ ਕੌਰ, ਸੀਐਚਟੀ ਭੁਪਿੰਦਰ ਸਿੰਘ, ਸੀਐਚਟੀ ਸੁਰੇਸ਼ ਕੁਮਾਰ, ਸੀਐਚਟੀ ਰੇਖਾ ਰਾਣੀ, ਸੀਐਚਟੀ ਬਿੰਦੂ ਬਾਲਾ, ਹੈਡ ਮਿਸਟ੍ਰੈਸ-ਕਮ-ਬਲਾਕ ਨੋਡਲ ਅਫਸਰ ਮੀਨਾ ਸੱਚਰ ਸਮੇਤ ਸਮੂਹ ਹੈਡ ਟੀਚਰ, ਸਮੂਹ ਅਧਿਆਪਕ ਅਤੇ ਵੱਡੀ ਗਿਣਤੀ ਵਿਚ ਮਾਪੇ ਹਾਜ਼ਰ ਸਨ।